@Qpatrika | @qaumipatrika punjabi | instagram.com/qaumipatrika

**Largest Circulated**

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ
# Qaumi Patrika NO.1

**Punjabi National Daily**

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Wednesday, 18 February 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਬੁੱਧਵਾਰ 18 ਫਰਵਰੀ 2026, 6 ਫੱਗਣ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 105, qpatrika@gmail.com ਫੋਨ : 9971359517 www.qaumipatrika.org

## ਪੰਜਾਬ ਸਰਕਾਰ ਹਰ ਫਰੰਟ 'ਤੇ ਫੇਲ੍ਹ : ਸੁਖਬੀਰ ਸਿੰਘ ਬਾਦਲ

ਖਰੜ, 17 ਫਰਵਰੀ। ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਹਲਕਾ ਖਰੜ ਦੇ ਸੀਨੀਅਰ ਅਕਾਲੀ ਆਗੂ ਹਰਜਿੰਦਰ ਸਿੰਘ ਬਲੌਂਗੀ ਦੇ ਨਿਊ ਸਨੀ ਇਨਕਲੇਵ ਸਥਿਤ ਦਫਤਰ ਵਿਖੇ ਪਹੁੰਚੇ। ਇਸ ਮੌਕੇ ਬਲੌਂਗੀ ਨੇ ਆਪਣੀ ਪੂਰੀ ਟੀਮ ਸਮੇਤ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ। ਸਭਾ ਨੂੰ ਸੰਬੋਧਨ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਅੱਜ ਪੰਜਾਬ ਵਿੱਚ ਦਹਿਸਤ ਅਤੇ ਅਸੁਰੱਖਿਆ ਦਾ ਮਾਹੌਲ



ਬਣਿਆ ਹੋਇਆ ਹੈ। ਲੋਕ ਆਪਣੇ ਆਪ ਨੂੰ ਅਸੁਰੱਖਿਤ ਮਹਿਸੂਸ ਕਰ ਰਹੇ ਹਨ ਅਤੇ ਆਏ ਦਿਨ ਦਿਨ ਦਿਹਾੜੇ ਕਤਲਾਂ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਮੌਜੂਦਾ ਪੰਜਾਬ ਸਰਕਾਰ ਹਰ ਮੋਰਚੇ 'ਤੇ ਫੇਲ੍ਹ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕ ਮੁੜ ਸ੍ਰੋਮਣੀ ਅਕਾਲੀ ਦਲ ਵੱਲ ਰੁਝਾਨ ਕਰ ਰਹੇ ਹਨ

## ਜੰਮੂ 'ਚ ਅੰਤਰਰਾਸ਼ਟਰੀ ਸਰਹੱਦ 'ਤੇ ਪਾਕਿਸਤਾਨੀ ਡਰੋਨ ਰਾਹੀਂ ਸੁੱਟੀ ਗਈ 20 ਕਰੋੜ ਦੀ ਹੈਰੋਇਨ ਜਬਤ

ਜੰਮੂ 17 ਫਰਵਰੀ। ਜੰਮੂ 'ਚ ਅੰਤਰਰਾਸ਼ਟਰੀ ਸਰਹੱਦ 'ਤੇ ਸਰਹੱਦ ਪਾਰ ਤੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀ ਇਕ ਵੱਡੀ ਕੋਸ਼ਿਸ਼ ਨੂੰ ਅਸਫਲ ਕਰਦੇ ਹੋਏ 20 ਕਰੋੜ ਰੁਪਏ ਤੋਂ ਵੱਧ ਮੁੱਲ ਦੀ ਚਾਰ ਕਿਲੋਗ੍ਰਾਮ ਤੋਂ ਵੱਧ ਹੈਰੋਇਨ ਜਬਤ ਕੀਤੀ ਗਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਸਰਹੱਦ ਪਾਰ ਤੋਂ ਡਰੋਨ ਰਾਹੀਂ ਸਮੱਗਰੀ ਸੁੱਟੇ ਜਾਣ ਦੀ ਸੂਚਨਾ ਮਿਲੀ ਸੀ, ਜਿਸ ਤੋਂ ਬਾਅਦ ਸਰਹੱਦੀ ਸੁਰੱਖਿਆ ਫੋਰਸ (ਬੀਐੱਸਐੱਫ) ਅਤੇ ਪੁਲਸ ਨੇ ਆਰਐੱਸ ਪੁਰਾ ਸੈਕਟਰ ਦੇ ਇਕ ਸਰਹੱਦੀ ਪਿੰਡ 'ਚ ਇਕ ਸੰਯੁਕਤ ਮੁਹਿੰਮ ਚਲਾਈ। ਇਸ ਮੁਹਿੰਮ ਦੌਰਾਨ ਇਹ ਖੇਪ ਬਰਾਮਦ ਕੀਤੀ ਗਈ।

# ਕਰਨਾਟਕ ਹਾਈਕੋਰਟ ਤੋਂ ਰਾਹੁਲ ਗਾਂਧੀ ਨੂੰ ਰਾਹਤ: ਭ੍ਰਿਸ਼ਟਾਚਾਰ ਰੇਟ ਕਾਰਡ ਮਾਣਹਾਨੀ ਕੇਸ ਰੱਦ

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਨੈਸ਼ਨਲ ਡੈਸਕ 17 ਫਰਵਰੀ। ਕਾਂਗਰਸ ਨੇਤਾ ਰਾਹੁਲ ਗਾਂਧੀ ਨੂੰ ਵੱਡੀ ਰਾਹਤ ਦਿੰਦੇ ਹੋਏ ਕਰਨਾਟਕ ਹਾਈ ਕੋਰਟ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਸੂਬਾ ਇਕਾਈ ਵੱਲੋਂ ਦਾਇਰ ਮਾਣਹਾਨੀ ਸ਼ਿਕਾਇਤ ਨੂੰ ਰੱਦ ਕਰ ਦਿੱਤਾ ਹੈ। ਜਸਟਿਸ ਐੱਸ. ਸੁਨੀਲ ਦੱਤ ਯਾਦਵ ਦੀ ਸਿੰਗਲ ਬੈਂਚ ਨੇ ਰਾਹੁਲ ਗਾਂਧੀ ਵੱਲੋਂ ਦਾਇਰ ਪਟੀਸ਼ਨ 'ਤੇ ਫੈਸਲਾ ਸੁਣਾਇਆ, ਜਿਸ ਵਿੱਚ ਹੇਠਲੀ ਅਦਾਲਤ ਵੱਲੋਂ ਜਾਰੀ ਸੰਮਨ ਅਤੇ ਪੂਰੀ ਕਾਰਵਾਈ ਨੂੰ ਚੁਣੌਤੀ ਦਿੱਤੀ ਗਈ ਸੀ। ਇਹ ਵਿਵਾਦ 2023 ਦੀਆਂ ਕਰਨਾਟਕ ਵਿਧਾਨ ਸਭਾ ਚੋਣਾਂ ਦੌਰਾਨ ਸ਼ੁਰੂ ਹੋਇਆ ਸੀ। ਕਾਂਗਰਸ ਪਾਰਟੀ ਨੇ ਪ੍ਰਮੁੱਖ ਅਖ਼ਬਾਰਾਂ ਵਿੱਚ ÷ਭ੍ਰਿਸ਼ਟਾਚਾਰ ਦਰ ਕਾਰਡ÷ ਇਸ਼ਤਿਹਾਰ ਪ੍ਰਕਾਸ਼ਿਤ ਕੀਤੇ ਸਨ, ਜਿਸ ਵਿੱਚ ਉਸ ਸਮੇਂ ਦੀ ਭਾਜਪਾ ਸਰਕਾਰ 'ਤੇ ÷40% ਕਮਿਸ਼ਨ÷ ਲੈਣ ਦਾ ਦੋਸ਼ ਲਗਾਇਆ ਗਿਆ ਸੀ। ਭਾਜਪਾ ਨੇ ਰਾਹੁਲ ਗਾਂਧੀ ਮੁੱਖ ਮੰਤਰੀ ਸਿੱਧਰਮਈਆ ਅਤੇ ਉਪ ਮੁੱਖ ਮੰਤਰੀ ਡੀ.ਕੇ. ਸ਼ਿਵਕੁਮਾਰ ਵਿਰੁੱਧ ਮਾਣਹਾਨੀ ਦਾ ਮਾਮਲਾ ਦਰਜ ਕਰਵਾਇਆ ਸੀ। ਅਦਾਲਤ ਨੇ ਆਪਣੇ ਫੈਸਲੇ ਦਾ ਮੁੱਖ ਹਿੱਸਾ ਸੁਣਾਉਂਦੇ ਹੋਏ ਸਪੱਸ਼ਟ ਕੀਤਾ ਕਿ ਇਸ ਮਾਮਲੇ ਵਿੱਚ ਰਾਹੁਲ ਗਾਂਧੀ ਵਿਰੁੱਧ ਕਾਰਵਾਈ ਜਾਰੀ ਰੱਖਣਾ ÷ਕਾਨੂੰਨੀ ਪ੍ਰਕਿਰਿਆ ਦੀ ਦੁਰਵਰਤੋਂ÷ ਹੋਵੇਗੀ।



ਰਾਹੁਲ ਗਾਂਧੀ ਦੇ ਵਕੀਲਾਂ ਨੇ ਦਲੀਲ ਦਿੱਤੀ ਕਿ ਇਹ ਇਸ਼ਤਿਹਾਰ ਪਾਰਟੀ ਵੱਲੋਂ ਜਾਰੀ ਕੀਤਾ ਗਿਆ ਸੀ ਅਤੇ ਰਾਹੁਲ ਗਾਂਧੀ ਵੱਲੋਂ ਇਸਨੂੰ ਸੋਸ਼ਲ ਮੀਡੀਆ 'ਤੇ ਸਾਂਝਾ ਕਰਨਾ ਮਾਣਹਾਨੀ ਨਹੀਂ ਹੈ, ਕਿਉਂਕਿ ਉਸ ਸਮੇਂ ਉਨ੍ਹਾਂ ਕੋਲ ਕੋਈ ਅਧਿਕਾਰਤ ਪਾਰਟੀ ਅਹੁਦਾ ਨਹੀਂ ਸੀ ਅਤੇ ਨਾ ਹੀ ਇਸ਼ਤਿਹਾਰ ਵਿੱਚ ਉਨ੍ਹਾਂ ਦੀ ਕੋਈ ਸਿੱਧੀ ਭੂਮਿਕਾ ਸੀ। ਪਹਿਲਾਂ ਹੇਠਲੀ ਅਦਾਲਤ ਨੇ ਉਨ੍ਹਾਂ ਨੂੰ ਪੇਸ਼ੀ ਤੋਂ ਸਥਾਈ ਛੋਟ ਦਿੱਤੀ ਸੀ ਪਰ ਹੁਣ ਹਾਈ ਕੋਰਟ ਦੇ ਇਸ ਫੈਸਲੇ ਤੋਂ ਬਾਅਦ ਇਹ ਮਾਮਲਾ ਪੂਰੀ ਤਰ੍ਹਾਂ ਖ਼ਤਮ ਹੋ ਗਿਆ ਹੈ।

### ਚੋਣ ਕਮਿਸ਼ਨ ਨੇ ਪੱਛਮੀ ਬੰਗਾਲ ਦੇ 7 ਅਧਿਕਾਰੀ ਕੀਤੇ ਸਸਪੈਂਡ, ਅਨੁਸ਼ਾਸਨੀ ਕਾਰਵਾਈ ਦੇ ਹੁਕਮ ਦਿੱਤੇ

ਨਵੀਂ ਦਿੱਲੀ 17 ਫਰਵਰੀ। ਚੋਣ ਕਮਿਸ਼ਨ ਨੇ ਚੋਣ ਸੰਬੰਧੀ ਕਾਨੂੰਨੀ ਪ੍ਰਬੰਧਾਂ ਦੇ ਅਧੀਨ ਆਪਣੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਪੱਛਮੀ ਬੰਗਾਲ 'ਚ 7 ਅਧਿਕਾਰੀਆਂ ਨੂੰ ਗੰਭੀਰ ਦੁਰਵਿਵਹਾਰ, ਡਿਊਟੀ 'ਚ ਲਾਪਰਵਾਹੀ ਅਤੇ ਵੋਟਰ ਸੂਚੀ ਦੇ ਵਿਸ਼ੇਸ਼ ਤੀਬਰ ਸੋਧ (ਐੱਸਆਈਆਰ) ਨਾਲ ਸੰਬੰਧਤ ਕਾਨੂੰਨੀ ਸ਼ਕਤੀਆਂ ਦੀ ਦੁਰਵਰਤੋਂ ਦੇ ਦੋਸ਼ਾਂ 'ਚ ਤੁਰੰਤ ਪ੍ਰਭਾਵ ਤੋਂ ਮੁਅੱਤਲ ਕਰ ਦਿੱਤਾ ਹੈ। ਇਹ ਸਾਰੇ ਅਧਿਕਾਰੀ ਚੋਣ ਕਮਿਸ਼ਨ ਲਈ ਸਹਾਇਕ ਚੋਣ ਰਜਿਸਟਰੇਸ਼ਨ ਅਧਿਕਾਰੀਆਂ ਵਜੋਂ ਕੰਮ ਕਰ ਰਹੇ ਸਨ। ਬੂਥ ਪੱਧਰੀ ਅਧਿਕਾਰੀ, ਚੋਣ ਰਜਿਸਟਰੇਸ਼ਨ ਅਧਿਕਾਰੀ ਅਤੇ ਉਨ੍ਹਾਂ ਦੇ ਸਹਾਇਕ ਸੂਬਾ ਸਰਕਾਰ ਦੇ ਕਰਮਚਾਰੀ ਹੁੰਦੇ ਹਨ, ਜੋ ਵੋਟਰ ਸੂਚੀ ਨੂੰ ਅਪਡੇਟ ਕਰਨ ਅਤੇ ਚੋਣਾਂ ਕਰਵਾਉਣ 'ਚ ਮਦਦ ਲਈ ਡੈਪੂਟੇਸ਼ਨ 'ਤੇ ਕੰਮ ਕਰਦੇ ਹਨ।

## ਬਿਰਲਾ ਨੂੰ ਅਹੁਦੇ ਤੋਂ ਹਟਾਉਣ ਦੇ ਪ੍ਰਸਤਾਵ 'ਤੇ ਚਰਚਾ ਤੇ ਵੋਟਿੰਗ 9 ਮਾਰਚ ਨੂੰ ਹੋਵੇਗੀ: ਰਿਜਿਜੂ

ਤਵਾਂਗ 17 ਫਰਵਰੀ। ਕੇਂਦਰੀ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਐਤਵਾਰ ਨੂੰ ਕਿਹਾ ਕਿ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਉਨ੍ਹਾਂ ਦੇ ਅਹੁਦੇ ਤੋਂ ਹਟਾਉਣ ਦੇ ਪ੍ਰਸਤਾਵ 'ਤੇ ਚਰਚਾ ਕੀਤੀ ਜਾਵੇਗੀ ਅਤੇ ਬਾਅਦ ਵਿੱਚ 9 ਮਾਰਚ ਨੂੰ ਵੋਟਿੰਗ ਹੋਵੇਗੀ। ਰਿਜਿਜੂ ਨੇ ਕਿਹਾ ਕਿ ਬਜਟ ਸੈਸ਼ਨ ਦਾ ਦੂਜਾ ਪੜਾਅ 9 ਮਾਰਚ ਤੋਂ 2 ਅਪ੍ਰੈਲ ਤੱਕ ਹੋਣਾ ਤੈਅ ਹੈ। ਇਹ ਸੈਸ਼ਨ 16 ਫਰਵਰੀਦਿਲਚਸਪ16 ਫਰਵਰੀ ਹੋਵੇਗਾ, ਕਿਉਂਕਿ ਕਈ 16 ਫਰਵਰੀਮਹੱਤਵਪੂਰਨ16 ਫਰਵਰੀ ਬਿੱਲਾਂ ਨੂੰ ਚਰਚਾ ਅਤੇ ਪਾਸ ਕਰਨ ਲਈ ਸੰਸਦ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਵਿਰੋਧੀ ਪਾਰਟੀਆਂ ਸੈਸ਼ਨ ਦੇ ਪਹਿਲੇ ਪੜਾਅ ਵਾਂਗ ਆਪਣਾ ਵਿਰੋਧ ਜਾਰੀ ਰੱਖਦੀਆਂ ਹਨ, ਤਾਂ ਇਹ ਅੰਤ ਵਿੱਚ ਉਨ੍ਹਾਂ ਲਈ ਵਿਨਾਸ਼ਕਾਰੀ ਸਾਬਤ ਹੋਵੇਗਾ। ਉਨ੍ਹਾਂ ਇਕ ਇੰਟਰਵਿਊ ਵਿੱਚ ਕਿਹਾ, 16 ਫਰਵਰੀ9 ਮਾਰਚ ਨੂੰ ਲੋਕ ਸਭਾ ਸਪੀਕਰ ਵਿਰੁੱਧ ਅਵਿਸ਼ਵਾਸ ਪ੍ਰਸਤਾਵ 'ਤੇ ਚਰਚਾ ਕਰੇਗੀ। ਨਿਯਮਾਂ ਅਨੁਸਾਰ, ਪਹਿਲੇ ਦਿਨ ਹੀ ਇਸ 'ਤੇ ਚਰਚਾ ਹੁੰਦੀ ਹੈ। ਚਰਚਾ ਤੋਂ ਬਾਅਦ ਵੋਟਿੰਗ ਹੋਵੇਗੀ।16 ਫਰਵਰੀ ਸੰਸਦ ਦਾ ਬਜਟ ਸੈਸ਼ਨ 28 ਜਨਵਰੀ ਨੂੰ ਲੋਕ ਸਭਾ ਅਤੇ ਰਾਜ ਸਭਾ ਦਾ ਸਾਂਝਾ ਇਜਲਾਸ ਰਾਸ਼ਟਰਪਤੀ ਦੇ ਸੰਬੋਧਨ ਨਾਲ ਸ਼ੁਰੂ ਹੋਇਆ। 1 ਫਰਵਰੀ ਨੂੰ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਸੰਸਦ ਵਿੱਚ ਬਜਟ ਪੇਸ਼ ਕੀਤਾ। ਬਜਟ ਸੈਸ਼ਨ ਦਾ ਅਗਲਾ ਪੜਾਅ 9 ਮਾਰਚ ਨੂੰ ਮੁੜ ਸ਼ੁਰੂ ਹੋਵੇਗਾ ਅਤੇ 2 ਅਪ੍ਰੈਲ ਨੂੰ ਸਮਾਪਤ ਹੋਵੇਗਾ। ਅਰੁਣਾਚਲ ਪੱਛਮ ਵਿੱਚ ਆਪਣੇ ਸੰਸਦੀ ਹਲਕੇ ਦੇ ਦੌਰੇ 'ਤੇ ਆਏ ਰਿਜੀਜੂ ਨੇ ਕਿਹਾ ਕਿ ਸਰਕਾਰ ਸੈਸ਼ਨ ਦੇ ਦੂਜੇ ਪੜਾਅ ਦੌਰਾਨ ਚਰਚਾ ਲਈ ਖਾਸ ਮੰਤਰਾਲਿਆਂ ਦੀ ਪਛਾਣ ਕਰਨ ਦੀ ਯੋਜਨਾ ਬਣਾ ਰਹੀ ਹੈ।

## ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ 12 ਸਾਲਾਂ ਬਾਅਦ ਬੈਲ ਗੱਡੀਆਂ ਦੀਆਂ ਦੌੜਾਂ ਦੀ ਸ਼ੁਰੂਆਤ ਨਾਲ ਕਿਲਾ ਰਾਏਪੁਰ ਪੇਂਡੂ ਓਲੰਪਿਕ-2026 ਕੀਤਾ ਉਦਘਾਟਨ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਕਿਲਾ ਰਾਏਪੁਰ (ਲੁਧਿਆਣਾ), 17 ਫਰਵਰੀ: ਕਿਲਾ ਰਾਏਪੁਰ ਪੇਂਡੂ ਓਲੰਪਿਕ-2026 ਮੰਗਲਵਾਰ ਨੂੰ ਲੁਧਿਆਣਾ ਵਿੱਚ ਬਹੁਤ ਉਤਸ਼ਾਹ ਅਤੇ ਧੂਮਧਾਮ ਨਾਲ ਸ਼ੁਰੂ ਹੋਇਆ ਜੋ ਕਿ 12 ਸਾਲਾਂ ਦੇ ਅੰਤਰਾਲ ਤੋਂ ਬਾਅਦ ਪ੍ਰਸਿੱਧ ਬੈਲ ਗੱਡੀਆਂ ਦੌੜਾਂ ਦੇ ਪੁਨਰ ਸੁਰਜੀਤੀ ਨੂੰ ਦਰਸਾਉਂਦਾ ਹੈ। ਇਹਨਾਂ ਖੇਡਾਂ ਦਾ ਉਦਘਾਟਨ ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪਿੰਡ ਕਿਲਾ ਰਾਏਪੁਰ ਦੇ ਖੇਡ ਸਟੇਡੀਅਮ ਵਿੱਚ ਕੀਤਾ। ਇਨ੍ਹਾਂ ਵਿਸ਼ਵ-ਪ੍ਰਸਿੱਧ ਬੈਲ ਗੱਡੀਆਂ ਦੀਆਂ ਦੌੜਾਂ ਦੇ ਮੁੜ ਸ਼ੁਰੂ ਹੋਣ ਨਾਲ ਲੋਕਾਂ/ਦਰਸ਼ਕਾਂ ਦਾ ਬਹੁਤ ਭਾਰੀ ਇਕੱਠ ਹੋਇਆ। ਜਿਸ ਨਾਲ ਦਰਸ਼ਕ ਪੰਜਾਬ ਅਤੇ ਬਾਹਰੋਂ ਇਸ ਰੋਮਾਂਚਕ ਖੇਡ ਨੂੰ ਦੇਖਣ ਲਈ ਪਹੁੰਚੇ ਜੋ ਸੂਬੇ ਦੇ ਪੇਂਡੂ ਵਿਰਾਸਤ ਵਿੱਚ ਡੂੰਘਾਈ ਨਾਲ ਜੜ੍ਹਾਂ ਰੱਖਦੇ ਹਨ। ਵਿਧਾਇਕ ਜੀਵਨ ਸਿੰਘ ਸੰਗੋਵਾਲ ਅਤੇ ਡਾ. ਕੇ.ਐਨ.ਐਸ. ਕੰਗ ਦੇ ਨਾਲ ਕੈਬਨਿਟ ਮੰਤਰੀ ਖੁੱਡੀਆਂ ਨੇ ਬੈਲ-ਗੱਡੀਆਂ ਦੀਆਂ ਦੌੜਾਂ ਦੀ ਸੱਭਿਆਚਾਰਕ ਮਹੱਤਤਾ ਨੂੰ ਉਜਾਗਰ ਕਰਦਿਆਂ ਕਿਹਾ ਕਿ ਇਹ ਪੰਜਾਬ ਦੇ ਇਤਿਹਾਸਕ ਅਤੇ ਰਵਾਇਤੀ ਪੇਂਡੂ ਜੜ੍ਹਾਂ ਨਾਲ ਮਜ਼ਬੂਤ ਸਬੰਧ ਰੱਖਦੀਆ ਹਨ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ



'ਪੰਜਾਬ ਵਿਧਾਨ ਸਭਾ ਵਿੱਚ ਜਾਨਵਰਾਂ 'ਤੇ ਅੱਤਿਆਚਾਰ ਦੀ ਰੋਕਥਾਮ (ਪੰਜਾਬ ਸੋਧ), ਐਕਟ 2025' ਨੂੰ ਸਰਬਸੰਮਤੀ ਨਾਲ ਪਾਸ ਅਤੇ ਲਾਗੂ ਕਰਕੇ ਇਸ ਪੁਨਰ ਸੁਰਜੀਤੀ ਨੂੰ ਸੰਭਵ ਬਣਾਉਣ ਦਾ ਸਿਹਰਾ ਦਿੱਤਾ, ਜਿਸ ਨੇ ਜਾਨਵਰਾਂ ਲਈ ਸੁਰੱਖਿਆ ਮਾਪਦੰਡ ਪੇਸ਼ ਕੀਤੇ, ਕਾਨੂੰਨੀ ਰੁਕਾਵਟਾਂ ਨੂੰ ਦੂਰ ਕੀਤਾ ਅਤੇ ਇਨ੍ਹਾਂ ਬੈਲ ਗੱਡੀਆਂ ਦੌੜਾਂ ਨੂੰ ਮੁੜ ਸ਼ੁਰੂ ਕਰਨ ਦਾ ਰਾਹ ਪੱਧਰਾ ਕੀਤਾ। ਕੈਬਨਿਟ ਮੰਤਰੀ ਨੇ ਉਮੀਦ ਪ੍ਰਗਟ ਕੀਤੀ ਕਿ ਕਿਲਾ ਰਾਏਪੁਰ ਪੇਂਡੂ ਓਲੰਪਿਕ ਪੰਜਾਬ ਭਰ ਵਿੱਚ ਇੱਕ ਮਜ਼ਬੂਤ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਅਤੇ ਰਾਜ ਦੇ ਹਰ ਕੋਨੇ ਤੋਂ ਛੁਪੀ ਹੋਈ ਪ੍ਰਤਿਭਾ ਨੂੰ ਉਜਾਗਰ ਕਰਨ ਵਿੱਚ ਮੁੱਖ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਨੇ ਇਹਨਾਂ ਖੇਡਾਂ ਦਾ ਸਮਰਥਨ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਹੋਏ ਕਿਹਾ ਕਿ ਓਲੰਪਿਕ ਅਤੇ ਹੋਰ ਪ੍ਰਮੁੱਖ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਤਗਮੇ ਪ੍ਰਾਪਤ ਕਰਨ ਵਾਲਿਆਂ ਲਈ ਨਕਦ ਇਨਾਮਾਂ ਵਿੱਚ ਕਾਫ਼ੀ ਵਾਧਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਓਲੰਪਿਕ ਤਗਮਾ ਜੇਤੂਆਂ ਨੂੰ ਪੰਜਾਬ ਸਿਵਲ ਸੇਵਾਵਾਂ (ਪੀ.ਸੀ.ਐਸ) ਅਤੇ ਪੰਜਾਬ ਪੁਲਿਸ ਸੇਵਾਵਾਂ (ਪੀ.ਪੀ.ਐਸ) ਵਿੱਚ ਵੱਕਾਰੀ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਮੰਤਰੀ ਖੁੱਡੀਆਂ ਨੇ ਅੱਗੇ ਕਿਹਾ ਕਿ ਸਰਕਾਰ ਨੇ ਪੂਰੀ ਤਰ੍ਹਾਂ ਯੋਗਤਾ ਦੇ ਆਧਾਰ 'ਤੇ ਲਗਭਗ 64,000 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ ਜਿਸ ਨਾਲ ਭਰਤੀ ਵਿੱਚ ਪਾਰਦਰਸ਼ਤਾ ਅਤੇ ਨਿਰਪੱਖਤਾ ਨੂੰ ਯਕੀਨੀ ਬਣਾਇਆ ਗਿਆ ਹੈ। Contd.......page-3

## ਕਰੋੜਾਂ ਕਿਸਾਨਾਂ ਲਈ ਖੁਸ਼ਖਬਰੀ ! ਇਸ ਦਿਨ ਖਾਤਿਆਂ 'ਚ ਆ ਸਕਦੀ ਹੈ 22ਵੀਂ ਕਿਸ਼ਤ

ਨੈਸ਼ਨਲ ਡੈਸਕ 17 ਫਰਵਰੀ। ਦੇਸ਼ ਭਰ ਦੇ ਕਰੋੜਾਂ ਕਿਸਾਨਾਂ ਲਈ ਵੱਡੀ ਰਾਹਤ ਦੀ ਖ਼ਬਰ ਹੈ। ਕੇਂਦਰ ਸਰਕਾਰ ਦੀ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੀ 22ਵੀਂ ਕਿਸ਼ਤ ਜਲਦ ਹੀ ਜਾਰੀ ਹੋਣ ਵਾਲੀ ਹੈ। ਮੀਡੀਆ ਰਿਪੋਰਟਾਂ ਅਨੁਸਾਰ, 24 ਫਰਵਰੀ 2026 ਤੋਂ ਬਾਅਦ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਪੈਸੇ ਟ?ਰਾਂਸਫਰ ਕੀਤੇ ਜਾਣ ਦੀ ਸੰਭਾਵਨਾ ਹੈ। ਸਾਲ ਵਿੱਚ ਤਿੰਨ ਵਾਰ ਕਿਸਾਨਾਂ ਨੂੰ 2-2 ਹਜ਼ਾਰ ਰੁਪਏ ਦੀ ਆਰਥਿਕ ਮਦਦ ਦੇਣ ਵਾਲੀ ਇਹ ਯੋਜਨਾ ਛੋਟੇ ਅਤੇ ਦਰਮਿਆਨੇ ਕਿਸਾਨਾਂ ਲਈ ਵੱਡਾ ਸਹਾਰਾ ਹੈ। ਯੋਜਨਾ ਦੀ ਪਿਛਲੀ 21ਵੀਂ ਕਿਸ਼ਤ 19 ਨਵੰਬਰ 2025 ਨੂੰ ਜਾਰੀ ਕੀਤੀ ਗਈ ਸੀ। ਹੁਣ ਅਗਲੀ ਕਿਸ਼ਤ ਦਾ ਸਮਾਂ ਨੇੜੇ ਹੈ ਅਤੇ ਸਰਕਾਰ ਹੋਲੀ ਦੇ ਤਿਉਹਾਰ ਤੋਂ ਪਹਿਲਾਂ ਕਿਸਾਨਾਂ ਨੂੰ ਇਹ ਤੋਹਫ਼ਾ ਦੇਣ ਦੀ ਤਿਆਰੀ ਕਰ ਰਹੀ ਹੈ। ਇਸ ਵਾਰ ਕੁਝ ਕਿਸਾਨਾਂ ਨੂੰ ਦੁੱਗਣਾ ਭੁਗਤਾਨ ਮਿਲ ਸਕਦਾ ਹੈ। ਜੇਕਰ ਕਿਸੇ ਕਿਸਾਨ ਦੀ 21ਵੀਂ ਕਿਸ਼ਤ ਕਿਸੇ ਤਕਨੀਕੀ ਜਾਂ ਦਸਤਾਵੇਜ਼ੀ ਕਾਰਨ ਕਰਕੇ ਰੁਕ ਗਈ ਸੀ ਅਤੇ ਹੁਣ ਉਸ ਨੇ ਆਪਣੀ ਜਾਣਕਾਰੀ ਅਪਡੇਟ ਕਰ ਦਿੱਤੀ ਹੈ ਤਾਂ ਉਸ ਨੂੰ ਪਿਛਲੀ ਅਤੇ ਮੌਜੂਦਾ ਕਿਸ਼ਤ ਦੇ ਮਿਲਾ ਕੇ ਕੁੱਲ 4,000 ਰੁਪਏ ਸਿੱਧੇ ਖਾਤੇ ਵਿੱਚ ਮਿਲ ਸਕਦੇ ਹਨ। ਆਮ ਕਿਸਾਨਾਂ ਨੂੰ ਹਮੇਸ਼ਾ ਦੀ ਤਰ੍ਹਾਂ 2,000 ਰੁਪਏ ਹੀ ਮਿਲਣਗੇ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਈ-ਕੇਵਾਈਸੀ ਪੂਰਾ ਕੀਤੇ ਬਿਨਾਂ ਕਿਸੇ ਵੀ ਕਿਸਾਨ ਨੂੰ ਪੈਸੇ ਨਹੀਂ ਮਿਲਣਗੇ। ਜਿਨ੍ਹਾਂ ਕਿਸਾਨਾਂ ਨੇ ਅਜੇ ਤੱਕ ਇਹ ਪ੍ਰਕਿਰਿਆ ਪੂਰੀ ਨਹੀਂ ਕੀਤੀ, ਉਹ PM ਕਿਸਾਨ ਪੋਰਟਲ ਜਾਂ ਨਜ਼ਦੀਕੀ CSC ਸੈਂਟਰ 'ਤੇ ਜਾ ਕੇ ਇਸ ਨੂੰ ਤੁਰੰਤ ਪੂਰਾ ਕਰ ਲੈਣ।

## ਭਗਵੰਤ ਮਾਨ ਦੀ ਜੰਗ ਦੇ ਮੈਦਾਨ ਵਿੱਚ ਹਰ ਪਿੰਡ ਦੀ ਵੀਡੀਸੀ ਬਣੀ ਫਰੰਟਲਾਈਨ ਯੋਧਾ: ਪੰਨੂ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਚੰਡੀਗੜ੍ਹ, 17 ਫਰਵਰੀ: ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਵਿਰੋਧੀ ਪਾਰਟੀਆਂ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਬੀਤੇ ਦਿਨੀਂ ਮੋਗਾ ਦੇ ਕਿੱਲੀ ਚਾਹਲਾਂ ਵਿਖੇ ਆਯੋਜਿਤ ਵਿਲੇਜ ਡਿਫੈਂਸ ਕਮੇਟੀ (ਵੀਡੀਸੀ) ਦੇ ਸਹੁੰ ਚੁੱਕ ਸਮਾਗਮ ਨੇ ਉਨ੍ਹਾਂ ਰਵਾਇਤੀ ਪਾਰਟੀਆਂ ਦੀ ਤਕਲੀਫ਼ ਵਧਾ ਦਿੱਤੀ ਹੈ, ਜਿਨ੍ਹਾਂ ਨੇ ਪੰਜਾਬ ਦੀ ਜਵਾਨੀ ਨੂੰ 'ਚਿੱਟੇ' ਦੀ ਅੱਗ ਵਿੱਚ ਧੱਕਿਆ ਸੀ। ਪੰਨੂ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਆਪਣੇ ਸਿਆਸੀ ਫਾਇਦੇ ਲਈ ਨਸ਼ਿਆਂ ਨੂੰ ਉਤਸ਼ਾਹਿਤ ਕੀਤਾ, ਅੱਜ ਉਨ੍ਹਾਂ ਨੂੰ ਇਸ ਗੱਲ ਦੀ ਸਭ ਤੋਂ ਵੱਧ ਤਕਲੀਫ਼ ਹੋ ਰਹੀ ਹੈ ਕਿ ਪੰਜਾਬ ਵਿੱਚੋਂ ਨਸ਼ਿਆਂ ਦਾ ਕੋਹੜ ਹਮੇਸ਼ਾ ਲਈ ਖ਼ਤਮ ਹੋਣ ਜਾ ਰਿਹਾ ਹੈ। ਮੰਗਲਵਾਰ ਨੂੰ ਪਾਰਟੀ ਦਫ਼ਤਰ ਵਿੱਚ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ 2007 ਤੋਂ 2017 ਅਤੇ ਫਿਰ 2017 ਤੋਂ 2022 ਤੱਕ ਪੰਜਾਬ ਨੇ ਉਹ ਕਾਲਾ ਦੌਰ ਦੇਖਿਆ ਹੈ ਜਦੋਂ ਕੋਈ ਨਸ਼ਾ ਤਸਕਰ ਫੜਿਆ ਜਾਂਦਾ ਸੀ, ਤਾਂ ਕੁਝ ਹੀ ਘੰਟਿਆਂ ਵਿੱਚ ਉਸ ਦੀਆਂ ਤਸਵੀਰਾਂ ਉਸ ਸਮੇਂ ਦੇ ਸੱਤਾਧਾਰੀ



ਆਗੂਆਂ ਨਾਲ ਵਾਇਰਲ ਹੋ ਜਾਂਦੀਆਂ ਸਨ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਪੈਸੇ ਦੀ ਖ਼ਾਤਰ ਪੰਜਾਬ ਦੀ ਜਵਾਨੀ ਨੂੰ ਬਰਬਾਦ ਕਰ ਦਿੱਤਾ। ਅੱਜ ਜਦੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਪੂਰੀ ਇੱਛਾ ਸ਼ਕਤੀ ਨਾਲ ਨਸ਼ਿਆਂ ਵਿਰੁੱਧ ਜੰਗ ਲੜ ਰਹੀ ਹੈ, ਤਾਂ ਇਹ ਵਿਰੋਧੀ ਆਗੂ ਬੌਖਲਾਹਟ ਵਿੱਚ ਬੇਤੁਕੀ ਬਿਆਨਬਾਜ਼ੀ ਕਰ ਰਹੇ ਹਨ। ਪੰਨੂ ਨੇ ਕਿਹਾ ਕਿ ਮੋਗਾ ਦੇ ਕਿੱਲੀ ਚਹਿਲ ਵਿੱਚ ਉਮੜਿਆ ਭਾਰੀ ਇਕੱਠ ਵਿਰੋਧੀਆਂ ਦੀਆਂ ਅੱਖਾਂ ਵਿੱਚ ਰੜਕ ਰਿਹਾ ਹੈ। ਮੁੱਖ ਮੰਤਰੀ ਭਗਵੰਤ ਮਾਨ ਆਪਣੀ ਖ਼ਰਾਬ ਸਿਹਤ ਦੇ ਬਾਵਜੂਦ ਹਸਪਤਾਲ ਤੋਂ ਸਿੱਧਾ ਰੈਲੀ ਵਿੱਚ ਪਹੁੰਚੇ ਅਤੇ 1.25 ਲੱਖ ਮੈਂਬਰਾਂ ਨੂੰ ਸਹੁੰ ਚੁਕਾਈ, ਜੋ ਨਸ਼ਿਆਂ ਵਿਰੁੱਧ ਜੰਗ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਜੋ ਲੋਕ ਅਫ਼ਸਰਾਂ ਦੇ ਉੱਥੇ ਜਾਣ 'ਤੇ ਸਵਾਲ ਉਠਾ ਰਹੇ ਹਨ, ਉਹ ਸ਼ਾਇਦ ਭੁੱਲ ਗਏ ਹਨ ਕਿ ਨਸ਼ਿਆਂ ਵਿਰੁੱਧ ਇਹ ਜੰਗ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਪੁਲਿਸ, ਪ੍ਰਸ਼ਾਸਨ ਅਤੇ ਜਨਤਾ ਦੀ ਸਾਂਝੀ ਜੰਗ ਹੈ। 'ਆਪ' ਆਗੂ ਨੇ ਕਿਹਾ ਕਿ ਪੰਜਾਬ ਦੇ ਹਰ ਪਿੰਡ ਅਤੇ ਵਾਰਡ ਤੋਂ 8 ਤੋਂ 10 ਜਾਗਰੂਕ ਨਾਗਰਿਕਾਂ ਨੂੰ ਮਿਲਾ ਕੇ ਲਗਭਗ 1.25 ਮੈਂਬਰਾਂ ਦੀ ਵਿਲੇਜ ਡਿਫੈਂਸ ਕਮੇਟੀ ਬਣਾਈ ਗਈ ਹੈ। ਇਹ ਕੋਈ ਕਾਗਜ਼ੀ ਕਾਰਵਾਈ ਨਹੀਂ ਹੈ, ਜਿਵੇਂ ਕੈਪਟਨ ਅਮਰਿੰਦਰ ਸਿੰਘ ਨੇ 2018 ਵਿੱਚ ਕੀਤੀ ਸੀ।

Contd............page-3



# ਨੋਇਡਾ ਮਗਰੋਂ ਇਹ ਇਲਾਕਾ ਬਣਿਆ 'ਡੈਥ ਜ਼ੋਨ' ! ਨਾਲੇ 'ਚੋਂ ਮਿਲੀ ਨੌਜਵਾਨ ਦੀ ਤੈਰਦੀ ਹੋਈ ਲਾਸ਼

**ਕੌਮੀ ਪਤ੍ਰਿਕਾ**

ਮੇਰਠ 17 ਫਰਵਰੀ। ਉੱਤਰ ਪ੍ਰਦੇਸ਼ ਦੇ ਨੋਇਡਾ ਵਿੱਚ ਇੱਕ ਨਿਰਮਾਣ ਅਧੀਨ ਇਮਾਰਤ ਦੀ ਦਲਦਲ ਵਿੱਚ ਇੱਕ ਸਾਫਟਵੇਅਰ ਇੰਜੀਨੀਅਰ ਦੀ ਮੌਤ ਦਾ ਮਾਮਲਾ ਅਜੇ ਸ਼ਾਂਤ ਨਹੀਂ ਹੋਇਆ ਸੀ ਕਿ ਮੇਰਠ ਤੋਂ ਇੱਕ ਹੋਰ ਦਿਲ ਦਹਿਲਾ ਦੇਣ ਵਾਲੀ ਖ਼ਬਰ ਸਾਹਮਣੇ ਆਈ। ਬ੍ਰਹਮਪੁਰੀ ਇਲਾਕੇ ਵਿੱਚ ਓਡੀਅਨ ਨਾਲੇ ਵਿੱਚ ਡਿੱਗਣ ਨਾਲ ਇੱਕ ਅਣਪਛਾਤੇ ਨੌਜਵਾਨ ਦੀ ਦਰਦਨਾਕ ਮੌਤ ਹੋ ਗਈ। ਪੁਲਸ ਨੇ ਸੋਮਵਾਰ ਸ਼ਾਮ ਨੂੰ ਨਾਲੇ ਵਿੱਚੋਂ ਨੌਜਵਾਨ ਦੀ ਲਾਸ਼ ਬਰਾਮਦ ਕੀਤੀ। ਰਿਪੋਰਟਾਂ ਅਨੁਸਾਰ, ਸੋਮਵਾਰ ਸ਼ਾਮ ਲਗਭਗ 4 ਵਜੇ ਲੋਕਾਂ ਨੇ ਬ੍ਰਹਮਪੁਰੀ ਪੁਲਿਸ ਸਟੇਸ਼ਨ ਦੇ ਨੇੜੇ ਓਡੀਅਨ ਨਾਲੇ ਵਿੱਚ ਇੱਕ ਲਾਸ਼ ਤੈਰਦੀ ਦੇਖੀ। ਘਟਨਾ ਸਥਾਨ 'ਤੇ ਵੱਡੀ ਭੀੜ ਇਕੱਠੀ ਹੋ ਗਈ। ਸਥਾਨਕ ਰਿਪੋਰਟਾਂ ਦੀ ਸੂਚਨਾ 'ਤੇ ਪੁਲਸ ਨੇ ਨੇੜਲੇ ਨਿਵਾਸੀਆਂ ਦੀ ਮਦਦ ਨਾਲ ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ ਲਾਸ਼ ਨੂੰ ਬਾਹਰ ਕੱਢਿਆ। ਮ੍ਰਿਤਕ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ। ਪੁਲਸ ਦੀ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਨੌਜਵਾਨ ਸ਼ਾਇਦ ਸ਼ਰਾਬੀ ਸੀ। ਆਪਣਾ ਸੰਤੁਲਨ ਗੁਆਉਣ ਕਾਰਨ ਉਹ ਨਾਲੇ ਵਿੱਚ ਡਿੱਗ ਪਿਆ ਅਤੇ ਪਾਣੀ-ਮਿੱਟੀ ਵਿੱਚ ਫਸਣ ਕਾਰਨ ਉਸਦੀ ਮੌਤ ਹੋ ਗਈ। ਪੁਲਸ ਨੂੰ ਨੌਜਵਾਨ ਕੋਲੋਂ ਕੋਈ ਵੀ ਦਸਤਾਵੇਜ਼ ਜਾਂ ਪਛਾਣ ਪੱਤਰ ਨਹੀਂ ਮਿਲਿਆ, ਜਿਸ ਤੋਂ ਉਸਦਾ ਨਾਮ ਜਾਂ ਪਤਾ ਪਤਾ ਲੱਗ ਸਕੇ। ਪੁਲਸ ਦੇ ਅਨੁਸਾਰ, ਲਾਸ਼ ਨੂੰ ਦੇਖ ਕੇ ਅੰਦਾਜ਼ਾ ਲਗਾਇਆ ਦਾ ਸਕਦਾ ਸੀ ਕਿ ਉਹ ਲਗਭਗ ਦੋ ਦਿਨ ਪੁਰਾਣੀ ਹੈ। ਪੁਲਸ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕਰ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਨੌਜਵਾਨ ਕਿੱਥੋਂ ਆਇਆ ਸੀ ਅਤੇ ਉਹ ਕਿਵੇਂ ਡਿੱਗਿਆ ਸੀ। ਫਿਲਹਾਲ ਲਾਸ਼ ਨੂੰ ਮੁਰਦਾਘਰ ਵਿੱਚ ਰੱਖਿਆ ਗਿਆ ਹੈ ਅਤੇ ਪਛਾਣ ਲਈ ਸੋਸ਼ਲ ਮੀਡੀਆ ਅਤੇ ਪੁਲਸ ਥਾਣਿਆਂ 'ਤੇ ਜਾਣਕਾਰੀ ਸਾਂਝੀ ਕੀਤੀ ਗਈ ਹੈ। ਇਸ ਘਟਨਾ ਤੋਂ ਸਥਾਨਕ ਨਿਵਾਸੀ ਬਹੁਤ ਗੁੱਸੇ ਵਿੱਚ ਹਨ। ਦੱਸਿਆ ਜਾ ਰਿਹਾ ਹੈ ਕਿ ਓਡੀਅਨ ਨਾਲੇ ਦੀ ਹੱਦ ਕਈ



ਥਾਵਾਂ ਤੋਂ ਟੁੱਟੀ ਹੋਈ ਹੈ, ਜਿਸ ਕਾਰਨ ਪਹਿਲਾਂ ਵੀ ਕਈ ਲੋਕ ਨਸ਼ੇ ਦੀ ਹਾਲਤ ਵਿੱਚ ਜਾਂ ਹਨੇਰੇ ਵਿੱਚ ਇਸ ਵਿੱਚ ਡਿੱਗ ਕੇ ਆਪਣੀਆਂ ਜਾਨਾਂ ਗੁਆ ਚੁੱਕੇ ਹਨ। ਪ੍ਰਸ਼ਾਸਨ ਦੀ ਲਾਪਰਵਾਹੀ ਇੱਕ ਵਾਰ ਫਿਰ ਇੱਕ ਮਾਸੂਮ ਦੀ ਜਾਨ ਲਈ ਘਾਤਕ ਸਾਬਤ ਹੋਈ। ਸਿਟੀ ਐਸਪੀ ਆਯੂਸ਼ ਵਿਕਰਮ ਸਿੰਘ ਨੇ ਦੱਸਿਆ ਕਿ ਸ਼ਾਮ ਨੂੰ ਓਡੀਅਨ ਨਾਲੇ ਵਿੱਚੋਂ ਇੱਕ ਨੌਜਵਾਨ ਦੀ ਲਾਸ਼ ਮਿਲੀ। ਸ਼ੁਰੂ ਵਿੱਚ ਇਹ ਮਾਮਲਾ ਸ਼ਰਾਬੀ ਵਿਅਕਤੀ ਦੇ ਡਿੱਗਣ ਦਾ ਜਾਪਦਾ ਹੈ। ਹਾਲਾਂਕਿ ਮੌਤ ਦਾ ਸਹੀ ਕਾਰਨ ਅਤੇ ਸਮਾਂ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਪਤਾ ਲੱਗੇਗਾ। ਅਸੀਂ ਨੌਜਵਾਨ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੇ ਹਾਂ।

## ਲੁਧਿਆਣਾ 'ਚ ਸਨਸਨੀਖੇਜ਼ ਵਾਰਦਾਤ ! ਮਹਿਲਾ ਮਜ਼ਦੂਰ 'ਤੇ ਤੇਜ਼ਾਬ ਸੁੱਟ ਕੇ ਬਾਈਕ ਸਵਾਰ ਫ਼ਰਾਰ

ਲੁਧਿਆਣਾ 17 ਫਰਵਰੀ। ਮਹਾਨਗਰ ਦੇ ਦੁਗਰੀ ਇਲਾਕੇ ਵਿੱਚ ਉਸ ਵੇਲੇ ਚੀਕ ਚਿਹਾੜਾ ਮਚ ਗਿਆ ਜਦੋਂ ਦਿਨ-ਦਿਹਾੜੇ ਇੱਕ ਬੇਖ਼ੌਫ਼ ਬਾਈਕ ਸਵਾਰ ਨੇ 40 ਸਾਲਾ ਮਹਿਲਾ ਮਜ਼ਦੂਰ ਸਾਵਿਤਰੀ 'ਤੇ ਤੇਜ਼ਾਬ ਸੁੱਟ ਦਿੱਤਾ। ਇਹ ਦਿਲ ਦਹਿਲਾਉਣ ਵਾਲੀ ਵਾਰਦਾਤ ਗੁਰੂ ਗਿਆਨ ਵਿਹਾਰ ਵਿੱਚ ਹੋਈ, ਜਿੱਥੇ ਪੀੜਤ ਮਹਿਲਾ ਆਪਣੀ ਭਤੀਜੀ ਨਾਲ ਮਜ਼ਦੂਰੀ ਦਾ ਕੰਮ ਕਰ ਰਹੀ ਸੀ। ਜਾਣਕਾਰੀ ਅਨੁਸਾਰ, ਹਮਲਾਵਰ ਨੇ ਆਪਣੀ ਪਛਾਣ ਛੁਪਾਉਣ ਲਈ ਹੈਲਮੇਟ ਪਾਇਆ ਹੋਇਆ ਸੀ। ਉਸਨੇ ਬੜੀ ਚਲਾਕੀ ਨਾਲ ਸਾਵਿਤਰੀ ਨੂੰ ਆਪਣੇ ਕੋਲ ਬੁਲਾਇਆ ਅਤੇ ਉਸਦੇ ਚਿਹਰੇ 'ਤੇ ਤੇਜ਼ਾਬ ਉਲਟ ਦਿੱਤਾ। ਇਸ ਜਾਨਲੇਵਾ ਹਮਲੇ ਕਾਰਨ ਮਹਿਲਾ ਦਾ ਚਿਹਰਾ ਅਤੇ ਅੱਖਾਂ ਬੁਰੀ ਤਰ੍ਹਾਂ ਝੁਲਸ ਗਈਆਂ ਹਨ, ਜਿਸ ਨੂੰ ਨਾਜ਼ੁਕ ਹਾਲਤ ਵਿੱਚ ਸਿਵਲ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਵਾਰਦਾਤ ਤੋਂ ਬਾਅਦ ਇਲਾਕੇ ਵਿੱਚ ਭਾਰੀ ਦਹਿਸ਼ਤ ਦਾ ਮਾਹੌਲ ਹੈ ਅਤੇ ਮੁਲਜ਼ਮ ਮੌਕੇ ਤੋਂ ਫ਼ਰਾਰ ਹੋਣ ਵਿੱਚ ਕਾਮਯਾਬ ਰਿਹਾ। ਥਾਣਾ ਦੁਗਰੀ ਦੀ ਪੁਲਸ ਨੇ ਘਟਨਾ ਸਥਾਨ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਵੱਲੋਂ ਇਲਾਕੇ ਵਿੱਚ ਲੱਗੇ ਸੀ.ਸੀ.ਟੀ.ਵੀ. ਫੁਟੇਜ ਖੰਗਾਲੇ ਜਾ ਰਹੇ ਹਨ ਤਾਂ ਜੋ ਹਮਲਾਵਰ ਦੀ ਪਛਾਣ ਕੀਤੀ ਜਾ ਸਕੇ।

# ਅਲਵਰ 'ਚ ਦਰਦਨਾਕ ਸੜਕ ਹਾਦਸਾ, ਟਰੱਕ ਤੇ ਪਿਕਅੱਪ ਦੀ ਭਿਆਨਕ ਟੱਕਰ 'ਚ ਨੌਜਵਾਨ ਦੀ ਮੌਤ

**ਕੌਮੀ ਪਤ੍ਰਿਕਾ**

ਅਲਵਰ 17 ਫਰਵਰੀ। ਰਾਜਸਥਾਨ ਦੇ ਅਲਵਰ ਜ਼ਿਲ੍ਹੇ ਦੇ ਰਾਜਗੜ੍ਹ ਥਾਣਾ ਖੇਤਰ ਵਿੱਚ ਇੱਕ ਭਿਆਨਕ ਸੜਕ ਹਾਦਸਾ ਵਾਪਰਨ ਦੀ ਖ਼ਬਰ ਸਾਹਮਣੇ ਆਈ ਹੈ। ਸੋਮਵਾਰ ਦੇਰ ਰਾਤ ਕਾਂਦੋਲੀ ਬਾਈਪਾਸ 'ਤੇ ਇੱਕ ਤੇਜ਼ ਰਫ਼ਤਾਰ ਟਰੱਕ ਅਤੇ ਪਿਕਅੱਪ ਦੀ ਜ਼ਬਰਦਸਤ ਟੱਕਰ ਹੋ ਗਈ, ਜਿਸ ਵਿੱਚ ਇੱਕ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਦੋ ਹੋਰ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਪੁਲਸ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ, 30 ਸਾਲਾ ਨਰਿੰਦਰ ਸਿੰਘ ਰਾਜਪੂਤ ਆਪਣੇ ਗੁਆਂਢੀ ਧਰਮ ਸਿੰਘ ਰਾਜਪੂਤ ਅਤੇ ਪਿਕਅੱਪ ਚਾਲਕ ਛੋਟੇਲਾਲ ਨਾਲ ਆਪਣੀ ਭੈਣ ਦੇ ਘਰ (ਪਹਿਲ ਮੁੰਡਾਵਰ) ਮੱਝ ਛੱਡਣ ਗਿਆ ਸੀ। ਦੇਰ ਰਾਤ ਵਾਪਸ ਆਉਂਦੇ ਸਮੇਂ ਕਾਂਦੋਲੀ ਬਾਈਪਾਸ ਨੇੜੇ ਇੱਕ ਤੇਜ਼ ਰਫ਼ਤਾਰ ਟਰੱਕ ਨੇ ਉਹਨਾਂ ਦੀ ਪਿਕਅੱਪ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿੱਚ ਨਰਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਦੂਜੇ ਪਾਸੇ, ਧਰਮ ਸਿੰਘ ਰਾਜਪੂਤ ਨੂੰ ਗੰਭੀਰ ਹਾਲਤ ਵਿੱਚ ਅਲਵਰ ਦੇ ਜਨਰਲ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਪਿਕਅੱਪ ਚਾਲਕ ਛੋਟੇਲਾਲ ਦੀ ਹਾਲਤ ਜ਼ਿਆਦਾ ਨਾਜ਼ੁਕ ਹੋਣ ਕਾਰਨ ਉਸ ਨੂੰ ਬਿਹਤਰ ਇਲਾਜ ਲਈ ਜੈਪੁਰ ਰੈਫਰ ਕਰ ਦਿੱਤਾ ਗਿਆ ਹੈ। ਮ੍ਰਿਤਕ ਦੇ ਚਚੇਰੇ




ਭਰਾ ਸੋਨੂ ਨੇ ਦੋਸ਼ ਲਾਇਆ ਹੈ ਕਿ ਹਾਦਸੇ ਤੋਂ ਬਾਅਦ ਨਰਿੰਦਰ ਦੀ ਜੇਬ ਵਿੱਚੋਂ ਕਰੀਬ 67,000 ਰੁਪਏ ਨਕਦ ਅਤੇ ਦੋ ਮੋਬਾਈਲ ਫ਼ੋਨ ਗਾਇਬ ਹਨ। ਪਰਿਵਾਰ ਵੱਲੋਂ ਇਸ ਬਾਰੇ ਸਬੰਧਤ ਥਾਣੇ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਕੈਨੇਡਾ ਭੇਜਣ ਦੇ ਨਾਂ 'ਤੇ 15.30 ਲੱਖ ਰੁਪਏ ਦੀ ਠੱਗੀ, 2 ਵਿਰੁੱਧ ਮਾਮਲਾ ਦਰਜ

ਬਟਾਲਾ 17 ਫਰਵਰੀ। ਕੈਨੇਡਾ ਭੇਜਣ ਦੇ ਨਾਂ 'ਤੇ 15 ਲੱਖ 30 ਹਜ਼ਾਰ ਰੁਪਏ ਠੱਗਣ ਦੇ ਕਥਿਤ ਦੋਸ਼ ਹੇਠ ਥਾਣਾ ਸਿਟੀ ਦੀ ਪੁਲਸ ਵੱਲੋਂ 2 ਵਿਅਕਤੀਆਂ ਖ਼?ਲਾਫ਼ ਧੋਖਾਦੇਹੀ ਦਾ ਕੇਸ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਫ਼ਸਰ ਐੱਸ. ਆਈ. ਸੁਖਦੇਵ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੀ ਦਰਖਾਸਤ 'ਚ ਦਵਿੰਦਰ ਸਿੰਘ ਪੁੱਤਰ ਸਵ. ਬਲਵੰਤ ਸਿੰਘ, ਵਾਸੀ ਮੁਹੱਲਾ ਸਿੰਬਲ ਬਟਾਲਾ ਨੇ ਦੱਸਿਆ ਕਿ ਉਸ ਦੇ ਲੜਕੇ ਗੁਰਕੀਰਤ ਸਿੰਘ ਨੂੰ ਕੈਨੇਡਾ ਸਟੱਡੀ ਵੀਜ਼ਾ 'ਤੇ ਭੇਜਣ ਦੇ ਨਾਂ 'ਤੇ ਸਹਿਜ ਪਵਾਰ ਵਾਸੀ ਬਟਾਲਾ ਅਤੇ ਮਲਕਿੰਦਰ ਸਿੰਘ ਵਾਸੀ ਗਾਦੜੀਆਂ ਨੇ ਉਸ ਨਾਲ 15 ਲੱਖ 30 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਇਸ ਦਰਖਾਸਤ ਦੀ ਜਾਂਚ ਡੀ. ਐੱਸ. ਪੀ. ਸਿਟੀ ਬਟਾਲਾ ਵੱਲੋਂ ਕੀਤੇ ਜਾਣ ਤੋਂ ਬਾਅਦ ਐੱਸ. ਐੱਸ. ਪੀ. ਬਟਾਲਾ ਦੇ ਹੁਕਮਾਂ 'ਤੇ ਕਾਰਵਾਈ ਕਰਦਿਆਂ ਥਾਣਾ ਸਿਟੀ 'ਚ ਧਾਰਾ 420, 120-ਬੀ ਤਹਿਤ ਮੁਕੱਦਮਾ ਦਰਜ ਕਰ ਦਿੱਤਾ ਗਿਆ ਹੈ। ਪੁਲਸ ਵੱਲੋਂ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ।

## ਕੇਂਦਰੀ ਜੇਲ੍ਹ 'ਚ ਤਲਾਸ਼ੀ ਦੌਰਾਨ ਵੱਡੀ ਮਾਤਰਾ 'ਚ ਤੰਬਾਕੂਨੋਸ਼ੀ ਦੇ ਪਦਾਰਥ ਬਰਾਮਦ

ਤਰਨਤਾਰਨ 17 ਫਰਵਰੀ। ਕੇਂਦਰੀ ਜੇਲ੍ਹ ਗੋਇੰਦਵਾਲ ਸਾਹਿਬ ਵਿਚ ਚਲਾਏ ਗਏ ਤਲਾਸ਼ੀ ਅਭਿਆਨ ਦੌਰਾਨ ਭਾਰੀ ਮਾਤਰਾ ਵਿਚ ਤੰਬਾਕੂ ਦੇ ਪਦਾਰਥਾਂ ਸਮੇਤ ਮੋਬਾਈਲ ਬਰਾਮਦ ਹੋਏ ਹਨ। ਇਸ ਸਬੰਧੀ ਸਹਾਇਕ ਸੁਪਰਡੈਂਟ ਨੇ ਦੱਸਿਆ ਕਿ ਜੇਲ੍ਹ ਵਿਚ ਅਚਾਨਕ ਚੈਕਿੰਗ ਕੀਤੀ ਗਈ, ਜਿਸ ਦੌਰਾਨ ਲਵਾਰਿਸ ਹਾਲਤ ਵਿਚ ਇਕ ਪੈਕੇਟ ਮਿਲਿਆ, ਜਿਸ ਵਿਚੋਂ 2 ਕੀਪੈਡ ਮੋਬਾਈਲ, 2 ਟੱਚ ਸਕ੍ਰੀਨ ਮੋਬਾਈਲ, 333 ਬੀੜੀਆਂ ਬੰਡਲ, 130 ਪੈਕੇਟ ਤੰਬਾਕੂ, 40 ਕੂਲ ਲਿਪ ਪੈਕੇਟ, 79 ਤੰਬਾਕੂ ਦੀਆਂ ਪੁੜੀਆਂ ਬਰਾਮਦ ਹੋਈਆਂ। ਇਸੇ ਤਰ੍ਹਾਂ ਇਕ ਹੋਰ ਪੈਕੇਟ ਵਿਚੋਂ ਤਲਾਸ਼ੀ ਲੈਣ 'ਤੇ 1 ਕੀਪੈਡ, 1 ਟਚ ਸਕ੍ਰੀਨ ਮੋਬਾਈਲ, 145 ਤੰਬਾਕੂ ਪੁੜੀਆਂ, 27 ਕੂਲਲਿਪ ਅਤੇ 345 ਬੀੜੀਆਂ ਬੰਡਲ ਬਰਾਮਦ ਹੋਏ ਹਨ। ਓਧਰ ਥਾਣਾ ਗੋਇੰਦਵਾਲ ਸਾਹਿਬ ਦੀ ਪੁਲਸ ਨੇ ਅਣਪਛਾਤੇ ਮੁਲਜ਼ਮਾਂ ਵਿਰੁੱਧ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਅਣਪਛਾਤੇ ਵਾਹਨ ਦੀ ਟੱਕਰ ਨਾਲ ਰਾਹਗੀਰ ਦੀ ਮੌਤ

ਸਾਹਨੇਵਾਲ 17 ਫਰਵਰੀ। ਕਿਸੇ ਨਾਮਾਲੂਮ ਵਾਹਨ ਚਾਲਕ ਵੱਲੋਂ ਇਕ ਰਾਹਗੀਰ ਨੂੰ ਮਾਰੀ ਗਈ ਫੇਟ ਕਾਰਨ ਰਾਹਗੀਰ ਦੀ ਮੌਤ ਹੋ ਗਈ, ਜਿਸ ਦੀ ਲਾਸ਼ ਪਈ ਹੋਣ ਬਾਰੇ ਪੁਲਸ ਨੂੰ ਸੂਚਨਾ ਦੇਣ ਵਾਲੇ ਵਿਅਕਤੀ ਦੇ ਬਿਆਨਾਂ 'ਤੇ ਥਾਣਾ ਸਾਹਨੇਵਾਲ ਦੀ ਪੁਲਸ ਨੇ ਨਾਮਾਲੂਮ ਵਾਹਨ ਚਾਲਕ ਦੇ ਖਿਲਾਫ ਕੇਸ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਬਿੰਦਰ ਕੁਮਾਰ ਵਾਸੀ ਪਿੰਡ ਨੰਦਪੁਰ ਸਾਹਨੇਵਾਲ ਨੇ ਦੱਸਿਆ ਕਿ ਬੀਤੀ 8 ਫਰਵਰੀ ਨੂੰ ਉਹ ਕੰਮਕਾਰ ਦੇ ਸਬੰਧ 'ਚ ਪਿੰਡ ਕਨੇਚ ਵੱਲ ਜਾ ਰਿਹਾ ਸੀ। ਜਦੋਂ ਉਹ ਸਾਹਨੇਵਾਲ ਦੇ ਸਰਕਾਰੀ ਸੀਨੀਅਰ ਸੈਕੰਡਰੀ ਕੰਨਿਆ ਸਕੂਲ ਕੋਲ ਪਹੁੰਚਿਆ ਤਾਂ ਸਰਵਿਸ ਲੇਨ ਦੇ ਨਾਲ ਉਸ ਨੇ ਇਕ 40-45 ਸਾਲ ਦੇ ਵਿਅਕਤੀ ਦੀ ਲਾਸ਼ ਪਈ ਦੇਖੀ, ਜਿਸ ਨੂੰ ਸ਼ਾਇਦ ਕਿਸੇ ਨਾਮਾਲੂਮ ਵਾਹਨ ਚਾਲਕ ਵਲੋਂ ਫੇਟ ਮਾਰੀ ਲੱਗ ਰਹੀ ਸੀ। ਥਾਣਾ ਪੁਲਸ ਨੇ ਵਿਅਕਤੀ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਸਿਵਲ ਹਸਪਤਾਲ ਦੀ ਮਾਰਚਰੀ 'ਚ ਰਖਵਾ ਦਿੱਤਾ ਹੈ ਅਤੇ ਅੱਗੇ ਦੀ ਕਾਰਵਾਈ ਸ਼ੁਰੂ ਕੀਤੀ ਹੈ।

## ਬਿਜਲੀ ਦੀਆਂ ਕੀਮਤਾਂ ਨੂੰ ਲੈ ਕੇ ਵੱਡੀ ਖ਼ਬਰ ! ਪੰਜਾਬ ਵਾਸੀਆਂ ਲੱਗ ਸਕਦੈ ਝਟਕਾ

ਪਟਿਆਲਾ 17 ਫਰਵਰੀ। ਪੰਜਾਬ ਵਿਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਬਿਜਲੀ ਦੀਆਂ ਕੀਮਤਾਂ ਵਿਚ ਵਾਧਾ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਹਾਲਾਂਕਿ ਚੋਣਾਂ ਵਾਲੇ ਸਾਲ ਵਿਚ ਸਰਕਾਰਾਂ ਆਮ ਤੌਰ 'ਤੇ ਬਿਜਲੀ ਦਰਾਂ ਵਧਾਉਣ ਤੋਂ ਗੁਰੇਜ਼ ਕਰਦੀਆਂ ਹਨ ਪਰ ਪੰਜਾਬ ਪਾਵਰ ਕਾਰਪੋਰੇਸ਼ਨ (ਪਾਵਰਕੌਮ) ਨੇ ਬਿਜਲੀ ਦੇ ਟੈਰਿਫ 'ਤੇ ਮੰਥਨ ਸ਼ੁਰੂ ਕਰ ਦਿੱਤਾ ਹੈ। ਪਾਵਰਕੌਮ ਨੇ ਰੈਗੂਲੇਟਰੀ ਕਮਿਸ਼ਨ ਦੇ ਸਾਹਮਣੇ ਇਕ 'ਰੈਵੇਨਿਊ ਡਿਮਾਂਡ' ਪਟੀਸ਼ਨ ਦਾਇਰ ਕੀਤੀ ਹੈ। ਇਸ ਪਟੀਸ਼ਨ ਵਿਚ ਸਾਲ 2024-25 ਦੇ ਖਰਚਿਆਂ ਦੇ ਮਿਲਾਨ ਦੇ ਨਾਲ-ਨਾਲ ਆਉਣ ਵਾਲੇ ਸਮੇਂ ਦੀਆਂ ਮਾਲੀਆ ਲੋੜਾਂ ਦਾ ਵੇਰਵਾ ਦਿੱਤਾ ਗਿਆ ਹੈ। ਰਿਪੋਰਟ ਅਨੁਸਾਰ, ਪਾਵਰਕੌਮ ਨੂੰ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ 3 ਹਜ਼ਾਰ ਕਰੋੜ ਰੁਪਏ ਦੇ ਵਾਧੂ ਫੰਡਾਂ ਦੀ ਲੋੜ ਹੈ। ਇਸ ਤੋਂ ਇਲਾਵਾ ਤਨਖਾਹਾਂ ਅਤੇ ਬਾਲਣ ਦੇ ਖਰਚਿਆਂ ਵਿੱਚ ਵੀ ਲਗਾਤਾਰ ਵਾਧਾ ਹੋਣ ਦਾ ਅਨੁਮਾਨ ਲਗਾਇਆ ਗਿਆ ਹੈ। ਉਪਭੋਗਤਾ 5 ਦਿਨਾਂ ਵਿਚ ਦਰਜ ਕਰਵਾ ਸਕਦੇ ਹਨ। ਪਾਵਰਕੌਮ ਦੀ ਇਸ ਅਰਜ਼ੀ 'ਤੇ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਜਾਂ ਕੋਈ ਸੁਝਾਅ ਦੇਣਾ ਚਾਹੁੰਦਾ ਹੈ ਤਾਂ ਉਹ 5 ਦਿਨਾਂ ਦੇ ਅੰਦਰ-ਅੰਦਰ ਸੈਕਟਰ-18-ਏ, ਚੰਡੀਗੜ੍ਹ ਸਥਿਤ ਰੈਗੂਲੇਟਰੀ ਕਮਿਸ਼ਨ ਦੇ ਦਫ਼ਤਰ ਵਿਚ ਦਰਜ ਕਰਵਾ ਸਕਦਾ ਹੈ।

## ਪਤਨੀ ਤੋਂ ਤੰਗ ਪਤੀ ਨੇ ਕੀਤੀ ਖ਼ੁਦਕੁਸ਼ੀ, ਨਾਜਾਇਜ਼ ਸਬੰਧਾਂ ਦਾ ਦੋਸ਼

ਜ਼ੀਰਾ 17 ਫਰਵਰੀ। ਜ਼ੀਰਾ ਨਿਵਾਸੀ ਇਕ ਵਿਅਕਤੀ ਵੱਲੋਂ ਪਤਨੀ ਤੋਂ ਤੰਗ ਆ ਕੇ ਜ਼ਹਿਰ ਨਿਗਲ ਕੇ ਖ਼ੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਸਰਕਾਰੀ ਹਸਪਤਾਲ ਜ਼ੀਰਾ ਵਿਖੇ ਗੱਲਬਾਤ ਕਰਦਿਆਂ ਮ੍ਰਿਤਕ ਰਣਬੀਰ ਸਿੰਘ ਰਾਣਾ ਦੀ ਮਾਤਾ ਪ੍ਰਕਾਸ਼ ਕੌਰ ਪਤਨੀ ਸੁਖਜੀਤ ਸਿੰਘ ਵਾਸੀ ਅਵਾਨ ਰੋਡ ਜ਼ੀਰਾ ਨੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਰਣਬੀਰ ਸਿੰਘ ਰਾਣਾ (49) 6 ਸਾਲ ਪਹਿਲਾਂ ਵਿਦੇਸ਼ ਦੀ ਧਰਤੀ ਮਲੇਸ਼ੀਆ ਵਿਖੇ ਗਿਆ ਹੋਇਆ ਸੀ ਅਤੇ ਅਜੇ ਉਸ ਨੂੰ ਘਰ ਪਰਤੇ ਨੂੰ 8 ਮਹੀਨੇ ਹੋਏ ਸਨ। ਹੁਣ ਉਹ ਜ਼ੀਰਾ ਦੀ ਇਕ ਕਾਲੋਨੀ 'ਚ ਸਕਿਓਰਟੀ ਗਾਰਡ ਵਜੋਂ ਨੌਕਰੀ ਕਰ ਰਿਹਾ ਸੀ। ਪੁਲਸ ਨੂੰ ਦਿੱਤੇ ਬਿਆਨਾਂ 'ਚ ਪ੍ਰਕਾਸ਼ ਕੌਰ ਨੇ ਦੋਸ਼ ਲਾਇਆ ਕਿ ਰਣਬੀਰ ਸਿੰਘ ਰਾਣਾ ਦੀ ਪਤਨੀ ਬਲਵਿੰਦਰ ਕੌਰ ਦੇ ਜ਼ੀਰਾ ਨਿਵਾਸੀ ਕਿਸੇ ਵਿਅਕਤੀ ਨਾਲ ਸੰਬੰਧ ਸਨ, ਜਿਸ ਬਾਰੇ ਸਾਨੂੰ ਪਰਿਵਾਰਕ ਮੈਂਬਰਾਂ ਨੂੰ ਪਤਾ ਲੱਗਣ 'ਤੇ ਘਰ 'ਚ ਕਲੇਸ਼ ਰਹਿੰਦਾ ਸੀ। ਜਦ ਰਣਬੀਰ ਸਿੰਘ ਰਾਣਾ ਨੂੰ ਇਸ ਬਾਰੇ ਪਤਾ ਲੱਗਾ ਤਾਂ ਉਸ ਨੇ ਵੀ ਬਲਵਿੰਦਰ ਕੌਰ ਨੂੰ ਰੋਕਿਆ ਪਰ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਨਹੀਂ ਆਈ। ਪ੍ਰਕਾਸ਼ ਕੌਰ ਨੇ ਅੱਗੇ ਇਹ ਵੀ ਦੋਸ਼ ਲਾਇਆ ਕਿ ਉਨ੍ਹਾਂ ਦੀ ਨੂੰਹ ਨੇ ਆਪਣੇ ਪ੍ਰੇਮੀ ਨਾਲ ਰਲ ਕੇ ਕਥਿਤ ਤੌਰ 'ਤੇ ਉਨ੍ਹਾਂ ਦਾ ਘਰ ਵੀ ਆਪਣੇ ਨਾਂ ਕਰਵਾ ਲਿਆ ਅਤੇ ਉਨ੍ਹਾਂ ਨੂੰ ਘਰੋਂ ਕੱਢ ਦਿੱਤਾ। ਇਸ ਮਗਰੋਂ ਉਨ੍ਹਾਂ ਦਾ ਪੁੱਤਰ ਰਣਬੀਰ ਸਿੰਘ ਰਾਣਾ ਅਤੇ ਸਾਰੇ ਪਰਿਵਾਰਕ ਮੈਂਬਰ ਬਹੁਤ ਪਰੇਸ਼ਾਨ ਰਹਿਣ ਲੱਗ ਗਏ ਅਤੇ ਭਲਕੇ ਉਨ੍ਹਾਂ ਦੇ ਪੁੱਤਰ ਰਣਬੀਰ ਸਿੰਘ ਨੇ ਸਮਾਜਿਕ ਬੇਇੱਜ਼ਤੀ ਨਾ ਬਰਦਾਸ਼ਤ ਕਰਦੇ ਹੋਏ ਜਹਿਰ ਨਿਗਲ ਕੇ ਖ਼ੁਦਕੁਸ਼ੀ ਕਰ ਲਈ। ਜਦ ਇਸ ਸਬੰਧੀ ਪੁਲਸ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਪਰਿਵਾਰਕ ਮੈਂਬਰਾਂ ਦੇ ਦਿੱਤੇ ਗਏ ਬਿਆਨਾਂ ਦੇ ਆਧਾਰ 'ਤੇ ਮਾਮਲੇ ਦੀ ਜਾਂਚ ਕਰ ਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਤੇਲ ਤੋਂ ਬਾਅਦ ਹੁਣ ਸਾਊਦੀ ਅਰਬ ਦੀ ਧਰਤੀ ਨੇ ਉਗਲਿਆ ਸੋਨਾ, 4 ਥਾਵਾਂ 'ਤੇ ਮਿਲਿਆ ਵਿਸ਼ਾਲ ਖ਼ਜ਼ਾਨਾ

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 17 ਫਰਵਰੀ। ਤੇਲ ਦੇ ਭੰਡਾਰਾਂ ਨਾਲ ਦੁਨੀਆ ਭਰ ਵਿੱਚ ਮਸ਼ਹੂਰ ਸਾਊਦੀ ਅਰਬ ਦੇ ਹੱਥ ਹੁਣ ਇੱਕ ਹੋਰ ਵੱਡਾ ਖ਼ਜ਼ਾਨਾ ਲੱਗਿਆ ਹੈ। ਦੇਸ਼ ਵਿੱਚ ਚਾਰ ਵੱਖ-ਵੱਖ ਥਾਵਾਂ 'ਤੇ ਸੋਨੇ ਦੇ ਨਵੇਂ ਭੰਡਾਰਾਂ ਦੀ ਖੋਜ ਹੋਈ ਹੈ। ਇਸ ਮਹੱਤਵਪੂਰਨ ਖੋਜ ਤੋਂ ਬਾਅਦ ਸਾਊਦੀ ਅਰਬ ਦੇ ਜਾਣੇ-ਪਛਾਣੇ ਸੋਨੇ ਦੇ ਭੰਡਾਰ ਵਿੱਚ 70 ਲੱਖ ਔਂਸ ਤੋਂ ਵੱਧ ਦਾ ਵਾਧਾ ਹੋ ਗਿਆ ਹੈ, ਜੋ ਰਿਆਦ ਦੀ ਆਰਥਿਕਤਾ ਨੂੰ ਹੋਰ ਮਜ਼ਬੂਤ ਕਰੇਗਾ। ਸਾਊਦੀ ਅਰਬ ਦੀ ਸਰਕਾਰੀ ਮਾਈਨਿੰਗ ਕੰਪਨੀ 'ਮਾਦੇਨ' ਨੇ ਸੋਸ਼ਲ ਮੀਡੀਆ ਰਾਹੀਂ ਇਸ ਦੀ ਜਾਣਕਾਰੀ ਸਾਂਝੀ ਕੀਤੀ ਹੈ। ਕੰਪਨੀ ਅਨੁਸਾਰ, ਇਹ ਕਿਸੇ ਇੱਕ ਦੇਸ਼ ਵਿੱਚ ਚਲਾਇਆ ਗਿਆ ਦੁਨੀਆ ਦਾ ਸਭ ਤੋਂ ਵੱਡਾ ਖੋਜ ਪ੍ਰੋਗਰਾਮ ਸੀ। ਇਸ ਅਭਿਆਨ ਦੌਰਾਨ ਕੁੱਲ 7.8 ਮਿਲੀਅਨ ਔਂਸ ਸੋਨੇ ਦੇ ਸਰੋਤਾਂ ਦੀ ਪਛਾਣ ਕੀਤੀ ਗਈ ਹੈ। ਸਰੋਤਾਂ ਅਨੁਸਾਰ, ਚਾਰ ਪ੍ਰਮੁੱਖ ਥਾਵਾਂ 'ਤੇ ਕੀਤੀ ਗਈ ਡ੍ਰਿਲਿੰਗ ਤੋਂ ਬਾਅਦ ਇਹ ਨਤੀਜੇ ਸਾਹਮਣੇ ਆਏ ਹਨ: ਵਾਦੀ ਅਲ ਜਵ: ਇੱਥੇ ਸਭ ਤੋਂ



ਵੱਡਾ ਭੰਡਾਰ ਮਿਲਿਆ ਹੈ, ਜੋ ਲਗਭਗ 38 ਲੱਖ ਔਂਸ ਹੈ,। ਜਾਣਕਾਰੀ ਲਈ ਦੱਸ ਦੇਈਏ ਕਿ ਸੋਨੇ ਵਰਗੀਆਂ ਕੀਮਤੀ ਧਾਤਾਂ ਨੂੰ ਮਾਪਣ ਲਈ 'ਔਂਸ' ਇੱਕ ਮਿਆਰੀ ਇਕਾਈ ਹੈ ਅਤੇ ਇੱਕ ਔਂਸ ਲਗਭਗ 31.10 ਗ੍ਰਾਮ ਦੇ ਬਰਾਬਰ ਹੁੰਦਾ ਹੈ। ਇਹ ਖੋਜ ਸਾਊਦੀ ਅਰਬ ਦੇ ਕ੍ਰਾਊਨ ਪ੍ਰਿੰਸ ਮੁਹੰਮਦ ਬਿਨ ਸਲਮਾਨ ਦੇ 'ਵਿਜ਼ਨ 2030' ਯੋਜਨਾ ਦਾ ਇੱਕ ਅਹਿਮ ਹਿੱਸਾ ਹੈ। ਵਰਤਮਾਨ ਵਿੱਚ, ਸਾਊਦੀ ਅਰਬ ਦੀ ਆਮਦਨ ਦਾ 90 ਫੀਸਦੀ ਹਿੱਸਾ ਸਿਰਫ਼ ਤੇਲ ਦੀ ਵਿਕਰੀ ਤੋਂ ਆਉਂਦਾ ਹੈ,। ਪ੍ਰਿੰਸ ਸਲਮਾਨ ਦੇ ਇਸ ਵਿਜ਼ਨ ਦਾ ਮੁੱਖ ਉਦੇਸ਼ ਦੇਸ਼ ਦੀ ਆਰਥਿਕਤਾ ਨੂੰ ਸਿਰਫ਼ ਤੇਲ 'ਤੇ ਨਿਰਭਰ ਰੱਖਣ ਦੀ ਬਜਾਏ ਹੋਰ ਖੇਤਰਾਂ ਵਿੱਚ ਫੈਲਾਉਣਾ ਹੈ,। ਸਾਊਦੀ ਸਰਕਾਰ ਦਾ ਟੀਚਾ ਹੈ ਕਿ ਮਾਈਨਿੰਗ (ਖਣਨ) ਦੇ ਖੇਤਰ ਰਾਹੀਂ ਦੇਸ਼ ਦੀ ਜੀ.ਡੀ.ਪੀ. ਵਿੱਚ ਸਾਲਾਨਾ 120 ਅਰਬ ਸਾਊਦੀ ਰਿਆਲ ਦਾ ਯੋਗਦਾਨ ਪਾਇਆ ਜਾ ਸਕੇ। 'ਮਾਦੇਨ' ਦੇ ਸੀ.ਈ.ਓ. ਬੌਬ ਵਿਲ ਨੇ ਕਿਹਾ ਕਿ ਇਹ ਨਤੀਜੇ ਦੱਸਦੇ ਹਨ ਕਿ ਕੰਪਨੀ ਦੀ ਲੰਬੇ ਸਮੇਂ ਦੀ ਰਣਨੀਤੀ ਸਹੀ ਦਿਸ਼ਾ ਵਿੱਚ ਕੰਮ ਕਰ ਰਹੀ ਹੈ।

## ਵਿਅਕਤੀ ਦਾ ਗੋਲੀ ਮਾਰ ਕੇ ਕਤਲ ਕਰਨ ਦੇ ਦੋਸ਼ ਹੇਠ 4 ਖ਼ਿਲਾਫ਼ ਮਾਮਲਾ ਦਰਜ

ਫਿਰੋਜ਼ਪੁਰ 17 ਫਰਵਰੀ। ਥਾਰ ਗੱਡੀ 'ਚ ਜਾ ਰਹੇ ਇਕ ਵਿਅਕਤੀ ਦਾ ਗੋਲੀ ਮਾਰ ਕੇ ਕਤਲ ਕਰਨ ਦੇ ਦੋਸ਼ ਹੇਠ ਥਾਣਾ ਘੱਲ ਖੁਰਦ ਦੀ ਪੁਲਸ ਨੇ 4 ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਇਸ ਦੀ ਜਾਣਕਾਰੀ ਦਿੰਦੇ ਥਾਣਾ ਘੱਲ ਖੁਰਦ ਦੇ ਐੱਸ. ਐੱਚ. ਓ. ਸਬ-ਇੰਸਪੈਕਟਰ ਸੁਖਵੀਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਹਰਮਨਦੀਪ ਸਿੰਘ ਪੁੱਤਰ ਦਿਲਰਾਜ ਸਿੰਘ ਵਾਸੀ ਬੋਪਾਰਾਏ ਕਲਾਂ, ਜ਼ਿਲ੍ਹਾ ਲੁਧਿਆਣਾ ਨੇ ਪੁਲਸ ਨੂੰ ਦਿੱਤੇ ਆਪਣੇ ਬਿਆਨ ਦਿੱਤੇ ਸਨ। ਬਿਆਨਾਂ 'ਚ ਉਸ ਨੇ ਦੱਸਿਆ ਕਿ ਦੋ ਧਿਰਾਂ 'ਚ ਚੱਲ ਰਹੀ ਪੁਰਾਣੀ ਰੰਜਿਸ਼ ਦੇ ਚੱਲਦੇ ਹੋਏ ਥਾਰ 'ਚ ਜਾ ਰਹੇ ਹਰਦੀਪ ਉਰਫ਼ ਸੋਨੂੰ 'ਤੇ ਸੁਖਰਾਜ ਸਿੰਘ ਉਰਫ਼ ਸੰਨੀ, ਯੁਵਰਾਜ ਸਿੰਘ ਉਰਫ਼ ਬੌਬੀ, ਨਛੱਤਰ ਸਿੰਘ ਅਤੇ ਯੁਵਰਾਜ ਸਿੰਘ ਉਰਫ਼ ਯੂਵੀ ਨੇ ਗੋਲੀਆਂ ਚਲਾ ਕੇ ਉਸ ਦਾ ਕਤਲ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਨਾਮਜ਼ਦ ਵਿਅਕਤੀਆਂ ਖ਼?ਲਾਫ਼ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਭਿਆਨਕ ਹਾਦਸਾ: ਐਕਸਪ੍ਰੈੱਸ-ਵੇਅ 'ਤੇ ਡਿਵਾਈਡਰ ਨਾਲ ਟਕਰਾ ਪਲਟੀ ਡਬਲ ਡੈਕਰ ਬੱਸ

ਕਨੌਜ 17 ਫਰਵਰੀ। ਉੱਤਰ ਪ੍ਰਦੇਸ਼ ਦੇ ਕਨੌਜ ਜ਼ਿਲ੍ਹੇ 'ਚ ਵੀਰਵਾਰ ਸਵੇਰੇ ਇਕ ਦਰਦਨਾਕ ਹਾਦਸਾ ਵਾਪਰ ਜਾਣ ਦੀ ਸੂਚਨਾ ਮਿਲੀ ਹੈ। ਜਿਥੇ ਲਖਨਊ-ਆਗਰਾ ਐਕਸਪ੍ਰੈੱਸ-ਵੇਅ 'ਤੇ ਦਿੱਲੀ ਤੋਂ ਬਿਹਾਰ ਜਾ ਰਹੀ ਇਕ ਡਬਲ ਡੈਕਰ ਬੱਸ ਬੇਕਾਬੂ ਹੋ ਕੇ ਡਿਵਾਈਡਰ ਨਾਲ ਟਕਰਾ ਕੇ ਪਲਟ ਗਈ। ਇਸ ਹਾਦਸੇ ਵਿੱਚ ਬੱਸ 'ਚ ਸਵਾਰ 40 ਯਾਤਰੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਹਨ। ਇਸ ਹਾਦਸੇ ਨਾਲ ਮੌਕੇ 'ਤੇ ਹਫ਼ੜਾ-ਦਫ਼ੜੀ ਮਚ ਗਈ। ਸੌਰਿਖ ਥਾਣਾ ਇੰਚਾਰਜ ਜਯੰਤੀ ਪ੍ਰਸਾਦ ਗੰਗਵਾਰ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਬੱਸ ਚਾਲਕ ਨੂੰ ਨੀਂਦ ਦੀ ਝਪਕੀ ਆ ਗਈ ਸੀ, ਜਿਸ ਕਾਰਨ ਤੇਜ਼ ਰਫ਼ਤਾਰ ਬੱਸ ਡਿਵਾਈਡਰ ਨਾਲ ਜਾ ਟਕਰਾਈ। ਹਾਦਸਾ ਇੰਨਾ ਭਿਆਨਕ ਸੀ ਕਿ ਬੱਸ ਪਲਟਦੇ ਹੀ ਚੀਕ-ਚਿਹਾੜਾ ਮਚ ਗਿਆ। ਘਟਨਾ ਤੋਂ ਤੁਰੰਤ ਬਾਅਦ ਬੱਸ ਦਾ ਡਰਾਈਵਰ ਅਤੇ ਕੰਡਕਟਰ ਮੌਕੇ ਤੋਂ ਫਰਾਰ ਹੋ ਗਏ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਰਾਹਤ ਕਾਰਜ ਸ਼ੁਰੂ ਕੀਤੇ ਅਤੇ ਜ਼ਖਮੀਆਂ ਨੂੰ ਵੱਖ-ਵੱਖ ਹਸਪਤਾਲਾਂ ਵਿੱਚ ਭਰਤੀ ਕਰਵਾਇਆ। ਜ਼ਖਮੀਆਂ ਨੂੰ ਸੌਰਿਖ ਦੇ ਸਿਹਤ ਕੇਂਦਰ ਤਿਰਵਾ ਦੇ ਮੈਡੀਕਲ ਕਾਲਜ ਛਿਬਰਾਮਊ ਅਤੇ ਇਟਾਵਾ ਦੇ ਸੈਫਈ ਮੈਡੀਕਲ ਕਾਲਜ ਭੇਜਿਆ ਗਿਆ ਹੈ। ਡਾਕਟਰਾਂ ਅਨੁਸਾਰ ਜ਼ਿਆਦਾਤਰ ਯਾਤਰੀਆਂ ਦੇ ਸਿਰ, ਹੱਥਾਂ ਅਤੇ ਪੈਰਾਂ 'ਤੇ ਗੰਭੀਰ ਸੱਟਾਂ ਲੱਗੀਆਂ ਹਨ।

# ਜਿਮ 'ਚ ਧਰਮ ਪਰਿਵਰਤਨ ਤੇ ਬਲੈਕਮੇਲਿੰਗ ਦੀ ਖੇਡ ! 4 ਕਾਬੂ, ਜਿਮ ਕੀਤਾ ਸੀਲ

**ਕੌਮੀ ਪਤ੍ਰਿਕਾ**

ਮਿਰਜ਼ਾਪੁਰ 17 ਫਰਵਰੀ। ਉੱਤਰ ਪ੍ਰਦੇਸ਼ ਦੇ ਮਿਰਜ਼ਾਪੁਰ ਸ਼ਹਿਰ ਤੋਂ ਇੱਕ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇੱਕ ਜਿਮ ਵਿੱਚ ਆਉਣ ਵਾਲੀਆਂ ਔਰਤਾਂ ਨੂੰ ਧਰਮ ਪਰਿਵਰਤਨ ਲਈ ਉਕਸਾਉਣ, ਉਨ੍ਹਾਂ ਦਾ ਸਰੀਰਕ ਸ਼ੋਸ਼ਣ ਕਰਨ ਅਤੇ ਵੀਡੀਓ ਬਣਾ ਕੇ ਬਲੈਕਮੇਲ ਕਰਨ ਦੇ ਦੋਸ਼ ਹੇਠ ਪੁਲਸ ਨੇ ਵੱਡੀ ਕਾਰਵਾਈ ਕੀਤੀ ਹੈ। ਇਸ ਮਾਮਲੇ ਵਿੱਚ ਪੁਲਸ ਨੇ ਹੁਣ ਤੱਕ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਦੋ ਹੋਰਾਂ ਨੂੰ ਹਿਰਾਸਤ 'ਚ ਲਿਆ ਹੈ। ਪੁਲਸ ਅਨੁਸਾਰ, ਦੇਹਾਤ ਕੋਤਵਾਲੀ ਪੁਲਸ ਸਟੇਸ਼ਨ ਵਿੱਚ ਦੋ ਔਰਤਾਂ ਨੇ ਵੱਖ-ਵੱਖ ਸ਼ਿਕਾਇਤਾਂ ਦਰਜ ਕਰਵਾਈਆਂ ਸਨ। ਪੀੜਤਾਂ ਨੇ ਦੋਸ਼ ਲਾਇਆ ਕਿ ਜਿਮ ਵਿੱਚ ਟ?ਰੇਨਰਾਂ ਨੇ ਪਹਿਲਾਂ ਉਨ੍ਹਾਂ ਨਾਲ ਦੋਸਤੀ ਕੀਤੀ ਅਤੇ ਬਾਅਦ 'ਚ ਉਨ੍ਹਾਂ ਨੂੰ ਧਰਮ ਬਦਲਣ ਲਈ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ। ਮੁਲਜ਼ਮਾਂ ਵੱਲੋਂ ਔਰਤਾਂ ਨੂੰ ਪ੍ਰੇਸ਼ਾਨ ਕਰਨ ਅਤੇ ਉਨ੍ਹਾਂ ਨੂੰ ਬਲੈਕਮੇਲ ਕਰਨ ਦੀ ਗੱਲ



ਵੀ ਸਾਹਮਣੇ ਆਈ ਹੈ। ਮਾਮਲੇ ਦੀ ਗੰਭੀਰਤਾ ਅਤੇ ਸੰਵੇਦਨਸ਼ੀਲਤਾ ਨੂੰ ਦੇਖਦੇ ਹੋਏ, ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਐੱਸ.ਓ.ਜੀ. ਅਤੇ ਕੋਤਵਾਲੀ ਕਟਰਾ, ਨਗਰ ਤੇ ਦੇਹਾਤ ਸਮੇਤ ਚਾਰ ਟੀਮਾਂ ਦਾ ਗਠਨ ਕੀਤਾ। ਪੁਲਸ ਨੇ ਮੁਹੰਮਦ ਸ਼ੇਖ ਅਲੀ ਆਲਮ ਅਤੇ ਫੈਜ਼ਲ ਖਾਨ ਨੂੰ ਗ੍ਰਿਫਤਾਰ ਕਰ ਲਿਆ ਹੈ। ਮੋਬਾਈਲ ਤੇ ਹੋਰ ਡਿਜੀਟਲ ਸਬੂਤਾਂ ਦੇ ਆਧਾਰ 'ਤੇ ਜ਼ਹੀਰ ਅਤੇ ਸ਼ਾਦਾਬ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਜਾਂਚ ਦੌਰਾਨ ਇਹ ਖੁਲਾਸਾ ਹੋਇਆ ਹੈ ਕਿ ਹਿਰਾਸਤ 'ਚ ਲਿਆ ਗਿਆ ਮੁਲਜ਼ਮ ਜ਼ਹੀਰ ਜਿਮ ਦਾ ਮਾਲਕ ਹੈ, ਜਿੱਥੇ ਇਹ ਔਰਤਾਂ ਕਸਰਤ ਲਈ ਜਾਂਦੀਆਂ ਸਨ। ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਮੁਲਜ਼ਮ ਦੇ ਜਿਮ ਸੀਲ ਕਰ ਦਿੱਤੇ ਹਨ। ਦੇਹਾਤ ਕੋਤਵਾਲੀ ਦੇ ਇੰਸਪੈਕਟਰ ਅਮਿਤ ਮਿਸ਼ਰਾ ਨੇ ਦੱਸਿਆ ਕਿ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਨੈਸ਼ਨਲ ਹਾਈਵੇਅ 'ਤੇ ਕੰਟੇਨਰ ਟਰੱਕ ਦੀ ਕਾਰ ਨਾਲ ਭਿਆਨਕ ਟੱਕਰ, ਦੋ ਲੋਕਾਂ ਦੀ ਮੌਤ

ਨਵੀਂ ਦਿੱਲੀ 17 ਫਰਵਰੀ। ਪੂਰਬੀ ਦਿੱਲੀ ਦੇ ਗਾਜ਼ੀਪੁਰ ਖੇਤਰ ਵਿੱਚ ਵੀਰਵਾਰ ਸਵੇਰੇ ਰਾਸ਼ਟਰੀ ਰਾਜਮਾਰਗ 9 'ਤੇ ਦਿੱਲੀ ਨਗਰ ਨਿਗਮ ($34) ਟੋਲ ਪਲਾਜ਼ਾ ਨੇੜੇ ਇੱਕ ਕਾਰ ਦੇ ਕੰਟੇਨਰ ਟਰੱਕ ਨਾਲ ਟਕਰਾ ਜਾਣ ਦੀ ਸੂਚਨਾ ਮਿਲੀ। ਇਸ ਹਾਦਸੇ ਵਿਚ ਦੋ ਔਰਤਾਂ ਦੀ ਮੌਤ ਹੋ ਗਈ ਅਤੇ ਦੋ ਬੱਚਿਆਂ ਸਮੇਤ ਤਿੰਨ ਹੋਰ ਜ਼ਖਮੀ ਹੋ ਗਏ। ਇਸ ਘਟਨਾ ਦੀ ਜਾਣਕਾਰੀ ਪੁਲਸ ਵਲੋਂ ਦਿੱਤੀ ਗਈ ਹੈ। ਮੌਕੇ 'ਤੇ ਪਹੁੰਚੀ ਪੁਲਸ ਵਲੋਂ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਸ ਨੇ ਦੱਸਿਆ ਕਿ ਹਾਦਸਾ ਸਵੇਰੇ 6:43 ਵਜੇ ਵਿਨੋਦ ਨਗਰ ਡਿਪੂ ਦੇ ਸਾਹਮਣੇ ਟੋਲ ਬੂਥ ਨੇੜੇ ਵਾਪਰਿਆ ਹੈ। ਗਾਜ਼ੀਪੁਰ ਪੁਲਸ ਸਟੇਸ਼ਨ ਨੂੰ ਸੜਕ ਹਾਦਸੇ ਦੀ ਸੂਚਨਾ ਮਿਲਣ ਤੋਂ ਬਾਅਦ ਸਥਾਨਕ ਅਧਿਕਾਰੀ ਮੌਕੇ 'ਤੇ ਪਹੁੰਚੇ। ਪੁਲਸ ਨੇ ਦੱਸਿਆ ਕਿ ਗਾਜ਼ੀਆਬਾਦ ਤੋਂ ਆ ਰਹੀ ਇੱਕ ਕੀਆ ਸੇਲਟੋਸ ਕਾਰ ਟੋਲ ਪਲਾਜ਼ਾ ਦੇ ਨੇੜੇ ਇੱਕ ਕੰਟੇਨਰ ਟਰੱਕ ਨਾਲ ਟਕਰਾ ਗਈ। ਇੱਕ ਅਧਿਕਾਰੀ ਨੇ ਕਿਹਾ, ਮੌਕੇ 'ਤੇ ਪਹੁੰਚਣ 'ਤੇ ਟੀਮ ਨੂੰ ਕਾਰ ਵਿੱਚ ਦੋ ਔਰਤਾਂ ਬੇਹੋਸ਼ ਪਈਆਂ ਮਿਲੀਆਂ। ਉਨ੍ਹਾਂ ਦੀ ਪਛਾਣ ਦੀਪਾਂਜਲੀ (38) ਅਤੇ ਨੀਲਮ ਗਰਗ (55) ਵਜੋਂ ਹੋਈ। ਇੱਕ ਔਰਤ ਗੱਡੀ ਦੇ ਬਾਹਰ ਪਈ ਮਿਲੀ, ਜਦੋਂ ਕਿ ਦੂਜੀ ਅਗਲੀ ਖੱਬੀ ਯਾਤਰੀ ਸੀਟ ਵਿੱਚ ਫਸੀ ਹੋਈ ਸੀ। ਦੋਵਾਂ ਨੂੰ ਮੌਕੇ 'ਤੇ ਮ੍ਰਿਤਕ ਐਲਾਨ ਦਿੱਤਾ ਗਿਆ। ਕਾਰ ਚਾਲਕ ਦੀਪਾਂਸ਼ੂ ਗਰਗ ਅਤੇ ਦੋ ਬੱਚੇ, ਵਿਵਾਨ (ਪੰਜ) ਅਤੇ ਵਾਸ਼ੂ (ਤਿੰਨ) ਜ਼ਖ਼ਮੀ ਪਾਏ ਗਏ। ਜ਼ਖ਼ਮੀ ਹਾਲਤ ਵਿਚ ਉਕਤ ਲੋਕਾਂ ਨੂੰ ਹਸਪਤਾਲ ਇਲਾਜ ਲਈ ਲਿਆਂਦਾ ਗਿਆ, ਜਿਥੇ ਉਨ੍ਹਾਂ ਦੀ ਸਿਹਤ ਨੂੰ ਲੈ ਕੇ ਖ਼ਾਸ ਧਿਆਨ ਰੱਖਿਆ ਜਾ ਰਿਹਾ ਹੈ। ਲਾਸ਼ਾਂ ਨੂੰ ਪੋਸਟਮਾਰਟਮ ਲਈ ਲਾਲ ਬਹਾਦਰ ਸ਼ਾਸਤਰੀ ਹਸਪਤਾਲ ਦੇ ਮੁਰਦਾਘਰ ਵਿੱਚ ਲਿਜਾਇਆ ਗਿਆ। ਪੁਲਸ ਨੇ ਕਿਹਾ ਕਿ ਘਟਨਾਵਾਂ ਦੇ ਸਹੀ ਕ੍ਰਮ ਅਤੇ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ।

# ਨਵੀਆਂ ਵਿਕਸਿਤ ਹੋ ਰਹੀਆਂ ਅਣ ਅਧਿਕਾਰਿਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 17 ਫਰਵਰੀ। ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ, ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ, ਇਨਾਯਤ, ਪੀ.ਸੀ.ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਥਾਣਾ ਏਅਰਪੋਰਟ ਅਤੇ ਰਾਜਾਸਾਂਸੀ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਤਹਿਸੀਲ ਅੰਮ੍ਰਿਤਸਰ-2 ਦੇ ਪਿੰਡ ਹੇਰ ਅਤੇ ਤਹਿਸੀਲ ਅਜਨਾਲਾ ਦੇ ਪਿੰਡ ਦਾਲਮ ਵਿਖੇ ਅੰਮ੍ਰਿਤਸਰ-ਅਜਨਾਲਾ ਨੈਸ਼ਨਲ ਹਾਈਵੇਅ ਉੱਪਰ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਰੈਗੂਲੇਟਰੀ ਵਿੰਗ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਹੇਰ ਅਤੇ ਦਾਲਮ ਵਿੱਚ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਉਕਤ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਸਨ ਅਤੇ ਪੁੱਡਾ ਅਤੇ ਸਬੰਧਤ ਵਿਭਾਗਾਂ ਦੀ ਮੰਜ਼ੂਰੀ ਤੋਂ ਬਿਨਾਂ ਅਣ-ਅਧਿਕਾਰਿਤ ਤੌਰ ਤੇ ਕਲੋਨੀਆਂ ਵਿਕਸਿਤ ਕੀਤੀਆਂ ਜਾ ਰਹੀਆਂ ਸਨ। ਵਿੰਗ ਵੱਲੋਂ ਦੱਸਿਆ ਗਿਆ ਕਿ ਪਿੰਡ ਦਾਲਮ ਵਿਖੇ ਵਿਕਸਿਤ ਕੀਤੀ ਜਾ ਰਹੀ ਕਲੋਨੀ ਸਬੰਧੀ ਸਬੰਧਤ ਕਲੋਨੀਕਾਰ ਵੱਲੋਂ ਏਡੀਏ ਦੇ ਦਫਤਰ ਵਿਖੇ ਮੰਜ਼ੂਰੀ ਲਈ ਅਪਲਾਈ ਕੀਤਾ ਹੋਇਆ ਹੈ, ਪਰੰਤੂ ਕਲੋਨੀਕਾਰ ਵੱਲੋਂ ਐਪਲੀਕੇਸ਼ਨ ਨਾਲ ਪੇਸ਼ ਕੀਤੇ ਕਲੋਨੀ ਦੇ ਤਜਵੀਜ਼ਤ ਲੇ-ਆਊਟ ਪਲੈਨ ਦੇ ਰਕਬੇ ਨਾਲੋਂ ਵੱਧ ਰਕਬੇ ਵਿੱਚ ਮੌਕੇ ਤੇ ਵਿਕਾਸ ਕਾਰਜ ਕੀਤੇ ਜਾ ਰਹੇ ਸਨ, ਜਿਸ ਕਰਕੇ ਅਪਲਾਈ ਕੀਤੇ ਤਜਵੀਜ਼ਤ ਲੇਆਊਟ ਦੇ ਰਕਬੇ ਨਾਲੋਂ ਵੱਧ ਰਕਬੇ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਨੂੰ ਅੱਜ ਮੌਕੇ ਤੇ ਢਾਹ ਦਿੱਤਾ ਗਿਆ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਰਹੀਆਂ ਸਨ ਅਤੇ ਪੁੱਡਾ ਅਤੇ ਸਬੰਧਤ ਵਿਭਾਗਾਂ ਦੀ ਮੰਜ਼ੂਰੀ ਤੋਂ ਬਿਨਾਂ ਅਣ-ਅਧਿਕਾਰਿਤ ਤੌਰ ਤੇ ਕਲੋਨੀਆਂ ਵਿਕਸਿਤ ਕੀਤੀਆਂ ਜਾ ਰਹੀਆਂ ਸਨ। ਵਿੰਗ ਵੱਲੋਂ ਦੱਸਿਆ ਗਿਆ ਕਿ ਪਿੰਡ ਦਾਲਮ ਵਿਖੇ ਵਿਕਸਿਤ ਕੀਤੀ ਜਾ ਰਹੀ ਕਲੋਨੀਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ ਜਿਸ ਕਰਕੇ ਉਕਤ ਕਲੋਨੀ ਅਧੀਨ ਆਉਂਦੀ ਜ਼ਮੀਨ ਦੇ ਮਾਲਕਾਂ ਅਤੇ ਕਲੋਨੀ ਵਿਕਸਿਤ ਕਰਨ ਵਾਲਿਆਂ ਖ਼?ਲਾਫ਼ ਲੋੜੀਂਦੀ ਕਾਰਵਾਈ ਕਰਨ ਲਈ ਪੁਲਿਸ ਵਿਭਾਗ ਨੂੰ ਵੀ ਰੈਵੇਨਿਊ ਰਿਕਾਰਡ ਦੇ ਆਧਾਰ ਲਿਖਿਆ ਜਾ ਰਿਹਾ ਹੈ। ਵਿਭਾਗ ਵੱਲੋਂ ਹੁਣ ਤੱਕ ਕੁੱਲ 46 ਅਣ-ਅਧਿਕਾਰਿਤ ਕਲੋਨੀਆਂ ਖ਼?ਲਾਫ਼ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਜਾ ਚੁੱਕੀ ਹੈ ਜਿਹਨਾਂ ਦਾ ਵੇਰਵਾ ਆਮ ਜਨਤਾ ਦੀ ਸੂਚਨਾ ਹਿੱਤ ਅੰਮ੍ਰਿਤਸਰ ਵਿਕਾਸ ਅਥਾਰਿਟੀ ਦੀ ਵੈਬਸਾਈਟ ਤੇ ਉਪਲਬਧ ਹੈ। ਇਸ ਤੋਂ ਇਲਾਵਾ 34 ਅਣ-ਅਧਿਕਾਰਿਤ ਕਲੋਨੀਆਂ ਕੱਟਣ ਵਾਲੇ ਕਲੋਨਾਈਜ਼ਰਾਂ ਅਤੇ ਅਣ-ਅਧਿਕਾਰਤ ਉਸਾਰੀ ਕਰਨ ਵਾਲੇ ਉਸਾਰੀਕਰਤਾਵਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ ਅਤੇ ਪਾਪਰਾ ਐਕਟ ਦੇ ਆਧਾਰ ਤੇ ਇਹਨਾਂ ਅਣ-ਅਧਿਕਾਰਿਤ ਕਲੋਨੀਆਂ ਵਿਚਲੇ ਪਲਾਟਾਂ ਦੀਆਂ ਰਜਿਸਟਰੀਆਂ ਜਾਂ ਸੇਲ ਸਬੰਧੀ ਕੋਈ ਦਸਤਾਵੇਜ਼ ਰਜਿਸਟਰ ਨਾ ਕਰਨ ਸਬੰਧੀ ਸਬੰਧਤ ਤਹਿਸੀਲਦਾਰ ਨੂੰ ਅਤੇ ਕਿਸੇ ਪ੍ਰਕਾਰ ਦਾ ਕੋਈ ਬਿਜਲੀ ਕੁਨੈਕਸ਼ਨ ਜਾਰੀ ਨਾ ਕਰਨ ਸਬੰਧੀ ਪੀ.ਐੱਸ.ਪੀ.ਸੀ.ਐੱਲ ਨੂੰ ਵੀ ਲਿਖਿਆ ਜਾ ਚੁੱਕਾ ਹੈ। ਵਿੰਗ ਵੱਲੋਂ ਦੱਸਿਆ ਗਿਆ ਕਿ ਉਹਨਾਂ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ। ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜ਼ੂਰ ਸ਼ੁਦਾ ਨਹੀਂ ਹਨ, ਉਹਨਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜ਼ੂਰੀ ਦੀ ਮੰਗ ਜ਼ਰੂਰ ਕਰਨ ਅਤੇ ਅੰਮ੍ਰਿਤਸਰ ਵਿਕਾਸ ਅਥਾਰਿਟੀ ਦੀ ਵੈਬਸਾਈਟ ਉਪਰ ਉਪਲਬਧ ਅਣਅਧਿਕਾਰਿਤ ਕਲੋਨੀਆਂ ਸਬੰਧੀ ਵੇਰਵਿਆਂ ਨੂੰ ਜ਼ਰੂਰ ਵਾਚ ਲਿਆ ਜਾਵੇ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ। ਇਸ ਤੋ ਇਲਾਵਾ ਉਹਨਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲੇ ਅੰਦਰ ਕਿਸੇ ਵੀ ਜਗ?ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਜਲੰਧਰ 'ਚ ਪਿਓ ਬਣਿਆ ਹੈਵਾਨ ! ਬਿਸਕੁਟ ਖੁਆ ਕੇ ਜਵਾਕ ਨੂੰ ਉਤਾਰਿਆ ਮੌਤ ਦੇ ਘਾਟ, ਵਜਹਾ ਕਰੇਗੀ ਹੈਰਾਨ

ਕੌਮੀ ਪਤ੍ਰਿਕਾ

ਜਲੰਧਰ 17 ਫਰਵਰੀ। ਜਲੰਧਰ ਜ਼ਿਲ੍ਹਾ ਦਿਹਾਤੀ ਪੁਲਸ ਦੇ ਥਾਣਾ ਪਤਾਰਾ ਅਧੀਨ ਪੈਂਦੇ ਪਿੰਡ ਹਜ਼ਾਰਾ ਵਿਚ ਇਕ ਵਿਅਕਤੀ ਵੱਲੋਂ ਜ਼ਹਿਰੀਲਾ ਬਿਸਕੁਟ ਖੁਆ ਕੇ ਆਪਣੇ 6 ਸਾਲ ਦੇ ਬੱਚੇ ਦਾ ਕਤਲ ਕਰ ਦਿੱਤਾ। ਮ੍ਰਿਤਕ ਦੀ ਪਛਾਣ ਰੁਪੇਸ਼ ਦੇ ਤੌਰ 'ਤੇ ਹੋਈ ਹੈ। ਐੱਸ. ਐੱਚ. ਓ. ਪਤਾਰਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੁਲਸ ਨੇ ਮ੍ਰਿਤਕ ਬੱਚੇ ਰੁਪੇਸ਼ ਦੀ ਮਾਂ ਮਮਤਾ ਦੇਵੀ ਦੇ ਬਿਆਨਾਂ 'ਤੇ ਮ੍ਰਿਤਕ ਬੱਚੇ ਦੇ ਮੁਲਜ਼ਮ ਪਿਤਾ ਗਜੇਂਦਰ ਮੁਖੀਆ, ਜੋਕਿ ਮੂਲ ਰੂਪ ਤੋਂ ਪਿੰਡ ਮਤਕਰਚਕ, ਥਾਣਾ ਬਿਹਾਰੀਗੰਜ, ਜ਼ਿਲ੍ਹਾ ਮਧੇਪੁਰਾ ਬਿਹਾਰ ਦਾ ਰਹਿਣ ਵਾਲਾ ਹੈ, ਦੇ ਖ਼?ਲਾਫ਼ ਧਾਰਾ 103 (1) ਬੀ. ਐੱਨ. ਐੱਸ. ਤਹਿਤ 11 ਨੰਬਰ ਐੱਫ. ਆਈ. ਆਰ. ਦਰਜ ਕੀਤੀ ਗਈ ਹੈ। ਮਮਤਾ ਦੇਵੀ ਵੱਲੋਂ ਪੁਲਸ ਨੂੰ ਦਿੱਤੇ ਗਏ ਬਿਆਨਾਂ ਵਿਚ ਕਿਹਾ ਗਿਆ ਹੈ ਕਿ ਉਹ ਸ਼ਾਮ ਲਗਭਗ 7 ਵਜੇ ਰਾਤ ਦਾ ਖਾਣਾ ਬਣਾ ਰਹੀ ਸੀ ਕਿ ਉਸ ਦਾ ਲੜਕਾ ਰੁਪੇਸ਼ ਉਸ ਕੋਲ ਆਇਆ, ਜਿਸ ਦੇ ਹੱਥ ਵਿਚ 2 ਬਿਸਕੁਟ ਫੜੇ ਹੋਏ ਸਨ ਅਤੇ ਇਕ ਬਿਸਕੁਟ ਉਹ ਖਾ ਰਿਹਾ ਸੀ। ਉਸ ਨੇ ਕਿਹਾ ਕਿ ਉਸ ਨੂੰ ਪਾਪਾ ਨੇ ਦਵਾਈ ਪਿਆ ਦਿੱਤੀ ਹੈ। ਇਸੇ ਦੌਰਾਨ ਉਸ ਨੇ ਉਲਟੀ ਕਰ ਦਿੱਤੀ, ਜਿਸ ਦੇ ਬਾਅਦ ਉਸ ਨੇ ਵੇਖਿਆ ਕਿ ਰੁਪੇਸ਼ ਦੇ ਹੱਥਾਂ ਵਿਚ ਫੜੇ ਹੋਏ ਬਿਸਕੁਟਾਂ 'ਤੇ ਕੁਝ ਲਿਕੁਇਡ ਲੱਗਾ ਹੋਇਆ ਸੀ। ਉਸ ਨੇ ਰੁਪੇਸ਼ ਦੇ ਹੱਥਾਂ ਵਿਚੋਂ ਬਿਸਕੁਟ ਲੈ ਕੇ ਉਸ ਨੂੰ ਸੁੱਟ ਦਿੱਤਾ ਅਤੇ ਉਹ ਤੁਰੰਤ ਲੜਕੇ ਨੂੰ ਚੁੱਕ ਕੇ ਆਪਣੇ ਪਿਤਾ ਭੁੱਲਰ ਮੁਖੀਆ, ਜੋਕਿ ਉਨ੍ਹਾਂ ਦੇ ਨਾਲ ਹੀ ਰਹਿੰਦਾ ਹੈ, ਨੂੰ ਨਾਲ ਲੈ ਕੇ ਸਿਵਲ ਹਸਪਤਾਲ ਜਲੰਧਰ ਪਹੁੰਚੀ ਪਰ ਡਾਕਟਰਾਂ ਨੇ ਬੱਚੇ ਦੀ ਨਾਜ਼ੁਕ ਹਾਲਤ ਨੂੰ ਵੇਖਦੇ ਹੋਏ ਉਸ ਨੂੰ ਗੁਰੂ ਨਾਨਕ ਦੇਵ ਹਸਪਤਾਲ ਅੰਮ੍ਰਿਤਸਰ ਰੈਫਰ ਕਰ ਦਿੱਤਾ। ਉਥੇ ਪਹੁੰਚੇ ਤਾਂ ਡਾਕਟਰਾਂ ਨੇ ਰੁਪੇਸ਼ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਉਸ ਨੇ ਕਿਹਾ ਕਿ ਉਸ ਦੇ ਪਤੀ ਗਜੇਂਦਰ ਮੁਖੀਆ ਨੇ ਹੀ ਆਪਣੇ ਬੇਟੇ ਦਾ ਕਤਲ ਕੀਤਾ ਹੈ। ਮੁਲਜ਼ਮ ਗਜੇਂਦਰ ਨੂੰ ਕੱਲ੍ਹ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਕਿ ਰੁਪੇਸ਼ ਕਤਲ ਨੂੰ ਲੈ ਕੇ ਉਸ ਤੋਂ ਹੋਰ ਪੁੱਛਗਿੱਛ ਕੀਤੀ ਜਾ ਸਕੇ। ਪੁਲਸ ਨੇ ਮ੍ਰਿਤਕ ਬੱਚੇ ਰੁਪੇਸ਼ ਦੀ ਲਾਸ਼ ਦਾ ਸਿਵਲ ਹਸਪਤਾਲ ਤੋਂ ਪੋਸਟਮਾਰਟਮ ਕਰਵਾ ਕੇ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਹੈ। ਪੁਲਸ ਜਾਂਚ ਵਿਚ ਪਤਾ ਲੱਗਾ ਹੈ ਕਿ ਮੁਲਜ਼ਮ ਗਜੇਂਦਰ ਆਪਣੇ ਬੱਚੇ ਦੇ ਕਤਲ ਦੇ ਮਾਮਲੇ ਵਿਚ ਆਪਣੇ ਜੀਜੇ ਨੂੰ ਫਸਾਉਣਾ ਚਾਹੁੰਦਾ ਸੀ, ਇਸ ਲਈ ਹੀ ਉਸ ਨੇ ਬਿਸਕੁਟਾਂ 'ਤੇ ਕੋਈ ਜ਼ਹਿਰੀਲੀ ਦਵਾਈ ਲਾਈ ਸੀ। ਥਾਣਾ ਮੁਖੀ ਪਤਾਰਾ ਨੇ ਵਿਚ ਫੜੇ ਹੋਏ ਬਿਸਕੁਟਾਂ 'ਤੇ ਕੁਝ ਲਿਕੁਇਡ ਲੱਗਾ ਹੋਇਆ ਸੀ। ਉਸ ਨੇ ਰੁਪੇਸ਼ ਦੇ ਹੱਥਾਂ ਵਿਚੋਂ ਬਿਸਕੁਟ ਲੈ ਕੇ ਉਸ ਨੂੰ ਸੁੱਟ ਦਿੱਤਾ ਅਤੇ ਉਹ ਤੁਰੰਤ ਲੜਕੇ ਨੂੰ ਚੁੱਕ ਕੇ ਆਪਣੇ ਪਿਤਾ ਭੁੱਲਰ ਮੁਖੀਆ, ਜੋਕਿ ਉਨ੍ਹਾਂ ਦੇ ਨਾਲ ਹੀ ਰਹਿੰਦਾ ਹੈ, ਨੂੰ ਨਾਲ ਲੈ ਕੇ ਸਿਵਲ ਹਸਪਤਾਲ ਜਲੰਧਰ ਪਹੁੰਚੀ ਪਰ ਡਾਕਟਰਾਂ ਨੇ ਬੱਚੇ ਦੀ ਨਾਜ਼ੁਕ ਹਾਲਤ ਨੂੰ ਵੇਖਦੇ ਹੋਏ ਉਸ ਨੂੰ ਗੁਰੂ ਨਾਨਕ ਦੇਵ ਹਸਪਤਾਲ ਅੰਮ੍ਰਿਤਸਰਕਿਹਾ ਕਿ ਗਜੇਂਦਰ ਨੇ ਕੁਝ ਸਮਾਂ ਪਹਿਲਾਂ ਆਪਣੇ ਜੀਜੇ ਦੇ ਘਰੋਂ ਗਹਿਣੇ ਚੋਰੀ ਕੀਤੇ ਸਨ ਅਤੇ ਇਹ ਮਾਮਲਾ ਉਸ ਨੇ ਪੁਲਸ ਕੋਲ ਪਹੁੰਚਾ ਦਿੱਤਾ ਸੀ। ਇਸ ਮਾਮਲੇ ਵਿਚ ਗਜੇਂਦਰ ਦੇ ਮੁਆਫ਼ੀ ਮੰਗਣ 'ਤੇ ਉਸ ਨੂੰ ਛੱਡ ਵੀ ਦਿੱਤਾ ਸੀ ਪਰ ਇਸ ਦੇ ਬਾਵਜੂਦ ਗਜੇਂਦਰ ਆਪਣੇ ਜੀਜੇ ਨਾਲ ਰੰਜਿਸ਼ ਰੱਖਦਾ ਸੀ। ਉਸ ਨੇ ਸੋਚਿਆ ਹੋਇਆ ਸੀ ਕਿ ਉਹ ਸਮਾਂ ਆਉਣ 'ਤੇ ਆਪਣੇ ਜੀਜੇ ਨੂੰ ਸਬਕ ਜ਼ਰੂਰ ਸਿਖਾਏਗਾ। ਇਸ ਲਈ ਹੀ ਉਸ ਨੇ ਬਾਜ਼ਾਰ ਵਿਚੋਂ ਕੋਈ ਜ਼ਹਿਰੀਲੀ ਦਵਾਈ ਲੈ ਕੇ ਬਿਸਕੁਟਾਂ 'ਤੇ ਲਾ ਦਿੱਤੀ ਸੀ। ਗਜੇਂਦਰ ਨੇ ਕਿਹਾ ਕਿ ਉਹ ਆਪਣੇ ਬੱਚੇ ਨੂੰ ਜਾਨੋਂ ਨਹੀਂ ਮਾਰਨਾ ਚਾਹੁੰਦਾ ਸੀ, ਸਿਰਫ਼ ਉਸ ਨੂੰ ਥੋੜ੍ਹੀ ਜ਼ਹਿਰੀਲੀ ਦਵਾਈ ਦੇ ਕੇ ਇਹ ਦੋਸ਼ ਆਪਣੇ ਜੀਜੇ 'ਤੇ ਲਾਉਣਾ ਚਾਹੁੰਦਾ ਸੀ ਤਾਂ ਕਿ ਉਹ ਉਸ ਨੂੰ ਫਸਾ ਕੇ ਆਪਣਾ ਪੁਰਾਣਾ ਬਦਲਾ ਲੈ ਸਕੇ।

## ਭਗਵੰਤ ਮਾਨ ਦੀ ਜੰਗ ਦੇ ਮੈਦਾਨ ਵਿੱਚ ਹਰ ਪਿੰਡ ਦੀ ਵੀਡੀਸੀ ਬਣੀ ਫਰੰਟਲਾਈਨ ਯੋਧਾ: ਪੰਨੂ

Contd............Front page

ਅੱਜ ਹਰ ਮੈਂਬਰ ਕੋਲ ਇੱਕ ਵਿਸ਼ੇਸ਼ ਐਪ ਹੈ, ਜਿਸ ਰਾਹੀਂ ਨਸ਼ਾ ਵੇਚਣ ਵਾਲਿਆਂ ਦੀ ਸਿੱਧੀ ਜਾਣਕਾਰੀ ਪੁਲਿਸ ਹੈੱਡਕੁਆਰਟਰ ਅਤੇ ਮੁੱਖ ਮੰਤਰੀ ਦਫ਼ਤਰ ਤੱਕ ਪਹੁੰਚਦੀ ਹੈ। ਹੁਣ ਤੱਕ ਇਸ ਐਪ ਰਾਹੀਂ 1400 ਤੋਂ ਵੱਧ ਸ਼ਿਕਾਇਤਾਂ ਆਈਆਂ ਹਨ, ਜਿਨ੍ਹਾਂ 'ਤੇ ਸਖ਼ਤ ਕਾਰਵਾਈ ਕਰਦਿਆਂ ਐਫਆਈਆਰ ਦਰਜ ਕੀਤੀਆਂ ਗਈਆਂ ਹਨ। ਇਹ ਜਨ-ਅੰਦੋਲਨ ਹੀ ਵਿਰੋਧੀਆਂ ਦੀ ਸਭ ਤੋਂ ਵੱਡੀ ਹਾਰ ਹੈ। ਵਿਰੋਧੀ ਨੇਤਾ ਸੁਖਜਿੰਦਰ ਸਿੰਘ ਰੰਧਾਵਾ 'ਤੇ ਨਿਸ਼ਾਨਾ ਸਾਧਦਿਆਂ ਪੰਨੂ ਨੇ ਸਵਾਲ ਕੀਤਾ ਕਿ ਉਸ ਵੇਲੇ ਉਨ੍ਹਾਂ ਦੀ ਕਲਮ ਕਿਉਂ ਨਹੀਂ ਚੱਲੀ ਜਦੋਂ ਗੁਟਕਾ ਸਾਹਿਬ ਦੀ ਝੂਠੀ ਕਸਮ ਖਾ ਕੇ ਪੰਜਾਬ ਦੇ ਲੋਕਾਂ ਨੂੰ ਠੱਗਿਆ ਗਿਆ ਸੀ? ਅੱਜ ਜਦੋਂ ਪੁਲਿਸ, ਪ੍ਰਸ਼ਾਸਨ ਅਤੇ ਜਨਤਾ ਮਿਲ ਕੇ ਨਸ਼ਿਆਂ ਵਿਰੁੱਧ ਲੜ ਰਹੇ ਹਨ, ਤਾਂ ਰੰਧਾਵਾ ਸਾਹਿਬ ਕੇਂਦਰ ਨੂੰ ਚਿੱਠੀਆਂ ਲਿਖ ਰਹੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਮਾਨ ਸਰਕਾਰ ਨੇ ਪੰਜਾਬ ਵਿੱਚੋਂ 'ਪਰਚਾ ਕਲਚਰ' ਖ਼ਤਮ ਕੀਤਾ ਹੈ ਅਤੇ ਕਿਸੇ ਵੀ ਬੇਗੁਨਾਹ 'ਤੇ ਗਲਤ ਕਾਰਵਾਈ ਨਹੀਂ ਹੋਣ ਦਿੱਤੀ ਜਾਵੇਗੀ, ਪਰ ਨਸ਼ਾ ਵੇਚਣ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਪੰਨੂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਇਹ ਵਿਰੋਧੀ ਪਾਰਟੀਆਂ ਚਾਹੁੰਦੀਆਂ ਹਨ ਕਿ ਪੰਜਾਬ ਵਿੱਚ ਨਸ਼ਿਆਂ ਨਾਲ ਜੁੜੇ ਡਿੰਗਦੀਆਂ ਰਹਿਣ ਤਾਂ ਜੋ ਇਹ ਉਨ੍ਹਾਂ 'ਤੇ ਆਪਣੀ ਗੰਦੀ ਰਾਜਨੀਤੀ ਕਰ ਸਕਣ। ਉਨ੍ਹਾਂ ਕਿਹਾ ਕਿ 1.25 ਲੱਖ ਵੀਡੀਸੀ ਮੈਂਬਰ ਕੇਵਲ ਨਸ਼ਾ ਤਸਕਰਾਂ ਨੂੰ ਹੀ ਨਹੀਂ, ਸਗੋਂ ਉਨ੍ਹਾਂ ਨੇਤਾਵਾਂ ਨੂੰ ਵੀ ਜਵਾਬ ਦੇਣਗੇ ਜੋ ਇਸ ਮੁਹਿੰਮ ਖ਼?ਲਾਫ਼ ਬੋਲ ਰਹੇ ਹਨ। ਜਦੋਂ ਇਹ ਨੇਤਾ ਪਿੰਡਾਂ ਵਿੱਚ ਜਾਣਗੇ, ਤਾਂ ਪੰਜਾਬ ਦੇ ਲੋਕ ਇਨ੍ਹਾਂ ਨੂੰ ਪੁੱਛਣਗੇ ਕਿ ਜਦੋਂ ਅਸੀਂ ਆਪਣੇ ਬੱਚਿਆਂ ਨੂੰ ਬਚਾਉਣ ਲਈ ਅੱਗੇ ਆਏ ਹਾਂ, ਤਾਂ ਤੁਹਾਨੂੰ ਤਕਲੀਫ਼ ਕਿਉਂ ਹੋ ਰਹੀ ਹੈ? ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਇਹ ਜੰਗ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਪੰਜਾਬ ਪੂਰੀ ਤਰ੍ਹਾਂ ਨਸ਼ਾ ਮੁਕਤ ਨਹੀਂ ਹੋ ਜਾਂਦਾ।

## ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ 12 ਸਾਲਾਂ ਬਾਅਦ ਬੈਲ ਗੱਡੀਆਂ ਦੀਆਂ ਦੌੜਾਂ ਦੀ ਸ਼ੁਰੂਆਤ ਨਾਲ ਕਿਲਾ ਰਾਇਪੁਰ ਪੇਂਡੂ ਓਲੰਪਿਕ-2026 ਕੀਤਾ ਉਦਘਾਟਨ

Contd........Front page

ਉਨ੍ਹਾਂ ਨੇ ਰਾਜ ਦੀਆਂ ਮੁੱਖ ਬੁਨਿਆਦੀ ਢਾਂਚੇ ਦੀਆਂ ਪ੍ਰਾਪਤੀਆਂ ਵੱਲ ਵੀ ਇਸ਼ਾਰਾ ਕੀਤਾ ਜਿਸ ਵਿੱਚ ਲਗਭਗ 40,000 ਕਿਲੋਮੀਟਰ ਸੜਕਾਂ ਦੇ ਨਿਰਮਾਣ ਅਤੇ ਅਪਗ੍ਰੇਡ ਕਰਨ ਦੇ ਇਤਿਹਾਸਕ ਪ੍ਰੋਜੈਕਟ ਸ਼ਾਮਲ ਹਨ। ਇਸ ਤੋਂ ਇਲਾਵਾ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਪ੍ਰਤੀ ਘਰ 600 ਯੂਨਿਟ ਮੁਫ਼ਤ ਬਿਜਲੀ ਪ੍ਰਦਾਨ ਕੀਤੀ ਹੈ ਜਿਸ ਨਾਲ 90 ਪ੍ਰਤੀਸ਼ਤ ਪਰਿਵਾਰਾਂ ਦੇ ਬਿਜਲੀ ਬਿੱਲ ਜ਼ੀਰੋ ਆਏ ਹਨ ਜਿਸ ਨਾਲ ਇਹਨਾਂ ਵਸਨੀਕਾਂ ਨੂੰ ਕਾਫ਼ੀ ਰਾਹਤ ਮਿਲੀ ਹੈ। ਗੁਰਮੀਤ ਸਿੰਘ ਖੁੱਡੀਆਂ ਨੇ ਪਸ਼ੂ ਹਸਪਤਾਲ ਲਈ 30 ਲੱਖ ਰੁਪਏ ਦੀ ਗ੍ਰਾਂਟ ਦਾ ਐਲਾਨ ਕੀਤਾ ਤਾਂ ਜੋ ਖੇਤਰ ਵਿੱਚ ਪਸ਼ੂਆਂ ਲਈ ਉੱਚ-ਗੁਣਵੱਤਾ ਵਾਲੀਆਂ ਡਾਕਟਰੀ ਸੇਵਾਵਾਂ ਨੂੰ ਯਕੀਨੀ ਬਣਾਇਆ ਜਾ ਸਕੇ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਮਰਜੀਤ ਬੈਂਸ, ਐਸ.ਡੀ.ਐਮ ਜਸਲੀਨ ਕੌਰ ਭੁੱਲਰ, ਜ਼ਿਲ੍ਹਾ ਖੇਡ ਅਫਸਰ ਕੁਲਦੀਪ ਚੁੱਘ, ਕਿਲਾ ਰਾਏਪੁਰ ਸਪੋਰਟਸ ਸੋਸਾਇਟੀ ਦੇ ਨੁਮਾਇੰਦੇ ਅਤੇ ਪੰਜਾਬ ਭਰ ਤੋਂ ਆਈਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਸ਼ਾਮਲ ਸਨ। ਕਿਲਾ ਰਾਇਪੁਰ ਵਿੱਚ 19 ਫਰਵਰੀ ਤੱਕ ਚੱਲਣ ਵਾਲੀਆਂ ਇਹਨਾਂ ਖੇਡਾਂ ਵਿੱਚ ਨਾ ਸਿਰਫ਼ 12 ਸਾਲਾਂ ਦੇ ਅੰਤਰਾਲ ਤੋਂ ਬਾਅਦ ਬੈਲ ਗੱਡੀਆਂ ਦੀਆਂ ਦੌੜਾਂ ਦੀ ਬਹੁਤ ਉਮੀਦ ਬਾਅਦ ਤੋਂ ਵਾਪਸੀ ਹੋਈ ਹੈ। ਇਹਨਾਂ ਖੇਡਾਂ ਵਿੱਚ ਕਬੱਡੀ, ਹਾਕੀ, ਐਥਲੈਟਿਕਸ, ਸਾਈਕਲਿੰਗ, ਰੱਸਾਕਸ਼ੀ ਅਤੇ ਹੋਰ ਬਹੁਤ ਸਾਰੀਆਂ ਰਵਾਇਤੀ ਖੇਡਾਂ ਵੀ ਸ਼ਾਮਲ ਹੈ। ਬੈਲ ਗੱਡੀਆਂ ਦੀਆਂ ਦੌੜਾਂ ਦੀ ਪੁਨਰ ਸੁਰਜੀਤੀ ਨਾਲ ਦੇਸ਼ ਅਤੇ ਵਿਦੇਸ਼ ਵਿੱਚ ਬੈਠੇ ਪੰਜਾਬੀਆਂ ਵਿੱਚ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ ਹੈ।



### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR -2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.





### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.





### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.





### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.





### NAME CHANGE
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.





### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.





### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance.Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.



### ☛ ਰੇਲਯਾਤਰੀ ਕ੍ਰਿਪਾ ਧਿਆਨ ਦੇਵੋ ! ☚

## ਹੋਲੀ ਵਿਸ਼ੇਸ਼ ਰੇਲਗੱਡੀ-2026 ਦੀ ਗਿਣਤੀ ਵਿਚ ਵਾਧਾ

ਰੇਲਯਾਤਰੀਆਂ ਦੀ ਸੁਵਿਧਾ ਦੇ ਲਈ ਆਗਾਮੀ ਹੋਲੀ ਤਿਓਹਾਰ ਦੇ ਦੋਰਾਨ ਪਹਿਲਾ ਤੋਂ ਹੀ ਘੋਸ਼ਿਤ ਅਨੇਕ ਹੋਲੀ ਵਿਸ਼ੇਸ਼ ਰੇਲਗੱਡੀਆਂ ਦੇ ਇਲਾਵਾ ਰੇਲਵੇ ਦੁਆਰਾ ਹੇਠਾ ਲਿਖੀ ਹੋਲੀ ਤਿਓਹਾਰ ਵਿਸ਼ੇਸ਼ ਰੇਲਗੱਡੀ ਦਾ ਵੀ ਸੰਚਾਲਨ ਕੀਤਾ ਜਾਵੇਗਾ, ਇਸਦੀ ਸਮੇਂ-ਸਾਰਣੀ ਹੇਠਾ ਅਨੁਸਾਰ ਹੈ:-

| 04123/04124 ਪ੍ਰਯਾਗਰਾਜ ਜੰ: - ਮਾਣਿਕਪੁਰ ਜੰ: - ਹਜ਼ਰਤ ਨਿਜ਼ਾਮੁਦੀਨ ਹੋਲੀ ਸਪੈਸ਼ਲ ਰੇਲਗੱਡੀ (ਸਪਤਾਹ ਵਿਚ ਦੋ ਦਿਨ) | | | | 12 ਫੇਰੇ |
|---|---|---|---|---|
| ਰੇਲਗੱਡੀ ਨੰ: 04123 | | ↓ ਸਟੇਸ਼ਨ ↑ | ਰੇਲਗੱਡੀ ਨੰ: 04124 | |
| ਆਉਣਾ | ਜਾਣਾ | | ਆਉਣਾ | ਜਾਣਾ |
| ---- | 14:50 | ਪ੍ਰਯਾਗਰਾਜ ਜੰ: | 09:10 | ---- |
| 15:25 | 15:27 | ਸ਼ੰਕਰਗੜ੍ਹ | 07:35 | 07:37 |
| 16:03 | 16:05 | ਡਭੌਰਾ | 07:05 | 07:07 |
| 16:45 | 16:50 | ਮਾਣਿਕਪੁਰ ਜੰ: | 06:30 | 06:35 |
| 17:16 | 17:18 | ਚਿੱਤਰਕੂਟ ਧਾਮ | 04:38 | 04:40 |
| 17:44 | 17:46 | ਅਤਰਰਾ | 04:10 | 04:12 |
| 18:35 | 18:40 | ਬਾਂਦਾ ਜੰ: | 03:40 | 03:45 |
| 19:23 | 19:25 | ਮਹੋਬਾ ਜੰ: | 02:40 | 02:42 |
| 19:42 | 19:44 | ਕੁਲਪਹਾੜ | 02:00 | 02:02 |
| 02:10 | 02:12 | ਹਰਪਾਲਪੁਰ | 01:35 | 01:37 |
| 21:03 | 21:05 | ਮਊ ਰਾਨੀਪੁਰ | 01:15 | 01:17 |
| 22:35 | 22:40 | ਵੀਰਾਂਗਨਾ ਲਖਸ਼ਮੀਬਾਈ ਝਾਂਸੀ ਜੰ: | 00:05 | 00:10 |
| 01:05 | 01:10 | ਗਵਾਲੀਅਰ ਜੰ: | 22:15 | 22:20 |
| 04:20 | 04:22 | ਧੋਲਪੁਰ ਜੰ: | 20:23 | 20:25 |
| 06:20 | 06:25 | ਆਗਰਾ ਛਾਵਣੀ | 19:05 | 19:10 |
| 07:50 | 07:55 | ਮਥੁਰਾ ਜੰ: | 18:05 | 18:10 |
| 08:50 | 08:52 | ਕੋਸੀ ਕਲਾਂ | 17:18 | 17:20 |
| 11:35 | ---- | ਹਜ਼ਰਤ ਨਿਜ਼ਾਮੁਦੀਨ | ---- | 15:45 |

ਚਲਨ ਦੇ ਦਿਨ : 04123 ਪ੍ਰਯਾਗਰਾਜ ਜੰ: ਤੋਂ ਮਿਤੀ 18.02.2026 ਤੋਂ 08.03.2026 ਹਰੇਕ ਬੁੱਧਵਾਰ ਅਤੇ ਐਤਵਾਰ ਨੂੰ ਅਤੇ 04124 ਹਜ਼ਰਤ ਨਿਜ਼ਾਮੁਦੀਨ ਤੋਂ ਮਿਤੀ 19.02.2026 ਤੋਂ 09.03.2026 ਵੀਰਵਾਰ ਅਤੇ ਸੋਮਵਾਰ ਨੂੰ।

ਜਗ੍ਹਾਂ : ਵਾਤੀ-1 ਟੀਯਰ, ਵਾਤਾ-3 ਟੀਯਰ, ਸਲੀਪਰ ਅਤੇ ਜਨਰਲ।

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਕਿਸੀ ਵੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨਨੰ: 139 ਉਤੇ ਸੰਪਰਕ ਕਰੋ ਜਾਂ ਰੇਲਵੇ ਦੀ ਵੈੱਬਸਾਈਟ https://enquiry.indianrail.gov.in ਜਾਂ NTES ਏਪ ਦੇਖੋ।

ਰੇਲਮਦਦ ਵੈੱਬਸਾਈਟ ਦੇਖੋ:- www.railmadad.indianrailways.gov.in ਰੇਲਮਦਦ ਐਪ ਡਾਊਨਲੋਡ ਕਰੋ

ਸਾਨੂੰ ਫਾਲੋ ਕਰੋ

ਉੱਤਰ ਰੇਲਵੇ

ਤੁਹਾਡੀ ਸੁਵਿਧਾ - ਸਾਡਾ ਸ਼੍ਰੇਯ

ਸਾਨੂੰ www.nr.indianrailways.gov.in ਉਤੇ ਮਿਲੋ

541/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੰਖਿਆ: 37-ਕ.ਵਿ.-ਨਵੀਂ ਦਿੱਲੀ-2025-26 ਮਿਤੀ : 09.02.2026

ਸੀਨੀਅਰ ਮੰਡਲ ਵਿ. ਇੰਜੀ./ਕ.ਵਿ.ਡੀ.ਆਰ ਐਮ. ਆਫਿਸ, ਸਟੇਟ ਐਂਟਰੀ ਰੋਡ, ਨਵੀਂ ਦਿੱਲੀ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਕੰਮ ਲਈ ਖੁਲ੍ਹੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ:-

| | | |
|---|---|---|
| 1 | ਕੰਮ ਦਾ ਨਾਮ ਤੇ ਸਥਾਨ : ਭਾਗ-A: DLI ਡਵੀਜਨ ਦੇ SCADA ਸਿਸਟਮ ਵਿਚ ਸਾਈਬਰ ਸੁਰੱਖਿਆ ਉਪਾਵਾਂ ਨੂੰ ਲਾਗੂ ਕਰਨ ਦੇ ਸਬੰਧ ਵਿਚ GZB-SRE ਸੈਕਸ਼ਨ, DLI ਏਰੀਆ ਜਿਸ ਵਿਚ FDB-PWL ਸੈਕਸ਼ਨ, DUK ਸੈਕਸ਼ਨ ਅਤੇ DEE-RE ਸੈਕਸ਼ਨ ਵਿਚ ਸ਼ਾਮਲ ਹਨ, ਦੇ SCADA ਸਿਸਟਮ ਦਾ ਵਿਸਤਾਰ, ਅਪਗ੍ਰੇਡੇਸ਼ਨ ਅਤੇ ਮਜੂਰ। ਭਾਗ-B: DLI ਡਵੀਜਨ ਦੇ SCADA ਸਿਸਟਮ ਵਿਚ ਸਾਈਬਰ ਸੁਰੱਖਿਆ ਉਪਾਵਾਂ ਨੂੰ ਲਾਗੂ ਕਰਨ ਦੇ ਸਬੰਧ ਵਿਚ NOLI-TPZ ਸੈਕਸ਼ਨ, SSB-BTI ਸੈਕਸ਼ਨ, ਜਿਸ ਵਿਚ ਬ੍ਰਾਂਚ ਲਾਈਨਾਂ (KKDE-NRW, JIND-PNP, JIND-SNP, ROK-PNP ਅਤੇ ABO-RE) ਸ਼ਾਮਲ ਹਨ, ਦੇ SCADA ਸਿਸਟਮ ਦਾ ਅਪਗ੍ਰੇਡੇਸ਼ਨ/ਰਿਪਲੇਸਮੇਂਟ ਅਤੇ ਮਜੂਰ। | |
| 2 | ਅੰਦਾਜਨ ਲਾਗਤ | Rs. 7,45,54,736.64 /— |
| 3 | ਬਿਆਨਾ ਰਾਸ਼ੀ | Rs. 5,22,800 /— |
| 4 | ਈ-ਨਿਵਿਦਾ ਆਨਲਾਈਨ ਜਮ੍ਹਾ ਕਰਨ ਦਾ ਸਮਾਂ | 25.02.2026 (10.30 ਵਜੇ) ਤੋਂ 11.03.2026 (15.00 ਵਜੇ ਤਕ) |
| 5 | ਈ-ਨਿਵਿਦਾ ਸਮਾਪਤੀ ਦੀ ਅੰਤਮ ਅਤੇ ਈ-ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ | 11.03.2026 (15.00 ਵਜੇ) |
| 6 | ਨਿਵਿਦਾ ਛਪਾਈ ਦੀ ਲਾਗਤ | Capital (PH-36) |
| 7 | ਵੈਬਸਾਈਟ ਵੇਰਵਾ ਜਿਥੋਂ ਨਿਵਿਦਾ ਦਸਤਾਵੇਜਾਂ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ। | www.ireps.gov.in |

528/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



### NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.





### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.





### NAME CHANGE
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

### NAME CHANGE
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

### NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

### NAME CHANGE
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

### PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH
EX.MALL, SECTOR-9,
ROHINI, NEW DELHI

# ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਖਸਤਾ ਹਾਲ ਮਸੌਲ ਦੇ ਸਰਕਾਰੀ ਸਕੂਲ ਨੂੰ ਮਾਡਲ ਸਕੂਲ ਵਿੱਚ ਬਦਲਿਆ: ਹਰਜੋਤ ਸਿੰਘ ਬੈਂਸ

**ਚੰਡੀਗੜ੍ਹ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਿੰਡ ਮਸੌਲ ਦੇ ਸਰਕਾਰੀ ਸਕੂਲ ਵਿੱਚ ਕੀਤੇ ਗਏ ਸ਼ਾਨਦਾਰ ਬਦਲਾਅ 'ਤੇ ਚਾਨਣਾ ਪਾਇਆ ਜੋ ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ ਤੋਂ ਮਹਿਜ਼ 20 ਮਿੰਟ ਦੀ ਦੂਰੀ 'ਤੇ ਸਥਿਤ ਹੈ। ਸ. ਬੈਂਸ ਨੇ ਕਿਹਾ ਕਿ ਇਹ ਸਕੂਲ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਜਨਤਕ ਸਿੱਖਿਆ ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨ ਦੀ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ।

ਲਗਭਗ ਦੋ ਸਾਲ ਪਹਿਲਾਂ ਸਕੂਲ ਦੀ ਹਾਲਤ ਨੂੰ ਯਾਦ ਕਰਦਿਆਂ, ਸਿੱਖਿਆ ਮੰਤਰੀ ਨੇ ਕਿਹਾ, ਜਦੋਂ ਮੈਂ ਲਗਭਗ ਦੋ ਸਾਲ ਪਹਿਲਾਂ ਮਸੌਲ ਪਿੰਡ ਦੇ ਸਰਕਾਰੀ ਸਕੂਲ ਦਾ ਦੌਰਾ ਕੀਤਾ ਸੀ, ਤਾਂ ਸਕੂਲ ਦੀ ਹਾਲਤ ਬਹੁਤ ਹੀ ਤਰਸਯੋਗ ਸੀ। ਇਮਾਰਤ ਖਸਤਾ ਹਾਲਤ ਵਿੱਚ ਸੀ, ਕਲਾਸਰੂਮ ਟੁੱਟੇ ਹੋਏ ਸਨ ਅਤੇ ਵਿਦਿਆਰਥੀਆਂ ਨੂੰ ਪੜ੍ਹਨ ਅਤੇ ਲਿਖਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਮਸੌਲ ਪਿੰਡ ਕਦੇ ਆਪਣੇ ਸਰਕਾਰੀ ਸਕੂਲ ਦੀ ਤਰਸਯੋਗ ਹਾਲਤ ਕਾਰਨ ਅਖ਼ਬਾਰਾਂ ਅਤੇ ਟੈਲੀਵਿਜ਼ਨ ਚੈਨਲਾਂ ਦੀਆਂ ਸੁਰਖੀਆਂ ਵਿੱਚ ਰਹਿੰਦਾ ਸੀ।

ਸ. ਬੈਂਸ ਨੇ ਕਿਹਾ, ਮੈਂ ਉਸ ਸਮੇਂ ਇਸ ਸਕੂਲ ਦਾ ਦੌਰਾ ਕੀਤਾ ਸੀ ਅਤੇ ਮੈਂ ਇਸ ਸਕੂਲ ਵਿੱਚ ਆਉਣ ਵਾਲਾ ਪਹਿਲਾ ਸਿੱਖਿਆ ਮੰਤਰੀ ਸੀ। ਮੈਂ ਜੋ ਦੇਖਿਆ ਉਹ ਬਹੁਤ ਦੁਖਦਾਈ ਸੀ। ਇੱਥੇ ਸਿਰਫ਼ ਬੁਨਿਆਦੀ ਢਾਂਚੇ ਦੇ ਮੁੜ ਨਿਰਮਾਣ ਦੀ ਹੀ ਲੋੜ ਨਹੀਂ ਸੀ ਸਗੋਂ ਵਿਦਿਆਰਥੀਆਂ ਅਤੇ ਭਾਈਚਾਰੇ ਦੇ ਭਰੋਸੇ ਨੂੰ ਬਹਾਲ ਕਰਨ ਦੀ ਵੀ ਜ਼ਰੂਰਤ ਸੀ।



ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਥਿਤੀ ਦਾ ਜਾਇਜ਼ਾ ਲੈਣ ਤੋਂ ਬਾਅਦ, ਉਨ੍ਹਾਂ ਨੇ ਸਕੂਲ ਨੂੰ ਇੱਕ ਮਾਡਲ ਸਕੂਲ ਵਿੱਚ ਬਦਲਣ ਦਾ ਅਹਿਦ ਲਿਆ ਸੀ। ਉਨ੍ਹਾਂ ਕਿਹਾ, ਮੇਰੇ ਦੌਰੇ ਤੋਂ ਬਾਅਦ, ਸਕੂਲ ਸਿੱਖਿਆ ਵਿਭਾਗ ਨੇ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਵਿਆਪਕ ਵਿਕਾਸ ਕਾਰਜ ਸ਼ੁਰੂ ਕੀਤੇ। ਅੱਜ, ਸਕੂਲ ਨੂੰ ਇੱਕ ਨਵੀਂ ਇਮਾਰਤ, ਬਿਹਤਰ ਕਲਾਸਰੂਮ, ਬਿਹਤਰ ਸਹੂਲਤਾਂ ਅਤੇ ਸਿੱਖਣ ਦਾ ਅਨੁਕੂਲ ਵਾਤਾਵਰਣ ਪ੍ਰਦਾਨ ਕਰਕੇ ਪੂਰੀ ਤਰ੍ਹਾਂ ਬਦਲ ਦਿੱਤਾ ਗਿਆ ਹੈ।

ਅਕਾਦਮਿਕ ਪ੍ਰਗਤੀ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, ਵਿਦਿਆਰਥੀਆਂ ਦੇ ਅਕਾਦਮਿਕ ਕਾਰਗੁਜ਼ਾਰੀ ਵਿੱਚ ਕਾਫ਼ੀ ਸੁਧਾਰ ਹੋਇਆ ਹੈ, ਜੋ ਕਿ ਕੇਂਦ੍ਰਿਤ ਦਖਲ ਦੇ ਸਕਾਰਾਤਮਕ ਨਤੀਜਿਆਂ ਨੂੰ ਦਰਸਾਉਂਦਾ ਹੈ। ਇਹ ਸਕੂਲ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਜਨਤਕ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਪ੍ਰਤੀ ਦ੍ਰਿੜ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ।

ਸਿੱਖਿਆ ਮੰਤਰੀ ਨੇ ਕਿਹਾ, ਗੁਆਂਢੀ ਪਿੰਡ, ਜੋ ਕਦੇ ਸਕੂਲ ਦੀ ਹਾਲਤ 'ਤੇ ਚਿੰਤਾ ਪ੍ਰਗਟ ਕਰਦੇ ਸਨ, ਹੁਣ ਮਸੌਲ ਦਾ ਦੌਰਾ ਕਰਕੇ ਇਸ ਦੀ ਤਬਦੀਲੀ ਨੂੰ ਪ੍ਰਸ਼ੰਸਾ ਕਰਦੇ ਹਨ।

ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਪੰਜਾਬ ਸਿੱਖਿਆ ਕ੍ਰਾਂਤੀ ਇੱਕ ਸੰਪੂਰਨ ਲਹਿਰ ਹੈ ਜਿਸ ਦਾ ਉਦੇਸ਼ ਅਕਾਦਮਿਕ ਖੇਤਰ ਨੂੰ ਹੁਲਾਰਾ ਦੇਣਾ, ਬੁਨਿਆਦੀ ਢਾਂਚੇ ਦਾ ਆਧੁਨਿਕੀਕਰਨ ਕਰਨਾ ਅਤੇ ਜਨਤਕ ਸਿੱਖਿਆ ਵਿੱਚ ਵਿਸ਼ਵਾਸ ਨੂੰ ਬਹਾਲ ਕਰਨਾ ਹੈ। ਪੰਜਾਬ ਸਰਕਾਰ ਇਹ ਯਕੀਨੀ ਬਣਾਉਣਾ ਜਾਰੀ ਰੱਖੇਗੀ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਹਰ ਬੱਚੇ ਨੂੰ ਇੱਕ ਮਾਣਮੱਤੇ ਅਤੇ ਅਨੁਕੂਲ ਮਾਹੌਲ ਵਿੱਚ ਮਿਆਰੀ ਸਿੱਖਿਆ ਦਿੱਤੀ ਜਾਵੇ।

# ਐਚਡੀਐਫਸੀ ਬੈਂਕ ਪੰਜਾਬ ਵਿੱਚ 'ਮੈਗਾ ਆਟੋ ਲੋਨ ਮੇਲਾ' ਆਯੋਜਿਤ ਕਰੇਗਾ

**ਚੰਡੀਗੜ੍ਹ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦਾ ਪ੍ਰਮੁੱਖ ਨਿੱਜੀ ਖੇਤਰ ਦਾ ਬੈਂਕ, ਐਚਡੀਐਫਸੀ ਬੈਂਕ, 17 ਫਰਵਰੀ, 2026 ਨੂੰ ਪੰਜਾਬ ਵਿੱਚ ਆਪਣੀਆਂ 500 ਤੋਂ ਵੱਧ ਸ਼ਾਖਾਵਾਂ ਵਿੱਚ 'ਮੈਗਾ ਆਟੋ ਲੋਨ ਮੇਲਾ' ਆਯੋਜਿਤ ਕਰੇਗਾ। ਪ੍ਰਮੁੱਖ ਆਟੋਮੋਬਾਈਲ ਬ੍ਰਾਂਡ ਅਤੇ ਖੇਤਰੀ ਡੀਲਰਸ਼ਿਪ ਗਾਹਕਾਂ ਨੂੰ ਆਪਣੀਆਂ ਕਾਰ ਮਾਡਲਾਂ ਦਾ ਪ੍ਰਦਰਸ਼ਨ ਕਰਨ ਲਈ ਸ਼ਾਖਾਵਾਂ ਵਿੱਚ ਮੌਜੂਦ ਰਹਿਣਗੇ। ਬੈਂਕ ਯੋਗ ਗਾਹਕਾਂ ਲਈ ਮੌਕੇ 'ਤੇ ਲੋਨ ਮਨਜ਼ੂਰੀ ਪ੍ਰਦਾਨ ਕਰੇਗਾ। ਗਾਹਕ ਬੈਂਕ ਦੀ 'ਐਕਸਪ੍ਰੈਸ ਕਾਰ ਲੋਨ' ਸਹੂਲਤ ਦਾ ਵੀ ਲਾਭ ਉਠਾ ਸਕਦੇ ਹਨ, ਜੋ ਕਿ ਇੱਕ ਅਤਿ-ਆਧੁਨਿਕ ਡਿਜੀਟਲ ਪਲੇਟਫਾਰਮ ਹੈ ਜੋ 30 ਮਿੰਟਾਂ ਦੇ ਅੰਦਰ ਲੋਨ ਅਰਜ਼ੀਆਂ ਨੂੰ ਪੂਰਾ ਕਰਨ ਵਿੱਚ ਮਦਦ ਕਰਦਾ ਹੈ। ਉਦਘਾਟਨ ਸਮਾਰੋਹ ਵਿੱਚ ਬੋਲਦੇ ਹੋਏ, ਬ੍ਰਾਂਚ ਬੈਂਕਿੰਗ ਮੁਖੀ ਸ਼੍ਰੀ ਦਿਨੇਸ਼ ਲੂਥਰਾ ਨੇ ਕਿਹਾ, ਮੈਗਾ ਆਟੋ ਲੋਨ ਮੇਲਾ ਗਾਹਕਾਂ ਨੂੰ ਆਪਣੀ ਮਨਪਸੰਦ ਕਾਰ ਲਈ ਆਸਾਨੀ ਨਾਲ ਵਿੱਤ ਪ੍ਰਾਪਤ ਕਰਨ ਦਾ ਇੱਕ ਵਧੀਆ ਮੌਕਾ ਪ੍ਰਦਾਨ ਕਰਦਾ ਹੈ। ਅਸੀਂ ਪ੍ਰਮੁੱਖ ਕਾਰ ਨਿਰਮਾਤਾਵਾਂ ਅਤੇ ਆਟੋ ਡੀਲਰਾਂ ਨੂੰ ਆਪਣੀਆਂ ਸ਼ਾਖਾਵਾਂ ਵਿੱਚ ਆਪਣੇ ਚੋਟੀ ਦੇ ਮਾਡਲਾਂ ਦਾ ਪ੍ਰਦਰਸ਼ਨ ਕਰਨ ਲਈ ਸੱਦਾ ਦਿੱਤਾ ਹੈ।

ਸਾਨੂੰ ਵਿਸ਼ਵਾਸ ਹੈ ਕਿ ਗਾਹਕਾਂ ਨੂੰ ਇਸ ਮੇਲੇ ਤੋਂ ਲਾਭ ਹੋਵੇਗਾ।ਐਚਡੀਐਫਸੀ ਬੈਂਕ ਆਪਣੇ ਗਾਹਕਾਂ ਨੂੰ ਕਿਫਾਇਤੀ ਵਿਆਜ ਦਰਾਂ 'ਤੇ ਕਈ ਤਰ੍ਹਾਂ ਦੇ ਕਰਜ਼ੇ ਪ੍ਰਦਾਨ ਕਰਦਾ ਹੈ। ਮੈਗਾ ਆਟੋ ਲੋਨ ਮੇਲਾ ਮੁਹਿੰਮ ਦਾ ਉਦੇਸ਼ ਗਾਹਕਾਂ ਨੂੰ ਆਟੋਮੋਬਾਈਲ ਵਿੱਤ ਤੱਕ ਆਸਾਨ ਪਹੁੰਚ ਪ੍ਰਦਾਨ ਕਰਨਾ ਹੈ, ਖਾਸ ਕਰਕੇ SURU (ਅਰਧ-ਸ਼ਹਿਰੀ ਅਤੇ ਪੇਂਡੂ) ਖੇਤਰਾਂ ਵਿੱਚ। ਬੈਂਕ ਕਰਜ਼ੇ ਦੀਆਂ ਬੇਨਤੀਆਂ 'ਤੇ ਕਾਰਵਾਈ ਕਰਨ ਲਈ ਕਈ ਤਰ੍ਹਾਂ ਦੀਆਂ ਮੁੜ-ਭੁਗਤਾਨ ਸੰਰਚਨਾਵਾਂ ਅਤੇ ਘੱਟੋ-ਘੱਟ ਕਾਗਜ਼ੀ ਕਾਰਵਾਈਆਂ ਦੇ ਨਾਲ ਇੱਕ ਐਂਡ-ਟੂ-ਐਂਡ ਹੱਲ ਪੇਸ਼ ਕਰੇਗਾ। 30 ਦਸੰਬਰ, 2025 ਨੂੰ ਖਤਮ ਹੋਈ ਤਿਮਾਹੀ ਲਈ ਐਚਡੀਐਫਸੀ ਬੈਂਕ ਦੀ ਆਟੋ ਲੋਨ ਬੁੱਕ ਦਾ ਆਕਾਰ ?1,527 ਬਿਲੀਅਨ ਸੀ।

# ਮਹਾ ਸ਼ਿਵਰਾਤਰੀ ਮੌਕੇ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਸਿੰਘ ਮਾਨ ਨੇ ਸ੍ਰੀ ਰਣਕੇਸ਼ਵਰ ਮਹਾਦੇਵ ਮੰਦਰ ਵਿਖੇ ਮੱਥਾ ਟੇਕਿਆ, ਪੰਜਾਬ ਦੀ ਸ਼ਾਂਤੀ ਅਤੇ ਖ਼ੁਸ਼ਹਾਲੀ ਲਈ ਕੀਤੀ ਪ੍ਰਾਰਥਨਾ

**ਧੂਰੀ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਸ਼ਿਵਰਾਤਰੀ ਦੇ ਪਵਿੱਤਰ ਮੌਕੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਤਿਕਾਰਯੋਗ ਸ੍ਰੀ ਰਣਕੇਸ਼ਵਰ ਮਹਾਦੇਵ ਮੰਦਰ ਵਿੱਚ ਮੱਥਾ ਟੇਕਿਆ ਅਤੇ ਇਤਿਹਾਸਕ ਸਿੱਧ ਪੀਠ ਵਿੱਚ ਪੂਜਾ ਕੀਤੀ ਅਤੇ ਪੰਜਾਬ ਤੇ ਦੇਸ਼ ਦੀ ਸ਼ਾਂਤੀ, ਖ਼ੁਸ਼ਹਾਲੀ ਅਤੇ ਨਿਰੰਤਰ ਤਰੱਕੀ ਲਈ ਅਸ਼ੀਰਵਾਦ ਮੰਗਿਆ। ਤਿਉਹਾਰ 'ਤੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ 'ਆਪ' ਮੁਖੀ ਨੇ ਮਹਾਸ਼ਿਵਰਾਤਰੀ ਨੂੰ ਭਾਰਤ ਦੀ ਪ੍ਰਾਚੀਨ ਅਧਿਆਤਮਿਕ ਪਰੰਪਰਾ ਵਾਲਾ ਤਿਉਹਾਰ ਦੱਸਿਆ ਅਤੇ ਪ੍ਰਾਰਥਨਾ ਕੀਤੀ ਕਿ ਭਗਵਾਨ ਭੋਲੇ ਨਾਥ ਦੀ ਕਿਰਪਾ ਹਮੇਸ਼ਾ ਹਰੇਕ ਨਾਗਰਿਕ 'ਤੇ ਬਣੀ ਰਹੇ।



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਆਉਣ ਵਾਲੀਆਂ ਪੀੜ੍ਹੀਆਂ ਲਈ ਸੂਬੇ ਦੀ ਅਮੀਰ ਅਧਿਆਤਮਿਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਅਤੇ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਵਸ ਮਨਾਉਣ ਤੋਂ ਲੈ ਕੇ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਤੱਕ ਪੰਜਾਬ ਆਪਣੀ ਸ਼ਾਨਦਾਰ ਵਿਰਾਸਤ ਨੂੰ ਮਾਣ ਅਤੇ ਸ਼ਰਧਾ ਨਾਲ ਸਤਿਕਾਰ ਦਿੰਦਾ ਰਹਿੰਦਾ ਹੈ।

ਸੋਸ਼ਲ ਮੀਡੀਆ ਪਲੇਟਫ਼ਾਰਮ ਐਕਸ 'ਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ: ਮਹਾਸ਼ਿਵਰਾਤਰੀ ਦੇ ਪਵਿੱਤਰ ਮੌਕੇ ਮੈਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਲ ਧੂਰੀ ਦੇ ਸ੍ਰੀ ਰਣਕੇਸ਼ਵਰ ਮਹਾਦੇਵ ਮੰਦਰ ਵਿੱਚ ਪ੍ਰਾਰਥਨਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਮਹਾਦੇਵ ਦੀ ਬ੍ਰਹਮ ਊਰਜਾ ਮਨ ਨੂੰ ਸ਼ਾਂਤੀ ਅਤੇ ਆਤਮਾ ਨੂੰ ਨਵੀਂ ਤਾਕਤ ਦਿੰਦੀ ਹੈ। ਭਗਵਾਨ ਭੋਲੇ ਨਾਥ ਦਾ ਆਸ਼ੀਰਵਾਦ ਹਮੇਸ਼ਾ ਤੁਹਾਡੇ ਸਾਰਿਆਂ 'ਤੇ ਬਣਿਆ ਰਹੇ ਅਤੇ ਦੇਸ਼ ਤੇ ਪੰਜਾਬ ਤਰੱਕੀ ਤੇ ਖ਼ੁਸ਼ਹਾਲੀ ਵੱਲ ਵਧਦੇ ਰਹਿਣ।

ਇਸ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਕਿਹਾ: ਅੱਜ ਮਹਾਸ਼ਿਵਰਾਤਰੀ ਦੇ ਮੌਕੇ 'ਤੇ ਮੈਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਦੇ ਨਾਲ ਧੂਰੀ ਹਲਕੇ ਦੇ ਪਿੰਡ ਰਣੀਕੇ ਸਥਿਤ ਸ੍ਰੀ ਰਣਕੇਸ਼ਵਰ ਮੰਦਿਰ ਵਿੱਚ ਭਗਵਾਨ ਸ਼ਿਵ ਦਾ ਆਸ਼ੀਰਵਾਦ ਲਿਆ ਅਤੇ ਮੱਥਾ ਟੇਕਿਆ। ਮੈਂ ਦੇਸ਼ ਦੀ ਖ਼ੁਸ਼ਹਾਲੀ, ਸ਼ਾਂਤੀ ਅਤੇ ਸਦਭਾਵਨਾ ਅਤੇ ਸਾਰਿਆਂ ਵਿੱਚ ਸਥਾਈ ਭਾਈਚਾਰੇ ਲਈ ਪ੍ਰਾਰਥਨਾ ਕੀਤੀ। ਭਗਵਾਨ ਸ਼ਿਵ ਦਾ ਆਸ਼ੀਰਵਾਦ ਹਮੇਸ਼ਾ ਸਾਰਿਆਂ 'ਤੇ ਬਣਿਆ ਰਹੇ।

'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਸ੍ਰੀ ਰਣਕੇਸ਼ਵਰ ਮਹਾਦੇਵ ਮੰਦਰ ਵਿੱਚ ਮੱਥਾ ਟੇਕਿਆ ਅਤੇ ਸੂਬੇ ਦੀ ਸ਼ਾਂਤੀ, ਤਰੱਕੀ ਅਤੇ ਖ਼ੁਸ਼ਹਾਲੀ ਲਈ ਪ੍ਰਾਰਥਨਾ ਕੀਤੀ। ਉਨ੍ਹਾਂ ਕਿਹਾ, ਮਹਾਸ਼ਿਵਰਾਤਰੀ ਦੇ ਸ਼ੁਭ ਮੌਕੇ ਅਸੀਂ ਸਿੱਧ ਪੀਠ ਵਿੱਚ ਪੂਜਾ ਕੀਤੀ ਅਤੇ ਲੋਕਾਈ ਦੀ ਭਲਾਈ ਲਈ ਪ੍ਰਾਰਥਨਾ ਕੀਤੀ। ਉਨ੍ਹਾਂ ਕਿਹਾ, ਮਹਾਸ਼ਿਵਰਾਤਰੀ ਲੋਕਾਂ ਨੂੰ ਸੱਚ ਦੀ ਭਾਲ ਵੱਲ ਯਤਨ ਕਰਨ ਲਈ ਪ੍ਰੇਰਿਤ ਕਰਦੀ ਹੈ, ਜੋ ਭਗਵਾਨ ਸ਼ਿਵ ਦੁਆਰਾ ਦਰਸਾਈ ਗਈ ਅੰਤਮ ਚੇਤਨਾ ਵੱਲ ਲੈ ਜਾਂਦੀ ਹੈ। ਉਨ੍ਹਾਂ ਅੱਗੇ ਕਿਹਾ, ਇਹ ਤਿਉਹਾਰ ਧਾਰਮਿਕਤਾ, ਸ਼ਰਧਾ, ਆਪਸੀ ਪਿਆਰ ਅਤੇ ਸਦਭਾਵਨਾ 'ਤੇ ਜ਼ੋਰ ਦਿੰਦਾ ਹੈ।

ਇਸ ਮੌਕੇ ਦੀ ਸੱਭਿਆਚਾਰਕ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਇੱਕ ਮਹੱਤਵਪੂਰਨ ਤਿਉਹਾਰ ਹੈ, ਜਿਸ ਨੂੰ ਮਹਾਨ ਭਾਰਤੀ ਸੱਭਿਅਤਾ ਦੇ ਆਧਾਰ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਨੇ ਅੱਗੇ ਕਿਹਾ, ਸ੍ਰੀ ਰਣਕੇਸ਼ਵਰ ਮਹਾਦੇਵ ਨੂੰ ਪੰਜਾਬ ਦੇ ਮਾਲਵਾ ਖੇਤਰ ਵਿੱਚ ਇੱਕ ਸਤਿਕਾਰਯੋਗ ਸਿੱਧ ਪੀਠ ਮੰਨਿਆ ਜਾਂਦਾ ਹੈ। ਅਜਿਹੇ ਸਥਾਨਾਂ ਦੀ ਅਧਿਆਤਮਿਕ ਵਿਰਾਸਤ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ, ਇਤਿਹਾਸਕ ਤੌਰ 'ਤੇ ਸਿੱਧ ਪੀਠਾਂ ਨੂੰ ਪਵਿੱਤਰ ਸਥਾਨ ਮੰਨਿਆ ਜਾਂਦਾ ਹੈ, ਜਿੱਥੇ ਡੂੰਘਾਈ ਨਾਲ ਤਪੱਸਿਆ ਅਤੇ ਅਧਿਆਤਮਿਕ ਅਭਿਆਸ ਕੀਤੇ ਜਾਂਦੇ ਸਨ, ਜਿਸ ਨਾਲ ਬ੍ਰਹਮ ਪ੍ਰਗਟ ਹੁੰਦੇ ਸਨ।

ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਪਰੰਪਰਾ ਵਿੱਚ ਅਜਿਹੇ ਸਥਾਨਾਂ ਦਾ ਬਹੁਤ ਮਹੱਤਵ ਹੈ ਕਿਉਂਕਿ ਇਹ ਮੰਨਿਆ ਜਾਂਦਾ ਹੈ ਕਿ ਸਦੀਆਂ ਦੀ ਭਗਤੀ ਅਤੇ ਤਪੱਸਿਆ ਦੁਆਰਾ ਅਧਿਆਤਮਿਕ ਸ਼ਕਤੀ ਮਿਲਦੀ ਹੈ। ਉਨ੍ਹਾਂ ਅੱਗੇ ਕਿਹਾ, ਇਹ ਮੰਦਰ ਰਵਾਇਤੀ ਤੌਰ 'ਤੇ ਮਹਾਭਾਰਤ ਕਾਲ ਨਾਲ ਜੁੜਿਆ ਹੋਇਆ ਹੈ, ਖਾਸ ਕਰਕੇ ਭਗਵਾਨ ਸ਼ਿਵ ਨੂੰ ਖ਼ੁਸ਼ ਕਰਨ ਲਈ ਅਰਜੁਨ ਦੀ ਤਪੱਸਿਆ ਨਾਲ। ਉਨ੍ਹਾਂ ਅੱਗੇ ਕਿਹਾ, ਇਹ ਮੰਨਿਆ ਜਾਂਦਾ ਹੈ ਕਿ ਡੂੰਘੀ ਤਪੱਸਿਆ ਤੋਂ ਬਾਅਦ ਭਗਵਾਨ ਸ਼ਿਵ ਅਰਜੁਨ ਦੇ ਸਾਹਮਣੇ ਪ੍ਰਗਟ ਹੋਏ ਅਤੇ ਉਨ੍ਹਾਂ ਨੂੰ ਬ੍ਰਹਮ ਹਥਿਆਰ ਗਾਂਡੀਵ ਧਨੁਸ਼ ਦਾ ਵਰਦਾਨ ਦਿੱਤਾ। ਇਸ ਸਥਾਨ ਨੂੰ ਭਾਰਤ ਦੀ ਮਹਾਂਕਾਵਿ ਵਿਰਾਸਤ ਨਾਲ ਜੋੜਦੇ ਹੋਏ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਸਥਾਨ ਭਾਰਤ ਦੇ ਮਹਾਨ ਮਹਾਂਕਾਵਾਂ ਵਿੱਚੋਂ ਇੱਕ ਨਾਲ ਸਬੰਧਤ ਹੈ, ਜਿਸ ਨਾਲ ਇਸ ਨੂੰ ਡੂੰਘੀ ਮਿਥਿਹਾਸਕ ਅਤੇ ਇਤਿਹਾਸਕ ਪਛਾਣ ਮਿਲਦੀ ਹੈ। ਉਨ੍ਹਾਂ ਅੱਗੇ ਕਿਹਾ, ਸ੍ਰੀ ਰਣਕੇਸ਼ਵਰ ਮਹਾਦੇਵ ਮਾਲਵਾ ਪੱਟੀ ਵਿੱਚ ਸ਼ਿਵ ਭਗਤੀ ਦੀ ਇਸ ਨਿਰੰਤਰਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਅੱਗੇ ਕਿਹਾ, ਇਹ ਪਵਿੱਤਰ ਸਥਾਨ ਇੱਕ ਯਾਦ ਦਿਵਾਉਂਦਾ ਹੈ ਕਿ ਪੰਜਾਬ ਦੀ ਸੱਭਿਆਚਾਰਕ ਪਛਾਣ ਅਧਿਆਤਮਿਕ ਇਤਿਹਾਸ ਦੀਆਂ ਕਈ ਪਰਤਾਂ ਦੁਆਰਾ ਘੜੀ ਗਈ ਹੈ। ਤਿਉਹਾਰ ਦੀ ਵਿਆਪਕ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਕਿਹਾ, ਮਹਾਸ਼ਿਵਰਾਤਰੀ ਸਿਰਫ਼ ਇੱਕ ਧਾਰਮਿਕ ਤਿਉਹਾਰ ਨਹੀਂ ਹੈ, ਸਗੋਂ ਪ੍ਰਾਚੀਨ ਸੱਭਿਅਤਾ ਨਾਲ ਸਬੰਧਤ ਹੈ।

ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਤਿਉਹਾਰ ਭਗਵਾਨ ਸ਼ਿਵ ਅਤੇ ਮਾਤਾ ਪਾਰਵਤੀ ਦੇ ਬ੍ਰਹਮ ਮਿਲਾਪ ਦੀ ਯਾਦ ਦਿਵਾਉਂਦਾ ਹੈ ਅਤੇ ਅਧਿਆਤਮਿਕ ਜਾਗ੍ਰਿਤੀ ਅਤੇ ਸਵੈ-ਅਨੁਸ਼ਾਸਨ ਦਾ ਪ੍ਰਤੀਕ ਹੈ। ਉਨ੍ਹਾਂ ਅੱਗੇ ਕਿਹਾ, ਇੰਨੀ ਇਤਿਹਾਸਕ ਤੌਰ 'ਤੇ ਮਹੱਤਵਪੂਰਨ ਤਪਸਥਲੀ 'ਤੇ ਮਹਾਸ਼ਿਵਰਾਤਰੀ ਮਨਾਉਣਾ ਪੁਰਾਣੇ ਰੀਤੀ-ਰਿਵਾਜਾਂ ਅਤੇ ਵਿਸ਼ਵਾਸ ਦੀ ਨਿਰੰਤਰਤਾ ਨੂੰ ਮਜ਼ਬੂਤ ਕਰਦਾ ਹੈ। ਉਨ੍ਹਾਂ ਕਿਹਾ, ਸ੍ਰੀ ਰਣਕੇਸ਼ਵਰ ਮਹਾਦੇਵ ਵਿਖੇ ਸਾਲਾਨਾ ਜਸ਼ਨ ਇਸ ਨੂੰ ਵਿਸਾਰੇ ਹੋਏ ਸਮਾਰਕ ਦੀ ਬਜਾਏ ਇੱਕ ਜੀਵੰਤ ਵਿਰਾਸਤੀ ਸਥਾਨ ਵਜੋਂ ਸੁਰੱਖਿਅਤ ਰੱਖਣ ਵਿੱਚ ਮਦਦ ਕਰਦੇ ਹਨ।

ਇਸ ਸਥਾਨ ਦੀ ਸੱਭਿਆਚਾਰਕ ਮਹੱਤਤਾ ਉਜਾਗਰ ਕਰਦਿਆਂ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਪਵਿੱਤਰ ਸਥਾਨ ਸਦੀਆਂ ਪੁਰਾਣੀਆਂ ਭਗਤੀ ਪ੍ਰਥਾਵਾਂ ਨੂੰ ਦਰਸਾਉਂਦਾ ਹੈ, ਜੋ ਇੱਕ ਪੀੜ੍ਹੀ ਤੋਂ ਦੂਜੀ ਪੀੜ੍ਹੀ ਤੱਕ ਚੱਲੀਆਂ ਆ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ, ਰਸਮਾਂ ਦੀ ਨਿਰੰਤਰਤਾ ਦਰਸਾਉਂਦੀ ਹੈ ਕਿ ਵਿਸ਼ਵਾਸ ਪਰੰਪਰਾਵਾਂ ਸਮੇਂ ਦੇ ਨਾਲ ਕਿਵੇਂ ਅਨੁਕੂਲ ਹੁੰਦੀਆਂ ਹਨ, ਜਦੋਂ ਕਿ ਉਨ੍ਹਾਂ ਦਾ ਮੂਲ ਤੱਤ ਕਾਇਮ ਰਹਿੰਦਾ ਹੈ ਅਤੇ ਇਹ ਖੇਤਰ ਦੀ ਅਦਿੱਖ ਸੱਭਿਆਚਾਰਕ ਵਿਰਾਸਤ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਉਨ੍ਹਾਂ ਅੱਗੇ ਕਿਹਾ, ਅਜਿਹੇ ਸਮਾਗਮ ਮਾਲਵਾ ਖੇਤਰ ਵਿੱਚ ਖੇਤਰੀ ਪਛਾਣ ਅਤੇ ਸਮਾਜਿਕ ਏਕਤਾ ਨੂੰ ਮਜ਼ਬੂਤ ਕਰਦੇ ਹਨ ਅਤੇ ਜੀਵਨ ਦੇ ਵੱਖ-ਵੱਖ ਖੇਤਰਾਂ ਦੇ ਲੋਕਾਂ ਨੂੰ ਇੱਕ ਸਾਂਝੇ ਅਧਿਆਤਮਿਕ ਅਤੇ ਸੱਭਿਆਚਾਰਕ ਝੰਡੇ ਹੇਠ ਇਕੱਠੇ ਕਰਦੇ ਹਨ। ਵਿਰਾਸਤ ਦੀ ਸੰਭਾਲ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਜ਼ਾਹਰ ਕਰਦਿਆਂ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਪਹਿਲਾਂ ਹੀ ਨੌਜਵਾਨ ਪੀੜ੍ਹੀਆਂ ਨੂੰ ਸ਼ਾਨਦਾਰ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਲਈ ਸਖ਼ਤ ਮਿਹਨਤ ਕਰ ਰਹੀ ਹੈ। ਉਨ੍ਹਾਂ ਕਿਹਾ, ਸੂਬਾ ਸਰਕਾਰ ਪਹਿਲਾਂ ਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਬੇਮਿਸਾਲ ਢੰਗ ਨਾਲ ਮਨਾ ਚੁੱਕੀ ਹੈ। ਉਨ੍ਹਾਂ ਅੱਗੇ ਕਿਹਾ, ਹੁਣ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵੀ ਬੇਮਿਸਾਲ ਢੰਗ ਨਾਲ ਮਨਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਅੰਤ ਵਿੱਚ ਉਨ੍ਹਾਂ ਕਿਹਾ, ਸੂਬਾ ਸਰਕਾਰ ਇਹ ਯਕੀਨੀ ਬਣਾਉਣਾ ਚਾਹੁੰਦੀ ਹੈ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੂਬੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਤੋਂ ਜਾਣੂ ਕਰਵਾਇਆ ਜਾਵੇ।

# ਬੰਮ ਬੰਮ ਭੋਲੇ, ਜੈ ਜੈ ਭੋਲੇ ਦੇ ਜੈਕਾਰਿਆਂ ਨਾਲ ਗੂੰਜਿਆ ਮਾਛੀਵਾੜਾ ਸਾਹਿਬ



**ਮਾਛੀਵਾੜਾ ਸਾਹਿਬ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਸਟਰ ਸਤੀਸ਼ ਕੁਮਾਰ) ਤ੍ਰਿਵੈਣੀ ਚੌਂਕ ਦੇ ਨਾਮ ਨਾਲ ਪ੍ਰਸਿੱਧ ਮੰਦਰ ਚੌਂਕ ਸਥਿਤ ਸ਼੍ਰੀ ਦੁਰਗਾ ਸ਼ਕਤੀ ਮੰਦਰ ਵਿੱਚ ਹਰ ਸਾਲ ਦੀ ਤਰ੍ਹਾਂ ਮਹਾਸ਼ਿਵਰਾਤਰੀ ਉਤਸਵ ਦੇ ਪਵਿੱਤਰ ਮੌਕੇ ਤੇ ਧਾਰਮਿਕ ਸਮਾਗਮ ਮੰਦਰ ਕਮੇਟੀ ਦੇ ਪ੍ਰਧਾਨ ਨੰਦ ਕਿਸੋਰ ਦੀ ਅਗਵਾਈ ਵਿਚ ਕਰਵਾਇਆ। ਪਿਛਲੇ 10 ਦਿਨਾਂ ਤੋਂ ਚੱਲ ਰਹੀ ਪ੍ਰਭਾਤਫੇਰੀ ਦੀ ਸਮਾਪਤੀ ਤੋ ਬਾਅਦ ਮੰਦਰ ਵਿੱਚ ਹਵਨ ਯੱਗ ਤੇ ਭੰਡਾਰਾ ਲਗਾਇਆ ਅਤੇ ਦੁਪਿਹਰ ਬਾਅਦ ਸ਼ਹਿਰ ਦੀਆਂ ਧਾਰਮਿਕ ਸੰਸਥਾਵਾਂ ਦੇ ਸਹਿਯੋਗ ਨਾਲ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ ਜੋ ਕਿ ਸ਼ਹਿਰ ਦੇ ਮੁੱਖ ਬਜਾਰਾਂ ਵਿੱਚ ਹੁੰਦੀ ਹੋਈ ਸ਼੍ਰੀ ਦੁਰਗਾ ਮੰਦਰ ਵਿੱਖੇ ਆ ਕੇ ਸਮਾਪਤ ਹੋਈ। ਸ਼ੋਭਾ ਯਾਤਰਾ ਨੂੰ ਸ਼ਾਸਤਰੀ ਅਨੁਜ ਸ਼ਰਮਾ ਤੇ ਅਸਵਨੀ ਸ਼ਰਮਾ ਨੇ ਮੰਤਰ ਉਚਾਰਣ ਤੇ ਪੂਜਾ ਕਰਨ ਉਪਰੰਤ ਸੰਯੁਕਤ ਰੂਪ ਵਿੱਚ ਕਾਂਗਰਸ ਪਾਰਟੀ ਦੇ ਹਲਕੇ ਸਮਰਾਲੇ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਜੋਤੀ ਪ੍ਰਚੰਡ ਕਰਕੇ ਰਵਾਨਾ ਕੀਤੀ। ਸ਼ੋਭਾ ਯਾਤਰਾ ਰਵਾਨਾ ਕਰਨ ਸਮੇ , ਬਲਾਕ ਪ੍ਰਧਾਨ ਕਾਂਗਰਸ ਪਰਮਿੰਦਰ ਤਿਵਾੜੀ, ਗੁਰਮੁਖ ਪੀ ਏ , ਸੁਖਵਿੰਦਰ ਸਿੰਘ ਰਿੰਕਾ , ਚੇਤਨ ਕੁਮਾਰ,ਡਿਪਟੀ ਸਰੀਨ,,,ਸੁਭਾਸ ਬੀਟਨ, ,ਕੌਂਸ਼ਲਰ ਮਨਜੀਤ ਕੁਮਾਰੀ, ਮਮਤਾ ਸ਼ੁਸੀਲ ਲੂਥੜਾ, ਤੋ ਇਲਾਵਾ ਸਿਆਸੀਆ ਪਾਰਟੀਆ ਦੇ ਮੈਬਰ ਵੀ ਮੌਜੂਦ ਸਨ।

ਮੰਦਰ ਕਮੇਟੀ ਦੇ ਪ੍ਰਧਾਨ ਤੇ ਮੈਬਰਾਂ ਨੇ ਇਨ੍ਹਾ ਆਗੂਆ ਤੇ ਪਤਵੰਤੇ ਸੱਜਣਾ ਨੂੰ ਸਨਮਾਨਿਤ ਕੀਤਾ। ਅੱਜ ਸ਼ਿਵਰਾਤਰੀ ਦੇ ਸੁਭ ਮੌਕੇ ਜਿੱਥੇ ਮੰਦਰਾਂ ਵਿੱਚ ਖੂਬ ਰੌਣਕ ਸ਼ੀ ਉੱਥੇ ਹੀ ਸਾਰਾ ਬਾਜ਼ਾਰ ਵੀ ਰੌਸ਼ਨੀਆ ਨਾਲ ਨਹਾਇਆ ਹੋਇਆ ਸੀ। ਸ਼ੋਭਾ ਯਾਤਰਾ ਦਾ ਰਸਤੇ ਵਿੱਚ ਥਾਂ-ਥਾਂ ਤੇ ਕਰੀਬ 50 ਤੋਂ ਵੱਧ ਲੰਗਰਾਂ ਨਾਲ ਸ਼ਿਵ ਭਗਤਾਂ ਨੇ ਸੋਭਾ ਯਾਤਰਾ ਦਾ ਸਵਾਗਤ ਕੀਤਾ ਗਿਆ। ਸ਼ੋਭਾ ਯਾਤਰਾ ਵਿਚ ਬੰਮ ਬੰਮ ਭੌਲੇ, ਜੈ ਜੈ ਭੌਲੇ ਅਤੇ ਹਰ ਹਰ ਮਹਾਦੇਵ ਦੇ ਜੈਕਾਰਿਆ ਨਾਲ ਸ਼ਹਿਰ ਦਾ ਬਜ਼ਾਰ ਗੂੰਜ ਉਠਿਆ।

ਵੱਖ-ਵੱਖ ਮੰਦਰਾਂ ਦੀਆ ਕਈ ਮਹਿਲਾ ਮੰਡਲੀਆ ਨੇ ਭਜਨ ਗਾ ਕੇ ਸ਼ਿਵ ਮਹਿਮਾ ਦਾ ਗੁਣਗਾਨ ਕੀਤਾ। ਇਸ ਮੌਕੇ ਮੰਦਰ ਕਮੇਟੀ ਦੇ ਐਡਵੋਕੇਟ ਗੋਰਵ ਗੋਇਲ, ਪ੍ਰਿੰਸ਼ੀਪਲ ਦੇਵੀ ਦਾਸ ਵਰਮਾ, ਪੰਡਤ ਅਨੁਜ, ਸ਼ਿਵ ਕੁਮਾਰ ਸਿਵਲੀ, ਭਾਜਪਾ ਆਗੂ ਸੁਖਵਿੰਦਰ ਸੁੱਖੀ ਸ਼ਰਮਾ, ਸੰਜੀਵ ਲੀਹਲ, ਅਰਵਿੰਦਰ ਪਾਲ ਵਿੱਕੀ, ਸਿਵਚਰਨ ਸ਼ਰਮਾ, ਮਦਨ ਲਾਲ ਬਿੱਟੂ, ਬੰਟੂ ਖੋਸਲਾ, ਗਊਸ਼ਾਲਾ ਕਮੇਟੀ ਦੇ ਸੁਸੀਲ ਲੂਥੜਾ ਤੇ ਸੁਰਿੰਦਰ ਬਾਸ਼ਲ, ਬਾਬਾ ਬਾਲਕ ਨਾਥ ਮੰਦਰ ਕਮੇਟੀ ਪ੍ਰਧਾਨ ਵਿਜੈ ਕੌੜਾ, ਲਵਲੀ ਸਰੀਨ, ਪ੍ਰਦੀਪ ਕੁੰਦਰਾ, ਮਹਿੰਦਰਪਾਲ ਜੈਨ, ਸੋਨੂੰ ਸੇਠੀ, ਅਸ਼ਵਨੀ ਸ਼ਰਮਾ, ਨਿਤਿਨ ਜੈਨ, ਬਾਵਾ ਵਰਮਾ, ਅਸ਼ਵਨੀ ਭਾਰਦਵਾਜ, ਵਿਨੋਦ ਸਿੰਗਲਾ, ਵਰੁਣ ਗੋਇਲ, ਸੰਨੀ ਓਹਰੀ ਤੇ ਹੋਰ ਵੀ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਸਤਲੁਜ ਅਤੇ ਸਵਾਂ ਦਰਿਆ ਦੇ ਇਲਾਕਿਆਂ ਲਈ 52 ਕਰੋੜ ਰੁਪਏ ਦੀ ਵਿਆਪਕ ਹੜ੍ਹ ਸੁਰੱਖਿਆ ਯੋਜਨਾ ਨੂੰ ਪ੍ਰਵਾਨਗੀ: ਹਰਜੋਤ ਸਿੰਘ ਬੈਂਸ

**ਚੰਡੀਗੜ੍ਹ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਸਤਲੁਜ ਅਤੇ ਸਵਾਂ ਦਰਿਆਵਾਂ ਦੇ ਕੰਢੇ ਵਸਦੇ ਪਿੰਡਾਂ ਲਈ 52 ਕਰੋੜ ਰੁਪਏ ਦੀ ਵਿਆਪਕ ਹੜ੍ਹ ਸੁਰੱਖਿਆ ਯੋਜਨਾ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਮਾਨਸੂਨ ਸੀਜ਼ਨ ਦੌਰਾਨ ਹੜ੍ਹਾਂ ਦੀ ਮਾਰ ਝੱਲਦੇ ਆ ਰਹੇ ਕਈ ਪ੍ਰਭਾਵਿਤ ਇਲਾਕਿਆਂ ਲਈ ਸਥਾਈ ਹੱਲ ਯਕੀਨੀ ਬਣਾਏ ਹਨ।

ਇਸ ਅਹਿਮ ਯੋਜਨਾ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ, ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਸਤਲੁਜ ਤੇ ਸਵਾਂ ਦੇ ਕੰਢੇ ਰਹਿਣ ਵਾਲੇ ਵਸਨੀਕਾਂ ਨੂੰ ਵੱਡੀ ਰਾਹਤ ਪ੍ਰਦਾਨ ਕਰਦਿਆਂ ਪੰਜਾਬ ਸਰਕਾਰ ਨੇ 52 ਕਰੋੜ ਰੁਪਏ ਦੀ ਵਿਆਪਕ ਹੜ੍ਹ ਸੁਰੱਖਿਆ ਯੋਜਨਾ ਦਾ ਐਲਾਨ ਕੀਤਾ ਹੈ ਤਾਂ ਜੋ ਮਾਨਸੂਨ ਦੌਰਾਨ ਹੜ੍ਹਾਂ ਦੀ ਮਾਰ ਝੱਲਦੇ ਆ ਰਹੇ ਕਈ ਸੰਵੇਦਨਸ਼ੀਲ ਪਿੰਡਾਂ ਨੂੰ ਸਥਾਈ ਤੌਰ 'ਤੇ ਸੁਰੱਖਿਅਤ ਬਣਾਇਆ ਜਾ ਸਕੇ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ, ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇਸ ਖੇਤਰ ਵਿੱਚ ਹੜ੍ਹ ਸੁਰੱਖਿਆ ਬੁਨਿਆਦੀ ਢਾਂਚੇ ਨਾਲ ਸਬੰਧਤ ਵਿਆਪਕ ਪ੍ਰੋਜੈਕਟਾਂ ਵਿੱਚ ਤੇਜ਼ੀ ਲਿਆਂਦੀ ਹੈ। 52 ਕਰੋੜ ਰੁਪਏ ਦੇ ਕੰਮਾਂ ਲਈ ਪਹਿਲਾਂ ਹੀ ਟੈਂਡਰ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਕੰਮ ਸ਼ੁਰੂ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦੀ ਉਸਾਰੀ ਵਿੱਚ ਪੰਦਰਵਾੜੇ ਦੇ ਅੰਦਰ-ਅੰਦਰ ਹੋਰ ਤੇਜ਼ੀ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ, 30 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਵਾਲੇ ਪ੍ਰੋਜੈਕਟ ਵਿਚਾਰ ਅਧੀਨ ਹਨ।

ਇਸ ਪਹਿਲਕਦਮੀ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਸ. ਬੈਂਸ ਨੇ ਕਿਹਾ, ਸਾਡੇ ਲੋਕਾਂ ਦੀ ਸੁਰੱਖਿਆ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ। ਪਿਛਲੇ ਸਾਲ ਆਏ ਭਿਆਨਕ ਹੜ੍ਹਾਂ ਨੇ ਸਾਨੂੰ ਸਬਕ ਸਿਖਾਇਆ ਹੈ। ਅਸੀਂ ਠੋਸ ਅਤੇ ਲੰਬੇ ਸਮੇਂ ਦੀ ਸੁਰੱਖਿਆ ਨੂੰ ਯਕੀਨੀ ਬਣਾ ਰਹੇ ਹਾਂ।

ਪ੍ਰਮੁੱਖ ਪ੍ਰੋਜੈਕਟਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ, ਸ. ਬੈਂਸ ਨੇ ਕਿਹਾ, ਪਿੰਡ ਦਸਗਰਾਈਂ ਅਤੇ ਮਹੈਣ ਨੂੰ ਡੰਗੇ ਦੇ ਨਿਰਮਾਣ ਲਈ 1 ਕਰੋੜ ਰੁਪਏ ਦੀ ਰਾਸ਼ੀ ਮਿਲੇਗੀ। ਪਿੰਡ ਹਰਸਾ ਬੇਲਾ, ਜਿੱਥੇ ਪਿਛਲੇ ਸਾਲ 4.5 ਕਰੋੜ ਰੁਪਏ ਦੇ ਹੜ੍ਹ ਸੁਰੱਖਿਆ ਕਾਰਜ ਕੀਤੇ ਗਏ ਸਨ, ਨੂੰ ਅੱਪਗ੍ਰੇਡ ਕੀਤੇ ਡਿਜ਼ਾਈਨ ਵਾਲੇ 2,200 ਫੁੱਟ ਲੰਬੇ ਡੰਗੇ ਦੇ ਨਿਰਮਾਣ ਲਈ 9 ਕਰੋੜ ਰੁਪਏ ਦੀ ਰਾਸ਼ੀ ਦਿੱਤੀ ਜਾਵੇਗੀ।

ਮੰਤਰੀ ਨੇ ਕਿਹਾ, ਪਿੰਡ ਮਹਿੰਦਲੀ ਕਲਾਂ ਨੂੰ 8.75 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਇੱਕ ਨਵਾਂ 1,800 ਫੁੱਟ ਲੰਬਾ ਡੰਗਾ ਮਿਲੇਗਾ, ਜਿੱਥੇ ਮੈਂ ਪਿਛਲੇ ਸਾਲ ਬਚਾਅ ਕਾਰਜਾਂ ਦੌਰਾਨ ਨਿੱਜੀ ਤੌਰ 'ਤੇ ਸੇਵਾ ਕੀਤੀ ਸੀ। ਪਿੰਡ ਅਗਮਪੁਰ ਵਿੱਚ ਪਿੰਡ ਅਤੇ ਪੁਲ ਦੀ ਸੁਰੱਖਿਆ ਲਈ 12 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਵਿਸ਼ਾਲ 3,200 ਫੁੱਟ ਲੰਬਾ ਡੰਗਾ (ਰੈਵੇਟਮੈਂਟ) ਬਣਾਇਆ ਜਾਵੇਗਾ।

ਉਨ੍ਹਾਂ ਕਿਹਾ, ਪਿੰਡ ਬੁਰਜ ਵਿਖੇ 7 ਕਰੋੜ ਰੁਪਏ ਦੀ ਲਾਗਤ ਨਾਲ 700 ਫੁੱਟ ਲੰਬਾ ਰੈਵੇਟਮੈਂਟ ਬਣਾਇਆ ਜਾਵੇਗਾ। ਇਸੇ ਤਰ੍ਹਾਂ, ਪਿੰਡ ਅਜੌਲੀ ਵਿਖੇ 3.5 ਕਰੋੜ ਰੁਪਏ ਦੀ ਲਾਗਤ ਨਾਲ 700 ਫੁੱਟ ਲੰਬਾ ਰੈਵੇਟਮੈਂਟ ਬਣਾਇਆ ਜਾਵੇਗਾ, ਜਦੋਂ ਕਿ ਪਿੰਡ ਲੋਧੀਪੁਰ ਨੂੰ 9 ਕਰੋੜ ਰੁਪਏ ਦੀ ਲਾਗਤ ਨਾਲ 2,000 ਫੁੱਟ ਲੰਬੇ ਰੈਵੇਟਮੈਂਟ ਨਾਲ ਸੁਰੱਖਿਅਤ ਕੀਤਾ ਜਾਵੇਗਾ।

ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਪ੍ਰਮੁੱਖ ਥਾਵਾਂ ਤੋਂ ਇਲਾਵਾ ਭਲਾਣ, ਤ੍ਰਿਵੇਣੀ ਮੰਦਰ, ਨਾਨਗਰਾਂ ਸਮੇਤ ਹੋਰ ਪਿੰਡਾਂ ਲਈ ਵੀ ਹੜ੍ਹ ਸੁਰੱਖਿਆ ਕਾਰਜ ਪ੍ਰਗਤੀ ਅਧੀਨ ਹਨ ਜਾਂ ਮਨਜ਼ੂਰ ਕੀਤੇ ਗਏ ਹਨ।

ਬੈਂਸ ਨੇ ਕਿਹਾ, ਇਹਨਾਂ ਪ੍ਰੋਜੈਕਟਾਂ ਵਿੱਚ 11,000 ਫੁੱਟ ਲੰਮੇ ਡੰਗਿਆਂ ਦਾ ਨਿਰਮਾਣ ਸ਼ਾਮਲ ਹੈ। ਅਸੀਂ ਪਹਿਲਾਂ ਹੀ ਜ਼ਮੀਨੀ ਕੰਮ ਮੁਕੰਮਲ ਕਰ ਲਿਆ ਹੈ ਅਤੇ ਸਥਾਨਕ ਮੰਗਾਂ ਦੇ ਆਧਾਰ 'ਤੇ ਇਸ ਦੇ ਵਿਸਥਾਰ ਲਈ ਵਚਨਬੱਧ ਹਾਂ। ਮਾਨਸੂਨ ਦੀ ਸ਼ੁਰੂਆਤ ਤੋਂ ਪਹਿਲਾਂ ਇਲਾਕਾ ਨਿਵਾਸੀਆਂ ਨੂੰ ਭਰੋਸਾ ਦਿਵਾਇਆ ਉਨ੍ਹਾਂ ਕਿਹਾ, ਮੈਂ ਨਿੱਜੀ ਤੌਰ 'ਤੇ ਇਨ੍ਹਾਂ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਨਿਗਰਾਨੀ ਕਰ ਰਿਹਾ ਹਾਂ ਅਤੇ ਮੈਂ ਇਸ ਮਾਨਸੂਨ ਦੀ ਸ਼ੁਰੂਆਤ ਤੋਂ ਪਹਿਲਾਂ ਹੜ੍ਹ ਸੁਰੱਖਿਆ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।

# ਮੋਹਿੰਦਰ ਭਗਤ ਨੇ ਮਹਾਸ਼ਿਵਰਾਤਰੀ ਮੌਕੇ ਸੂਬਾ ਤੇ ਦੇਸ਼ ਵਾਸੀਆਂ ਦੀ ਤਰੱਕੀ ਤੇ ਖ਼ੁਸ਼ਹਾਲੀ ਲਈ ਕੀਤੀ ਪ੍ਰਾਰਥਨਾ



**ਜਲੰਧਰ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਮਹਾਸ਼ਿਵਰਾਤਰੀ ਮੌਕੇ ਭਗਵਾਨ ਸ਼ਿਵ ਅੱਗੇ ਸੂਬਾ ਅਤੇ ਦੇਸ਼ ਵਾਸੀਆਂ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਪ੍ਰਾਰਥਨਾ ਕੀਤੀ।

ਇਥੇ ਸਨਾਤਨ ਸੇਵਾ ਸਮਿਤੀ (ਦੋਆਬਾ ਜ਼ੋਨ) ਜ਼ਿਲ੍ਹਾ ਜਲੰਧਰ ਵੱਲੋਂ ਮਹਾਸ਼ਿਵਰਾਤਰੀ ਮੌਕੇ ਮਾਡਲ ਹਾਊਸ ਸਥਿਤ ਸ਼੍ਰੀ ਲਕਸ਼ਮੀ ਨਾਰਾਇਣ ਮੰਦਿਰ ਵਿਖੇ ਕਰਵਾਏ ਗਏ ਸੰਕੀਰਤਨ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਕੈਬਨਿਟ ਮੰਤਰੀ ਨੇ ਸਭ ਨੂੰ ਮਹਾਸ਼ਿਵਰਾਤਰੀ ਦੇ ਤਿਉਹਾਰ ਦੀ ਤਹਿ ਦਿਲੋਂ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਨਾਲ ਮੇਅਰ ਵਿਨੀਤ ਧੀਰ ਅਤੇ ਸੀਨੀਅਰ 'ਆਪ' ਆਗੂ ਨਿਤਿਨ ਕੋਹਲੀ, ਸੰਗਠਨ ਰਾਸ਼ਟਰੀ ਪ੍ਰਧਾਨ ਵਿਜੇ ਸ਼ਰਮਾ ਵੀ ਮੌਜੂਦ ਸਨ।

ਸ਼੍ਰੀ ਭਗਤ ਨੇ ਕਿਹਾ ਕਿ ਇਸ ਪਵਿੱਤਰ ਤਿਉਹਾਰ ਮੌਕੇ ਸਾਨੂੰ ਸਭ ਨੂੰ ਸਮਾਜ ਵਿੱਚ ਪ੍ਰੇਮ, ਏਕਤਾ ਅਤੇ ਸਾਂਝੀਵਾਲਤਾ ਨੂੰ ਮਜ਼ਬੂਤ ਕਰਨ ਲਈ ਯਤਨ ਕਰਨ ਦਾ ਪ੍ਰਣ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਪਵਿੱਤਰ ਤਿਉਹਾਰ ਤੇ ਸਮਾਗਮ ਸਾਨੂੰ ਆਪਸ ਵਿੱਚ ਜੋੜ ਕੇ ਰੱਖਣ ਅਤੇ ਆਪਸੀ ਭਾਈਚਾਰੇ ਦੀਆਂ ਤੰਦਾਂ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸਮਾਗਮ ਵਿੱਚ ਸੰਗਠਨ ਦੇ ਮਹਾਂਮੰਤਰੀ ਅਲੋਕ ਨਾਗਪਾਲ, ਜ਼ੋਨ ਪ੍ਰਧਾਨ ਪਰਵਿੰਦਰ ਬਹਿਲ, ਜ਼ੋਨ ਮਹਾਂਮੰਤਰੀ ਸ਼ਾਂਤ ਗੁਪਤਾ, ਮੰਤਰੀ ਸੁਭਾਸ਼ ਸ਼ਰਮਾ, ਕੌਂਸਲਰ ਸੌਰਭ ਸੇਠ, ਕੌਂਸਲਰ ਰਾਜੀਵ ਓਂਕਾਰ ਟਿੱਕਾ, ਕੌਂਸਲਰ ਰੋਮੀ ਵਧਵਾ, ਜ਼ਿਲ੍ਹਾ ਸੰਗਠਨ ਪ੍ਰਧਾਨ ਯਸ਼ ਚੱਢਾ, ਜ਼ਿਲ੍ਹਾ ਉਪ ਪ੍ਰਧਾਨ ਰਾਜੇਸ਼ ਮਿੱਡਾ, ਵਿਸ਼ਾਲ ਸ਼ਰਮਾ, ਅਰੁਣ ਅਰੋੜਾ, ਅਤੁਲ ਨਾਗਪਾਲ, ਧਵਲ ਖੰਨਾ, ਦੀਪਕ ਸ਼ਰਮਾ ਆਦਿ ਵੀ ਮੌਜੂਦ ਸਨ।

# ਆਬਕਾਰੀ ਵਿਭਾਗ ਵੱਲੋਂ ਨਾਜਾਇਜ਼ ਸ਼ਰਾਬ ਖਿਲਾਫ਼ ਕਾਰਵਾਈ, ਐਫ.ਆਈ.ਆਰ. ਦਰਜ

## ਦੋ ਵੱਖ-ਵੱਖ ਛਾਪਿਆਂ ਦੌਰਾਨ 62 ਲੀਟਰ ਤੋਂ ਵੱਧ ਸ਼ਰਾਬ ਬਰਾਮਦ; 2 ਗ੍ਰਿਫ਼ਤਾਰ



**ਜਲੰਧਰ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ (ਆਬਕਾਰੀ) ਐਸ.ਕੇ. ਗਰਗ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਆਬਕਾਰੀ ਵਿਭਾਗ ਵੱਲੋਂ ਜਲੰਧਰ ਵਿੱਚ ਦੋ ਛਾਪੇਮਾਰੀਆਂ ਦੌਰਾਨ ਵੱਡੀ ਮਾਤਰਾ ਵਿੱਚ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ ਅਤੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਕਾਰਵਾਈ ਸਹਾਇਕ ਕਮਿਸ਼ਨਰ (ਆਬਕਾਰੀ), ਜਲੰਧਰ ਰੇਂਜ-2, ਨਵਜੀਤ ਸਿੰਘ ਦੀ ਨਿਗਰਾਨੀ ਹੇਠ ਕੀਤੀ ਗਈ।

ਪਹਿਲੀ ਛਾਪੇਮਾਰੀ ਦੌਰਾਨ ਆਬਕਾਰੀ ਅਧਿਕਾਰੀ ਜਸਪ੍ਰੀਤ ਸਿੰਘ, ਸਰਕਲ ਬਸਤੀ ਬਾਵਾ ਖੇਲ ਦੇ ਆਬਕਾਰੀ ਇੰਸਪੈਕਟਰ ਮਨਜੀਤ ਸਿੰਘ ਢੀਂਡਸਾ ਦੀ ਟੀਮ ਵੱਲੋਂ ਆਬਕਾਰੀ ਪੁਲਿਸ ਦੇ ਨਾਲ ਸੂਚਨਾ ਦੇ ਆਧਾਰ 'ਤੇ ਕਪੂਰਥਲਾ ਰੋਡ, ਬਸਤੀ ਬਾਵਾ ਖੇਲ ਦੇ ਰਾਜ ਨਗਰ ਵਿੱਚ ਇੱਕ ਜੂਸ ਕਾਰਨਰ ਦੇ ਪਿਛਲੇ ਪਾਸੇ ਸਥਿਤ ਇੱਕ ਦੁਕਾਨ ਦੇ ਬੇਸਮੈਂਟ ਵਿੱਚ ਤਲਾਸ਼ੀ ਲਈ ਗਈ। ਚੈਕਿੰਗ ਦੌਰਾਨ, 230 ਨਿਪਸ (41.4 ਲੀਟਰ) 'ਪੰਜਾਬ ਕਿੰਗ' ਸ਼ਰਾਬ ਬਰਾਮਦ ਕੀਤੀ ਗਈ। ਮੁਲਜ਼ਮ ਬਲਦੀਪ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਬਸਤੀ ਬਾਵਾ ਖੇਲ ਨੂੰ ਮੌਕੇ 'ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਐਫ.ਆਈ.ਆਰ. ਨੰਬਰ 36 ਮਿਤੀ 14.02.2026 ਥਾਣਾ ਬਸਤੀ ਬਾਵਾ ਖੇਲ ਵਿਖੇ ਦਰਜ ਕੀਤੀ ਗਈ ਹੈ।

ਇੱਕ ਹੋਰ ਕਾਰਵਾਈ ਵਿੱਚ ਆਬਕਾਰੀ ਸਰਕਲ ਜਲੰਧਰ ਉੱਤਰੀ ਦੇ ਆਬਕਾਰੀ ਇੰਸਪੈਕਟਰ ਸੋਮੰਤ ਮਾਹੀ ਵੱਲੋਂ ਪੁਲਿਸ ਸਟੇਸ਼ਨ ਮਕਸੂਦਾਂ ਦੀ ਸਥਾਨਕ ਪੁਲਿਸ ਦੇ ਨਾਲ ਪਿੰਡ ਕਾਨਪੁਰ ਵਿੱਚ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ ਟੀਮ ਨੇ 57 ਪਿੰਟਸ (21.375 ਲਿਟਰ) 'ਪੰਜਾਬ ਕਿੰਗ' ਸ਼ਰਾਬ ਬਰਾਮਦ ਕੀਤੀ। ਮੁਲਜ਼ਮ ਗੋਪੀ ਭਗਤ, ਪੱਛਮੀ ਮਨੋਹਰਪੁਰ, ਮਧੇਪੁਰਾ (ਬਿਹਾਰ) ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਪੁਲਿਸ ਸਟੇਸ਼ਨ ਮਕਸੂਦਾਂ ਵਿਖੇ ਐਫ.ਆਈ.ਆਰ. ਦਰਜ ਕੀਤੀ ਜਾ ਰਹੀ ਹੈ। ਸਹਾਇਕ ਕਮਿਸ਼ਨਰ ਨਵਜੀਤ ਸਿੰਘ ਨੇ ਦੁਹਰਾਇਆ ਕਿ ਗੈਰ-ਕਾਨੂੰਨੀ ਸ਼ਰਾਬ ਦੇ ਕਾਰੋਬਾਰ ਵਿਰੁੱਧ ਆਉਣ ਵਾਲੇ ਦਿਨਾਂ ਵਿੱਚ ਵੀ ਸਖ਼ਤ ਕਾਰਵਾਈ ਜਾਰੀ ਰਹੇਗੀ।

# ਪੰਜਾਬ ਦੀਆਂ ਯੂਨੀਵਰਸਿਟੀਆਂ 'ਚ ਹਰਿਆਣਾ ਦੇ ਲੀਡਰਾਂ ਦੀ 'ਨੋ ਐਂਟਰੀ': ਗੈਰੀ ਬੜਿੰਗ

**ਚੰਡੀਗੜ੍ਹ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਅਮਲੋਹ ਵਿੱਚ ਅੱਜ ਸਿਆਸੀ ਮਾਹੌਲ ਉਸ ਵੇਲੇ ਗਰਮਾ ਗਿਆ ਜਦੋਂ ਦੇਸ਼ ਭਗਤ ਯੂਨੀਵਰਸਿਟੀ ਦੇ ਗੇਟ ਅੱਗੇ ਆਮ ਆਦਮੀ ਪਾਰਟੀ ਨੇ ਭਾਜਪਾ ਅਤੇ ਕੇਂਦਰ ਸਰਕਾਰ ਖਿਲਾਫ ਮੋਰਚਾ ਖੋਲ੍ਹ ਦਿੱਤਾ। ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਵਿੱਚ ਇਕੱਠੇ ਹੋਏ ਸੈਂਕੜੇ ਕਾਰਕੰਨਾਂ ਨੇ ਜਿੱਥੇ ਭਾਰਤ-ਅਮਰੀਕਾ ਵਪਾਰ ਸਮਝੌਤੇ ਦੀ ਜੰਮ ਕੇ ਮੁਖਾਲਫ਼ਤ ਕੀਤੀ, ਉੱਥੇ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕ ਕੇ ਆਪਣੀ ਨਾਰਾਜ਼ਗੀ ਜ਼ਾਹਿਰ ਕੀਤੀ। ਵਿਧਾਇਕ ਬੜਿੰਗ ਨੇ ਬੇਹੱਦ ਸਖ਼ਤ ਲਹਿਜ਼ੇ ਵਿੱਚ ਕਿਹਾ ਕਿ ਪੰਜਾਬ ਦੀਆਂ ਯੂਨੀਵਰਸਿਟੀਆਂ ਦੇ ਪ੍ਰੋਗਰਾਮਾਂ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਜਾਂ ਉਨ੍ਹਾਂ ਦੇ ਆਗੂਆਂ ਦੀ ਦਖ਼ਲਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਖੁਲਾਸਾ ਕੀਤਾ ਕਿ ਯੂਨੀਵਰਸਿਟੀ ਦੇ ਸਮਾਗਮ ਵਿੱਚ ਪੰਜਾਬ ਦੇ ਰਾਜਪਾਲ ਗੁਲਾਬ ਚੰਦ



ਕਟਾਰੀਆ ਨੇ ਆਉਣਾ ਸੀ ਪਰ ਉਨ੍ਹਾਂ ਦੀ ਜਗ੍ਹਾ ਹਰਿਆਣਾ ਦੇ 3$ ਨਾਇਬ ਸਿੰਘ ਸੈਣੀ ਨੂੰ ਭੇਜਣਾ ਸਿਰਫ਼ ਰਾਜਨੀਤੀ ਤੋਂ ਪ੍ਰੇਰਿਤ ਹੈ।

ਇਸ ਮੌਕੇ ਕਿਸਾਨੀ ਮੁੱਦਿਆਂ 'ਤੇ ਬੋਲਦਿਆਂ ਵਿਧਾਇਕ ਨੇ ਦੋਸ਼ ਲਾਇਆ ਕਿ ਭਾਰਤ-ਅਮਰੀਕਾ ਵਪਾਰਕ ਸਮਝੌਤੇ ਵਿੱਚ ਕਿਸਾਨਾਂ ਦੇ ਹਿੱਤਾਂ ਨੂੰ ਪੂਰੀ ਤਰ੍ਹਾਂ ਅੱਖੋਂ-ਪਰੋਖੇ ਕੀਤਾ ਗਿਆ ਹੈ। ਉਨ੍ਹਾਂ ਐਲਾਨ ਕੀਤਾ ਕਿ ਪੰਜਾਬ ਵਿੱਚ ਹੁਣ ਭਾਜਪਾ ਮੰਤਰੀਆਂ ਦਾ ਡਟਵਾਂ ਵਿਰੋਧ ਹੋਵੇਗਾ।

ਧਰਨੇ ਦੌਰਾਨ ਜ਼ਿਲ੍ਹਾ ਪਰਿਸ਼ਦ ਮੈਂਬਰ ਸ਼ਿੰਗਾਰਾ ਸਿੰਘ ਸਲਾਣਾ, ਮੰਡੀ ਗੋਬਿੰਦਗੜ੍ਹ ਕੌਂਸਲ ਦੇ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਅਤੇ ਕਈ ਪ੍ਰਮੁੱਖ ਸਰਪੰਚਾਂ ਤੇ ਕੌਂਸਲਰਾਂ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ। ਸਾਰਿਆਂ ਨੇ ਇੱਕਸੁਰ ਵਿੱਚ ਕਿਹਾ ਕਿ ਪੰਜਾਬ ਦੇ ਅਧਿਕਾਰਾਂ ਅਤੇ ਕਿਸਾਨਾਂ ਦੇ ਹੱਕਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।

# ਮਹਾਂਸ਼ਿਵਰਾਤਰੀ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਕੱਢੀ

**ਸੁਨਾਮ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਸ਼੍ਰੀ ਸੀਤਾਸਰ ਮੰਦਿਰ ਵੱਲੋਂ ਮਹਾਂਸ਼ਿਵਰਾਤਰੀ ਦੇ ਪਾਵਨ ਉਤਸਵ ਨੂੰ ਸਮਰਪਿਤ ਕੱਢੀ ਗਈ ਵਿਸ਼ਾਲ ਸ਼ੋਭਾ ਯਾਤਰਾ ਵਿੱਚ ਭਾਜਪਾ ਦੀ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਹਾਜ਼ਰੀ ਭਰੀ। ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਕਿਹਾ ਕਿ ਮਹਾਂਸ਼ਿਵਰਾਤਰੀ ਸਿਰਫ਼ ਧਾਰਮਿਕ ਆਸਥਾ ਦਾ ਤਿਉਹਾਰ ਹੀ ਨਹੀਂ, ਸਗੋਂ ਸੱਚਾਈ, ਸਹਿਣਸ਼ੀਲਤਾ ਅਤੇ ਆਤਮਿਕ ਸ਼ਕਤੀ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਮਾਜ ਵਿੱਚ ਭਾਈਚਾਰੇ, ਏਕਤਾ ਅਤੇ ਸਾਂਝੇ ਸੰਸਕਾਰਾਂ ਨੂੰ ਮਜ਼ਬੂਤ ਕਰਦੇ ਹਨ।

ਉਨ੍ਹਾਂ ਸਭ ਭਗਤਾਂ ਨੂੰ ਮਹਾਂਸ਼ਿਵਰਾਤਰੀ ਦੀਆਂ ਹਾਰਦਿਕ ਵਧਾਈਆਂ ਦਿੰਦਿਆਂ ਕਿਹਾ ਕਿ ਸਾਨੂੰ ਆਪਣੇ ਜੀਵਨ ਵਿੱਚ ਭਗਵਾਨ ਸ਼ਿਵ ਦੇ ਆਦਰਸ਼ਾਂ ਨੂੰ ਅਪਣਾਉਣਾ ਚਾਹੀਦਾ ਹੈ।

ਕੌਮੀ ਪੱਤ੍ਰਿਕਾ 

# ਭਗਵੰਤ ਮਾਨ ਵੱਲੋਂ ਨਸ਼ਿਆਂ ਵਿਰੁੱਧ ਜੰਗ ਦਾ ਸੱਦਾ

## ਪਿਛਲੇ ਸਮੇਂ ਵਿੱਚ ਸਰਕਾਰਾਂ ਵੱਲੋਂ ਕੁੱਝ ਲੀਡਰਾਂ ਨੇ ਪੈਸੇ ਦੀ ਹਵਸ ਕਾਰਨ ਸੂਬੇ ਨੂੰ ਕਲੰਕਿਤ ਕੀਤਾ: ਅਰੋੜਾ

**ਮੋਗਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੇ ਪਿੰਡ ਕਿੱਲੀ ਚਾਹਲ ਵਿਖੇ ਆਮ ਆਦਮੀ ਪਾਰਟੀ ਦੀ ਮੈਗਾ ਰੈਲੀ ਵਿੱਚ ਆਪਣੀ ਸ਼ਮੂਲੀਅਤ ਨੂੰ ਲੈ ਕੇ ਕਈ ਘੰਟਿਆਂ ਦੇ ਸਸਪੈਂਸ ਨੂੰ ਖ਼ਤਮ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰੈਲੀ ਵਿੱਚ ਪਹੁੰਚੇ ਅਤੇ ਨਸ਼ਿਆਂ ਵਿਰੁੱਧ ਜੰਗ ਨੂੰ ਤੇਜ਼ ਕਰਨ ਦਾ ਸਪੱਸ਼ਟ ਸੱਦਾ ਦਿੱਤਾ। ਇਕੱਠ ਨਾਲ ਭਾਵੁਕ ਸਾਂਝ ਪਾਉਂਦਿਆਂ ਉਨ੍ਹਾਂ ਨੇ ਜ਼ਿੰਦਗੀ ਜ਼ਿੰਦਾਬਾਦ, ਨੌ ਮੁਰਦਾਬਾਦ ਦਾ ਨਾਅਰਾ ਬੁਲੰਦ ਕੀਤਾ ਅਤੇ ਆਪਣੇ ਸੰਬੋਧਨ ਦੀ ਸਮਾਪਤੀ ਲਵ ਯੂ ਆਲ (Love you all) ਨਾਲ ਕੀਤੀ।



ਸੂਬੇ ਵਿੱਚ ਨਸ਼ਿਆਂ ਵਿਰੁੱਧ ਲੜਾਈ ਦੇ ਦੂਜੇ ਪੜਾਅ ਦੀ ਸ਼ੁਰੂਆਤ ਕਰਦਿਆਂ ਮੁੱਖ ਮੰਤਰੀ ਨੇ ਪਿਛਲੀਆਂ ਸਰਕਾਰਾਂ 'ਤੇ ਤਿੱਖਾ ਹਮਲਾ ਕਰਦਿਆਂ ਦੋਸ਼ ਲਾਇਆ ਕਿ ਪਿਛਲੀਆਂ ਹਕੂਮਤਾਂ ਨੇ ਸਿਆਸੀ ਅਤੇ ਵਿੱਤੀ ਲਾਭਾਂ ਲਈ ਪੰਜਾਬ ਨੂੰ ਨਸ਼ਿਆਂ ਦੇ ਦਲਦਲ ਵਿੱਚ ਧੱਕ ਦਿੱਤਾ ਸੀ। ਉਨ੍ਹਾਂ ਕਿਹਾ, ਅਸੀਂ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜ ਰਹੇ ਹਾਂ, ਨਸ਼ੇੜੀਆਂ ਦਾ ਮੁੜ ਵਸੇਬਾ ਕਰ ਰਹੇ ਹਾਂ ਅਤੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰ ਰਹੇ ਹਾਂ। ਹੁਣ ਨਸ਼ਿਆਂ ਵਿਰੁੱਧ ਇੱਕ 'ਲੋਕ ਲਹਿਰ' ਖੜ੍ਹੀ ਹੋ ਗਈ ਹੈ, ਅਤੇ ਇਹ ਸਮੂਹਿਕ ਸੰਕਲਪ ਹੀ ਇਸ ਲਾਹਣਤ ਨੂੰ ਖ਼ਤਮ ਕਰਨ ਦਾ ਇੱਕੋ ਇੱਕ ਤਰੀਕਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਨੂੰ ਬਰਬਾਦ ਕਰਨ ਵਾਲਿਆਂ ਨੂੰ ਜੜ੍ਹੋਂ ਪੁੱਟਣ ਲਈ ਵਚਨਬੱਧ ਹੈ।

ਮਾਨ ਨੇ ਕਿਹਾ ਕਿ 1 ਮਾਰਚ, 2025 ਨੂੰ ਸੂਬੇ ਦੀ ਨਸ਼ਾ ਵਿਰੋਧੀ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਇਸ ਮੁਹਿੰਮ ਨੂੰ ਭਰਵਾਂ ਜਨਤਕ ਸਮਰਥਨ ਮਿਲਿਆ ਹੈ। ਉਨ੍ਹਾਂ ਕਿਹਾ, ਸ਼ੁਰੂ ਵਿੱਚ ਲੋਕ ਸ਼ੰਕੇ ਵਿੱਚ ਸਨ, ਪਰ ਜਿਵੇਂ-ਜਿਵੇਂ ਦਿਨ ਬੀਤਦੇ ਗਏ, ਉਨ੍ਹਾਂ ਦਾ ਵਿਸ਼ਵਾਸ ਪੱਕਾ ਹੁੰਦਾ ਗਿਆ। ਇਹ ਲੋਕਾਂ ਦਾ ਭਰੋਸਾ ਹੀ ਹੈ ਜਿਸ ਨੇ ਸਾਨੂੰ ਦ੍ਰਿੜਤਾ ਨਾਲ ਕੰਮ ਕਰਨ ਦੀ ਤਾਕਤ ਦਿੱਤੀ ਹੈ।

ਵਿਲੇਜ ਡਿਫੈਂਸ ਕਮੇਟੀਆਂ (ਾ43↔) ਦੀ ਭੂਮਿਕਾ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ ਕਿ 1.5 ਲੱਖ ਤੋਂ ਵੱਧ ਮੈਂਬਰਾਂ ਦੀ ਭਰਤੀ ਕੀਤੀ ਗਈ ਹੈ, ਜਿਨ੍ਹਾਂ ਵਿੱਚੋਂ 70,000 ਤੋਂ ਵੱਧ ਨੂੰ ਪਛਾਣ ਪੱਤਰ ਜਾਰੀ ਕੀਤੇ ਜਾ ਚੁੱਕੇ ਹਨ। ਹਰੇਕ ਾ43 ਮੈਂਬਰ ਨੂੰ ਨਸ਼ਾ ਤਸਕਰਾਂ ਬਾਰੇ ਗੁਪਤ ਰੂਪ ਵਿੱਚ ਜਾਣਕਾਰੀ ਸਾਂਝੀ ਕਰਨ ਲਈ ਇੱਕ ਮੋਬਾਈਲ ਐਪਲੀਕੇਸ਼ਨ ਦੀ ਸਹੂਲਤ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ 33,000 ਤੋਂ ਵੱਧ ਸੂਹਾਂ ਮਿਲੀਆਂ ਹਨ, ਜਿਨ੍ਹਾਂ ਦੇ ਆਧਾਰ 'ਤੇ ਲਗਪਗ 17,000 ਗ੍ਰਿਫ਼ਤਾਰੀਆਂ ਹੋਈਆਂ ਹਨ। ਸੂਚਨਾ ਦੇਣ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਂਦੀ ਹੈ। ਉਨ੍ਹਾਂ ਹਰ ਨਿਵਾਸੀ ਨੂੰ ਇਸ ਲਹਿਰ ਦਾ ਹਿੱਸਾ ਬਣਨ ਦੀ ਅਪੀਲ ਕੀਤੀ।

ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਨੌਜਵਾਨਾਂ ਦੀ ਊਰਜਾ ਨੂੰ ਖੇਡਾਂ ਵੱਲ ਲਗਾਉਣ ਲਈ ਹਰ ਪਿੰਡ ਵਿੱਚ ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ 60,000 ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਦੀ ਸਪਲਾਈ ਯਕੀਨੀ ਬਣਾਈ ਗਈ ਹੈ।

ਰੈਲੀ ਨੂੰ ਸੰਬੋਧਨ ਕਰਦਿਆਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਉਹ ਸੂਬਾ ਸਰਕਾਰ ਦੇ ਇਰਾਦੇ ਨੂੰ ਹੋਰ ਮਜ਼ਬੂਤ ਕਰਨ ਲਈ ਇੱਥੇ ਆਏ ਹਨ। ਉਨ੍ਹਾਂ ਨੇ ਪਿਛਲੇ ਸਮੇਂ ਵਿੱਚ ਨਸ਼ਾ ਨੈੱਟਵਰਕਾਂ ਦੀ ਸਰਪ੍ਰਸਤੀ ਕਰਨ ਲਈ ਭਾਜਪਾ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਜ਼ਿੰਮੇਵਾਰ ਠਹਿਰਾਇਆ।

# ਧਾਰਮਿਕ ਸਥਾਨਾਂ 'ਤੇ ਔਰਤਾਂ ਨਾਲ ਵਿਤਕਰੇ ਬਾਰੇ ਪਟੀਸ਼ਨਾਂ 'ਤੇ ਸੁਣਵਾਈ ਕਰੇਗਾ 9 ਜੱਜਾਂ ਦਾ ਸੁਪਰੀਮ ਕੋਰਟ ਬੈਂਚ

**ਨਵੀਂ ਦਿੱਲੀ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਸੋਮਵਾਰ ਨੂੰ ਕਿਹਾ ਕਿ ਕੇਰਲ ਦੇ ਸਬਰੀਮਾਲਾ ਮੰਦਰ ਸਮੇਤ ਧਰਮਾਂ ਅਤੇ ਧਾਰਮਿਕ ਸਥਾਨਾਂ 'ਤੇ ਔਰਤਾਂ ਨਾਲ ਹੁੰਦੇ ਵਿਤਕਰੇ ਨਾਲ ਸਬੰਧਤ ਪਟੀਸ਼ਨਾਂ ਦੇ ਸਮੂਹ 'ਤੇ ਨੌਂ ਜੱਜਾਂ ਦਾ ਬੈਂਚ ਅੰਤਿਮ ਸੁਣਵਾਈ ਸ਼ੁਰੂ ਕਰੇਗਾ। ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਅਤੇ ਵਿਪੁਲ ਐੱਮ ਪੰਚੋਲੀ ਦੀ ਸ਼ਮੂਲੀਅਤ ਵਾਲੇ ਬੈਂਚ ਨੇ ਕਿਹਾ ਕਿ ਸੀ ਜੇ ਆਈ ਵੱਲੋਂ ਗਠਿਤ ਕੀਤਾ ਜਾਣ ਵਾਲਾ ਇਹ ਬੈਂਚ 7 ਅਪਰੈਲ ਨੂੰ ਇਨ੍ਹਾਂ ਅਹਿਮ ਪਟੀਸ਼ਨਾਂ 'ਤੇ ਸੁਣਵਾਈ ਸ਼ੁਰੂ ਕਰੇਗਾ ਅਤੇ ਉਮੀਦ ਹੈ ਕਿ ਇਹ ਸੁਣਵਾਈ 22 ਅਪਰੈਲ ਤੱਕ ਮੁਕੰਮਲ ਹੋ ਜਾਵੇਗੀ। ਅਦਾਲਤ ਨੇ ਸਾਰੀਆਂ ਧਿਰਾਂ ਨੂੰ 14 ਮਾਰਚ ਤੱਕ ਆਪਣੇ ਲਿਖਤੀ ਬਿਆਨ ਦਰਜ ਕਰਨ ਦੇ ਨਿਰਦੇਸ਼ ਦਿੱਤੇ ਹਨ।



ਕੇਂਦਰ ਵੱਲੋਂ ਪੇਸ਼ ਹੋਏ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਸਬਰੀਮਾਲਾ ਦੇ ਉਸ ਫੈਸਲੇ ਦੀ ਸਮੀਖਿਆ ਦੀਆਂ ਪਟੀਸ਼ਨਾਂ ਦਾ ਸਮਰਥਨ ਕੀਤਾ ਜਿਸ ਵਿੱਚ ਸਾਰੀਆਂ ਉਮਰ ਵਰਗ ਦੀਆਂ ਔਰਤਾਂ ਨੂੰ ਮੰਦਰ ਵਿੱਚ ਪ੍ਰਵੇਸ਼ ਦੀ ਇਜਾਜ਼ਤ ਦਿੱਤੀ ਗਈ ਸੀ। ਅਦਾਲਤ ਨੇ ਇਸ ਮਾਮਲੇ ਵਿੱਚ ਕ੍ਰਿਸ਼ਨਾ ਕੁਮਾਰ ਸਿੰਘ ਅਤੇ ਸ਼ਾਸ਼ਵਤੀ ਪਾਰੀ ਨੂੰ ਕ੍ਰਮਵਾਰ ਸਮੀਖਿਆ ਦੇ ਸਮਰਥਨ ਅਤੇ ਵਿਰੋਧ ਵਾਲੀਆਂ ਧਿਰਾਂ ਲਈ ਨੋਡਲ ਕੌਂਸਲ ਨਿਯੁਕਤ ਕੀਤਾ ਹੈ, ਜਦਕਿ ਸੀਨੀਅਰ ਐਡਵੋਕੇਟ ਕੇ ਪਰਮੇਸ਼ਵਰ ਅਤੇ ਸ਼ਿਵਮ ਸਿੰਘ ਨੂੰ 'ਐਮੀਕਸ ਕਿਊਰੀ' (ਅਦਾਲਤ ਦੇ ਸਹਾਇਕ) ਵਜੋਂ ਨਿਯੁਕਤ ਕੀਤਾ ਗਿਆ ਹੈ।

ਸੁਣਵਾਈ ਦੇ ਤੈਅ ਪ੍ਰੋਗਰਾਮ ਅਨੁਸਾਰ ਸਮੀਖਿਆ ਪਟੀਸ਼ਨਰਾਂ ਨੂੰ 7 ਤੋਂ 9 ਅਪਰੈਲ ਤੱਕ ਅਤੇ ਵਿਰੋਧ ਕਰਨ ਵਾਲਿਆਂ ਨੂੰ 14 ਤੋਂ 16 ਅਪਰੈਲ ਤੱਕ ਸੁਣਿਆ ਜਾਵੇਗਾ, ਜਿਸ ਤੋਂ ਬਾਅਦ 22 ਅਪਰੈਲ ਤੱਕ ਅੰਤਿਮ ਬਹਿਸ ਹੋਵੇਗੀ। ਇਹ 9 ਮੈਂਬਰੀ ਬੈਂਚ ਸੰਵਿਧਾਨ ਦੀ ਧਾਰਾ 25 ਅਤੇ 26 ਦੇ ਤਹਿਤ ਧਾਰਮਿਕ ਆਜ਼ਾਦੀ ਦੇ ਘੇਰੇ ਅਤੇ ਧਾਰਮਿਕ ਰੀਤਾਂ ਨੂੰ ਚੁਣੌਤੀ ਦੇਣ ਦੇ ਅਧਿਕਾਰਾਂ ਨਾਲ ਸਬੰਧਤ ਸੱਤ ਪ੍ਰਮੁੱਖ ਸਵਾਲਾਂ ਦੀ ਜਾਂਚ ਕਰੇਗਾ।

# ਫ੍ਰੈਂਕਲਿਨ ਟੇਮਪਲਟਨ ਇੰਡੀਆ ਕਾ ਰਾਸ਼ਟਰਵਿਆਪੀ ਕੈਂਪੇਨ 'ਚੇਂਜ ਦ ਸੋਚ'

**ਚੰਡੀਗੜ੍ਹ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਫਰੈਂਕਲਿਨ ਟੈਮਪਲਟਨ ਇੰਡੀਆ ਦਾ ਆਪਣੀ ਤਰ੍ਹਾਂ ਦਾ ਪਹਿਲਾ ਦੇਸ਼ਵਿਆਪੀ ਕੈਂਪੇਨ ਪਠਾਨਕੋਟ ਸ਼ਹਿਰ ਪਹੁੰਚਣਾ, ਭਾਰਤ ਵਿੱਚ ਫ੍ਰੈਂਕਲਿਨ ਟੈਂਪਲਟਨ ਦੇ 30 ਸਾਲ ਪੂਰੇ ਹੋਣ ਵਾਲੇ ਮੌਕੇ ਉੱਤੇ ਇਹ 30-ਦਿਨ ਦੀ ਯਾਤਰਾ ਦੇਸ਼ ਦੇ ਦੱਖਣੀ ਸਿਰੇ ਕਨਿਆਕੁਰੀ ਤੋਂ ਸ਼ੁਰੂ ਹੋਈ, 21 ਸ਼ਹਿਰ ਕੋ ਕਵਰ ਕੀਤਾ ਗਿਆ, ਅਤੇ ਇਹ ਸ਼੍ਰੀਨਗਰ, ਜੰਮੂ ਅਤੇ ਕਸ਼ਮੀਰ ਵਿੱਚ ਖਤਮ ਹੋਵੇਗਾ। ਇੰਟਰੈਕਟੀਵ ਫਾਈਨੇਂਸ਼ੀਅਲ ਏਜੁਕੇਸ਼ਨ ਸੇਸ਼ਨ, ਐਕਸਪੋਰਟ ਦੀ ਅਤੇ ਕਮਿਊਨਿਟੀ ਜੋੜਾਵ ਕੇ ਜੇਰੀਏ, ਇਸ ਡਰਾਈਵ ਦਾ ਮਕਸਦ ਮਿਊਚਲ ਫੰਕਸ਼ਨ ਇੰਵੈਸਟਿੰਗ ਨੂੰ ਆਸਾਨ ਬਣਾਉਣਾ ਅਤੇ ਹਜ਼ਾਰਾਂ ਭਾਰਤੀ ਤੁਹਾਡੇ ਫਾਇਨੇਂਸ਼ੀਅਲ ਭਵਿੱਖ ਦੀ ਜ਼ਿੰਮੇਵਾਰੀ ਲੈਣ ਦਾ ਵਿਸ਼ਵਾਸ ਜਗਾਉਣਾ ਹੈ।

ਫ੍ਰੈਂਕਲਿਨ ਟੇਮਪਲਟਨ ਇੰਡੀਆ ਕੇ ਪ੍ਰੈਸਿਡੈਂਟ ਅਵਿਨਾਸ਼ ਸਤਵਾਲੇਕਰ ਇਸ ਡ੍ਰਾਈਵ ਦੀ ਅਗਵਾਈ ਕਰ ਰਹੇ ਹਨ, ਅਤੇ ਦੇਸ਼ ਭਰ ਵਿੱਚ ਇਸ ਯਾਤਰਾ ਦੇ ਵਿਕਲਪ ਫਾਈਨੇਂਸ਼ੀਅਲ ਇੰਕਲੂਜਨ ਕੋ ਪ੍ਰਫੁੱਲਤ ਹਨ। ਉਹ ਹਰ ਦੂਜੇ ਦਿਨ ਇੱਕ ਨਵਾਂ ਸ਼ਹਿਰ ਜਾਂ ਪਿੰਡਾਂ ਵਿੱਚ ਰੁਕਣ ਅਤੇ ਔਰਤਾਂ ਦੇ ਵੱਖਰੇ-ਵੱਖਰੇ ਗਰੁੱਪਾਂ ਲਈ ਇਨਵੈਸਟਰ ਐਜੂਕੇਸ਼ਨ ਵਰਕਸ਼ਾਪ ਚਲਾਉਂਦੇ ਹਨ, ਜੀਵਨ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ, ਨਿਵੇਸ਼ ਅਤੇ ਲੰਬੇ ਸਮੇਂ ਤੱਕ ਧਨ ਬਣਾਉਣਾ ਬਹੁਤ ਜ਼ਰੂਰੀ ਹੈ। ਰਿਹਾ ਹੈ। ਇਸ ਪਹਿਲ ਵਿੱਚ ਕਈ ਤਰ੍ਹਾਂ ਦੀ ਪ੍ਰਤਿਭਾਸ਼ਾਲੀ ਸ਼ਾਮਲ ਹੈ, ਬਹੁਤ ਸਾਰੀਆਂ ਔਰਤਾਂ ਹੋਂਗੀ, ਲੋਕ ਲੋਕ (ਮਛੁਆਰਾ ਤੋਂ ਵੱਖ-ਵੱਖ ਫਸਲ ਉਗਾਨੇ), ਸਿੱਖਿਆ ਜਗਤ (ਛੱਤਰ, ਮਾਤਾ-ਪਿਤਾ, ਸਕੂਲ ਅਤੇ ਯੂਨਿਵਰਸਿਟੀ ਦੇ ਅਧਿਆਪਕ), ਸੇਲਫ-ਹੈਲਪ ਗਰੁੱਪ (ਅਤੇ ਹਥਕਰਘਾੜਾ ਸਮਾਜਕ ਕੰਮ) ਕਰਨ ਵਾਲੀ ਮਹਿਲਾ ਐਂਟਰ), ਉਦਯੋਗਪਤੀ, ਪ੍ਰਾਈਵੇਟ ਅਤੇ ਸਰਕਾਰੀ ਖੇਤਰ ਦੇ ਕਰਮਚਾਰੀ, ਅਤੇ ਸੈਨਾ, ਨੌਸੇਨਾ ਅਤੇ ਪੁਲਿਸ ਕਰਮਚਾਰੀ ਸ਼ਾਮਲ ਹਨ। ਇਹ ਲਾਂਚ ਪਹਿਲ 'ਤੇ ਬੋਲਟੇਫ ਡ੍ਰੈਂਕਲਿਨ ਟੈਂਪਲਟਨ - ਇੰਡੀਆ ਦੇ ਪ੍ਰੈਸੀਡੈਂਟ ਅਵੱਲੇਕਰ ਨੇ ਕਿਹਾ, ਮਹਿਲਾਵਾਂ ਵਿੱਚ ਫਾਇਨੇਂਸ਼ੀਅਲ ਕੰਟਰੋਲੇਸੀ ਭਾਰਤ ਦੀ ਲੰਬੇ ਸਮੇਂ ਦੀ ਸਮਾਜਿਕ-ਆਰਥਿਕ ਤਰੱਕੀ ਲਈ ਆਪੋ ਵਿੱਚ ਜ਼ਰੂਰੀ ਹੈ। ਸ਼ਹਿਰੀ ਕੇਂਦਰਾਂ ਨੇ ਮਹੱਤਵਪੂਰਨ ਤਰੱਕੀ ਦੀ ਹੈ, ਭਾਰਤ ਭਰ ਵਿੱਚ। ਲੱਖਾਂ ਔਰਤਾਂ, ਖਾਸਕਰ ਟੀਅਰ 2 ਅਤੇ ਟੀਅਰ 3 ਮੈਂਬਰ, ਫਾਈਨੇਸ਼ੀਅਲ ਗਿਆਨ ਅਤੇ ਸਾਧਨਾਂ ਤੱਕ ਪਹੁੰਚ ਦੇ ਮਾਮਲੇ ਵਿੱਚ ਪਿਛਲਾ ਕੀਤਾ ਗਿਆ। ਹਮਾਇਤ ਕਰਨ ਅਤੇ ਡਿਜੀਟਲ ਫਾਈਨਾਂਸ ਆਪਣੇ ਨਾਲ ਗਿਆਨ ਅਤੇ ਵਿਸ਼ਵਾਸ ਦੇ ਨਾਲ ਸਾਸ਼ਕ ਬਣਾਵਾਂਗੇ।

ਉਸ ਨੇ ਅੱਗੇ ਕਿਹਾ, ਜਬ ਔਰਤਾਂ ਨੂੰ ਸਮਝੇ-ਸਮਝਕਰ ਫਾਈਨੇਂਸ਼ੀਅਲ ਫੈਸਲੇ ਲੇਤੀ, ਉਹ ਪਰਿਵਾਰ ਮਜ਼ਬੂਤ ਹੋ ਸਕਦੇ ਹਨ, ਸਮੁਦਾਏ ਹੋ ਸਕਦੇ ਹਨ ਅਤੇ ਦੇਸ਼ ਦੇ ਵਿਕਾਸ ਦੇ ਨੇੜੇ ਪਹੁੰਚ ਸਕਦੇ ਹਨ। ਟੀਚਾ ਅਤੇ ਇੱਕ ਹੋਰ ਸ਼ਾਮਲੀ ਅਤੇ ਚੋਣ ਫਾਈਨੇਂਸ਼ੀਅਲ ਇਕੋਸਿਸਟਮ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਮਿਊਚੁਅਲ ਫੰਕਸ਼ਨ, ਲੰਬੇ ਸਮੇਂ ਤੱਕ ਧਨ ਬਣਾਉਣ ਅਤੇ ਮਜ਼ਬੂਤੀ ਨੂੰ ਮਾਤ ਦੇਣ ਵਰਗੇ ਬਹੁਤ ਸਾਰੇ ਨਿਵੇਸ਼ਕਾਂ ਨੂੰ ਪ੍ਰਾਪਤ ਕਰਨ ਦੇ ਸਭ ਤੋਂ ਵਧੀਆ ਗੁਣਾਂ ਵਿੱਚ ਇੱਕ ਹੈ। ਇਸ ਤੋਂ ਇਲਾਵਾ, ਮਿਊਚੂਅਲ ਫੰਡ ਨਿਵੇਸ਼ਕਾਂ ਨੂੰ ਆਪਣੇ ਨਿਵੇਸ਼ ਵਿੱਚ ਵਿਵਸਥਿਤ, ਲਾਭਕਾਰੀ ਲਾਭ, ਨਿਵੇਸ਼ ਲਾਭ, ਵਿਕਾਸ ਦੀ ਆਰਥਿਕਤਾ, ਲਿਕਵਿਡਿਟੀ, ਟੈਕਸ ਸਮਰੱਥਾ ਅਤੇ ਘੱਟ ਟਿਕਟ ਸਟਾਈਜ਼ ਤੋਂ ਉਠਾਉਣ ਵਿੱਚ ਮਦਦ ਮਿਲਦੀ ਹੈ। ਫਰੈਂਕਲੀਨ ਮਚੁਅਲ ਫੰਕਸ਼ਨ ਦੇ ਬਾਰੇ ਵਿੱਚ ਖੁਸ਼ਖਬਰੀ ਫੈਲਾਉਣ ਲਈ ਉੱਤਰ ਪ੍ਰਦੇਸ਼ ਦੇ ਪਟਾਨਕੋਟ, ਪੰਜਾਬ ਸ਼ਹਿਰ ਵਿੱਚ ਉਸਦੀ ਅਨੋਖੀ ਪਹਿਲਵਾਨ ਆਈ ਹੈ, ਜੋ ਇੰਸਟ੍ਰੀ ਐਸੇਟਸ ਡਰਮਰਮੈਂਟ ਦੇ ਮਾਮਲੇ ਵਿੱਚ ਚੋਟੀ ਦੇ 1 ਬਾਜ਼ਾਰਾਂ ਵਿੱਚ ਇੱਕ ਹੈ।

# ਕਰੋਮਾ ਦੀ ਸਮਰ ਸੇਲ ਵਿਚ ਏਸੀ ਅਤੇ ਪ੍ਰੀਮੀਅਮ ਟੀਵੀਜ਼ 'ਤੇ

**ਮੁਹਾਲੀ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਟਾਟਾ ਗਰੁੱਪ ਦੇ ਹਿੱਸੇ ਅਤੇ ਭਾਰਤ ਦੇ ਪ੍ਰਮੁੱਖ ਓਮਨੀ-ਚੈਨਲ ਇਲੈਕਟ੍ਰਾਨਿਕਸ ਰਿਟੇਲਰ, ਕਰੋਮਾ ਨੇ 'ਕਰੋਮਾ ਸਮਰ ਸੇਲ 2026 ਦਾ ਐਲਾਨ ਕੀਤਾ ਹੈ। ਗਰਮੀਆਂ ਦੇ ਸੀਜ਼ਨ ਦੀ ਸ਼ੁਰੂਆਤ ਦੇ ਚਲਦੇ ਕਰੋਮਾ ਨੇ ਕੂਲਿੰਗ ਪ੍ਰੋਡਕਟਸ ਅਤੇ ਰੋਜ਼ਾਨਾ ਵਰਤੀਆਂ ਜਾਣ ਵਾਲੀਆਂ ਇਲੈਕਟ੍ਰਾਨਿਕ ਚੀਜ਼ਾਂ 'ਤੇ ਆਕਰਸ਼ਕ ਆਫਰਜ ਦੀ ਪੇਸ਼ਕਸ਼ ਕੀਤੀ ਹੈ। ਇਹ ਸੇਲ 28 ਫਰਵਰੀ 2026 ਤੱਕ ਦੇਸ਼ ਭਰ ਦੇ ਕਰੋਮਾ ਸਟੋਰਾਂ ਵਿੱਚ ਚੱਲੇਗੀ। ਗਾਹਕ ਚੋਣਵੇਂ ਪ੍ਰੋਡਕਟਸ 'ਤੇ ਖਾਸ ਕੀਮਤਾਂ, ਕੈਟੇਗਰੀ ਆਫਰਜ ਅਤੇ ਸੀਮਿਤ ਸਮੇਂ ਦੇ ਫਾਇਦੇ ਲੈ ਸਕਦੇ ਹਨ। ਯੋਗ ਪ੍ਰੋਡਕਟਸ 'ਤੇ ਕੈਸ਼ਬੈਕ ਅਤੇ ਆਸਾਨ 5$9 ਦੇ ਵਿਕਲਪ ਵੀ ਉਪਲਬੱਧ ਹਨ, ਜੋ ਬੈਂਕ ਜਾਂ ਫਾਇਨੈਂਸ ਪਾਰਟਨਰ ਦੀਆਂ ਸ਼ਰਤਾਂ ਅਨੁਸਾਰ ਹੋਣਗੇ॥ ਕੀਮਤਾਂ ਅਤੇ ਆਫਰਜ਼ ਬ੍ਰਾਂਡ, ਮਾਡਲ, ਸਟੋਰ, ਦਿਨ, ਸ਼ਹਿਰ ਅਤੇ ਉਪਲਬਧਤਾ ਦੇ ਅਧਾਰ 'ਤੇ ਵੱਖ-ਵੱਖ ਹੋ ਸਕਦੀਆਂ ਹਨ, ਅਤੇ 8463 ਟਾਟਾ ਨੇਊ ਕ੍ਰੈਡਿਟ ਕਾਰਡ ਦੀ ਵਰਤੋਂ ਕਰਨ ਵਾਲੇ ਗਾਹਕ ਚੋਣਵੇਂ ਉਤਪਾਦਾਂ 'ਤੇ 10% ਤੱਕ ਦੀ ਵਾਧੂ ਛੋਟ ਦਾ ਆਨੰਦ ਵੀ ਮਾਣ ਸਕਦੇ ਹਨ। ਕਰੋਮਾ ਸਮਰ ਸੇਲ ਵਿਚ ਗਾਹਕ ਸਿੰਫਨੀ ਅਤੇ ਕਰੋਮਾ ਦੀ ਏਅਰ-ਕੂਲਰ ਕੈਟੇਗਰੀ 'ਤੇ ਆਕਰਸ਼ਕ ਆਫਰਜ਼ ਦਾ ਲਾਭ ਲੈ ਸਕਦੇ ਹਨ। ਗਰਮੀਆਂ ਦੀਆਂ ਛੁੱਟੀਆਂ ਵਿੱਚ ਪਰਿਵਾਰ ਇਕੱਠੇ ਬੈਠ ਕੇ ਟੀਵੀ 'ਤੇ ਮਨੋਰੰਜਕ ਪ੍ਰੋਗਰਾਮ ਅਤੇ ਖੇਡਾਂ ਦਾ ਆਨੰਦ ਮਾਣਦੇ ਹਨ, ਖਾਸ ਕਰਕੇ ਚੱਲ ਰਹੇ "20 ਵਿਸ਼ਵ ਕੱਪ ਸੀਜ਼ਨ ਦੌਰਾਨ, ਇਸ ਕਰਕੇ ਕਰੋਮਾ ਵੱਡੇ ਟੈਲੀਵਿਜ਼ਨਾਂ 'ਤੇ ਵਿਸ਼ੇਸ਼ ਡੀਲ ਦੀ ਪੇਸ਼ਕਸ਼ ਕਰ ਰਿਹਾ ਹੈ, ਜਿਸ ਵਿੱਚ QLED ਅਤੇ ਪ੍ਰੀਮੀਅਮ ਵੱਡੇ-ਸਕ੍ਰੀਨ ਮਾਡਲ ਸ਼ਾਮਲ ਹਨ ਤਾਂ ਕਿ ਤੁਹਾਡੇ ਘਰ ਬੈਠ ਕੇ ਟੀਵੀ ਦੇਖਣ ਦੇ ਅਨੁਭਵ ਨੂੰ ਸ਼ਾਨਦਾਰ ਬਣਾਇਆ ਜਾ ਸਕੇ।

# ਮਾਂ ਨੇ 2.10 ਲੱਖ 'ਚ ਵੇਚੀ ਨਵਜੰਮੀ ਧੀ; ਡਾਕਟਰ ਸਮੇਤ ਪੰਜ ਗ੍ਰਿਫ਼ਤਾਰ

## 60,000 ਰੁਪਏ ਕਮਿਸ਼ਨ ਵਜੋਂ ਰੱਖੇ ਜਾਣੇ ਸਨ



**ਲੁਧਿਆਣਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਲੁਧਿਆਣਾ ਵਿੱਚ ਬਾਲ ਤਸਕਰੀ ਦਾ ਇੱਕ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਪੁਲੀਸ ਨੇ ਇੱਕ ਨਵਜੰਮੀ ਬੱਚੀ ਨੂੰ 2.10 ਲੱਖ ਰੁਪਏ ਵਿੱਚ ਵੇਚਣ ਦੇ ਦੋਸ਼ ਹੇਠ ਬੱਚੀ ਦੀ ਮਾਂ ਅਤੇ ਇੱਕ BAMS ਡਾਕਟਰ ਸਮੇਤ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਜਾਣਕਾਰੀ ਅਨੁਸਾਰ ਸਥਾਨਕ ਨਿਵਾਸੀਆਂ ਨੇ ਨੀਲਾ ਝੰਡਾ ਰੋਡ ਸਥਿਤ ਪਾਰਕ ਵਿੱਚ ਇੱਕ ਔਰਤ ਨੂੰ ਨਵਜੰਮੀ ਬੱਚੀ ਨੂੰ ਚੁੱਕੀ ਦੇਖਿਆ, ਜੋ ਲਗਾਤਾਰ ਰੋ ਰਹੀ ਸੀ। ਹਾਲਾਤ ਸ਼ੱਕੀ ਦੇਖ ਕੇ ਰਾਹਗੀਰਾਂ ਨੇ ਔਰਤ ਤੋਂ ਪੁੱਛਗਿੱਛ ਕੀਤੀ। ਗੱਲਬਾਤ ਦੌਰਾਨ ਉਸ ਨੇ ਕਥਿਤ ਤੌਰ 'ਤੇ ਕਬੂਲ ਕੀਤਾ ਕਿ ਉਸ ਨੇ ਬੱਚੀ ਨੂੰ 2.10 ਲੱਖ ਰੁਪਏ ਵਿੱਚ ਖਰੀਦਿਆ ਹੈ, ਜਿਸ ਤੋਂ ਬਾਅਦ ਲੋਕਾਂ ਨੇ ਪੁਲੀਸ ਨੂੰ ਸੂਚਨਾ ਦਿੱਤੀ।

ਪੁਲਿਸ ਅਨੁਸਾਰ, ਬੱਚੀ ਦਾ ਜਨਮ 13 ਫਰਵਰੀ ਨੂੰ ਲੁਧਿਆਣਾ ਦੇ ਬਾਬਾ ਥਾਨ ਸਿੰਘ ਚੌਂਕ ਨੇੜੇ ਅਰੋੜਾ ਨਰਸਿੰਗ ਹੋਮ ਵਿੱਚ ਹੋਇਆ ਸੀ। ਕਥਿਤ ਸੌਦੇ ਦੇ ਸਮੇਂ ਉਹ ਸਿਰਫ਼ ਦੋ ਦਿਨਾਂ ਦੀ ਸੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬੱਚੀ ਦੀ ਮਾਂ ਸੁਨੀਤਾ ਦੇਵੀ, ਜੋ ਕਿ ਸ਼ੇਰਪੁਰ ਕਲਾਂ ਦੀ ਨਿਵਾਸੀ, ਮੂਲ ਰੂਪ ਵਿੱਚ ਗੋਰਖਪੁਰ, ਯੂਪੀ ਤੋਂ ਹੈ, ਮਨਪ੍ਰੀਤ ਕੌਰ ਬੀਏਐੱਮਐੱਸ ਡਾਕਟਰ, ਪੰਜਾਬ ਮਾਤਾ ਨਗਰ ਦੀ ਨਿਵਾਸੀ, ਪਰਵੀਨ, ਖੁੱਡ ਮੁਹੱਲਾ ਨਿਵਾਸੀ, ਰੁਚੀ ਡਾਬਾ ਰੋਡ ਨਿਵਾਸੀ ਅਤੇ ਮਨਦੀਪ ਕੌਰ ਪਿੰਡ ਨੰਗਲ, ਜ਼ਿਲ੍ਹਾ ਮੋਗਾ ਨਿਵਾਸੀ ਵਜੋਂ ਹੋਈ ਹੈ।

ਪ੍ਰੈੱਸ ਕਾਨਫਰੰਸ ਦੌਰਾਨ ਵਧੀਕ ਡੀਸੀਪੀ-1 ਸਮੀਰ ਵਰਮਾ ਨੇ ਦੱਸਿਆ ਕਿ ਸੁਨੀਤਾ ਦੇਵੀ ਦੀਆਂ ਪਹਿਲਾਂ ਵੀ ਚਾਰ ਬੱਚੀਆਂ ਹਨ। ਜਦੋਂ ਉਹ ਪੰਜਵੀ ਵਾਰ ਗਰਭਵਤੀ ਹੋਈ ਤਾਂ ਉਸ ਦਾ ਪਤੀ ਉਸ ਤੋਂ ਨਾਖੁਸ਼ ਸੀ। ਪੁਲੀਸ ਨੇ ਇਹ ਵੀ ਦੱਸਿਆ ਕਿ ਉਸ ਨੇ ਬੱਚੀ ਨੂੰ ਕਿਸੇ ਹੋਰ ਨੂੰ ਦੇਣ ਦਾ ਫੈਸਲਾ ਕੀਤਾ ਤੇ ਹਸਪਤਾਲ ਦੀ ਨਰਸ ਨਾਲ ਸੰਪਰਕ ਕਰ ਕੇ ਪਰਵੀਨ ਨਾਲ ਦੀ ਔਰਤ ਨਾਲ ਰਾਬਤਾ ਕੀਤਾ ਗਿਆ।

ਪਰਵੀਨ ਨਰਸ ਅਤੇ ਘਰੇਲੂ ਸਹਾਇਕ ਵਜੋਂ ਕੰਮ ਕਰਦੀ ਹੈ।

# ਮਾਣਹਾਨੀ ਮਾਮਲੇ 'ਚ ਅਦਾਲਤ ਵੱਲੋਂ ਸੁਖਬੀਰ ਬਾਦਲ ਨੂੰ ਪੇਸ਼ੀ ਤੋਂ ਛੋਟ



**ਚੰਡੀਗੜ੍ਹ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਦੀ ਇੱਕ ਅਦਾਲਤ ਨੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦੀ ਇੱਕ ਮਾਣਹਾਨੀ ਕੇਸ ਵਿੱਚ ਨਿੱਜੀ ਪੇਸ਼ੀ ਤੋਂ ਛੋਟ ਦੀ ਅਰਜ਼ੀ ਨੂੰ ਅੱਜ ਮਨਜ਼ੂਰ ਕਰ ਲਿਆ ਹੈ। ਅਦਾਲਤ ਨੇ ਮਾਮਲੇ ਦੀ ਅਗਲੀ ਸੁਣਵਾਈ ਹੁਣ 27 ਫਰਵਰੀ ਨਿਰਧਾਰਤ ਕੀਤੀ ਹੈ। ਜ਼ਿਕਰਯੋਗ ਹੈ ਕਿ ਪਿਛਲੀ ਸੁਣਵਾਈ ਦੌਰਾਨ ਅਦਾਲਤ ਵਿੱਚ ਗੈਰ-ਹਾਜ਼ਰ ਰਹਿਣ ਕਾਰਨ ਸੁਖਬੀਰ ਬਾਦਲ ਵਿਰੁੱਧ ਗੈਰ-ਜ਼ਮਾਨਤੀ ਵਾਰੰਟ ਜਾਰੀ ਕੀਤੇ ਗਏ ਸਨ ਜਿਸ ਤੋਂ ਬਾਅਦ ਉਨ੍ਹਾਂ ਨੇ ਅਦਾਲਤ ਵਿੱਚ ਪੇਸ਼ ਹੋ ਕੇ ਜ਼ਮਾਨਤ ਹਾਸਲ ਕੀਤੀ ਸੀ।

ਸੁਖਬੀਰ ਬਾਦਲ ਦੇ ਵਕੀਲ ਰਾਜੇਸ਼ ਕੁਮਾਰ ਰਾਏ ਰਾਹੀਂ ਦਾਇਰ ਕੀਤੀ ਗਈ ਅਰਜ਼ੀ ਵਿੱਚ ਦੱਸਿਆ ਗਿਆ ਕਿ ਸਾਬਕਾ ਉਪ ਮੁੱਖ ਮੰਤਰੀ ਦੀ ਅੱਜ ਪਿੰਡ ਬਾਦਲ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂਆਂ ਅਤੇ ਹੋਰ ਪਤਵੰਤਿਆਂ ਨਾਲ ਇੱਕ ਅਹਿਮ ਮੀਟਿੰਗ ਹੈ। ਇਸ ਮੀਟਿੰਗ ਵਿੱਚ ਪੰਜਾਬ ਨਾਲ ਸਬੰਧਤ ਕਈ ਗੰਭੀਰ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਣਾ ਹੈ ਅਤੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਦੇ ਪਹੁੰਚਣ ਦੀ ਉਮੀਦ ਹੈ। ਅਰਜ਼ੀ ਵਿੱਚ ਕਿਹਾ ਗਿਆ ਕਿ ਪਾਰਟੀ ਪ੍ਰਧਾਨ ਹੋਣ ਦੇ ਨਾਤੇ ਉਨ੍ਹਾਂ ਦੀ ਮੌਜੂਦਗੀ ਇਸ ਮੀਟਿੰਗ ਲਈ ਬੇਹੱਦ ਜ਼ਰੂਰੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਅਗਲੀ ਤਰੀਕ 'ਤੇ ਬਿਨਾਂ ਕਿਸੇ ਦੇਰੀ ਦੇ ਅਦਾਲਤ ਵਿੱਚ ਹਾਜ਼ਰ ਹੋਣਗੇ।

# ਟਾਂਗਰੀ ਪੁਲ 'ਤੇ ਦੋ ਮੋਟਰਸਾਈਕਲਾਂ 'ਤੇ ਪਲਟਿਆ ਟਰੱਕ; ਚਾਰ ਹਲਾਕ

**ਅੰਬਾਲਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਅੰਬਾਲਾ ਵਿੱਚ ਅੱਜ ਇੱਕ ਬੇਕਾਬੂ ਟਰੱਕ ਦੋ ਮੋਟਰਸਾਈਕਲਾਂ ਉੱਤੇ ਪਲਟ ਗਿਆ। ਇਸ ਹਾਦਸੇ ਵਿੱਚ ਚਾਰ ਜਣਿਆਂ ਦੀ ਮੌਤ ਹੋ ਗਈ। ਪੁਲੀਸ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਇਹ ਟਰੱਕ ਦਿੱਲੀ ਤੋਂ ਚੰਡੀਗੜ੍ਹ ਜਾ ਰਿਹਾ ਸੀ ਤੇ ਸਵੇਰ ਵੇਲੇ ਧੁੰਦ ਕਾਰਨ ਡਰਾਈਵਰ ਟਰੱਕ ਤੋਂ ਆਪਣਾ ਸੰਤੁਲਨ ਗੁਆ ਬੈਠਾ ਜਿਸ ਕਾਰਨ ਇਹ ਵੱਡਾ ਹਾਦਸਾ ਵਾਪਰਿਆ। ਇਸ ਹਾਦਸਾ ਸ਼ਾਹਪੁਰ ਸਥਿਤ ਟਾਂਗਰੀ ਬ੍ਰਿਜ ਨੈਸ਼ਨਲ ਹਾਈਵੇਅ 'ਤੇ ਵਾਪਰਿਆ। ਟਰੱਕ ਦੇ ਪਲਟਣ ਕਾਰਨ ਹਾਈਵੇਅ ਦਾ ਰਸਤਾ ਪੂਰੀ ਤਰ੍ਹਾਂ ਬੰਦ ਹੋ ਗਿਆ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲੀਸ ਟੀਮ ਮੌਕੇ 'ਤੇ ਪਹੁੰਚੀ ਅਤੇ ਕਰੇਨ ਦੀ ਮਦਦ ਨਾਲ ਟਰੱਕ ਨੂੰ ਹਟਾਉਣ ਦਾ ਕੰਮ ਸ਼ੁਰੂ ਕੀਤਾ। ਇਸ ਹਾਦਸੇ ਕਾਰਨ ਦਿੱਲੀ-ਅੰਬਾਲਾ ਹਾਈਵੇਅ 'ਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ ਅਤੇ ਜਾਮ ਲੱਗ ਗਿਆ। ਪੁਲੀਸ ਪ੍ਰਸ਼ਾਸਨ ਨੇ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਟ੍ਰੈਫਿਕ ਨੂੰ ਦੂਜੇ ਰਸਤਿਆਂ ਵੱਲ ਡਾਇਵਰਟ ਕੀਤਾ। ਪੁਲੀਸ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਮ੍ਰਿਤਕਾਂ ਦੀ ਪਛਾਣ ਸਬੰਧੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ

# ਹਾਈ ਕੋਰਟ ਵਲੋਂ ਹਰਚਰਨ ਭੁੱਲਰ ਦੀ ਜ਼ਮਾਨਤ ਪਟੀਸ਼ਨ ਖਾਰਜ

**ਚੰਡੀਗੜ੍ਹ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸੀ.ਬੀ.ਆਈ. ਵਲੋਂ ਗ੍ਰਿਫ਼ਤਾਰ ਹਰਚਰਨ ਸਿੰਘ ਭੁੱਲਰ ਦੀ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ ਹੈ। ਉਹ ਇਸ ਵੇਲੇ ਭ੍ਰਿਸ਼ਟਾਚਾਰ ਦੇ ਦੋਸ਼ ਹੇਠ ਜੇਲ੍ਹ ਵਿਚ ਹਨ। ਹਾਲਾਂਕਿ ਸਾਬਕਾ ਡੀ.ਆਈ.ਜੀ. ਭੁੱਲਰ ਨੂੰ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿਚ ਹੇਠਲੀ ਅਦਾਲਤ ਨੇ ਜ਼ਮਾਨਤ ਦੇ ਦਿੱਤੀ ਸੀ।

ਜਾਣਕਾਰੀ ਅਨੁਸਾਰ ਹਰਚਰਨ ਭੁੱਲਰ ਹਾਲੇ ਰਿਸ਼ਵਤਖੋਰੀ ਦੇ ਮਾਮਲੇ ਵਿਚ ਚੰਡੀਗੜ੍ਹ ਜੇਲ੍ਹ 'ਚ ਬੰਦ ਹਨ।




ਭੁੱਲਰ ਨੇ ਇਸ ਮਾਮਲੇ ਵਿਚ ਜ਼ਮਾਨਤ ਦੀ ਮੰਗ ਕੀਤੀ ਸੀ ਜਿਸ ਨੂੰ ਅੱਜ ਹਾਈ ਕੋਰਟ ਨੇ ਰੱਦ ਕਰ ਦਿੱਤਾ ਹੈ।

ਸੀਬੀਆਈ ਦਾ ਕਹਿਣਾ ਹੈ ਕਿ ਜੇ ਹਰਚਰਨ ਭੁੱਲਰ ਨੂੰ ਜ਼ਮਾਨਤ ਦਿੱਤੀ ਜਾਂਦੀ ਹੈ ਤਾਂ ਉਹ ਗਵਾਹਾਂ ਨੂੰ ਪ੍ਰਭਾਵਿਤ ਕਰ ਸਕਦੇ ਹਨ।

ਦੱਸਣਾ ਬਣਦਾ ਹੈ ਕਿ ਹਰਚਰਨ ਭੁੱਲਰ ਦੇ ਘਰੋਂ ਤੇ ਹੋਰ ਥਾਵਾਂ ਤੋਂ ਸਾਢੇ ਸੱਤ ਕਰੋੜ ਰੁਪਏ ਦੀ ਨਗਦੀ ਤੇ ਢਾਈ ਕਿਲੋ ਸੋਨਾ ਮਿਲਿਆ ਸੀ। ਸੀਬੀਆਈ ਨੇ ਪਹਿਲਾਂ ਇਹ ਨਗਦੀ ਪੰਜ ਕਰੋੜ ਰੁਪਏ ਤੇ ਡੇਢ ਕਿੱਲੋ ਸੋਨਾ ਹੋਣ ਬਾਰੇ ਜਾਣਕਾਰੀ ਦਿੱਤੀ ਸੀ।

ਦੂਜੇ ਪਾਸੇ ਹਰਚਰਨ ਭੁੱਲਰ ਨੇ ਦੋਸ਼ਾਂ ਤੋਂ ਇਨਕਾਰ ਕਰਦਿਆਂ ਦਾਅਵਾ ਕੀਤਾ ਸੀ ਕਿ ਉਸ ਨੂੰ ਇਸ ਮਾਮਲੇ ਵਿਚ ਗਲਤ ਫਸਾਇਆ ਗਿਆ ਹੈ।

# ਸਿੱਧੂ ਮੂਸੇਵਾਲੇ ਦੇ ਮਾਪਿਆਂ ਵੱਲੋਂ ਦਿੱਤੀ ਧੋਖਾਧੜੀ ਦੀ ਸ਼ਿਕਾਇਤ 'ਤੇ FIR ਦਰਜ

**ਮਾਨਸਾ 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮਰਹੂਮ ਗਾਇਕ ਸ਼ੁਭਦੀਪ ਸਿੰਘ ਉਰਫ਼ ਸਿੱਧੂ ਮੂਸੇਵਾਲਾ ਦੇ ਮਾਪਿਆਂ ਵੱਲੋਂ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਅੰਦਰ ਸਥਿਤ ਐੱਸ ਐੱਸ ਪੀ ਦਫ਼ਤਰ ਦੇ ਬਾਹਰ ਧਰਨਾ ਦੇਣ ਤੋਂ ਪੰਜ ਦਿਨਾਂ ਬਾਅਦ ਅੱਜ ਮਾਨਸਾ ਸਦਰ ਪੁਲੀਸ ਨੇ ਦੋ ਵਿਅਕਤੀਆਂ ਅਤੇ ਇੱਕ ਡਿਜੀਟਲ ਮਨੋਰੰਜਨ ਕੰਪਨੀ ਵਿਰੁੱਧ ਧੋਖਾਧੜੀ ਦਾ ਮਾਮਲਾ ਦਰਜ ਕੀਤਾ ਹੈ।

ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਸਿੱਧੂ ਮੂਸੇਵਾਲਾ ਦੇ ਮਾਪਿਆਂ ਨੇ ਦੋ ਕੰਪਨੀਆਂ ਨਾਲ ਜੁੜੀ ਕਥਿਤ ਵਿੱਤੀ ਧੋਖਾਧੜੀ ਬਾਰੇ ਕਰੀਬ ਛੇ ਮਹੀਨੇ ਪਹਿਲਾਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਸਬੰਧ ਵਿੱਚ ਐੱਫ ਆਈ ਆਰ ਦਰਜ ਕਰਨ ਦੀ ਮੰਗ ਕੀਤੀ ਸੀ ਅਤੇ ਐੱਸ ਐੱਸ ਪੀ ਦਫਤਰ ਵਿੱਚ ਫਰਸ਼ 'ਤੇ ਬੈਠ ਕੇ ਰੋਸ ਜਾਇਆ ਸੀ। ਮੂਸੇਵਾਲਾ ਦੀ ਮਾਤਾ ਚਰਨ ਕੌਰ ਵੱਲੋਂ ਦਰਜ ਕਰਵਾਈ ਸ਼ਿਕਾਇਤ 'ਤੇ ਗੁਰਪ੍ਰੀਤ ਸਿੰਘ, ਸ਼ਬੀਰ ਮੋਮਿਨ ਅਤੇ ਵਨ ਡਿਜੀਟਲ ਨੈੱਟਵਰਕ ਪ੍ਰਾਈਵੇਟ ਲਿਮਟਿਡ ਵਿਰੁੱਧ ਬੀ ਐੱਨ ਐਸ ਦੀਆਂ ਧਾਰਾਵਾਂ 316 (2),336(2),336(3), 338,340(2), 344,66,318(4) ਅਤੇ 61(2) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।



ਮਾਨਸਾ ਦੇ ਐੱਸ ਐੱਸ ਪੀ ਭਗੀਰਥ ਸਿੰਘ ਮੀਨਾ ਨੇ ਮਾਮਲਾ ਦਰਜ ਹੋਣ ਦੀ ਪੁਸ਼ਟੀ ਕੀਤੀ ਹੈ। ਪੱਤਰਕਾਰਾਂ ਨਾਲ ਗੱਲ ਕਰਦਿਆਂ ਐੱਸ ਐਸ ਪੀ ਨੇ ਕਿਹਾ, ਮਾਮਲਾ ਜਾਂਚ ਅਧੀਨ ਸੀ ਅਤੇ ਦੋ ਵਿਅਕਤੀਆਂ ਤੇ ਇੱਕ ਨਿੱਜੀ ਕੰਪਨੀ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਗਈ ਹੈ। ਹਾਲਾਂਕਿ ਮੂਸੇਵਾਲਾ ਦੇ ਮਾਪਿਆਂ, ਬਲਕੌਰ ਸਿੰਘ ਅਤੇ ਚਰਨ ਕੌਰ ਨੇ ਬੁੱਧਵਾਰ ਨੂੰ ਆਪਣੇ ਪ੍ਰਦਰਸ਼ਨ ਦੌਰਾਨ ਰਕਮ ਦਾ ਜ਼ਿਕਰ ਨਹੀਂ ਕੀਤਾ ਸੀ, ਪਰ ਸੂਤਰਾਂ ਅਨੁਸਾਰ ਇਹ ਸ਼ਿਕਾਇਤ ਲਗਪਗ 37 ਲੱਖ ਅਮਰੀਕੀ ਡਾਲਰ ਨਾਲ ਸਬੰਧਤ ਹੈ।

## ਸੂਫ਼ੀ ਫੈਸਟੀਵਲ-2026 ਦੀ ਦੂਜੀ ਸ਼ਾਮ 'ਤੇ ਕੰਵਰ ਗਰੇਵਾਲ ਨੇ ਸੂਫ਼ੀ ਸੁਰਾਂ ਨਾਲ ਬੰਨ੍ਹਿਆ ਰੰਗ

# ਸਾਫ਼-ਸੁਥਰੀ ਗਾਇਕੀ ਸਾਨੂੰ ਸਾਡੀ ਸੱਭਿਆਚਾਰਕ ਵਿਰਾਸਤ ਨਾਲ ਜੋੜਦੀ ਹੈ : ਤਰੁਨਪ੍ਰੀਤ ਸਿੰਘ ਸੌਂਦ

**ਮਲੇਰਕੋਟਲਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਆਯੋਜਿਤ ਸੂਫ਼ੀ ਫੈਸਟੀਵਲ ਅਤੇ ਪੰਜਾਬ ਸਖੀ ਸ਼ਕਤੀ ਮੇਲਾ ਦੀ ਦੂਜੀ ਸ਼ਾਮ ਸੂਫ਼ੀ ਰੰਗਾਂ ਨਾਲ ਰੰਗੀ ਰਹੀ। ਸਥਾਨਕ ਸਰਕਾਰੀ ਕਾਲਜ ਦੇ ਵਿਹੜੇ ਵਿੱਚ ਪ੍ਰਸਿੱਧ ਸੂਫ਼ੀ ਗਾਇਕ ਕੰਵਰ ਗਰੇਵਾਲ ਨੇ ਆਪਣੀ ਰੂਹਾਨੀ ਆਵਾਜ਼ ਨਾਲ ਦਰਸ਼ਕਾਂ ਨੂੰ ਮੋਹ ਲਿਆ ਅਤੇ ਸਮਾਗਮ ਨੂੰ ਸਿਖਰਾਂ 'ਤੇ ਪਹੁੰਚਾ ਦਿੱਤਾ।ਉਨ੍ਹਾਂ ਨੇ ਮਸਤ ਕਲੰਦਰ, ਅੱਲਾਹੂ ਅਤੇ ਹੋਰ ਰੂਹਾਨੀ ਕਲਾਮਾਂ ਰਾਹੀਂ ਸਰੋਤਿਆਂ ਨਾਲ ਸਿੱਧਾ ਰੂਹਾਨੀ ਸੰਵਾਦ ਕੀਤਾ।

ਇਸ ਤੋਂ ਇਲਾਵਾ ਸੂਫ਼ੀ ਗਾਇਕ ਅਰਸ਼ ਸੁਹੇਲ ਅਤੇ ਮਾਣਕ ਅਲੀ ਨੇ ਵੀ ਆਪਣੀ ਦਿਲਕਸ਼ ਗਾਇਕੀ ਨਾਲ ਸਮਾਂ ਬੰਨ੍ਹਿਆ ਅਤੇ ਦਰਸ਼ਕਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ।




ਸਮਾਰੋਹ ਵਿੱਚ ਸੈਰ ਸਪਾਟਾ ਅਤੇ ਸੱਭਿਆਚਾਰਕ ਅਤੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ, ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

ਇਸ ਮੌਕੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਦੁਬਾਰਾ ਜੀਵੰਤ ਕਰਨ ਲਈ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਮੇਲਿਆਂ ਅਤੇ ਸੱਭਿਆਚਾਰਕ ਉਤਸਵਾਂ ਲਈ ਪਹਿਲੀਆਂ ਸਰਕਾਰਾਂ ਸਮੇਂ ਨਿਰਧਾਰਿਤ 05 ਕਰੋੜ ਰੁਪਏ ਦੇ ਬਜਟ ਵਿੱਚ ਵੱਡਾ ਇਜਾਫਾ ਕਰਕੇ 100 ਕਰੋੜ ਰੁਪਏ ਕੀਤਾ ਹੈ ਤਾਂ ਜੋ ਰਾਜ ਦੀ ਲੋਕ ਕਲਾ, ਰਵਾਇਤਾਂ ਅਤੇ ਵਿਰਸੇ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਇਆ ਜਾ ਸਕੇ। ਉਨ੍ਹਾਂ ਹੋਰ ਕਿਹਾ ਕਿ ਅਜਿਹੇ ਮੇਲੇ ਸਮੁੱਚੇ ਪੰਜਾਬ ਵਿੱਚ ਕਰਵਾਏ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਸਰਕਾਰ ਦੀ ਦੂਰਦਰਸ਼ੀ ਨੀਤੀ ਅਧੀਨ ਪੰਜਾਬ ਨੂੰ ਕੌਮੀ ਅਤੇ ਕੌਮਾਂਤਰੀ ਸੈਲਾਨੀਆਂ ਲਈ ਖਿੱਚ ਦਾ ਕੇਂਦਰ ਬਣਾਇਆ ਜਾ ਰਿਹਾ ਹੈ। ਵਿਰਾਸਤੀ ਸ਼ਹਿਰਾਂ ਦੀ ਸੁੰਦਰਤਾ ਵਧਾਉਣ, ਸਾਫ਼-ਸਫਾਈ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਸੁਰੱਖਿਅਤ ਮਾਹੌਲ ਨੂੰ ਯਕੀਨੀ ਬਣਾਉਣ ਵੱਲ ਖ਼ਾਸ ਧਿਆਨ ਦਿੱਤਾ ਜਾ ਰਿਹਾ ਹੈ, ਤਾਂ ਜੋ ਪਰਿਵਾਰਾਂ ਸਮੇਤ ਮਹਿਲਾਵਾਂ ਲਈ ਵੀ ਸੁਵਿਧਾਜਨਕ ਅਤੇ ਸੁਰੱਖਿਅਤ ਸੈਰ-ਸਪਾਟਾ ਵਾਤਾਵਰਣ ਤਿਆਰ ਹੋਵੇ। ਉਨ੍ਹਾਂ ਹੋਰ ਕਿਹਾ ਕਿ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਪੰਜਾਬ ਸਖੀ ਸ਼ਕਤੀ ਮੇਲਾ ਰਾਹੀਂ ਮਹਿਲਾ ਸਵੈ-ਸਹਾਇਤਾ ਗਰੁੱਪਾਂ ਨੂੰ ਵੱਡਾ ਮਾਰਕੀਟ ਪਲੇਟਫਾਰਮ ਦਿੱਤਾ ਜਾ ਰਿਹਾ ਹੈ, ਜਿਸ ਨਾਲ ਮਹਿਲਾਵਾਂ ਦੀ ਆਰਥਿਕ ਸਸ਼ਕਤੀਕਰਨ ਨੂੰ ਬਲ ਮਿਲ ਰਿਹਾ ਹੈ। ਨਾਲ ਹੀ ਨੌਜਵਾਨਾਂ ਨੂੰ ਰੁਜ਼ਗਾਰ, ਹੁਨਰ ਵਿਕਾਸ ਅਤੇ ਸੱਭਿਆਚਾਰਕ ਗਤੀਵਿਧੀਆਂ ਨਾਲ ਜੋੜਨ ਲਈ ਵੀ ਵੱਖ-ਵੱਖ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ।

ਕੰਵਰ ਗਰੇਵਾਲ ਨੇ ਵੀ ਆਪਣੇ ਸੰਬੋਧਨ ਵਿੱਚ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਉਤਸਵ ਸਮਾਜ ਵਿੱਚ ਪਿਆਰ, ਭਾਈਚਾਰੇ ਅਤੇ ਰੂਹਾਨੀਅਤ ਦਾ ਸੰਦੇਸ਼ ਫੈਲਾਉਂਦੇ ਹਨ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਦੀ ਅਗਵਾਈ ਹੇਠ ਇਸ ਸਮਾਗਮ ਨੂੰ ਸੁਚੱਜੇ ਢੰਗ ਨਾਲ ਆਯੋਜਿਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਸਾਕਿਬ ਅਲੀ ਰਾਜਾ, ਪ੍ਰਧਾਨ ਨਗਰ ਕੌਂਸਲ ਮਾਲੇਰਕੋਟਲਾ ਨਸਰੀਨ ਅਸ਼ਰਫ ਚੇਅਰਮੈਨ ਮਾਰਕੀਟ ਕਮੇਟੀ ਮੋਹਾਲੀ ਗੋਬਿੰਦ ਮਿੱਤਲ, ਚੇਅਰਮੈਨ ਮਾਰਕੀਟ ਕਮੇਟੀ ਸੰਦੋੜ ਕਰਮਜੀਤ ਸਿੰਘ, ਕੇਵਲ ਸਿੰਘ ਜਾਗੋਵਾਲ ਵਿਧਾਇਕ ਮਾਲੇਰਕੋਟਲਾ ਦੀ ਸ਼ਰੀਕ-ਏ-ਹਯਾਤ ਫਰਿਆਲ ਰਹਿਮਾਨ, ਕੋਆਰਡੀਨੇਟਰ ਯੂਥ ਵਿੰਗ ਹਲਕਾ ਮਾਲੇਰਕੋਟਲਾ ਏ.ਕੇ.ਵਾਈ. ਮੂਨਿਸ ਰਹਿਮਾਨ ਸਮੇਤ ਕਈ ਅਹਿਮ ਸ਼ਖ਼ਸੀਅਤਾਂ ਨੇ ਸੂਫ਼ੀ ਗਾਇਕੀ ਦੀ ਇਸ ਖ਼ੂਬਸੂਰਤ ਸ਼ਾਮ ਦਾ ਆਨੰਦ ਮਾਣਿਆ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਰਿੰਪੀ ਗਰਗ, ਐਸ.ਪੀ. ਗੁਰਸ਼ਰਨਜੀਤ ਸਿੰਘ, ਐਸ.ਪੀ. ਰਾਜਵਿੰਦਰ ਸਿੰਘ, ਐੱਸ.ਡੀ.ਐੱਮ. ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ, ਐਸ.ਡੀ.ਐਮ.ਅਮਰਗੜ੍ਹ ਸੁਰਿੰਦਰ ਕੌਰ, , ਜ਼ਿਲ੍ਹਾ ਮਾਲ ਅਫ਼ਸਰ ਮਨਦੀਪ ਕੌਰ, ਪ੍ਰੋਫੈਸਰ ਅਨਿਲ ਭਾਰਤੀ ਤੋਂ ਇਲਾਵਾ ਪੁਲਿਸ ਅਤੇ ਸਿਵਲ ਅਧਿਕਾਰੀਆਂ ਸਮੇਤ ਮਾਲੇਰਕੋਟਲਾ ਵਾਸੀ ਅਤੇ ਸੰਗੀਤ ਪ੍ਰੇਮੀਆਂ ਨੇ ਵੱਡੀ ਗਿਣਤੀ 'ਚ ਸ਼ਿਰਕਤ ਕਰਕੇ ਸੂਫ਼ੀ ਗਾਇਕੀ ਦਾ ਅਨੰਦ ਮਾਣਿਆ।

# ਸਾਕਾ ਨਨਕਾਣਾ ਸਾਹਿਬ ਦੇ ਅਮਰ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ 18ਵਾਂ ਰਾਗ ਦਰਬਾਰ 21 ਫਰਵਰੀ ਨੂੰ




**ਨਵੀਂ ਦਿੱਲੀ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਦਾਰ ਹਰਮੀਤ ਸਿੰਘ ਕਾਲਕਾ, ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਹੈ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ. ਤ੍ਰਿਲੋਚਨ ਸਿੰਘ ਦੇ ਸਹਿਯੋਗ ਨਾਲ ਸਾਕਾ ਨਨਕਾਣਾ ਸਾਹਿਬ ਦੇ ਅਮਰ ਸ਼ਹੀਦਾਂ ਦੀ ਪਵਿੱਤਰ ਅਤੇ ਅਮਰ ਯਾਦ ਨੂੰ ਸਮਰਪਿਤ 18ਵਾਂ ਵਿਸ਼ਾਲ ਰਾਗ ਦਰਬਾਰ ਸ਼ਨਿੱਚਰਵਾਰ, 21 ਫਰਵਰੀ 2026 ਨੂੰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਹ ਸਮਾਗਮ ਸਿੱਖ ਇਤਿਹਾਸ ਦੀ ਮਹਾਨ ਸ਼ਹਾਦਤ ਨੂੰ ਨਮਨ ਕਰਨ ਅਤੇ ਗੁਰਬਾਣੀ ਰਾਹੀਂ ਸੰਗਤਾਂ ਨੂੰ ਨਾਮ-ਰਸ ਨਾਲ ਜੋੜਨ ਦਾ ਵਿਲੱਖਣ ਮੌਕਾ ਹੋਵੇਗਾ। ਇਸ ਰਾਗ ਦਰਬਾਰ ਵਿੱਚ ਪੰਥ-ਪ੍ਰਸਿੱਧ ਰਾਗੀ ਜਥੇ ਇਲਾਹੀ ਕੀਰਤਨ ਰਾਹੀਂ ਹਾਜ਼ਰ ਸੰਗਤਾਂ ਨੂੰ ਆਤਮਿਕ ਅਨੰਦ ਨਾਲ ਨਿਹਾਲ ਕਰਨਗੇ।

ਉਨ੍ਹਾਂ ਦੱਸਿਆ ਕਿ ਇਸ ਸਮਾਗਮ ਦੌਰਾਨ ਭਾਈ ਅੰਮ੍ਰਿਤਪਾਲ ਸਿੰਘ ਨੂਰ (ਦਿੱਲੀ ਵਾਲੇ), ਭਾਈ ਪ੍ਰਦੀਪ ਸਿੰਘ ਹਜ਼ੂਰੀ ਕੀਰਤਨੀਏ ਸ਼ਹੀਦਾਂ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਭਾਈ ਕਮਲਜੀਤ ਸਿੰਘ ਸ਼ਾਂਤ ਹਜ਼ੂਰੀ ਕੀਰਤਨੀਏ ਸ੍ਰੀ ਹਰਿਮੰਦਰ ਸਾਹਿਬ, ਭਾਈ ਕਮਲਜੀਤ ਸਿੰਘ ਹਜ਼ੂਰੀ ਕੀਰਤਨੀਏ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਕੀਰਤਨ ਅਤੇ ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ, ਹੈਡ ਗ੍ਰੰਥੀ ਬੰਗਲਾ ਸਾਹਿਬ ਵੱਲੋਂ ਕਥਾ ਰਾਹੀਂ ਸ਼ਹੀਦਾਂ ਦੀ ਅਦੁੱਤੀ ਕੁਰਬਾਨੀ ਨੂੰ ਯਾਦ ਕੀਤਾ ਜਾਵੇਗਾ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਸਮੂਹ ਸੰਗਤਾਂ ਨੂੰ ਨਿਮਰ ਅਪੀਲ ਕੀਤੀ ਹੈ ਕਿ ਉਹ ਆਪਣੇ ਪਰਿਵਾਰਾਂ ਸਮੇਤ ਵੱਡੀ ਗਿਣਤੀ ਵਿੱਚ ਪਹੁੰਚ ਕੇ ਗੁਰੂ ਘਰ ਦੀਆਂ ਅਨਮੋਲ ਖੁਸ਼ੀਆਂ ਅਤੇ ਆਤਮਿਕ ਬਖ਼ਸ਼ਿਸ਼ਾਂ ਪ੍ਰਾਪਤ ਕਰਨ। ਉਨ੍ਹਾਂ ਇਹ ਵੀ ਦੱਸਿਆ ਕਿ ਰਾਗ ਦਰਬਾਰ ਦਾ ਸਿੱਧਾ ਪ੍ਰਸਾਰਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵੈਬਸਾਈਟ ਅਤੇ ਫੇਸਬੁਕ ਪੇਜ ਤੋਂ ਇਲਾਵਾ ਕੇਸਰੀ ਕੰਟੈਕਟ, ਚੜ੍ਹਦੀ ਕਲਾ ਟਾਈਮ ਟੀਵੀ, ਜੀਐਸਪੀਐਸ ਲਾਈਵ, ਅਕਾਲ ਸਹਾਇ ਗੁਰਬਾਣੀ ਅਤੇ ਅਨਮਿਊਟ ਚੈਨਲ ਰਾਹੀਂ ਵੀ ਕੀਤਾ ਜਾਵੇਗਾ, ਤਾਂ ਜੋ ਦੇਸ਼-ਵਿਦੇਸ਼ ਦੀਆਂ ਸੰਗਤਾਂ ਇਸ ਰਾਗ ਦਰਬਾਰ ਨਾਲ ਜੁੜ ਸਕਣ। ਇਹ ਵਿਸ਼ਾਲ ਰਾਗ ਦਰਬਾਰ ਸ਼ਹੀਦਾਂ ਦੀ ਅਮਰ ਵਿਰਾਸਤ ਨੂੰ ਨਮਨ ਕਰਦਿਆਂ ਸੰਗਤਾਂ ਵਿੱਚ ਆਤਮਿਕ ਚੇਤਨਾ ਅਤੇ ਪੰਥਕ ਏਕਤਾ ਦਾ ਸੰਦੇਸ਼ ਪ੍ਰਸਾਰਿਤ ਕੀਤਾ ਜਾਵੇਗਾ।

# ਅਸੀਂ ਸਭ ਭਾਗਸ਼ਾਲੀ ਹਾਂ ਜੋ ਸਨਾਤਨ ਅਤੇ ਭਾਰਤ ਦੇਸ਼ ਵਿੱਚ ਜਨਮ ਲਿਆ : ਹਰੀਦੇਵ ਅਰਜੁਨ

**ਜੈਤੋ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਧਰਮ ਸੰਮੇਲਨ ਆਯੋਜਨ ਸਮਿਤੀ ਵਲੋਂ ਚੋਥਾ ਧਰਮ ਸੰਮੇਲਨ ਡੇਰਾ ਬਾਬਾ ਬਾਲਕ ਨਾਥ ਵਿਖੇ ਕੀਤਾ ਗਿਆ। ਸੰਮੇਲਨ ਵਿੱਚ ਮੁੱਖ ਅਸ਼ੀਰਵਾਦ ਦੇਣ ਲਈ ਪੰਡਿਤ ਸਤੀਸ਼ ਸ਼ਰਮਾਂ ਜੀ, ਮੁੱਖ ਮਹਿਮਾਨ ਸ਼੍ਰੀ ਨਾਰੇਸ਼ ਜਿੰਦਲ ਅਤੇ ਕਾਰਜਕਰਮ ਦੇ ਮੁੱਖ ਬੁਲਾਰੇ ਸ਼੍ਰੀ ਹਰੀਦੇਵ ਅਰਜੁਨ ਜੀ(ਪੰਜਾਬ, ਧਰਮ ਜਾਗਰਣ ਸੰਯੋਜਕ) ਪਹੁੰਚੇ।

ਧਰਮ ਸੰਮੇਲਨ ਤੋਂ ਇਕ ਦਿਨ ਪਹਿਲਾਂ ਸਮਿਤੀ ਅਤੇ ਡੇਰਾ ਬਾਬਾ ਬਾਲਕ ਨਾਥ ਮੈਂਬਰਾਂ ਵੱਲੋਂ ਇਲਾਕੇ ਵਿੱਚ ਪ੍ਰਭਾਤ ਫੇਰੀ ਕੱਢੀ ਗਈ। ਜੈਤੋ ਦੇ ਪਤਵੰਤੇ ਸੱਜਣ, ਮਹਿਲਾਵਾਂ ਅਤੇ ਬੱਚੇ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਮੁੱਖ ਮਹਿਮਾਨ ਨਰੇਸ਼ ਜਿੰਦਲ ਜੀ ਵੱਲੋਂ ਪੂਜਨ ਕਰਕੇ ਅਤੇ ਸ਼੍ਰੀ ਸਨਾਤਨ ਸੰਸਕ੍ਰਿਤੀ ਅਤੇ ਜਾਗਰਣ ਮੰਡਲ ਨੇ ਭੱਜਣ ਕੀਰਤਨ ਕਰਕੇ ਕਾਰਜਕਰਮ ਦੀ ਸ਼ੁਰੂਆਤ ਕੀਤੀ।

ਸੰਮੇਲਨ ਦੇ ਮੁੱਖ ਬੁਲਾਰੇ ਹਰੀਦੇਵ ਅਰਜੁਨ ਜੀ ਨੇ ਧਰਮ ਅਤੇ ਸੰਸਕ੍ਰਿਤੀ ਦੀ ਗੱਲ ਕਰਦੇ ਹੋਏ ਸਨਾਤਨ ਧਰਮ ਦੇ ਗੌਰਵਸ਼ਾਲੀ ਇਤਿਹਾਸ ਉੱਤੇ ਚਾਨਣ ਪਾਇਆ।

ਓਹਨਾਂ ਨੇ ਸਾਰੇ ਸਮਾਜ ਨੂੰ ਆਪਣਾ ਭਾਰਤੀ ਨਵਾਂ ਸਾਲ, ਬਿਕ੍ਰਮੀ ਸੰਮਤ ਬਣਾ ਕੇ ਸਾਲ ਦੀ ਸ਼ੁਰੂਆਤ ਕਰਨ ਲਈ ਕਿਹਾ। ਓਹਨਾਂ ਸਮਾਜ਼ ਵਿੱਚ ਵੱਧ ਰਹੇ ਧਰਮ ਪਰਿਵਰਤਣ ਦੀ ਅਸਲਿਅਤ ਦੀ ਜਾਣਕਾਰੀ ਦਿੱਤੀ। ਓਹਨਾਂ ਨੇ ਕਿਹਾ ਕਿ ਸੱਭ ਤੋਂ ਵੱਧ ਦਾਨ ਪੁੰਨ ਅਤੇ ਲੰਗਰ ਲਾਉਣ ਵਾਲੇ ਸਾਡੇ ਲੋਕ ਹਨ। ਸਾਰੇ ਸਨਾਤਨੀ ਲੋਕਾਂ ਨੂੰ ਅੱਗੇ ਆ ਕੇ ਆਪਣੇ ਪਿਛੜੇ ਵਰਗ ਦੀ ਹਰ ਤਰੀਕੇ ਨਾਲ ਮੱਦਦ ਕਰਨ ਲਈ ਅਪੀਲ ਕੀਤੀ। ਓਹਨਾਂ ਨੇ ਕਿਹਾ ਕਿ ਸਾਨੂੰ ਆਪਣੇ ਧਰਮ ਉੱਤੇ ਮਾਣ ਹੋਵੇ ਅਤੇ ਸੰਕਲਪ ਲੈਣਾ ਚਾਹੀਦਾ ਹੈ ਕਿ ਜਿਸ ਧਰਮ ਵਿੱਚ ਅਸੀਂ ਪੈਦਾ ਹੋਏ ਹਾਂ, ਚੰਗੇ ਕੰਮ ਕਰਦੇ ਹੋਏ ਉੱਥੇ ਹੀ ਆਪਣਾ ਜੀਵਨ ਬਤੀਤ ਕਰਨਾ ਅਤੇ ਇਸੇ ਦੇ ਵਿੱਚ ਹੀ ਮਰਨਾ। ਓਹਨਾਂ ਆਪਣੇ ਵਿੱਚ 5 ਤਰ੍ਹਾਂ ਦੇ ਬਦਲਾਅ ਲੈਕੇ ਆਉਣ ਲਈ ਕਿਹਾ।

1.ਸਮਾਜਿਕ ਸਮਰਸਤਾ : ਭੇਦਭਾਵ ਨੂੰ ਜੜ੍ਹੋਂ ਖਤਮ ਕਰਨ ਲਈ।
2.ਪਰਿਆਵਰਨ ਸੁਰੱਖਿਆ : ਵੇਦਾਂ ਅਨੁਸਾਰ ਪ੍ਰਕਿਰਤੀ ਨੂੰ ਪੁੱਜਣਾ ਚਾਹਿਦਾ।ਵਿਆਹ ਸ਼ਾਦੀ ਵਿੱਚ ਡਿਸਪੋਜ਼ਲ ਅਤੇ ਪਲਾਸਟਿਕ ਦੀ ਵਰਤੋਂ ਬੰਦ ਕਰਕੇ ਅਤੇ ਵੱਧ ਤੋਂ ਵੱਧ ਬੂਟੇ ਲਗੀਏ।
3.ਪਰਿਵਾਰ ਪ੍ਰਬੋਧਨ : ਪਰਿਵਾਰਕ ਏਕਤਾ ਦੇ ਲਈ ਹਫ਼ਤੇ ਵਿੱਚ ਇੱਕ ਵਾਰ ਪੂਰਾ ਪਰਿਵਾਰ ਮੰਦਰ/ਗੁਰੂਘਰ ਜਾਣ ਅਤੇ ਇਕੱਠੇ ਬੈਠ ਕੇ ਭੋਜਨ ਕਰਨ ਦੀ ਪ੍ਰਥਾ।
4.ਸਵਦੇਸ਼ੀ ਅਪਣਾਉਣਾ : ਦੇਸ਼ ਅਤੇ ਸ਼ਹਿਰ ਵਿੱਚ ਬਣੀਆਂ ਵਸਤੂਆਂ ਦੀ ਵਰਤੋਂ, ਮਹਾਂਪੁਰਸ਼ਾਂ ਦੇ ਇਤਿਹਾਸ ਨਾਲ ਬੱਚਿਆਂ ਨੂੰ ਜਾਣੂ ਕਰਵਾਉਣਾ।
5.ਨਾਗਰਿਕ ਕਰਤੱਵ : ਅਧਿਕਾਰਾਂ ਦੇ ਨਾਲ-ਨਾਲ ਕਰਤੱਵਾਂ ਦੀ ਸਮਝ ਅਤੇ ਕਾਨੂੰਨ ਦੀ ਪਾਲਣਾ ਜ਼ਿੰਮੇਵਾਰੀ ਨਾਲ ਕਰਨਾ।

ਧਰਮ ਸੰਮੇਲਨ ਆਯੋਜਨ ਸਮਿਤੀ ਦੇ ਅਧਿਅਕਸ਼ ਵਿੱਕੀ ਗੋਇਲ ਨੇ ਦੱਸਿਆ ਕਿ ਇਹ ਜੈਤੋ ਵਿੱਚ ਚੋਥਾ ਆਯੋਜਨ ਹੈ ਅਤੇ ਭਵਿੱਖ ਵਿੱਚ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਅਜੇਹੇ ਹੋਰ ਕਾਰਜਕਰਮ ਕਰਵਾਏ ਜਾਣਗੇ।

## ਸੰਪਾਦਕੀ

### ਬਜਟ 'ਤੇ ਹੋਣ ਵਾਲੀ ਚਰਚਾ ਸਮੇਂ ਪਿਆ ਵਿਘਨ ਹੁਣ ਦੂਰ ਹੋਇਆ

ਲੋਕ ਸਭਾ ਵਿੱਚ ਬਜਟ 'ਤੇ ਹੋਣ ਵਾਲੀ ਚਰਚਾ ਸਮੇਂ ਪਿਆ ਵਿਘਨ ਹੁਣ ਦੂਰ ਹੋ ਗਿਆ ਹੈ। ਹਾਲਾਂਕਿ, ਸਪੀਕਰ ਓਮ ਬਿਰਲਾ ਵਿਰੁੱਧ ਵਿਰੋਧੀ ਧਿਰ ਵੱਲੋਂ ਬੇਭਰੋਸਗੀ ਦੇ ਮਤੇ ਨਾਲ ਤਲਖ਼ੀ ਦਾ ਇੱਕ ਨਵਾਂ ਅਧਿਆਇ ਸ਼ੁਰੂ ਹੋ ਗਿਆ ਹੈ। ਲੋਕ ਸਭਾ ਦੇ ਇਸ ਸੈਸ਼ਨ ਦੌਰਾਨ ਵਿਰੋਧੀ ਧਿਰ ਸਪੀਕਰ ਓਮ ਬਿਰਲਾ 'ਤੇ ਦੋਸ਼ ਲਗਾਉਂਦੀ ਰਹੀ ਹੈ ਕਿ ਉਹ ਵਿਰੋਧੀ ਧਿਰ ਨੂੰ ਸਦਨ ਵਿੱਚ ਬੋਲਣ ਲਈ ਲੋੜੀਂਦਾ ਸਮਾਂ ਨਹੀਂ ਦੇ ਰਹੇ। ਇਸ ਬਜਟ ਸੈਸ਼ਨ ਦੀ ਸ਼ੁਰੂਆਤ ਤੋਂ ਹੀ ਕਾਂਗਰਸ ਪਾਰਟੀ ਖ਼ਾਸ ਤੌਰ 'ਤੇ ਇਸ ਗੱਲ ਤੋਂ ਨਾਰਾਜ਼ ਚਲੀ ਆ ਰਹੀ ਹੈ ਕਿ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਰਾਹੁਲ ਗਾਂਧੀ ਸਾਬਕਾ ਫ਼ੌਜ ਮੁਖੀ ਜਨਰਲ ਮਨੋਜ ਮੁਕੁੰਦ ਨਰਵਣੇ ਦੀ ਕਿਤਾਬ 'ਫੋਰ ਸਟਾਰਜ਼ ਔਫ ਡੈਸਟਿਨੀ' ਦੇ ਅੰਸ਼ਾਂ ਬਾਰੇ ਸਦਨ 'ਚ ਚਰਚਾ ਕਰਨੀ ਚਾਹੁੰਦੇ ਸਨ। ਇਹ ਕਿਤਾਬ ਜਨਤਕ ਤੌਰ 'ਤੇ ਉਪਲਬਧ ਨਹੀਂ ਹੈ। ਰੱਖਿਆ ਮੰਤਰਾਲੇ ਤੋਂ ਇਸ ਨੂੰ ਹਾਲੇ ਪ੍ਰਵਾਨਗੀ ਦੀ ਉਡੀਕ ਹੈ। ਜਨਰਲ ਨਰਵਣੇ ਨੇ ਕਿਹਾ ਹੈ ਕਿ ਪ੍ਰਕਾਸ਼ਕਾਂ ਨੇ ਇਸ ਨੂੰ ਪ੍ਰਵਾਨਗੀ ਲਈ ਰੱਖਿਆ ਮੰਤਰਾਲੇ ਨੂੰ ਭੇਜਿਆ ਸੀ। ਸ੍ਰੀ ਗਾਂਧੀ ਨੇ ਸੰਸਦ ਵਿੱਚ ਇਸ ਕਿਤਾਬ ਦੀ ਇੱਕ ਕਾਪੀ ਪ੍ਰਦਰਸ਼ਿਤ ਕੀਤੀ। ਕਿਤਾਬ ਦੀਆਂ ਸੌਫਟ ਕਾਪੀਆਂ ਔਨਲਾਈਨ ਉਪਲਬਧ ਹਨ। ਦਿੱਲੀ ਪੁਲੀਸ ਨੇ ਇਹ ਜਾਂਚ ਕਰਨ ਲਈ ਐੱਫ ਆਈ ਆਰ ਦਰਜ ਕੀਤੀ ਹੈ ਕਿ ਜਦੋਂ ਕਿਤਾਬ ਦੀ ਪ੍ਰਕਾਸ਼ਨਾ ਲਈ ਮਨਜ਼ੂਰੀ ਨਹੀਂ ਮਿਲੀ ਤਾਂ ਇਹ ਔਨਲਾਈਨ ਪਲੇਟਫਾਰਮਾਂ 'ਤੇ ਕਿਵੇਂ ਉਪਲਬਧ ਹੈ। ਸਰਕਾਰ ਨੇ ਲੋਕ ਸਭਾ ਵਿੱਚ ਇਹ ਪੱਖ ਰੱਖਿਆ ਹੈ ਕਿ ਸ੍ਰੀ ਗਾਂਧੀ ਉਸ ਕਿਤਾਬ ਦਾ ਜ਼ਿਕਰ ਨਹੀਂ ਕਰ ਸਕਦੇ, ਜਿਸ ਦੀ ਪ੍ਰਕਾਸ਼ਨਾ ਲਈ ਮਨਜ਼ੂਰੀ ਨਹੀਂ ਦਿੱਤੀ ਗਈ। ਇਹ ਗੱਲ ਤਕਨੀਕੀ ਤੌਰ 'ਤੇ ਸਹੀ ਹੋ ਸਕਦੀ ਹੈ, ਪਰ ਇਹ ਵੀ ਪਤਾ ਹੀ ਹੋਵੇਗਾ ਕਿ 2020 ਵਿੱਚ ਪੂਰਬੀ ਲੱਦਾਖ ਵਿੱਚ ਭਾਰਤ-ਚੀਨ ਦੀਆਂ ਝੜਪਾਂ ਬਾਰੇ ਜਨਰਲ ਨਰਵਣੇ ਦੀ ਕਿਤਾਬ ਵਿੱਚ ਜੋ ਲਿਖਿਆ ਸੀ, ਉਹ ਇੰਟਰਨੈੱਟ 'ਤੇ ਦੇਖਿਆ ਜਾ ਸਕਦਾ ਹੈ। ਇਉਂ ਸਰਕਾਰ ਦਾ ਦ੍ਰਿਸ਼ਟੀਕੋਣ ਜਾਣੇ ਬਿਨਾਂ ਬਹੁਤ ਸਾਰੇ ਲੋਕ ਇਸ ਬਾਰੇ ਆਪਣੀ ਰਾਇ ਬਣਾ ਲੈਣਗੇ। ਸੰਵੇਦਨਸ਼ੀਲ ਅਤੇ ਸੀਨੀਅਰ ਅਹੁਦਿਆਂ 'ਤੇ ਰਹੇ ਫ਼ੌਜੀ ਅਤੇ ਪ੍ਰਸ਼ਾਸਕੀ ਅਧਿਕਾਰੀਆਂ ਨੂੰ ਆਪਣੀਆਂ ਯਾਦਾਂ ਲਿਖਦੇ ਸਮੇਂ ਗੁਪਤ ਜਾਣਕਾਰੀ ਸਾਂਝੀ ਕਰਨ ਦੀ ਲਾਲਸਾ ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਨੂੰ ਇਸ ਗੱਲੋਂ ਵੀ ਚੇਤੰਨ ਰਹਿਣਾ ਚਾਹੀਦਾ ਹੈ ਕਿ ਉਨ੍ਹਾਂ ਦੇ ਸੇਵਾਕਾਲ ਦੌਰਾਨ ਸਿਆਸੀ ਲੀਡਰਸ਼ਿਪ ਨਾਲ ਉਨ੍ਹਾਂ ਦੀ ਗੱਲਬਾਤ ਹਮੇਸ਼ਾ ਵਿਸ਼ਵਾਸ ਦੇ ਆਧਾਰ 'ਤੇ ਹੁੰਦੀ ਸੀ। ਇਹ ਮਾਣ ਅਤੇ ਜ਼ਿੰਮੇਵਾਰੀ ਵਾਲੀ ਗੱਲ ਹੈ ਕਿ ਸੇਵਾਕਾਲ ਦੌਰਾਨ ਜਾਂ ਸੇਵਾਮੁਕਤੀ ਮਗਰੋਂ ਵੀ ਫ਼ੌਜੀ ਅਤੇ ਸਿਵਿਲ ਪ੍ਰਸ਼ਾਸਕੀ ਅਧਿਕਾਰੀਆਂ ਅਤੇ ਸਿਆਸੀ ਲੀਡਰਸ਼ਿਪ ਦਰਮਿਆਨ ਵਿਸ਼ਵਾਸ ਕਾਇਮ ਰੱਖਿਆ ਜਾਵੇ। ਜੇਕਰ ਕੈਬਨਿਟ ਕਮੇਟੀ ਦੀਆਂ ਮੀਟਿੰਗਾਂ ਜਾਂ ਫ਼ੈਸਲੇ ਲੈਣ ਦੀਆਂ ਪ੍ਰਕਿਰਿਆਵਾਂ, ਖ਼ਾਸਕਰ ਰਾਸ਼ਟਰੀ ਸੁਰੱਖਿਆ ਨਾਲ ਜੁੜੇ ਵੇਰਵੇ ਜਨਤਕ ਹੋ ਜਾਣ ਤਾਂ ਸਿਸਟਮ ਨੂੰ ਭਾਰੀ ਨੁਕਸਾਨ ਪੁੱਜੇਗਾ। ਜੇਕਰ ਇਨ੍ਹਾਂ ਅਧਿਕਾਰੀਆਂ ਨੂੰ ਜਾਪਦਾ ਹੈ ਕਿ ਸਿਆਸੀ ਆਗੂਆਂ ਨੇ ਉਦੋਂ ਕੋਈ ਗ਼ਲਤੀ ਕੀਤੀ ਜਾਂ ਉਨ੍ਹਾਂ ਨੂੰ ਨੀਵਾਂ ਦਿਖਾਇਆ ਸੀ ਤਾਂ ਵੀ ਉਨ੍ਹਾਂ ਨੂੰ ਸੇਵਾਮੁਕਤੀ ਮਗਰੋਂ ਵਿਸ਼ਵਾਸ ਤੋੜਨ ਦੀ ਆਜ਼ਾਦੀ ਨਹੀਂ। ਸੀਨੀਅਰ ਫ਼ੌਜੀ ਅਤੇ ਸਿਵਿਲ ਪ੍ਰਸ਼ਾਸਕੀ ਅਧਿਕਾਰੀਆਂ ਨੂੰ ਆਪਣੇ ਫਰਜ਼ਾਂ ਤੇ ਅਧਿਕਾਰ ਖੇਤਰ ਬਾਰੇ ਚੇਤੰਨ ਹੋਣਾ ਚਾਹੀਦਾ ਹੈ। ਇਸ ਲਈ ਸਿਵਿਲ ਪ੍ਰਸ਼ਾਸਕੀ ਅਧਿਕਾਰੀਆਂ ਨੂੰ ਇਸ ਗੱਲੋਂ ਚੇਤੰਨ ਹੋਣਾ ਚਾਹੀਦਾ ਹੈ ਕਿ ਸਿਆਸੀ ਆਗੂਆਂ ਵੱਲੋਂ ਦਿੱਤੇ ਗਏ ਹੁਕਮਾਂ ਦੀ ਵਿਆਖਿਆ ਉਨ੍ਹਾਂ (ਅਧਿਕਾਰੀਆਂ) ਦੀਆਂ ਜ਼ਿੰਮੇਵਾਰੀਆਂ ਦੇ ਦਾਇਰੇ ਵਿੱਚ ਕੀਤੀ ਜਾਣੀ ਚਾਹੀਦੀ ਹੈ। ਇਸ ਦੇ ਨਾਲ ਹੀ ਫ਼ੌਜੀ ਅਧਿਕਾਰੀਆਂ ਨੂੰ ਸਿਆਸੀ ਲੀਡਰਸ਼ਿਪ ਦੇ ਫ਼ੈਸਲਿਆਂ ਜਾਂ ਸਲਾਹਾਂ ਨੂੰ ਆਪਣੀਆਂ ਫ਼ੌਜੀ ਜ਼ਿੰਮੇਵਾਰੀਆਂ ਦੀ ਰੌਸ਼ਨੀ ਵਿੱਚ ਵਿਚਾਰਨਾ ਚਾਹੀਦਾ ਹੈ। ਉਹ ਇਨ੍ਹਾਂ ਨੂੰ ਕਿਸੇ ਹੋਰ ਦ੍ਰਿਸ਼ਟੀਕੋਣ ਤੋਂ ਨਹੀਂ ਦੇਖ ਸਕਦੇ। ਇਸ ਲਈ ਜੇਕਰ ਕੋਈ ਮਾਮਲਾ ਉਨ੍ਹਾਂ ਦੀ ਸੂਝ-ਬੂਝ 'ਤੇ ਛੱਡ ਦਿੱਤਾ ਜਾਂਦਾ ਹੈ ਤਾਂ ਉਨ੍ਹਾਂ ਨੂੰ ਇਸ ਦੀ ਵਿਆਖਿਆ ਸਿਰਫ਼ ਆਪਣੇ ਫ਼ੌਜੀ ਫ਼ਰਜ਼ਾਂ ਦੇ ਸੰਦਰਭ ਵਿੱਚ ਕਰਨੀ ਚਾਹੀਦੀ ਹੈ, ਕੂਟਨੀਤਕ ਤੇ ਰਾਜਨੀਤਕ ਖੇਤਰਾਂ ਮੁਤਾਬਿਕ ਨਹੀਂ। ਇਹ ਸਟੇਟ ਦੀਆਂ ਕੂਟਨੀਤਕ ਤੇ ਰਾਜਨੀਤਕ ਸੰਸਥਾਵਾਂ ਦਾ ਖੇਤਰ ਹੈ। ਅਜਿਹੇ ਹਾਲਾਤ ਵਿੱਚ ਫ਼ੌਜੀ ਅਧਿਕਾਰੀਆਂ ਨੂੰ ਇਹ ਮੰਨਣਾ ਚਾਹੀਦਾ ਹੈ ਕਿ ਸਿਆਸੀ ਲੀਡਰਸ਼ਿਪ ਨੇ ਦੇਸ਼ ਦੇ ਕੂਟਨੀਤਕ ਅਤੇ ਰਾਜਨੀਤਕ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਹੀ ਅਗਲਾ ਫ਼ੈਸਲਾ ਫ਼ੌਜੀ ਅਧਿਕਾਰੀਆਂ 'ਤੇ ਛੱਡਿਆ ਹੋਵੇਗਾ। ਲੋਕ ਸਭਾ ਵਿੱਚ ਹਾਲ ਹੀ ਵਿੱਚ ਪੈਦਾ ਹੋਇਆ ਜਮੂਦ ਅਤੇ ਸਪੀਕਰ ਓਮ ਬਿਰਲਾ ਖ਼ਿਲਾਫ਼ ਮਤਾ ਇੱਕ ਵਾਰ ਫਿਰ ਸਿਆਸੀ ਜਮਾਤ ਦੇ ਵੱਖ-ਵੱਖ ਹਿੱਸਿਆਂ ਦਰਮਿਆਨ ਸੰਵਾਦ ਦੀ ਘਾਟ ਨੂੰ ਉਜਾਗਰ ਕਰਦਾ ਹੈ। ਦਰਅਸਲ, ਸੰਸਦ ਦੇ ਸੈਸ਼ਨਾਂ ਦੌਰਾਨ ਆਗੂਆਂ ਦਾ ਕੁਝ ਹੱਦ ਤੱਕ ਆਪਸੀ ਸੰਪਰਕ ਜ਼ਰੂਰ ਹੁੰਦਾ ਹੈ, ਜਿਸ ਨਾਲ ਸੰਸਦ ਸੂਚਾਰੂ ਰੂਪ ਵਿੱਚ ਕੰਮ ਕਰ ਸਕੇ। ਹਾਲਾਂਕਿ, ਮੁੱਦਿਆਂ 'ਤੇ ਸੰਵਾਦ ਦੀ ਘਾਟ ਪ੍ਰਤੱਖ ਹੈ। ਇਹ ਬੀਤੇ ਸਮਿਆਂ ਦੇ ਉਲਟ ਵਰਤਾਰਾ ਹੈ। ਸਾਬਕਾ ਸਿਵਿਲ ਪ੍ਰਸ਼ਾਸਕੀ ਅਧਿਕਾਰੀਆਂ ਨੂੰ ਯਾਦ ਹੋਵੇਗਾ ਕਿ ਸਰਕਾਰ ਅਤੇ ਵਿਰੋਧੀ ਧਿਰ ਦੇ ਆਗੂ ਰਾਸ਼ਟਰੀ ਅਹਿਮੀਅਤ ਦੇ ਮੁੱਦਿਆਂ 'ਤੇ ਇੱਕ-ਦੂਜੇ ਨਾਲ ਲਗਾਤਾਰ ਸੰਪਰਕ ਵਿੱਚ ਰਹਿੰਦੇ ਸਨ। ਇਸ ਲੇਖਕ ਨੂੰ ਆਪਣੇ ਕੂਟਨੀਤਕ ਪੇਸ਼ੇਵਰ ਜੀਵਨ ਦੇ ਉਹ ਵੇਲੇ ਯਾਦ ਹਨ, ਜਦੋਂ ਸਰਕਾਰ ਵੱਡੀਆਂ ਕੂਟਨੀਤਕ ਪੇਸ਼ਕਦਮੀਆਂ ਤੋਂ ਪਹਿਲਾਂ ਜਾਂ ਦੇਸ਼ ਨੂੰ ਅਚਾਨਕ ਦਰਪੇਸ਼ ਕਿਸੇ ਸੰਕਟ ਸਮੇਂ ਵਿਰੋਧੀ ਧਿਰ ਦੇ ਆਗੂਆਂ ਨੂੰ ਬਾਕਾਇਦਾ ਜਾਣਕਾਰੀ ਦਿੰਦੀ ਸੀ। ਅਜਿਹਾ ਇਸ ਲਈ ਨਹੀਂ ਸੀ ਕੀਤਾ ਜਾਂਦਾ ਕਿਉਂਕਿ ਅਜਿਹੀ ਪਹੁੰਚ ਨਾਲ ਉਨ੍ਹਾਂ ਮੁੱਦਿਆਂ ਕਾਰਨ ਆਉਣ ਵਾਲੇ ਸਿਆਸੀ ਉਤਰਾਅ-ਚੜ੍ਹਾਅ ਰੁਕ ਸਕਦੇ ਸਨ, ਸਗੋਂ ਜਾਣਕਾਰੀ ਇਸ ਲਈ ਸਾਂਝੀ ਕੀਤੀ ਜਾਂਦੀ ਸੀ ਕਿਉਂਕਿ ਇਸ ਦਾ ਮਕਸਦ ਸਿਆਸੀ ਜਮਾਤ ਦੇ ਸਾਰੇ ਵਰਗਾਂ ਨੂੰ ਇਨ੍ਹਾਂ ਮੁੱਦਿਆਂ ਨਾਲ ਜੁੜੀਆਂ ਚੁਣੌਤੀਆਂ ਅਤੇ ਮੌਕਿਆਂ ਬਾਰੇ ਜਾਣਕਾਰੀ ਦੇਣਾ ਹੁੰਦਾ ਸੀ। ਕੁਝ ਮਾਮਲਿਆਂ ਵਿੱਚ ਸੱਤਾ ਅਤੇ ਵਿਰੋਧੀ ਧਿਰ ਦੇ ਆਗੂਆਂ ਨੇ ਇੱਕ-ਦੂਜੇ ਨਾਲ ਸਿੱਧੇ ਤੌਰ 'ਤੇ ਗੱਲ ਕੀਤੀ, ਜਦੋਂਕਿ ਕਈ ਮਾਮਲਿਆਂ ਵਿੱਚ ਉਨ੍ਹਾਂ ਨੇ ਭਰੋਸੇਯੋਗ ਸਹਾਇਕਾਂ ਰਾਹੀਂ ਰਾਬਤਾ ਕੀਤਾ। ਸੱਤਾਧਾਰੀ ਅਤੇ ਵਿਰੋਧੀ ਧਿਰਾਂ ਦਰਮਿਆਨ ਹੁਣ ਲਗਭਗ ਰੋਜ਼ਾਨਾ ਦਿਸਣ ਵਾਲੀ ਕੁੜੱਤਣ, ਵੈਰ-ਭਾਵ ਅਤੇ ਨਿੰਦਾ ਦਰਸਾਉਂਦੀ ਹੈ ਕਿ ਆਪਸੀ ਸੰਵਾਦ ਜਾਂ ਤਾਂ ਗ਼ੈਰਹਾਜ਼ਰ ਹੈ ਜਾਂ ਫਿਰ ਓਨਾ ਨਹੀਂ, ਜਿੰਨਾ ਹੋਣਾ ਚਾਹੀਦਾ ਹੈ। ਇਹ ਦੇਸ਼ ਦੇ ਹਿੱਤਾਂ ਲਈ ਨੁਕਸਾਨਦੇਹ ਹੈ ਕਿਉਂਕਿ ਦੇਸ਼ ਨੂੰ ਗੰਭੀਰ ਰਣਨੀਤਕ ਚੁਣੌਤੀਆਂ ਦਰਪੇਸ਼ ਹਨ। ਸੱਤਾਧਾਰੀ ਅਤੇ ਵਿਰੋਧੀ ਧਿਰ ਦਰਮਿਆਨ ਸੰਵਾਦ ਦੀ ਘਾਟ ਰਾਹੁਲ ਗਾਂਧੀ ਵੱਲੋਂ ਨਰਵਣੇ ਦੀ ਕਿਤਾਬ ਦੇ ਹਵਾਲੇ ਤੋਂ ਸਪੱਸ਼ਟ ਹੈ। ਜਦੋਂ ਰਾਹੁਲ ਗਾਂਧੀ ਨੇ ਪਹਿਲੀ ਵਾਰ ਇਸ ਦਾ ਜ਼ਿਕਰ ਕੀਤਾ ਤਾਂ ਸਰਕਾਰ ਉਸ ਨੂੰ ਦੱਸ ਸਕਦੀ ਸੀ ਕਿ ਉਹ ਇਸ ਕਿਤਾਬ 'ਤੇ ਕਿਸੇ ਵੀ ਤਰ੍ਹਾਂ ਦੀ ਚਰਚਾ ਲਈ ਸਹਿਮਤੀ ਨਹੀਂ ਦੇ ਸਕਦੀ। ਸਰਕਾਰ ਇਹ ਵੀ ਦੱਸ ਸਕਦੀ ਸੀ ਕਿ ਕਿਤਾਬ ਨੂੰ ਕਿਨ੍ਹਾਂ ਕਾਰਨਾਂ ਕਰਕੇ ਮਨਜ਼ੂਰੀ ਨਹੀਂ ਸੀ ਦਿੱਤੀ ਜਾ ਸਕਦੀ। ਇਹ ਉਸ ਨੂੰ ਭਰੋਸੇ 'ਚ ਲੈਂਦਿਆਂ ਪੂਰਬੀ ਲੱਦਾਖ ਵਿੱਚ ਅਹਿਮ ਘਟਨਾਵਾਂ ਬਾਰੇ ਸੂਚਿਤ ਕਰ ਸਕਦੀ ਸੀ, ਜਿਨ੍ਹਾਂ ਬਾਰੇ ਇਸ ਕਿਤਾਬ ਵਿੱਚ ਵੀ ਜ਼ਿਕਰ ਕੀਤਾ ਗਿਆ ਹੈ। ਆਖ਼ਰਕਾਰ, ਸਾਰੇ ਸਿਆਸਤਦਾਨ ਰਾਸ਼ਟਰ ਦੇ ਹਿੱਤਾਂ ਲਈ ਵਚਨਬੱਧ ਹਨ। ਉਹ ਸਾਰੇ ਜਾਣਦੇ ਹਨ ਕਿ ਕੀ ਖੁਲਾਸਾ ਕੀਤਾ ਜਾ ਸਕਦਾ ਹੈ ਅਤੇ ਕੀ ਗੁਪਤ ਰੱਖਿਆ ਜਾਣਾ ਚਾਹੀਦਾ ਹੈ। ਮੈਂ ਅਕਸਰ ਸਾਬਕਾ ਪ੍ਰਧਾਨ ਮੰਤਰੀ ਇੰਦਰ ਕੁਮਾਰ ਗੁਜਰਾਲ ਦੀ ਪ੍ਰਧਾਨਗੀ ਵਾਲੀ ਵਿਦੇਸ਼ ਮਾਮਲਿਆਂ ਦੀ ਸਥਾਈ ਕਮੇਟੀ ਵਿੱਚ ਵਾਪਰੀ ਇੱਕ ਘਟਨਾ ਨੂੰ ਯਾਦ ਕਰਦਾ ਹਾਂ, ਜਿਸ ਨੇ ਦਰਸਾਇਆ ਕਿ ਸਿਆਸੀ ਜਮਾਤ ਜਾਣਦੀ ਹੈ ਕਿ ਕਿਹੜੇ ਖੁਲਾਸੇ ਕੀਤੇ ਜਾ ਸਕਦੇ ਹਨ ਅਤੇ ਕਿਹੜੇ ਨਹੀਂ। ਵਿਦੇਸ਼ ਸਕੱਤਰ ਕੇ. ਰਘੂਨਾਥ ਤੋਂ ਉੱਤਰੀ ਗੱਠਜੋੜ ਨੂੰ ਭਾਰਤ ਦੀ ਸਹਾਇਤਾ ਬਾਰੇ ਪੁੱਛਗਿੱਛ ਕੀਤੀ ਜਾ ਰਹੀ ਸੀ। ਕੇ. ਰਘੂਨਾਥ ਦੇ ਗੋਲ-ਮੋਲ ਜਿਹੇ ਜਵਾਬਾਂ ਕਾਰਨ ਸੰਸਦ ਮੈਂਬਰਾਂ ਦੇ ਸਬਰ ਦਾ ਬੰਨ੍ਹ ਟੁੱਟ ਰਿਹਾ ਸੀ। ਸ੍ਰੀ ਗੁਜਰਾਲ ਨੇ ਟੋਕਦਿਆਂ ਕਿਹਾ ਕਿ ਉਹ ਜਾਣਦੇ ਹਨ, ਵਿਦੇਸ਼ ਮੰਤਰਾਲਾ ਕੀ ਕਰ ਰਿਹਾ ਹੈ ਅਤੇ ਉਨ੍ਹਾਂ ਚਰਚਾ ਰੋਕ ਦਿੱਤੀ। ਕਿਸੇ ਵੀ ਸੰਸਦ ਮੈਂਬਰ ਨੇ ਇਸ 'ਤੇ ਇਤਰਾਜ਼ ਨਾ ਕੀਤਾ।

## ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਨਾਨਕਸਰ ਗੁਰਦੁਆਰਾ ਸਾਹਿਬ ਤੋਂ ਮਾਲੇਰਕੋਟਲਾ ਚੌਕ ਤੱਕ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਧੂਰੀ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਧੂਰੀ ਵਾਸੀਆਂ ਦੀ ਵੱਡੀ ਮੰਗ ਨੂੰ ਪੂਰਾ ਕਰਦਿਆਂ ਅੱਜ ਧੂਰੀ ਸ਼ਹਿਰ ਦੇ ਬਾਈਪਾਸ ਦੇ ਪੁੱਲ ਤੋਂ ਉਤਰਦਿਆਂ ਨਾਨਕਸਰ ਗੁਰਦੁਆਰਾ ਸਾਹਿਬ ਤੋਂ ਮਾਲੇਰਕੋਟਲਾ ਚੌਕ ਤੱਕ ਬਰਸਾਤੀ ਪਾਣੀ ਦੀ ਸੁਚੱਜੀ ਨਿਕਾਸੀ ਲਈ ਸੜਕ ਦੇ ਦੋਵੇਂ ਪਾਸੇ ਕਰੀਬ 1 ਕਿਲੋਮੀਟਰ ਲੰਬੀ ਡਰੇਨ ਦੇ ਕੰਮ ਦੀ ਸ਼ੁਰੂਆਤ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸ. ਸੁਖਵੀਰ ਸਿੰਘ ਵੱਲੋਂ ਕਰਵਾਈ ਗਈ। ਇਸ ਡਰੇਨ ਦੇ ਨਿਰਮਾਣ, ਸੜਕ ਦੀ ਮੁਰੰਮਤ ਅਤੇ ਇੰਟਰਲਾਕ ਟਾਈਲਾਂ ਲਗਾਉਣ 'ਤੇ ਲਗਭਗ 1 ਕਰੋੜ 80 ਲੱਖ ਰੁਪਏ ਦੀ ਲਾਗਤ ਆਵੇਗੀ।ਇਸ ਮੌਕੇ ਓ.ਐਸ.ਡੀ. ਸ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਦੇ ਵਾਰਡ ਨੰਬਰ 18, 19, 20 ਅਤੇ 21 ਦੇ ਵਸਨੀਕਾਂ ਨੂੰ ਬਰਸਾਤ ਦੌਰਾਨ ਖੜਦੇ ਪਾਣੀ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਦੱਸਿਆ ਕਿ ਇਸ 'ਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਤੁਰੰਤ ਕਾਰਵਾਈ ਕਰਦਿਆਂ ਸੜਕ ਦੇ ਦੋਵੇਂ ਪਾਸੇ ਡਰੇਨ ਬਣਾਉਣ ਦੇ ਨਿਰਦੇਸ਼ ਜਾਰੀ ਕੀਤੇ ਅਤੇ ਅੱਜ ਇਸ ਪ੍ਰੋਜੈਕਟ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ।

ਉਨ੍ਹਾਂ ਹੋਰ ਦੱਸਿਆ ਕਿ ਕਰੀਬ 1 ਕਿਲੋਮੀਟਰ ਲੰਬੀ ਬਣਨ ਵਾਲੀ ਇਸ ਡਰੇਨ ਦੇ ਨਾਲ-ਨਾਲ ਸੜਕ ਦੀ ਰਿਪੇਅਰ ਵੀ ਕੀਤੀ ਜਾਵੇਗੀ ਅਤੇ ਬਾਕੀ ਹਿੱਸੇ 'ਤੇ ਬਲਾਕ ਟਾਈਲਾਂ ਲਗਾਈਆਂ ਜਾਣਗੀਆਂ, ਜਿਸ ਨਾਲ ਸੜਕ ਦੀ ਮਜ਼ਬੂਤੀ ਅਤੇ ਸੁੰਦਰਤਾ ਵਿੱਚ ਵਾਧਾ ਹੋਵੇਗਾ।

ਓ.ਐਸ.ਡੀ. ਨੇ ਕਿਹਾ ਕਿ ਬਾਈਪਾਸ ਤੋਂ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿੱਚ ਵਾਹਨ ਗੁਜ਼ਰਦੇ ਹਨ ਅਤੇ ਬਰਸਾਤ ਦੇ ਦੌਰਾਨ ਪੁਲ ਤੋਂ ਪਾਣੀ ਥੱਲੇ ਆਉਣ ਕਾਰਨ ਸੜਕ ਉੱਤੇ ਪਾਣੀ ਖੜਾ ਹੋ ਜਾਂਦਾ ਸੀ, ਜਿਸ ਨਾਲ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ। ਡਰੇਨ ਦੇ ਨਿਰਮਾਣ ਨਾਲ ਬਰਸਾਤੀ ਪਾਣੀ ਦੀ ਨਿਕਾਸੀ ਸੁਚਾਰੂ ਹੋਵੇਗੀ ਅਤੇ ਪਾਣੀ ਖੜਾ ਹੋਣ ਦੀ ਸਮੱਸਿਆ ਦਾ ਸਥਾਈ ਹੱਲ ਹੋਵੇਗਾ।

ਇਸ ਉਪਰੰਤ ਓ.ਐਸ.ਡੀ. ਸ. ਸੁਖਵੀਰ ਸਿੰਘ ਨੇ ਪਿੰਡ ਕਿਲ੍ਹਾ ਹਕੀਮਾਂ ਵਿਖੇ 40.24 ਲੱਖ ਰੁਪਏ ਦੀ ਲਾਗਤ ਨਾਲ ਲੱਗਣ ਵਾਲੀਆਂ ਇੰਟਰਲਾਕ ਟਾਈਲਾਂ ਦੇ ਕੰਮ ਦੀ ਵੀ ਸ਼ੁਰੂਆਤ ਕਰਵਾਈ। ਉਨ੍ਹਾਂ ਕਿਹਾ ਕਿ ਸੜਕ ਦੇ ਦੋਵੇਂ ਪਾਸੇ 5-5 ਫੁੱਟ ਚੌੜਾਈ ਵਿੱਚ ਟਾਈਲਾਂ ਲਗਣ ਨਾਲ ਸੜਕ ਦੀਆਂ ਬਰਮਾ ਮਜ਼ਬੂਤ ਹੋਣਗੀਆਂ ਅਤੇ ਰਾਹਗੀਰਾਂ, ਖ਼ਾਸ ਕਰਕੇ ਪੈਦਲ ਚੱਲਣ ਵਾਲਿਆਂ ਨੂੰ ਵੱਡਾ ਲਾਭ ਮਿਲੇਗਾ।ਇਸ ਮੌਕੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਪੰਜਾਬ ਸਟੇਟ ਟਰੇਡਰਸ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਪੁਸ਼ਪਿੰਦਰ ਸ਼ਰਮਾ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਰਮਨਦੀਪ ਸਿੰਘ ਅਤੇ ਐੱਸ.ਡੀ.ਓ. ਨਵਦੀਪ ਬਾਂਸਲ ਸਮੇਤ ਵੱਡੀ ਗਿਣਤੀ ਇਲਾਕਾ ਨਿਵਾਸੀ ਮੌਜੂਦ ਸਨ।

## ਸਰਦਾਰਨੀ ਜਸਬੀਰ ਕੌਰ ਭੁੱਲਰ ਦੇ ਅਕਾਲ ਚਲਾਣੇ ਨਾਲ ਸਮਾਜ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਇਆ: ਹਰਮੀਤ ਸਿੰਘ ਕਾਲਕ

**ਨਵੀਂ ਦਿੱਲੀ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਡੀਐੱਸਜੀਐੱਮਸੀ ਦੇ ਮੈਂਬਰ ਭੁਪਿੰਦਰ ਸਿੰਘ ਭੁੱਲਰ ਦੀ ਸਤਿਕਾਰਯੋਗ ਮਾਤਾ ਸਰਦਾਰਨੀ ਜਸਬੀਰ ਕੌਰ ਭੁੱਲਰ ਦੇ ਅਕਾਲ ਚਲਾਣੇ 'ਤੇ ਗਹਿਰਾ ਦੁੱਖ ਅਤੇ ਅਫਸੋਸ ਪ੍ਰਗਟ ਕੀਤਾ ਹੈ।

ਉਨ੍ਹਾਂ ਕਿਹਾ ਕਿ ਸਰਦਾਰਨੀ ਜਸਬੀਰ ਕੌਰ ਭੁੱਲਰ ਦੇ ਅਕਾਲ ਚਲਾਣੇ ਨਾਲ ਪਰਿਵਾਰ ਅਤੇ ਸਮਾਜ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਇਆ ਹੈ।

ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਆਯੋਜਿਤ ਅੰਤਿਮ ਅਰਦਾਸ ਸਮਾਗਮ ਦੌਰਾਨ ਸੰਗਤਾਂ ਨੇ ਭਾਰੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ।

ਇਸ ਮੌਕੇ 'ਤੇ ਸਰਦਾਰ ਹਰਮੀਤ ਸਿੰਘ ਕਾਲਕਾ ਜੀ ਨੇ ਵੀ ਪਵਿੱਤਰ ਆਤਮਾ ਦੀ ਚੜ੍ਹਦੀ ਕਲਾ ਤੇ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ।



ਆਪਣੇ ਸੰਬੋਧਨ ਵਿੱਚ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸਰਦਾਰਨੀ ਜਸਬੀਰ ਕੌਰ ਭੁੱਲਰ ਸਾਦਗੀ, ਸੇਵਾਭਾਵ ਅਤੇ ਉੱਚ ਆਦਰਸ਼ਾਂ ਦੀ ਜੀਵੰਤ ਸ਼ਖ਼ਸੀਅਤ ਸਨ।ਉਨ੍ਹਾਂ ਦੀ ਪ੍ਰੇਰਕ ਜੀਵਨ ਯਾਤਰਾ ਸਦਾ ਹੀ ਆਉਣ ਵਾਲੀਆਂ ਪੀੜ੍ਹੀਆਂ ਲਈ ਮਾਰਗਦਰਸ਼ਕ ਰਹੇਗੀ।

ਡੀਐੱਸਜੀਐੱਮਸੀ ਪਰਿਵਾਰ ਨੇ ਭੁੱਲਰ ਪਰਿਵਾਰ ਨਾਲ ਇਸ ਦੁਖ ਦੀ ਘੜੀ ਵਿੱਚ ਡੂੰਘੀ ਸੰਵੇਦਨਾ ਪ੍ਰਗਟ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਇਸ ਦੁੱਖ ਸਹਿਣ ਦੀ ਤਾਕਤ ਬਖ਼ਸ਼ੇ।

## 'ਬਾਪੂ ਜੀ ਕਿੰਨੇ ਖੁਸ਼ ਹੋਏ': ਚਲਦੀ ਬੱਸ ਵਿੱਚ ਕਲਾਕਾਰ ਨੇ ਉਤਾਰਿਆ ਕੰਡਕਟਰ ਦਾ ਚਿਹਰਾ

**ਚੰਡੀਗੜ੍ਹ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮਸ਼ਹੂਰ ਕਲਾਕਾਰ ਅਨੁਪਿੰਦਰ ਸਿੰਘ, ਜੋ ਅਕਸਰ ਆਪਣੀ ਕਲਾ ਰਾਹੀਂ ਆਮ ਲੋਕਾਂ ਦੇ ਅਣਬੋਲ ਜਜ਼ਬਾਤਾਂ ਨੂੰ ਕੈਨਵਸ ਤੇ ਉਤਾਰਦੇ ਹਨ, ਨੇ ਇਸ ਵਾਰ ਕਮਾਲ ਹੀ ਕਰ ਦਿੱਤੀ।

ਸੁਨਾਮ ਤੋਂ ਬੁਢਲਾਡਾ ਜਾ ਰਹੀ ਇੱਕ ਬੱਸ ਵਿੱਚ ਸਫਰ ਕਰਦਿਆਂ ਅਨੁਪਿੰਦਰ ਨੇ ਬੱਸ ਦੇ ਬਜ਼ੁਰਗ ਕੰਡਕਟਰ (ਬਾਪੂ ਜੀ) (Bus conductor portrait) ਦਾ ਇੱਕ ਬੇਹੱਦ ਖੂਬਸੂਰਤ ਸਕੈੱਚ ਤਿਆਰ ਕੀਤਾ। ਇਹ ਕੰਮ ਕਿਸੇ ਚੁਣੌਤੀ ਤੋਂ ਘੱਟ ਨਹੀਂ ਸੀ ਕਿਉਂਕਿ ਬੱਸ ਬੇਹੱਦ ਖਸਤਾ ਹਾਲ ਸੜਕਾਂ ਤੋਂ ਗੁਜ਼ਰ ਰਹੀ ਸੀ।



ਆਪਣੀ ਵੀਡੀਓ ਸਾਂਝੀ ਕਰਦਿਆਂ ਅਨੁਪਿੰਦਰ ਨੇ ਲਿਖਿਆ, ਅੱਜ ਪਹਿਲੀ ਵਾਰ ਮੈਂ ਚਲਦੀ ਬੱਸ ਵਿੱਚ ਸਕੈੱਚ ਬਣਾਇਆ। ਸੰਗਰੂਰ ਜ਼ਿਲ੍ਹੇ ਦੀ ਇਹ ਸੜਕ ਸਭ ਤੋਂ ਖਰਾਬ ਸੜਕਾਂ ਵਿੱਚੋਂ ਇੱਕ ਸੀ। ਇੱਕ ਵਾਰ ਤਾਂ ਮੈਨੂੰ ਲੱਗਿਆ ਕਿ ਸ਼ਾਇਦ ਅੱਜ ਇਹ ਮੁਮਕਿਨ ਨਹੀਂ ਹੋ ਸਕੇਗਾ ਅਤੇ ਮੈਂ ਲਗਭਗ ਹਿੰਮਤ ਹਾਰ ਚੁੱਕਾ ਸੀ। ਪਰ ਟੁੱਟੀ ਸੜਕ ਦੇ ਝਟਕਿਆਂ ਦੇ ਬਾਵਜੂਦ, ਕਲਾਕਾਰ ਦੇ ਹੁਨਰ ਨੇ ਹਾਰ ਨਹੀਂ ਮੰਨੀ। ਜਦੋਂ ਸਕੈੱਚ ਬਣ ਕੇ ਤਿਆਰ ਹੋਇਆ ਅਤੇ ਅਨੁਪਿੰਦਰ ਨੇ ਇਸਨੂੰ ਕੰਡਕਟਰ ਬਾਪੂ ਜੀ ਨੂੰ ਦਿਖਾਇਆ, ਤਾਂ ਉਨ੍ਹਾਂ ਦੀ ਹੈਰਾਨੀ ਅਤੇ ਖੁਸ਼ੀ ਦਾ ਕੋਈ ਟਿਕਾਣਾ ਨਹੀਂ ਰਿਹਾ। ਬਾਪੂ ਜੀ ਨੇ ਮੁਸਕਰਾਉਂਦੇ ਹੋਏ ਕਿਹਾ, ਪਤਾ ਹੀ ਨਹੀਂ ਲੱਗਾ ਇੰਨੀ ਜਲਦੀ ਬਣਾ ਦਿੱਤੀ।

## ਬਜ਼ੁਰਗਾਂ ਦੀ ਸਿਹਤ ਸੁਧਾਰ ਵਾਸਤੇ ਅਤੇ ਆਰਥਿਕ ਪੱਧਰ ਉੱਚਾ ਚੁੱਕਣ ਲਈ ਉਪਰਾਲੇ ਜਾਰੀ : ਜਗਦੀਪ ਕੰਬੋਜ ਗੋਲਡੀ

**ਫਾਜ਼ਿਲਕਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੀਨੀਅਰ ਨਾਗਰਿਕਾਂ ਦੀ ਸਿਹਤ, ਸੁਰੱਖਿਆ ਅਤੇ ਮਾਣ-ਸਨਮਾਨ ਨੂੰ ਯਕੀਨੀ ਬਣਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ । ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੀ ਪਹਿਲਕਦਮੀ ਸਦਕਾ @ਸਾਡੇ ਬਜ਼ੁਰਗ, ਸਾਡਾ ਮਾਣ@ ਮੁਹਿੰਮ ਸ਼ੁਰੂ ਕੀਤੀ ਗਈ ਜਿਸ ਤਹਿਤ ਲੜੀ ਵਾਰ ਕੈਂਪ ਲਗਾਏ ਜਾ ਰਹੇ ਹਨ । ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਅਫਸਰ ਨਵੀਨ ਗਡਵਾਲ ਦੀ ਅਗਵਾਈ ਹੇਠ ਚਲਾਏ ਜਾ ਰਹੇ ਕੈਂਪ ਦੌਰਾਨ ਵਿਧਾਇਕ ਜਲਾਲਾਬਾਦ ਸ਼੍ਰੀ ਜਗਦੀਪ ਕੰਬੋਜ ਗੋਲਡੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਕੀਤੀ ।



ਵਿਧਾਇਕ ਸ਼੍ਰੀ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਦੀ ਬਜ਼ੁਰਗ ਆਬਾਦੀ ਦਾ ਸਨਮਾਨ ਅਤੇ ਸਹਾਇਤਾ ਕਰਨ ਪ੍ਰਤੀ ਸੂਬਾ ਸਰਕਾਰ ਦੀ ਲੋਕ-ਪੱਖੀ ਪਹੁੰਚ ਨੂੰ ਦਰਸਾਉਂਦੀ ਹੈ ।ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦੀ ਸਿਹਤ ਅਤੇ ਸਮਾਜਿਕ ਸੁਰੱਖਿਆ ਮਾਨ ਸਰਕਾਰ ਦੀ ਜ਼ਿੰਮੇਵਾਰੀ ਹੈ।ਉਨਾ ਕਿਹਾ ਕਿ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਮੈਡੀਕਲ ਚੈੱਕਅਪ ਦੇ ਤਹਿਤ ਜਨਰਲ ਮੈਡੀਕਲ, ਆਰਥੋ, ਕੰਨਾਂ, ਗਲਾ ਤੇ ਨਕ, ਅੱਖਾਂ ਦਾ ਚੈੱਕਅਪ, ਹੋਮਿਓਪੈਥੀ, ਆਯੁਰਵੈਦਿਕ ਚੈੱਕਅਪ, ਐਲਿਮਕੋ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਬੁਢਾਪਾ ਪੈਨਸ਼ਨ ਸੇਵਾਵਾਂ ਦਿੱਤੀਆਂ ਗਈਆਂ।ਉਨ੍ਹਾ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਸ ਯੋਜਨਾ ਤਹਿਤ ਹਰੇਕ ਪਰਿਵਾਰ ਦਾ 10 ਲੱਖ ਦਾ ਸਿਹਤ ਬੀਮਾ ਕਾਰਡ ਬਣੇਗਾ ਤੇ ਲੋਕ ਆਪਣਾ 10 ਲੱਖ ਤੱਕ ਦਾ ਸਾਲਾਨਾ ਇਲਾਜ ਸਰਕਾਰੀ ਤੇ ਮਨਜ਼ੂਰਸ਼ੁਦਾ ਪ੍ਰਾਈਵੇਟ ਹਸਪਤਾਲਾਂ ਵਿੱਚ ਕਰਵਾ ਸਕਣਗੇ ਤੇ ਇਹ ਇਲਾਜ ਹਸਪਤਾਲਾਂ ਵਿੱਚ ਬਿਲਕੁਲ ਮੁਫ਼ਤ ਹੋਵੇਗਾ। ਉਨ੍ਹਾਂ ਕਿਹਾ ਕਿ ਵਸਨੀਕ ਆਪਣਾ ਆਧਾਰ ਕਾਰਡ ਤੇ ਵੋਟ ਕਾਰਡ ਨਾਲ ਲੈ ਕੇ ਆਪਣਾ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਬਣਵਾ ਲੈਣ, ਇਹ ਕਾਰਡ ਪਿੰਡ ਪਿੰਡ ਜਾ ਕੇ ਵੀ ਬਣਾਏ ਜਾ ਰਹੇ ਹਨ । ਉਨ੍ਹਾਂ ਕਿਹਾ ਕਿ ਇਸ ਕਾਰਡ ਦੀ ਮਦਦ ਨਾਲ ਬਜ਼ੁਰਗ ਅਵਸਥਾ ਦੇ ਲੋਕਾਂ ਨੂੰ ਰਾਹਤ ਮਿਲੇਗੀ।

ਇਸ ਮੌਕੇ ਦੇਵਰਾਜ ਸ਼ਰਮਾ ਸੀ ਡੀ ਪੀ ਓ ਨਵਦੀਪ ਕੌਰ, ਨੇਹਾ, ਨਵਨੀਤ ਅਤੇ ਸਮੂਹ ਇਲਾਵਾ ਵਿਭਾਗ ਦੇ ਅਧਿਕਾਰੀ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ ।

## ਹੜ੍ਹਾਂ ਤੋਂ ਬਚਣਗੇ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਦਰਜਨਾਂ ਪਿੰਡ, 52 ਕਰੋੜ ਦੇ ਡੰਗੇ ਬਣਨਗੇ ਪਿੰਡਾਂ ਦੀ ਢਾਲ : ਹਰਜੋਤ ਸਿੰਘ ਬੈਂਸ

**ਸ੍ਰੀ ਆਨੰਦਪੁਰ ਸਾਹਿਬ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਤੇ ਹਲਕਾ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਨੇ ਹਲਕਾ ਵਾਸੀਆਂ ਨਾਲ ਵੱਡੀ ਖੁਸ਼ਖਬਰੀ ਸਾਂਝੀ ਕਰਦਿਆਂ ਦੱਸਿਆ ਕਿ ਦਰਿਆ ਨਜ਼ਦੀਕ ਵੱਸਦੇ ਦਰਜਨਾਂ ਪਿੰਡਾਂ ਨੂੰ ਬਰਸਾਤਾਂ ਦੌਰਾਨ ਹੜ੍ਹਾਂ ਤੋਂ ਬਚਾਉਣ ਲਈ ਲਗਭਗ 52 ਕਰੋੜ ਰੁਪਏ ਦੀ ਲਾਗਤ ਨਾਲ ਡੰਗੇ ਲਗਾਉਣ ਦੇ ਇਤਿਹਾਸਿਕ ਪ੍ਰੋਜੈਕਟ ਦੀ ਜਲਦ ਸ਼ੁਰੂਆਤ ਕੀਤੀ ਜਾ ਰਹੀ ਹੈ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਹਰ ਸਾਲ ਬਰਸਾਤਾਂ ਦੌਰਾਨ ਸਵਾਂ ਨਦੀ ਅਤੇ ਭਾਖੜਾ ਡੈਮ ਵਿਚੋਂ ਸਤਲੁਜ ਦਰਿਆ ਵਿੱਚ ਵਾਧੂ ਪਾਣੀ ਛੱਡੇ ਜਾਣ ਕਾਰਨ ਦਰਜਨਾਂ ਪਿੰਡ ਪ੍ਰਭਾਵਿਤ ਹੁੰਦੇ ਹਨ, ਜਿਸ ਨਾਲ ਹੜ੍ਹਾਂ ਵਰਗੀ ਸਥਿਤੀ ਬਣ ਜਾਂਦੀ ਹੈ ਅਤੇ ਲੋਕਾਂ ਨੂੰ ਭਾਰੀ ਜਾਨੀ ਤੇ ਮਾਲੀ ਨੁਕਸਾਨ ਝੱਲਣਾ ਪੈਂਦਾ ਹੈ।



ਸ.ਬੈਂਸ ਨੇ ਦੱਸਿਆ ਕਿ ਪਿਛਲੇ ਸਾਲ ਵੀ ਲਗਭਗ 20 ਕਰੋੜ ਰੁਪਏ ਦੀ ਲਾਗਤ ਨਾਲ ਕਈ ਪਿੰਡਾਂ ਵਿੱਚ ਡੰਗੇ ਲਗਾਏ ਗਏ ਸਨ, ਜਿਸ ਨਾਲ ਹੜ੍ਹਾਂ ਕਾਰਨ ਹੋਣ ਵਾਲੇ ਵੱਡੇ ਨੁਕਸਾਨ ਤੋਂ ਕਾਫੀ ਹੱਦ ਤੱਕ ਬਚਾਅ ਰਿਹਾ ਸੀ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਸਮਾਂ ਰਹਿੰਦਿਆਂ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾਣਗੇ ਤਾਂ ਜੋ ਪਿੰਡਾਂ ਨੂੰ ਹੜ੍ਹਾਂ ਦੀ ਮਾਰ ਤੋਂ ਬਚਾਇਆ ਜਾ ਸਕੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਵਾਰ ਕੁੱਲ 52 ਕਰੋੜ ਰੁਪਏ ਦੀ ਲਾਗਤ ਨਾਲ ਡੰਗਿਆਂ ਦੇ ਵੱਡੇ ਅਤੇ ਇਤਿਹਾਸਿਕ ਪ੍ਰੋਜੈਕਟ ਨੂੰ ਸੁਰੂ ਕਰਨ ਜਾ ਰਹੇ ਜਾ ਰਹੇ ਹਾਂ, ਜਿਸ ਅਧੀਨ 1 ਕਰੋੜ ਰੁਪਏ ਦੀ ਲਾਗਤ ਨਾਲ ਦਸਗਰਾਈਂ ਅਤੇ ਮਹੈਣ ਪਿੰਡ ਵਿੱਚ 9 ਕਰੋੜ ਰੁਪਏ ਦੀ ਲਾਗਤ ਨਾਲ ਪਿੰਡ ਹਰਸਾਬੇਲਾ ਵਿੱਚ 2200 ਫੁੱਟ ਲੰਬਾ ਡੰਗਾ, ਮਹਿੰਦਲੀ ਕਲਾਂ ਵਿੱਚ ਪੌਣੇ 9 ਕਰੋੜ ਰੁਪਏ ਦੀ ਲਾਗਤ ਨਾਲ 1800 ਫੁੱਟ ਲੰਬਾ ਡੰਗਾ, ਪਿੰਡ ਅਗੰਮਪੁਰ ਵਿੱਚ 12 ਕਰੋੜ ਰੁਪਏ ਦੀ ਲਾਗਤ ਨਾਲ 3200 ਫੁੱਟ ਲੰਬਾ ਡੰਗਾ, ਪਿੰਡ ਬੁਰਜ਼ ਵਿੱਚ 7 ਕਰੋੜ ਰੁਪਏ ਦੀ ਲਾਗਤ ਨਾਲ 700 ਫੁੱਟ ਲੰਬਾ ਡੰਗਾ,ਪਿੰਡ ਅਜੋਲੀ ਵਿੱਚ 3.5 ਕਰੋੜ ਰੁਪਏ ਦੀ ਲਾਗਤ ਨਾਲ 750 ਫੁੱਟ ਲੰਬਾ ਡੰਗਾ ਅਤੇ ਪਿੰਡ ਲੋਧੀਪੁਰ ਵਿੱਚ 9 ਕਰੋੜ ਰੁਪਏ ਦੀ ਲਾਗਤ ਨਾਲ 2000 ਫੁੱਟ ਲੰਬਾ ਡੰਗਾ ਤਿਆਰ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਲਗਭਗ 32 ਕਰੋੜ ਰੁਪਏ ਦੇ ਹੋਰ ਪ੍ਰੋਜੈਕਟਾਂ ਦੀ ਕਾਗਜ਼ੀ ਕਾਰਵਾਈ ਜਾਰੀ ਹੈ ਤੇ ਜਲਦ ਹੀ ਸ਼ੁਰੂ ਕੀਤੇ ਜਾਣਗੇ। ਇਹ ਸਾਰੇ ਪ੍ਰੋਜੈਕਟ ਪੂਰੇ ਹੋਣ ਉਪਰੰਤ ਹਲਕੇ ਵਿੱਚ ਡੰਗੇ ਲਗਾਉਣ ਦਾ ਕੰਮ ਕੁੱਲ 82 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋ ਜਾਵੇਗਾ।ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਥਲੂਹ, ਨਾਨਗਰਾਂ, ਤ੍ਰਿਵੈਣੀ ਮੰਦਿਰ, ਭਲਾਣ, ਦੋਲਾ ਬਸਤੀ ਸਮੇਤ ਦਰਜਨਾਂ ਹੋਰ ਪਿੰਡਾਂ ਵਿੱਚ ਵੀ ਇਸੇ ਪ੍ਰੋਜੈਕਟ ਤਹਿਤ ਡੰਗਿਆਂ ਦਾ ਨਿਰਮਾਣ ਕਰਵਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਦੇ ਲੋਕਾਂ ਨਾਲ ਜੋ ਵਾਅਦਾ ਕੀਤਾ ਗਿਆ ਸੀ, ਉਹ ਹੁਣ ਪੂਰੀ ਤਰ੍ਹਾਂ ਨਿਭਾਇਆ ਜਾ ਰਿਹਾ ਹੈ। ਪਿਛਲੀਆਂ ਸਰਕਾਰਾਂ ਵੱਲੋਂ ਇਨ੍ਹਾਂ ਪਿੰਡਾਂ ਨੂੰ ਸਿਰਫ਼ ਵੋਟਾਂ ਤੱਕ ਹੀ ਸੀਮਿਤ ਰੱਖਿਆ ਗਿਆ ਸੀ , ਪ੍ਰੰਤੂ ਮੌਜੂਦਾ ਸਰਕਾਰ ਇਨ੍ਹਾਂ ਇਲਾਕਿਆਂ ਨੂੰ ਹੜ੍ਹਾਂ ਤੋਂ ਬਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਦੱਸਿਆ ਕਿ ਜਿੱਥੇ ਇੱਕ ਪਾਸੇ 82 ਕਰੋੜ ਰੁਪਏ ਦੇ ਡੰਗਿਆਂ ਦੇ ਕੰਮ ਸ਼ੁਰੂ ਹੋ ਰਹੇ ਹਨ, ਉੱਥੇ ਹੀ 100 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਬੇਲਿਆਂ ਦੇ ਪਿੰਡਾਂ ਵਿੱਚ 3 ਨਵੇਂ ਪੁੱਲਾਂ ਦਾ ਨਿਰਮਾਣ ਕਾਰਜ ਵੀ ਜੰਗੀ ਪੱਧਰ 'ਤੇ ਜਾਰੀ ਹੈ, ਜਿਸ ਨਾਲ ਹੜ੍ਹਾਂ ਦੌਰਾਨ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।

## ਪਲੇਅ ਵੇਅ ਸਕੂਲ ਤੋਂ ਹਾਸਲ ਕੀਤੀ ਸਿੱਖਿਆ ਸੁਨਹਿਰੇ ਭਵਿੱਖ ਦੀ ਸ਼ੁਰੂਆਤ : ਖੁਸ਼ਬੂ ਸਵਨਾ

**ਫਾਜ਼ਿਲਕਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੀ ਗੁਰੂ ਨਾਨਕ ਪਲੇਅ ਵੇਅ ਸਕੂਲ ਜੋ ਕਿ ਪਿਛਲੇ 8 ਸਾਲਾ ਤੋਂ ਚੱਲ ਰਿਹਾ ਹੈ, ਦੇ ਨਵੇ ਸੈਸ਼ਨ ਦੀ ਸ਼ੁਰੂਆਤ ਹੋਈ ।ਇਸ ਮੌਕੇ ਮੈਡਮ ਖੁਸ਼ਬੂ ਸਵਨਾ ਨੇ ਪਲੇਅ ਵੇਅ ਸਕੂਲ ਵਿਖੇ ਪਹੁੰਚ ਸ਼ੁਭਕਾਮਨਾਵਾਂ ਦਿਤੀਆਂ। ਇਸ ਦੌਰਾਨ ਉਨ੍ਹਾਂ ਸਕੂਲ ਦੇ ਸੰਚਾਲਕ ਸ਼ਿਵ ਸ਼ਰਮਾ ਤੇ ਪੂਜਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਸਿੱਖਿਆ ਦਾ ਪ੍ਰਸਾਰ ਕਰ ਰਹੇ ਹਨ ਜੋ ਕਿ ਸਾਡੀ ਭਵਿੱਖੀ ਪੀੜ੍ਹੀ ਲਈ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਪਲੇਅ ਵੇਅ ਸਕੂਲ ਛੋਟੇ ਬੱਚਿਆਂ ਦਾ ਬੇਸ ਹੁੰਦਾ ਹੈ ਜਿਸ ਤੋਂ ਬੱਚਾ ਰੋਜਮਰਾ ਦੀਆਂ ਗਤੀਵਿਧੀਆਂ ਜਿਵੇ ਬੱਚਿਆਂ ਨੂੰ ਉੱਠਣਾ ਬੈਠਣਾ, ਖਾਣਾ ਪੀਣਾ, ਕਿਸੇ ਦਾ ਆਦਰ ਸਤਿਕਾਰ ਕਰਨਾ ਸਿਖਾਇਆ ਜਾਂਦਾ ਹੈ ।

## ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ, ਸਮਾਜ ਸੇਵੀ ਸੰਸਥਾਵਾਂ ਤੇ ਹੋਰ ਮੋਹਤਬਰਾਂ ਨਾਲ ਕੀਤੀ ਮੀਟਿੰਗ

**ਮਲੇਰਕੋਟਲਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਹਿਊਮਨ ਰਾਇਟਸ ਕਮਿਸ਼ਨ ਦੇ ਮੈਂਬਰ ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਬਾਅਦ ਦੁਪਹਿਰ ਮਾਲੇਰਕੋਟਲਾ ਵਿਖੇ ਵਾਰਿਸਾਨ-ਏ ਨਵਾਬ ਸ਼ੇਰ ਮੁਹੰਮਦ ਖਾਨ ਵਿਰਸਾ ਸੰਭਾਲ ਕਮੇਟੀ ਵਲੋਂ ਆਯੋਜਿਤ ਜਨ ਸੰਮੇਲਨ ਦੌਰਾਨ ਮਾਲੇਰਕੋਟਲਾ ਅਵਾਮ ਦੀਆਂ ਸ਼ਿਕਾਇਤਾਂ ਸੁਣਨ ਅਤੇ ਮੁਨੱਖੀ ਅਧਿਕਾਰ ਪ੍ਰਤੀ ਅਵਾਮ ਨੂੰ ਜਾਗਰੂਕ ਕਰਨ ਲਈ ਪੁੱਜੇ।




ਇਸ ਮੌਕੇ ਮਾਣਯੋਗ ਮੈਂਬਰ ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਵਲੋਂ ਸਿਵਲ ਤੇ ਪੁਲਿਸ ਅਧਿਕਾਰੀਆਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ, ਮਨੁੱਖੀ ਅਧਿਕਾਰਾਂ ਲਈ ਕੰਮ ਕਰ ਰਹੀਆਂ ਜਥੇਬੰਦੀਆਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ, ਐੱਸ.ਪੀ (ਐੱਚ) ਗੁਰਸ਼ਰਨਜੀਤ ਸਿੰਘ, ਐਸ.ਡੀ.ਐਮ. ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ, ਐਸ.ਡੀ.ਐਮ ਅਮਰਗੜ੍ਹ ਸੁਰਿੰਦਰ ਕੌਰ, ਜ਼ਿਲਾ ਮਾਲ ਅਫਸਰ ਮਨਦੀਪ ਕੌਰ, ਕਾਰਜ ਸਾਧਕ ਅਫਸਰ ਚੰਦਰ ਪ੍ਰਕਾਸ਼ ਵਧਵਾ,ਸਿਵਲ ਸਰਜਨ ਰਮਨਦੀਪ ਕੁਮਾਰ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਜੋਤੀ ਕਪੂਰ, ਜ਼ਿਲਾ ਸਮਾਜਿਕ ਸੁਰੱਖਿਆ ਅਫਸਰ ਡਾ. ਲਵਲੀਨ ਬੜਿੰਗ, ਤਹਿਸੀਲ ਸਮਾਜਿਕ ਨਿਆ ਅਧਿਕਾਰਤਾ ਅਫ਼ਸਰ ਹਰਪ੍ਰੀਤ ਸਿੰਘ, ਬੀ.ਡੀ.ਪੀ.ਓ ਜਸਮਿੰਦਰ ਸਿੰਘ, ਬੀ.ਡੀ.ਪੀ.ਓ ਬਬਲਜੀਤ ਕੌਰ, ਐਕਸ਼ੀਅਨ ਪੀ.ਐਸ.ਪੀ.ਸੀ.ਐਲ ਇੰਜੀ. ਹਰਵਿੰਦਰ ਸਿੰਘ ਤੋਂ ਇਲਾਵਾ ਵੱਖ- ਵੱਖ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ।

ਮੀਟਿੰਗ ਦੌਰਾਨ ਮਾਣਯੋਗ ਮੈਂਬਰ ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਸੂਰਤ ਵਿਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਰਾਜ ਅੰਦਰ ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਉਲੰਘਣਾ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਨਿਰੰਤਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਹੈ ਕਿ ਹਰ ਨਾਗਰਿਕ ਨੂੰ ਸੰਵਿਧਾਨ ਅਨੁਸਾਰ ਪ੍ਰਾਪਤ ਮੌਲਿਕ ਅਧਿਕਾਰਾਂ ਦੀ ਪੂਰੀ ਸੁਰੱਖਿਆ ਮਿਲੇ ਅਤੇ ਕਿਸੇ ਵੀ ਤਰ੍ਹਾਂ ਦੀ ਵਧੀਕੀ ਨਾ ਹੋਵੇ।

ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਐਡਵਾਇਜ਼ਰੀ ਜਾਰੀ ਕੀਤੀਆਂ ਹਨ ਜਿਨ੍ਹਾਂ ਤਹਿਤ ਮਨੁੱਖਤਾ ਦੀ ਭਲਾਈ ਲਈ ਨਵੇਂ ਕਾਨੂੰਨ ਲਿਆਂਦੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪਿਛਲੇ ਦਿਨੀਂ ਐਡਵਾਈਜਰੀ ਜਾਰੀ ਕੀਤੀ ਗਈ ਹੈ , ਜਿਸ ਤਹਿਤ ਕੋਈ ਵੀ ਹਸਪਤਾਲ ਮਰੀਜ਼ ਦੀ ਮੌਤ ਉਪਰੰਤ ਹਸਪਤਾਲ ਦਾ ਬਿੱਲ ਨਾ ਦੇਣ ਦੇ ਮਾਮਲੇ 'ਚ ਲਾਸ਼ ਨੂੰ ਰੱਖ ਨਹੀਂ ਸਕਦਾ ਤੇ ਸਬੰਧਤ ਪਰਿਵਾਰ ਨੂੰ ਮ੍ਰਿਤਕ ਦੀ ਲਾਸ਼ ਦੇਣੀ ਲਾਜ਼ਮੀ ਕੀਤੀ ਗਈ ਹੈ। ਸਿਹਤ ਸੇਵਾਵਾਂ ਸਬੰਧੀ ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਜਾਰੀ ਐਡਵਾਈਜਰੀ ਦੇ ਬੋਰਡ ਹਸਪਤਾਲਾਂ ਵਿੱਚ ਲਗਵਾਏ ਜਾਣਗੇ। ਉਨ੍ਹਾਂ ਹਸਪਤਾਲਾਂ ਵਿੱਚ ਸਾਫ਼ ਸਫਾਈ ਵਿਵਸਥਾ ਨੂੰ ਹੋਰ ਬਿਹਤਰ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀਆਂ ਸਹੂਲਤ ਲਈ ਹਰ ਸਰਕਾਰੀ ਸੰਸਥਾਵਾਂ ਵਿਖੇ ਵਖਰੇ ਪਖਾਨਿਆਂ ਦੀ ਸਹੂਲਤ ਉਪਲਬਧ ਹੋਣੀ ਚਾਹੀਦੀ ਹੈ।

ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਸਫਾਈ ਕਰਮਚਾਰੀਆਂ ਦੀ ਭਲਾਈ ਲਈ ਵੀ ਐਡਵਾਈਜਰੀ ਜਾਰੀ ਕੀਤੀ ਗਈ ਹੈ, ਜਿਸ ਤਹਿਤ ਠੇਕੇਦਾਰਾਂ ਲਈ ਇਹ ਲਾਜ਼ਮੀ ਕੀਤਾ ਗਿਆ ਹੈ ਕਿ ਉਹ ਸਫਾਈ ਕਰਮਚਾਰੀਆਂ ਨੂੰ ਦਸਤਾਨੇ , ਕੱਪੜੇ , ਮਾਸਕ ਤੇ ਬੀਮਾ ਸੁਵਿਧਾ ਮੁਹੱਈਆ ਕਰਵਾਏਗਾ। ਉਨ੍ਹਾਂ ਦੱਸਿਆ ਕਿ ਤੀਜੀ ਐਡਵਾਈਜਰੀ ਐਮਰਜੰਸੀ ਪਾਇਲਟ ਐਂਬੂਲੰਸ ਸਬੰਧੀ ਹੈ, ਜੋ ਅਗਲੇ ਦਿਨਾਂ ਵਿੱਚ ਲਾਗੂ ਹੋਵੇਗੀ। ਜਿਸ ਤਹਿਤ 112 ਨੰਬਰ ਡਾਇਲ ਕਰਨ 'ਤੇ ਨੇੜਲੇ ਪੀ.ਸੀ.ਆਰ ਦੀ ਪਾਇਲਟ, ਹੰਗਾਮੀ ਹਾਲਤ ਵਿੱਚ ਐਂਬੂਲੈਂਸ ਦੇ ਅੱਗੇ ਚੱਲੇਗੀ ਤਾਂ ਜੀ ਮਰੀਜ਼ ਦੀ ਜਾਨ ਬਚਾਈ ਜਾ ਸਕੇ।

ਉਨ੍ਹਾਂ ਅੱਗੇ ਕਿਹਾ ਕਿ ਕਮਿਸ਼ਨ ਵੱਲੋਂ ਹਰ ਜ਼ਿਲ੍ਹੇ ਵਿਚ 15-15 ਵਿਅਕਤੀਆਂ ਦਾ ਕੋਰ ਗਰੁੱਪ ਬਣਾਇਆ ਜਾ ਰਿਹਾ ਹੈ, ਜੋ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਕੰਮ ਕਰਨਗੇ ਅਤੇ ਕਮਿਸ਼ਨ ਨਾਲ ਸਬੰਧਤ ਸ਼ਿਕਾਇਤਾਂ ਤੇ ਸਮੱਸਿਆਵਾਂ ਧਿਆਨ ਵਿਚ ਲਿਆਉਣਗੇ। ਇਹ ਮੈਂਬਰ ਗੈਰ ਸਿਆਸੀ ਹੋਣਗੇ ਤੇ 19 ਫਰਵਰੀ ਤੱਕ ਬਿਨੈ-ਪੱਤਰ ਦਿੱਤੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ 28 ਫਰਵਰੀ ਨੂੰ ਸਮੁੱਚੇ ਪੰਜਾਬ ਵਿੱਚ ਕੋਰ ਗਰੁੱਪ ਦੀ ਸੂਚੀ ਜਾਰੀ ਕਰ ਦਿੱਤੀ ਜਾਵੇਗੀ।

ਜਨ ਸੰਮੇਲਨ ਵਿਖੇ ਪੁਜਣ ਤੋਂ ਪਹਿਲਾ ਉਨ੍ਹਾਂ ਮਾਲੇਰਕੋਟਲਾ ਦੀ ਸਾਫ਼ ਸਫਾਈ ,ਬੁਨਿਆਂਦੀ ਸਹੂਲਤਾਵਾਂ ਆਦਿ ਦਾ ਨਿਰੀਖਣ ਵੀ ਕੀਤਾ ਅਤੇ ਮੀਟਿੰਗ ਦੌਰਾਨ ਕਾਰਜ ਸਾਧਕ ਅਫ਼ਸਰ ਨੂੰ ਹਦਾਇਤ ਕੀਤੀ ਕਿ ਜਲਦ ਤੋਂ ਜਲਦ ਬੱਸ ਸਟੈਂਡ ਨੇੜੇ ਕੂੜੇ ਦੇ ਡੰਪ ਨੂੰ ਖਤਮ ਕੀਤਾ ਜਾਵੇ ਅਤੇ ਸ਼ਹਿਰ ਦੇ ਸੀਵਰੇਜ ਸਿਸਟਮ ,ਸਿਵਲ ਸਹੂਲਤਾਵਾਂ ਵਿੱਚ ਤੁਰੰਤ ਸੁਧਾਰ ਲਿਆਉਣ ਦੀ ਹਦਾਇਤ ਵੀ ਕੀਤੀ । ਉਨ੍ਹਾਂ ਸਿਵਲ ਸਰਜਨ ਨੂੰ ਹਦਾਇਤ ਕੀਤੀ ਕਿ ਹਸਪਤਾਲਾਂ ਵਿੱਚ ਸਫਾਈ ਵਿਵਸਥਾ ਵੱਲ ਵਿਸ਼ੇਸ ਧਿਆਨ ਦਿੱਤਾ ਜਾਵੇ । ਉਨ੍ਹਾਂ ਵੱਖ ਵੱਖ ਵਿਭਾਗਾਂ ਨਾਲ ਸਬੰਧਤ ਲੋਕਾਂ ਦੀਆਂ ਜਾਇਜ ਸਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ ਲਈ ਵੀ ਕਿਹਾ। ਉਨ੍ਹਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਹਦਾਇਤ ਕੀਤੀ ਕਿ ਵਿਦਿਅਕ ਅਦਾਰਿਆ ਵਿਖੇ ਮਨੁੱਖੀ ਅਧਿਕਾਰਾਂ ਬਾਰੇ ਦੱਸਿਆ ਜਾਵੇ ।

ਇਸ ਮੌਕੇ ਪ੍ਰਧਾਨ ਏਕਤਾ ਹੈਂਡੀਕੈਪਡ ਐਂਡ ਵਿਧਵਾ ਵੈੱਲਫੇਅਰ ਸੋਸਾਇਟੀ ਵੱਲੋਂ ਲੋੜਵੰਦ ਬੱਚੇ ਨੂੰ ਵੀਅਲ ਚੇਅਰ ਅਤੇ ਸੁਣਨ ਵਾਲੀ ਮਸ਼ੀਨ ਵੀ ਦਿੱਤੀ ।

ਇਸ ਮੌਕੇ ਵਾਰਿਸਾਨ-ਏ ਨਵਾਬ ਸੇਰ ਮੁਹੰਮਦ ਖ਼ਾਨ ਵਿਰਸਾ ਸੰਭਾਲ ਕਮੇਟੀ ਦੇ ਚੇਅਰਮੈਨ ਨਦੀਮ ਅਨਵਾਰ ਖਾਨ, ਸਾਬਕਾ ਐਮ.ਐਲ.ਏ ਨੁਸਰਤ ਇਤਰਾਮ ਖ਼ਾਨ ਬੱਗਾ, ਸ਼ਹਿਬਾਜ ਰਾਣਾ, ਸੁਹੇਬ ਅਹਿਮਦ ਖ਼ਾਨ ਸੈਬੀ ,ਮਹੰਤ ਸਵਰੂਪ ਬਿਹਾਰੀ ਸ਼ਰਨ, ਪਰਦੀਨ ਖ਼ਾਨ,ਨਜ਼ੀਰ ਰਾਵਤ,ਜਮੀਰ ਅਲੀ ਜਮੀਰ,ਐਡਵੋਕੇਟ ਗੁਲਾਮ ਸਾਹਿਬ ਪ੍ਰਧਾਨ ਏਕਤਾ ਹੈਂਡੀਕੈਪਡ ਐਂਡ ਵਿਧਵਾ ਵੈੱਲਫੇਅਰ ਸੋਸਾਇਟੀ ਮਹਿਮੂਦ ਅਹਿਮਦ ਥਿੰਦ,ਤੋਂ ਇਲਾਵਾ ਹੋਰ ਸ਼ਹਿਰ ਨਿਵਾਸੀ ਵੀ ਮੌਜੂਦ ਸਨ ।

## ਮੁੱਖ ਮੰਤਰੀ ਸਿਹਤ ਯੋਜਨਾ: ਲੋਕਾਂ ਲਈ ਸਿਹਤ ਸੁਰੱਖਿਆ ਦਾ ਵੱਡਾ ਕਦਮ: ਕਰਮਜੀਤ ਕੌਰ

**ਹੁਸ਼ਿਆਰਪੁਰ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਨਾ ਸਿਰਫ਼ ਦੇਸ਼ ਵਿੱਚ ਸਗੋਂ ਦੁਨੀਆ ਵਿੱਚ ਸਭ ਤੋਂ ਵੱਡੀ ਸਿਹਤ ਸੁਰੱਖਿਆ ਪਹਿਲਕਦਮੀ ਹੈ, ਜੋ ਰੋਜ਼ਾਨਾ ਵੱਡੀ ਗਿਣਤੀ ਵਿੱਚ ਲੋੜਵੰਦ ਪਰਿਵਾਰਾਂ ਨੂੰ ਮੁਫ਼ਤ ਇਲਾਜ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਜ਼ਿਲ੍ਹੇ ਵਿੱਚ 343 ਵਿਸ਼ੇਸ਼ ਸਿਹਤ ਕਾਰਡ ਬਣਾਉਣ ਵਾਲੇ ਕੈਂਪ ਲਗਾਏ ਗਏ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵੱਧ ਤੋਂ ਵੱਧ ਲੋਕ ਇਸ ਦਾ ਲਾਭ ਲੈ ਸਕਣ।



ਉਨ੍ਹਾਂ ਕਿਹਾ ਕਿ ਇਹ ਯੋਜਨਾ 22 ਜਨਵਰੀ ਤੋਂ ਪੰਜਾਬ ਭਰ ਵਿੱਚ ਲਾਗੂ ਕੀਤੀ ਗਈ ਹੈ ਅਤੇ ਲਗਭਗ 65 ਲੱਖ ਪਰਿਵਾਰਾਂ ਨੂੰ ਕਵਰ ਕਰ ਰਹੀ ਹੈ। ਇਸ ਨਾਲ ਲਗਭਗ 3 ਕਰੋੜ ਲੋਕਾਂ ਨੂੰ 10 ਲੱਖ ਤੱਕ ਦਾ ਕੈਸ਼ਲੈਸ ਅਤੇ ਮੁਫ਼ਤ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਸੂਬੇ ਭਰ ਦੇ ਲਗਭਗ 900 ਸਰਕਾਰੀ ਅਤੇ ਨਿੱਜੀ ਹਸਪਤਾਲਾਂ ਨੂੰ ਸੂਚੀਬੱਧ ਕੀਤਾ ਗਿਆ ਹੈ ਅਤੇ 2,356 ਕਿਸਮਾਂ ਦੇ ਇਲਾਜ ਪੈਕੇਜ ਸ਼ਾਮਲ ਹਨ।

ਕਰਮਜੀਤ ਕੌਰ ਨੇ ਦੱਸਿਆ ਕਿ ਲਾਭਪਾਤਰੀਆਂ ਨੂੰ ਪਹਿਲਾਂ ਸਿਹਤ ਕਾਰਡ ਪ੍ਰਾਪਤ ਕਰਨ ਲਈ ਇੱਕ ਅਪਾਇੰਟਮੈਂਟ ਸਲਿੱਪ ਦਿੱਤੀ ਜਾਂਦੀ ਹੈ, ਜਿਸ ਤੋਂ ਬਾਅਦ ਉਨ੍ਹਾਂ ਨੂੰ ਰਜਿਸਟਰ ਕੀਤਾ ਜਾਂਦਾ ਹੈ। ਸਿਹਤ ਵਿਭਾਗ ਦੇ ਅਧਿਕਾਰੀਆਂ ਅਨੁਸਾਰ 18 ਸਾਲ ਤੋਂ ਵੱਧ ਉਮਰ ਦੇ ਵਿਅਕਤੀਆਂ ਲਈ ਆਧਾਰ ਕਾਰਡ ਅਤੇ ਵੋਟਰ ਆਈ.ਡੀ ਕਾਰਡ ਜ਼ਰੂਰੀ ਹੈ, ਜਦੋਂ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਜਨਮ ਸਰਟੀਫਿਕੇਟ ਅਤੇ ਆਧਾਰ ਕਾਰਡ ਜ਼ਰੂਰੀ ਹੈ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਕਾਰਡ ਪ੍ਰਾਪਤ ਕਰਨ ਲਈ ਆਪਣੇ ਨੇੜਲੇ ਸਿਹਤ ਕਾਰਡ ਕੈਂਪਾਂ ਵਿੱਚ ਜਾਣ ਤਾਂ ਜੋ ਲੋੜ ਪੈਣ @ਤੇ ਉਹ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਨਾ ਸਿਰਫ਼ ਦੇਸ਼ ਵਿੱਚ ਸਗੋਂ ਦੁਨੀਆ ਵਿੱਚ ਸਭ ਤੋਂ ਵੱਡੀ ਸਿਹਤ ਸੁਰੱਖਿਆ ਪਹਿਲਕਦਮੀ ਹੈ, ਜੋ ਰੋਜ਼ਾਨਾ ਵੱਡੀ ਗਿਣਤੀ ਵਿੱਚ ਲੋੜਵੰਦ ਪਰਿਵਾਰਾਂ ਨੂੰ ਮੁਫ਼ਤ ਇਲਾਜ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਜ਼ਿਲਾ ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਨਾ ਸਿਰਫ਼ ਦੇਸ਼ ਵਿੱਚ ਸਗੋਂ ਦੁਨੀਆ ਵਿੱਚ ਸਭ ਤੋਂ ਵੱਡੀ ਸਿਹਤ ਸੁਰੱਖਿਆ ਪਹਿਲਕਦਮੀ ਹੈ, ਟੀਚਾ ਹਰ ਪਰਿਵਾਰ ਨੂੰ ਬਿਹਤਰ ਸਿਹਤ ਸੁਰੱਖਿਆ ਪ੍ਰਦਾਨ ਕਰਨਾ ਅਤੇ ਵਿੱਤੀ ਬੋਝ ਤੋਂ ਰਾਹਤ ਦੇਣਾ ਹੈ।

# ਹੁਸ਼ਿਆਰਪੁਰ ਨੇਚਰ ਫੈਸਟ-2026; ਕੁਦਰਤ, ਰੋਮਾਂਚ ਤੇ ਸੱਭਿਆਚਾਰ ਦਾ ਇੱਕ ਵਿਲੱਖਣ ਉਤਸਵ



**ਹੁਸ਼ਿਆਰਪੁਰ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਹੁਸ਼ਿਆਰਪੁਰ ਵਿੱਚ ਆਯੋਜਿਤ ਨੇਚਰ ਫੈਸਟ-2026 ਸੈਲਾਨੀਆਂ ਅਤੇ ਸਥਾਨਕ ਲੋਕਾਂ ਲਈ ਕੁਦਰਤ, ਰੋਮਾਂਚ ਅਤੇ ਸੱਭਿਆਚਾਰ ਦਾ ਸ਼ਾਨਦਾਰ ਸੰਗਮ ਬਣ ਕੇ ਉੱਭਰ ਰਿਹਾ ਹੈ। ਦੋ ਦਿਨਾਂ ਦੌਰਾਨ ਵੱਖ-ਵੱਖ ਗਤੀਵਿਧੀਆਂ ਵਿੱਚ ਲੋਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਕੁਦਰਤ ਦੀ ਗੋਦ ਵਿੱਚ ਸਮਾਂ ਬਿਤਾਇਆ।

ਸ਼ਨੀਵਾਰ ਸਵੇਰੇ ਸੈਲਾਨੀਆਂ ਨੇ ਚੌਹਾਲ ਵਿੱਚ ਜੰਗਲ ਸਫਾਰੀ ਅਤੇ ਬੋਟਿੰਗ ਦਾ ਆਨੰਦ ਮਾਣਿਆ ਅਤੇ ਕੁਦਰਤੀ ਸੁੰਦਰਤਾ ਦਾ ਨੇੜਿਓਂ ਅਨੁਭਵ ਕੀਤਾ। ਐਤਵਾਰ ਸਵੇਰੇ ਟ੍ਰੈਕਿੰਗ, ਬਰਡ ਵਾਚਿੰਗ ਅਤੇ ਆਫ-ਰੋਡਿੰਗ ਗਤੀਵਿਧੀਆਂ ਰਾਹੀਂ ਭਾਗੀਦਾਰਾਂ ਨੇ ਕੁਦਰਤ ਦੇ ਵਿਭਿੰਨ ਰੰਗਾਂ ਨੂੰ ਜਾਣਿਆ।

ਸ਼ਨੀਵਾਰ ਸ਼ਾਮ ਨੂੰ ਸੋਲਿਸ ਠਰੋਲੀ ਵਿਖੇ ਆਯੋਜਿਤ ਨਾਈਟ ਕੈਂਪਿੰਗ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ। ਸੈਲਾਨੀਆਂ ਨੇ ਖੁੱਲ੍ਹੇ ਆਸਮਾਨ ਥੱਲੇ ਕੈਂਪਿੰਗ ਦਾ ਅਨੰਦ ਲਿਆ, ਜਦਕਿ ਓਪਨ ਮਾਈਕ ਅਤੇ ਸੰਗੀਤਕ ਪੇਸ਼ਕਾਰੀਆਂ ਨੇ ਮਾਹੌਲ ਨੂੰ ਯਾਦਗਾਰੀ ਬਣਾ ਦਿੱਤਾ।

ਬੀਤੇ ਦਿਨੀਂ ਸਵੇਰੇ ਲਾਜਵੰਤੀ ਸਪੋਰਟਸ ਸਟੇਡੀਅਮ ਤੋਂ ਕੁਕਾਨੇਟ-ਦੇਹਰੀਆਂ ਤੱਕ ਇੱਕ ਆਫ-ਰੋਡਿੰਗ ਐਡਵੈਂਚਰ ਦਾ ਆਯੋਜਨ ਕੀਤਾ ਗਿਆ। ਇਸ ਦੇ ਨਾਲ ਹੀ ਲੋਕਾਂ ਨੇ ਸੱਭਿਆਚਾਰਕ ਪ੍ਰੋਗਰਾਮਾਂ ਅਤੇ ਵੱਖ-ਵੱਖ ਸਟਾਲਾਂ ਦਾ ਭਰਪੂਰ ਆਨੰਦ ਮਾਣਿਆ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਨੇਚਰ ਫੈਸਟ ਦਾ ਉਦੇਸ਼ ਸੈਲਾਨੀਆਂ ਨੂੰ ਹੁਸ਼ਿਆਰਪੁਰ ਦੀ ਕੁਦਰਤੀ ਸੁੰਦਰਤਾ ਅਤੇ ਸੈਰ-ਸਪਾਟਾ ਸੰਭਾਵਨਾ ਤੋਂ ਜਾਣੂ ਕਰਵਾਉਣਾ ਹੈ। ਇਹ ਸਮਾਗਮ ਲੋਕਾਂ ਨੂੰ ਰੋਮਾਂਚ ਅਤੇ ਮਨੋਰੰਜਨ ਨਾਲ ਕੁਦਰਤ ਦੇ ਨੇੜੇ ਲਿਆਉਣ ਲਈ ਇੱਕ ਮਹੱਤਵਪੂਰਨ ਪਹਿਲ ਹੈ। ਉਨ੍ਹਾਂ ਦੱਸਿਆ ਕਿ ਸੈਲਾਨੀਆਂ ਨੂੰ ਉੱਨਤੀ, ਫੈਪਰੋ ਅਤੇ ਸਿਟਰਸ ਯੂਨਿਟਾਂ ਦਾ ਉਦਯੋਗਿਕ ਦੌਰਾ ਕਰਵਾਇਆ ਜਾਵੇਗਾ।ਮੀਆਵਾਕੀ ਸਾਈਟ ਵਿਜ਼ਟ, ਵਨ ਚੇਤਨਾ ਪਾਰਕ ਵਿਚ ਕਿਡਸ ਕਾਰਨੀਵਾਲ, ਲਾਜਵੰਤੀ ਸਟੇਡੀਅਮ ਵਿਖੇ ਸੱਭਿਆਚਾਰਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਵੱਖ-ਵੱਖ ਪੇਸ਼ਕਾਰੀਆਂ ਅਤੇ ਮੁਕਾਬਲਿਆਂ ਦੇ ਨਤੀਜੇ ਅੱਜ ਘੋਸ਼ਿਤ ਕੀਤੇ ਗਏ। ਇਸ ਤੋਂ ਇਲਾਵਾ ਮਸ਼ਹੂਰ ਪੰਜਾਬੀ ਗਾਇਕ ਗੁਰਦਾਸ ਮਾਨ ਦੀ ਸਿੰਗਰ ਨਾਈਟ ਖਿੱਚ ਦਾ ਕੇਂਦਰ ਰਹੇਗੀ। ਉਨ੍ਹਾਂ ਦੱਸਿਆ ਕਿ 17 ਤਰੀਕ ਨੂੰ ਹੀ ਬੰਬੂਘਾਟ-2 ਦੀ ਸਟਾਰ ਕਾਸਟ ਵੀ ਵਿਸ਼ੇਸ਼ ਤੌਰ @ਤੇ ਪਹੁੰਚ ਰਹੀ ਹੈ, ਜਿਸ ਵਿੱਚ ਸਿੰਮੀ ਚਾਹਲ, ਐਮੀ ਵਿਰਕ, ਕਰਮਜੀਤ ਅਨਮੋਲ ਦਰਸ਼ਕਾਂ ਨਾਲ ਰੂ-ਬ-ਰੂ ਹੋਣਗੇ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਸਮੇਤ ਇਸ ਵਿਲੱਖਣ ਸਮਾਗਮ ਵਿੱਚ ਸ਼ਾਮਲ ਹੋਣ ਅਤੇ ਵਾਤਾਵਰਣ ਸੁਰੱਖਿਆ ਅਤੇ ਸਥਾਨਕ ਸੈਰ-ਸਪਾਟੇ ਨੂੰ ਪ੍ਰਫੁੱਲਤ ਕਰਨ ਦੇ ਯਤਨਾਂ ਨੂੰ ਸਫਲ ਬਣਾਉਣ।

ਇਸ ਮੌਕੇ 'ਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ, ਐਸ.ਡੀ.ਐਮ ਮੁਕੇਰੀਆਂ ਓਇਸ਼ੀ ਮੰਡਲ, ਨਗਰ ਨਿਗਮ ਕਮਿਸ਼ਨਰ ਜਯੋਤੀ ਬਾਲਾ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ, ਵਧੀਕ ਸਹਾਇਕ ਕਮਿਸ਼ਨਰ ਗੁਰਪ੍ਰੀਤ ਕੌਰ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਮਹਾਂਸ਼ਿਵਰਾਤਰੀ ਦੇ ਸ਼ੁਭ ਮੌਕੇ ਤੇ ਮੇਅਰ ਦਾ ਇਤਿਹਾਸਕ ਤੋਹਫ਼ਾ: ਲਾਈਨੋਂ ਪਾਰ ਖੇਤਰ ਦੇ ਮੇਅਰ ਵਾਰਡ ਵਿੱਚ ਕਮਿਊਨਿਟੀ ਹਾਲ ਅਤੇ ਸ਼ਾਨਦਾਰ ਮੰਦਰ ਦਾ ਰੱਖਿਆ ਨੀਂਹ ਪੱਥਰ

**ਬਠਿੰਡਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਸ਼ਿਵਰਾਤਰੀ ਦੇ ਸ਼ੁਭ ਮੌਕੇ @ਤੇ, ਮੇਅਰ ਸ਼੍ਰੀ ਪਦਮਜੀਤ ਸਿੰਘ ਮਹਿਤਾ ਨੇ ਲਾਈਨੋਂ ਪਾਰ ਖੇਤਰ ਨੂੰ ਇੱਕ ਇਤਿਹਾਸਕ ਤੋਹਫ਼ਾ ਪੇਸ਼ ਕਰਕੇ ਵਿਕਾਸ ਦਾ ਇੱਕ ਨਵਾਂ ਯੁੱਗ ਸ਼ੁਰੂ ਕਰ ਦਿੱਤਾ। ਉਨ੍ਹਾਂ ਨੇ ਲਾਈਨੋਂ ਪਾਰ ਖੇਤਰ ਵਿੱਚ ਸਥਿਤ ਆਪਣੇ ਮੇਅਰ ਵਾਰਡ ਨੰਬਰ 48 ਵਿੱਚ ਲਗਭਗ 98 ਲੱਖ ਰੁਪਏ ਦੀ ਲਾਗਤ ਨਾਲ 1,000 ਗਜ਼ ਜਗ੍ਹਾ @ਤੇ ਬਣਾਏ ਜਾਣ ਵਾਲੇ ਇੱਕ ਅਤਿ-ਆਧੁਨਿਕ ਕਮਿਊਨਿਟੀ ਹਾਲ ਦਾ ਰਸਮੀ ਤੌਰ @ਤੇ ਨੀਂਹ ਪੱਥਰ ਰੱਖਿਆ। ਮਹਿਤਾ ਪਰਿਵਾਰ ਨੇ ਰਸਮੀ ਪੂਜਾ ਕਰਕੇ ਸ਼ਾਨਦਾਰ ਮੰਦਰ ਦੇ ਨਿਰਮਾਣ ਦਾ ਉਦਘਾਟਨ ਵੀ ਕੀਤਾ।

ਇਸ ਮੌਕੇ ਮੇਅਰ ਸ੍ਰੀ ਮਹਿਤਾ ਦੇ ਪਿਤਾ ਅਤੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਅਮਰਜੀਤ ਮਹਿਤਾ, ਉਨ੍ਹਾਂ ਦੇ ਮਾਤਾਸ਼੍ਰੀ ਸ੍ਰੀਮਤੀ ਬਬੀਤਾ ਮਹਿਤਾ, ਸੀਨੀਅਰ ਡਿਪਟੀ ਮੇਅਰ ਸ੍ਰੀ ਸ਼ਾਮ ਲਾਲ ਜੈਨ, ਸਾਰੇ ਕੌਂਸਲਰ ਸਾਹਿਬਾਨ, ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੀ ਸਾਰੀ ਟੀਮ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

ਇਸ ਮੌਕੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਸਾਰੇ ਨਿਵਾਸੀਆਂ ਨੂੰ ਮਹਾਂਸ਼ਿਵਰਾਤਰੀ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਖੁਸ਼ਕਿਸਮਤੀ ਦੀ ਗੱਲ ਹੈ ਕਿ ਵਾਰਡ ਨੰ. 48 ਵਿੱਚ ਭਗਵਾਨ ਸ਼ਿਵ ਦੇ ਪਾਵਨ ਪਰਵ ਮਹਾਸ਼ਿਵਰਾਤਰੀ ਦੇ ਸ਼ੁਭ ਮੌਕੇ @ਤੇ ਮੰਦਰ ਦੀ ਉਸਾਰੀ ਸ਼ੁਰੂ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਜਦੋਂ ਉਹ 12 ਮਹੀਨੇ ਪਹਿਲਾਂ ਪਹਿਲੀ ਵਾਰ ਇਸ ਖੇਤਰ ਆਏ, ਤਾਂ ਸਮਾਜਿਕ ਸਮਾਗਮਾਂ ਲਈ ਨਾ ਤਾਂ ਕੋਈ ਮੰਦਰ ਸੀ ਅਤੇ ਨਾ ਹੀ ਕੋਈ ਕਮਿਊਨਿਟੀ ਹਾਲ। ਲਾਈਨੋਂ ਪਾਰ ਖੇਤਰ ਨੂੰ ਲੰਬੇ ਸਮੇਂ ਤੋਂ ਅਣਗੌਲਿਆ ਕੀਤਾ ਗਿਆ ਸੀ।

ਉਨ੍ਹਾਂ ਕਿਹਾ, ਅੱਜ, ਲਾਈਨੋਂ ਪਾਰ ਖੇਤਰ ਵਿਕਾਸ ਦੀ ਮੁੱਖ ਧਾਰਾ ਵਿੱਚ ਸ਼ਾਮਲ ਹੋ ਗਿਆ ਹੈ। ਚੰਗੀਆਂ ਸੜਕਾਂ ਦਾ ਨਿਰਮਾਣ, ਪਾਰਕਾਂ ਦਾ ਵਿਕਾਸ ਅਤੇ ਹੁਣ ਕਮਿਊਨਿਟੀ ਹਾਲ ਅਤੇ ਮੰਦਰ ਦੀ ਉਸਾਰੀ ਵਾਰਡ ਦੇ ਨਿਵਾਸੀਆਂ ਨਾਲ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਨ ਵੱਲ ਠੋਸ ਕਦਮ ਹਨ।




ਮੇਅਰ ਨੇ ਕਿਹਾ ਕਿ ਇੱਕ ਸਾਲ ਪਹਿਲਾਂ ਉਹ ਇਸ ਇਲਾਕੇ ਵਿੱਚ ਇੱਕ ਅਜਨਬੀ ਵਾਂਗ ਆਏ ਸਨ, ਪਰ ਅੱਜ ਵਾਰਡ ਨੰਬਰ 48 ਦਾ ਹਰ ਪਰਿਵਾਰ ਉਨ੍ਹਾਂ ਨੂੰ ਆਪਣਾ ਮੈਂਬਰ ਸਮਝਦਾ ਹੈ। ਉਨ੍ਹਾਂ ਨੇ ਵਸਨੀਕਾਂ ਤੋਂ ਮਿਲੇ ਅਥਾਹ ਪਿਆਰ ਅਤੇ ਸਮਰਥਨ ਲਈ ਧੰਨਵਾਦ ਪ੍ਰਗਟ ਕੀਤਾ ਅਤੇ ਭਰੋਸਾ ਦਿੱਤਾ ਕਿ ਵਿਕਾਸ ਦੀ ਗਤੀ ਇਸੇ ਰਫ਼ਤਾਰ ਨਾਲ ਜਾਰੀ ਰਹੇਗੀ।

ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹੋਏ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਬਠਿੰਡਾ ਨੂੰ ਇੱਕ ਮਾਡਲ ਸ਼ਹਿਰ ਬਣਾਉਣ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਹਨ।

ਇਸ ਮੌਕੇ ਸ੍ਰੀ ਅਮਰਜੀਤ ਮਹਿਤਾ ਨੇ ਵਾਰਡ ਨੰਬਰ 48, ਬਠਿੰਡਾ, ਪੰਜਾਬ, ਭਾਰਤ ਅਤੇ ਵਿਦੇਸ਼ਾਂ ਵਿੱਚ ਰਹਿੰਦੇ ਸਾਰੇ ਭਾਰਤੀਆਂ ਨੂੰ ਮਹਾਂਸ਼ਿਵਰਾਤਰੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦੇ ਮੇਅਰ ਦੀ ਯੋਗ ਅਗਵਾਈ ਹੇਠ ਬਠਿੰਡਾ ਵਿਕਾਸ ਦੀ ਇੱਕ ਨਵੀਂ ਤਸਵੀਰ ਪੇਸ਼ ਕਰ ਰਿਹਾ ਹੈ। ਇਹ ਇਲਾਕਾ, ਜਿਸਨੂੰ ਕਦੇ ਪਛੜੇਪਣ ਦਾ ਪ੍ਰਤੀਕ ਮੰਨਿਆ ਜਾਂਦਾ ਸੀ, ਹੁਣ ਵਿਕਸਤ ਖੇਤਰਾਂ ਵਿੱਚੋਂ ਇੱਕ ਬਣ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਮੰਦਰ ਦੇ ਨਿਰਮਾਣ ਲਈ ਗੰਗਾ, ਚਨਾਬ, ਰਾਵੀ, ਸਤਲੁਜ ਅਤੇ ਬਿਆਸ ਦਰਿਆਵਾਂ ਦੇ ਨਾਲ-ਨਾਲ ਸ਼੍ਰੀ ਸਾਲਾਸਰ ਬਾਲਾਜੀ ਕੁੰਡ ਅਤੇ ਸ਼੍ਰੀ ਖਾਟੂ ਸ਼ਿਆਮਜੀ ਕੁੰਡ ਤੋਂ ਪਵਿੱਤਰ ਪਾਣੀ ਅਤੇ ਪਵਿੱਤਰ ਮਿੱਟੀ ਲਿਆਂਦੀ ਗਈ ਹੈ। ਆਉਣ ਵਾਲੇ ਦਿਨਾਂ ਵਿੱਚ, ਮੰਦਰ ਅਤੇ ਕਮਿਊਨਿਟੀ ਹਾਲ ਦੀ ਉਸਾਰੀ ਤੇਜ਼ ਰਫ਼ਤਾਰ ਨਾਲ ਅੱਗੇ ਵਧੇਗੀ, ਜਿਸ ਨਾਲ ਇਲਾਕੇ ਦੇ ਵਸਨੀਕਾਂ ਲਈ ਧਾਰਮਿਕ ਅਤੇ ਸਮਾਜਿਕ ਗਤੀਵਿਧੀਆਂ ਲਈ ਢੁਕਵੀਂ ਜਗ੍ਹਾ ਮਿਲੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਬਠਿੰਡਾ ਸਮੇਤ ਪੰਜਾਬ ਨੂੰ ਰੰਗਲਾ ਪੰਜਾਬ ਵਿੱਚ ਬਦਲਣ ਲਈ ਮਹੱਤਵਪੂਰਨ ਕਦਮ ਚੁੱਕ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਵਿਜ਼ਨ ਪੰਜਾਬ ਅਤੇ ਬਠਿੰਡਾ ਦੇ ਹਰ ਖੇਤਰ ਵਿੱਚੋਂ ਪਛੜੇਪਣ ਨੂੰ ਖਤਮ ਕਰਨਾ ਅਤੇ ਇੱਕ ਵਿਕਸਤ ਤੇ ਆਦਰਸ਼ ਪੰਜਾਬ ਅਤੇ ਬਠਿੰਡਾ ਬਣਾਉਣਾ ਹੈ, ਜਿਸ ਲਈ ਉਹ ਬਠਿੰਡਾ ਨੂੰ ਬੇਮਿਸਾਲ ਤੋਹਫ਼ੇ ਦੇ ਰਹੇ ਹਨ।

# ਧਾਰਮਿਕ ਸਥਾਨਾਂ ਦੀਆਂ ਯਾਤਰਾਵਾਂ ਪ੍ਰਤੀ ਲੋਕਾਂ ਵਿਚ ਵਧ ਰਿਹਾ ਉਤਸ਼ਾਹ: ਵਿਧਾਇਕ ਜਗਰੂਪ ਸਿੰਘ ਗਿੱਲ

**ਬਠਿੰਡਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਵਿਧਾਇਕ ਬਠਿੰਡਾ (ਸ਼ਹਿਰੀ) ਸ. ਜਗਰੂਪ ਸਿੰਘ ਗਿੱਲ ਨੇ ਸਥਾਨਕ ਕਿਸ਼ੋਰੀ ਰਾਮ ਰੋਡ ਤੋਂ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਰਵਾਨਾ ਕੀਤਾ।




ਇਸ ਮੌਕੇ ਸ. ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਕੀਤਾ ਗਿਆ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਇਸ ਯੋਜਨਾ ਦਾ ਆਮ ਲੋਕਾਂ ਵਿਚ ਉਤਸ਼ਾਹ ਵੀ ਵਧ ਰਿਹਾ ਹੈ। ਇਸ ਯੋਜਨਾ ਤਹਿਤ ਸ਼ਰਧਾਲੂ ਬਿਨ੍ਹਾਂ ਕਿਸੇ ਆਰਥਿਕ ਬੋਝ ਦੇ ਧਾਰਮਿਕ ਯਾਤਰਾ ਦਾ ਸੁਭਾਗ ਪ੍ਰਾਪਤ ਕਰ ਰਹੇ ਹਨ।

ਇਸੇ ਤਰ੍ਹਾਂ ਹਲਕਾ ਵਿਧਾਇਕ ਮੌੜ ਸ. ਸੁਖਵੀਰ ਸਿੰਘ ਮਾਈਸਰਖਾਨਾ ਵੱਲੋਂ ਪਿੰਡ ਰਾਮਪੁਰਾ ਤੋਂ ਤੀਰਥ ਯਾਤਰਾ ਲਈ ਬੱਸ ਨੂੰ ਰਵਾਨਾ ਕੀਤਾ ਗਿਆ। ਇਸ ਦੌਰਾਨ ਵਿਧਾਇਕ ਮੌੜ ਸ. ਸੁਖਵੀਰ ਸਿੰਘ ਮਾਈਸਰਖਾਨਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੁਆਰਾ ਪਵਿੱਤਰ ਸਥਾਨਾਂ ਦੀ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹ ਯੋਜਨਾ ਸਾਰੀਆਂ ਜਾਤਾਂ, ਧਰਮਾਂ, ਆਮ ਵਰਗਾਂ ਦੇ ਲੋਕਾਂ ਲਈ ਖੁੱਲ੍ਹੀ ਹੈ।

ਚੇਅਰਮੈਨ ਮਾਰਕੀਟ ਕਮੇਟੀ ਬਠਿੰਡਾ, ਸ੍ਰੀ ਬਲਜੀਤ ਸਿੰਘ ਬੱਲੀ ਵੱਲੋਂ ਹਲਕਾ ਬਠਿੰਡਾ ਦਿਹਾਤੀ ਦੇ ਪਿੰਡ ਬੀੜ ਬਹਿਮਣ ਤੋਂ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਝੰਡੀ ਦੇ ਰਵਾਨਾ ਕਰਦਿਆਂ ਕਿਹਾ ਕਿ ਇਹ ਯੋਜਨਾ ਸਿਰਫ ਧਾਰਮਿਕ ਯਾਤਰਾ ਹੀ ਨਹੀਂ, ਸਗੋਂ ਲੋਕਾਂ ਨੂੰ ਆਪਸੀ ਭਾਈਚਾਰੇ ਅਤੇ ਸਾਂਝੀਵਾਲਤਾ ਦੇ ਸੁਨੇਹੇ ਨਾਲ ਵੀ ਜੋੜਦੀ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੇ ਹੋਏ ਇਹ ਯੋਜਨਾ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਪੰਜਾਬ ਦੇ ਨਿਵਾਸੀਆਂ ਨੂੰ ਪੰਜਾਬ ਦੇ ਪ੍ਰਮੁੱਖ ਤੀਰਥ ਅਸਥਾਨਾਂ ਦੇ ਦਰਸ਼ਨ ਮੁਫ਼ਤ ਕਰਵਾਏ ਜਾ ਰਹੇ ਹਨ।

ਇਸੇ ਤਰ੍ਹਾਂ ਹੀ ਵਿਧਾਨ ਸਭਾ ਹਲਕਾ ਭੁੱਚੋ ਦੇ ਪਿੰਡ ਮਹਿਮਾ ਸਵਾਈ, ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਦੇ ਪਿੰਡ ਬੁਰਜ ਥਰੋੜ ਅਤੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਦੇ ਪਿੰਡ ਬੰਗੀ ਨਿਹਾਲ ਸਿੰਘ ਤੋਂ ਵੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸਾਂ ਰਵਾਨਾ ਕੀਤੀਆਂ ਗਈਆਂ।

# ਜ਼ੇਕਰ ਕਿਸੇ ਔਰਤ ਨਾਲ ਬੇਇਨਸਾਫੀ ਹੁੰਦੀ ਹੈ ਤਾਂ ਮਿਲੇ -ਹਰਦੀਪ

**ਮਲੇਰਕੋਟਲਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਜੱਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਦੇ ਕੌਮੀ ਪ੍ਰਧਾਨ ਦਰਸ਼ਨ ਕਾਂਗੜਾ ਵੱਲੋਂ ਮੈਡਮ ਪੂਨਮ ਕਾਂਗੜਾ ਮੁੱਖ ਸਰਪ੍ਰਸਤ ਦੀ ਅਨੁਮਤੀ ਨਾਲ ਸੱਤਵੀਂ ਸੂਚੀ ਜਾਰੀ ਕਰਦਿਆਂ ਸਾਲ 2026 ਲਈ ਪੰਜਾਬ ਦੇ ਮਹਿਲਾ ਵਿੰਗ ਦੀ ਸੂਬਾ ਕਮੇਟੀ ਵਿੱਚ ਨਿਯੁਕਤੀਆਂ ਕੀਤੀਆਂ ਗਈਆਂ ਜਿਨ੍ਹਾਂ ਵਿੱਚ 7 ਸੂਬਾ ਵਾਇਸ ਪ੍ਰਧਾਨ 28 ਸੂਬਾ ਜਨਰਲ ਸਕੱਤਰ ਤੇ 41 ਸੂਬਾ ਸਕੱਤਰ ਨਿਯੁਕਤ ਕੀਤੇ ਗਏ ਇਹਨਾਂ ਨਿਯੁਕਤੀਆਂ ਵਿੱਚ ਮਾਲੇਰਕੋਟਲਾ ਖੇਤਰ ਦੀ ਸਰਗਰਮ ਆਗੂ ਤੇ ਔਰਤਾਂ ਦੀ ਬੁਲੰਦ ਆਵਾਜ਼ ਹਰਦੀਪ ਕੌਰ ਭੁਰਥਲਾ ਨੂੰ ਸੂਬਾ ਮੀਤ ਪ੍ਰਧਾਨ ਚੁਣਿਆ ਗਿਆ ਹੈ



ਇਸ ਮੌਕੇ ਹਰਦੀਪ ਕੌਰ ਨੇ ਕਿਹਾ ਕੇ ਇਹ ਔਰਤਾਂ ਦੇ ਹੱਕਾਂ ਲਈ ਸੂਬਾ ਟੀਮ ਨਾਲ ਮਿਲ ਕੇ ਡਟ ਕੇ ਕੰਮ ਕਰਨਗੇ ਅਤੇ ਕਿਸੇ ਵੀ ਔਰਤ ਨਾਲ ਬੇਇਨਸਾਫੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਸੂਬਾ ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਮਿਸ਼ਨ ਵਿੱਚ ਹੋਰ ਮਹਿਲਾਵਾਂ ਨੂੰ ਵੀ ਮਾਨ ਸਨਮਾਨ ਦਿੰਦਿਆਂ ਵਿਸ਼ੇਸ਼ ਅਹੁਦਿਆਂ ਨਾਲ ਨਿਵਾਜਿਆ ਜਾਵੇਗਾ ਉਨ੍ਹਾਂ ਕਿਹਾ ਕਿ ਸਮਾਜ ਸੇਵਾ ਦਾ ਜਜ਼ਬਾ ਰੱਖਣ ਵਾਲੇ ਸਾਥੀਆਂ ਨੂੰ ਮਿਸ਼ਨ ਵਿੱਚ ਸ਼ਾਮਲ ਹੋਣ ਲਈ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ।

# ਵਿਧਾਇਕ ਮਾਲੇਰਕੋਟਲਾ ਨੂੰ ਮੰਤਰੀ ਮੰਡਲ ਵਿੱਚ ਸ਼ਾਮਲ ਕਰਨ ਦੀ ਮੰਗ ਹੋਈ ਤੇਜ਼

**ਮਲੇਰਕੋਟਲਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਮਾਲੇਰਕੋਟਲਾ ਹਲਕੇ ਵਿੱਚ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਸਿਆਸੀ ਵਰਗਾਂ ਵੱਲੋਂ ਇਹ ਮੰਗ ਜ਼ੋਰ ਪਕੜ ਰਹੀ ਹੈ ਕਿ ਸੂਬਾ ਸਰਕਾਰ ਯੋਗ ਅਤੇ ਜਨਸੇਵਾ ਲਈ ਸਮਰਪਿਤ ਮੁਸਲਿਮ ਨੁਮਾਇੰਦੇ ਨੂੰ ਪੰਜਾਬ ਮੰਤਰੀ ਮੰਡਲ ਵਿੱਚ ਸ਼ਾਮਲ ਕਰੇ। ਆਗੂਆਂ ਦਾ ਕਹਿਣਾ ਹੈ ਕਿ ਇਸ ਨਾਲ ਨਾ ਸਿਰਫ ਮਾਲੇਰਕੋਟਲਾ ਹਲਕੇ ਦੀ ਨੁਮਾਇੰਦਗੀ ਮਜ਼ਬੂਤ ਹੋਵੇਗੀ, ਸਗੋਂ ਸੂਬੇ ਦੇ ਅਲਪ ਸੰਖਿਆਕ ਵਰਗ ਨੂੰ ਵੀ ਯੋਗ ਪ੍ਰਤੀਨਿਧਿਤਾ ਮਿਲੇਗੀ।ਇਸ ਸਬੰਧੀ ਕੌਂਸਲਰ ਮੁਹੰਮਦ ਹਬੀਬ ਨੇ ਕਿਹਾ ਕਿ ਮਾਲੇਰਕੋਟਲਾ ਇਤਿਹਾਸਕ ਅਤੇ ਸਮਾਜਿਕ ਪੱਖੋਂ ਮਹੱਤਵਪੂਰਨ ਹਲਕਾ ਹੈ, ਜਿਸ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਲੋਕ ਮੰਗਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਲਈ ਮਜ਼ਬੂਤ ਆਵਾਜ਼ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਿਹੜੇ ਆਗੂ ਲੋਕਾਂ ਵਿਚ ਰਹਿ ਕੇ ਜਨਸੇਵਾ ਕਰ ਰਹੇ ਹਨ, ਉਹਨਾਂ ਨੂੰ ਮੰਤਰੀ ਮੰਡਲ ਵਿੱਚ ਸ਼ਾਮਲ ਕਰਨਾ ਸਮੇਂ ਦੀ ਲੋੜ ਹੈ।ਇਸ ਮੌਕੇ ਮੁਹੰਮਦ ਰਸ਼ੀਦ ਕਿਲ੍ਹਾ, ਮੁਹੰਮਦ ਸ਼ਰੀਫ ਕਿਲ੍ਹਾ ਅਤੇ ਮੁਹੰਮਦ ਨਾਹਿਦ ਨੇ ਵੀ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਮਾਲੇਰਕੋਟਲਾ ਦੇ ਵਿਕਾਸ ਲਈ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਨੁਮਾਇੰਦਗੀ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਮਾਜ ਦੇ ਹਰ ਵਰਗ ਨੂੰ ਯੋਗ ਹਿੱਸੇਦਾਰੀ ਦੇਣੀ ਚਾਹੀਦੀ ਹੈ ਅਤੇ ਲੋਕਾਂ ਵਿੱਚ ਸਰਗਰਮ ਆਗੂਆਂ ਨੂੰ ਅੱਗੇ ਲਿਆਉਣਾ ਚਾਹੀਦਾ ਹੈ, ਤਾਂ ਜੋ ਇਲਾਕੇ ਦੀਆਂ ਸਮੱਸਿਆਵਾਂ ਦਾ ਹੱਲ ਤੇਜ਼ੀ ਨਾਲ ਹੋ ਸਕੇ।ਸਥਾਨਕ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੇ ਉਮੀਦ ਜਤਾਈ ਕਿ ਸਰਕਾਰ ਇਸ ਮੰਗ 'ਤੇ ਸੰਵੇਦਨਸ਼ੀਲਤਾ ਨਾਲ ਵਿਚਾਰ ਕਰਕੇ ਜਲਦ ਹੀ ਉਚਿਤ ਫੈਸਲਾ ਲਏਗੀ, ਤਾਂ ਜੋ ਮਾਲੇਰਕੋਟਲਾ ਦੇ ਵਿਕਾਸ, ਸਿਹਤ, ਸਿੱਖਿਆ ਅਤੇ ਰੋਜ਼ਗਾਰ ਸੰਬੰਧੀ ਮੁੱਦਿਆਂ ਨੂੰ ਤਰਜੀਹ ਮਿਲ ਸਕੇ।

# ਮਹਾਂ ਸ਼ਿਵਰਾਤਰੀ ਮੌਕੇ ਸ਼ਰਧਾਲੂ ਦੀਆਂ ਲੱਗੀਆਂ ਲੰਮੀਆਂ ਕਤਾਰਾਂ



**ਸੁਨਾਮ ਊਧਮ ਸਿੰਘ ਵਾਲਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਸਥਾਨਕ ਸ਼੍ਰੀ ਰਾਮ ਆਸ਼ਰਮ ਮੰਦਰ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਮਹਾ ਸ਼ਿਵਰਾਤਰੀ ਮੌਕੇ ਸ਼ਰਧਾਲੂਆਂ ਲਈ ਪੁਖਤਾ ਪ੍ਰਬੰਧ ਕੀਤੇ ਗਏ ਜਿਸਨੂੰ ਲੈ ਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਇੱਥੇ ਪੁੱਜੇ ਅਤੇ ਸ਼ਰਧਾਲੂਆਂ ਨੇ ਸ਼ਰਧਾਪੂਰਵਕ ਭਗਵਾਨ ਸ਼ਿਵ ਦਾ ਜਲ ਅਭਿਸ਼ੇਕ ਕੀਤਾ ਅਤੇ ਸ਼ਰਧਾਲੂਆਂ ਨੇ ਭਗਵਾਨ ਸ਼ਿਵ ਦੀ ਪੂਜਾ ਅਰਚਨਾ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਸਹਿਯੋਗੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਅਤੇ ਸਾਬਕਾ ਨਗਰ ਕੌਂਸਲਰ ਮੈਡਮ ਮੋਨਿਕਾ ਗੋਇਲ, ਮਨੋਜ ਅਰੋੜਾ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਪਕੌੜਿਆਂ ਦਾ ਲੰਗਰ ਲਗਾਇਆ ਗਿਆ ਅਤੇ ਸ਼ਰਧਾਲੂਆਂ ਵੱਲੋਂ ਵਧ-ਚੜ੍ਹ ਕੇ ਮੰਦਰ ਕਮੇਟੀ ਨੂੰ ਸਹਿਯੋਗ ਦਿੱਤਾ ਗਿਆ।

# ਮਹਾਸ਼ਿਵਰਾਤਰੀ 'ਤੇ ਕਾਵੜੀਆਂ ਦਾ ਕੀਤਾ ਸ਼ਾਨਦਾਰ ਸਵਾਗਤ, ਮਾਤਾ ਮੋਦੀ ਚੌਕ ਵਿਖੇ ਫੁੱਲਾਂ ਦੀ ਕੀਤੀ ਵਰਖਾ



**ਸੁਨਾਮ ਊਧਮ ਸਿੰਘ ਵਾਲਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਮਹਾਂਸ਼ਿਵਰਾਤਰੀ ਦੇ ਸ਼ੁਭ ਮੌਕੇ @ਤੇ ਹਰਿਦੁਆਰ ਤੋਂ ਪਵਿੱਤਰ ਗੰਗਾ ਜਲ ਲੈ ਕੇ ਪਹੁੰਚੇ ਸ਼ਰਧਾਲੂਆਂ ਦਾ ਸ਼ਹਿਰ ਦੇ ਵੱਖ-ਵੱਖ ਥਾਵਾਂ @ਤੇ ਸਵਾਗਤ ਕੀਤਾ ਗਿਆ।

ਇਸ ਸਬੰਧ ਵਿੱਚ ਬਰਾਦਰੀ ਬ੍ਰਾਹਮਣ ਵਰਤਫ਼ ਉਬਰਾਓ ਸੁਨਾਮ ਦੇ ਪ੍ਰਧਾਨ ਸੰਦੀਪ ਸ਼ਰਮਾ (ਬਾਕਸਰ) ਦੀ ਅਗਵਾਈ ਹੇਠ ਮਾਤਾ ਮੋਦੀ ਚੌਕ ਸੁਨਾਮ ਵਿਖੇ ਸ਼ਰਧਾਲੂਆਂ ਵੱਲੋਂ ਕਾਵੜੀਆਂ ਦਾ ਭਰਵਾਂ ਸਵਾਗਤ ਕੀਤਾ ਗਿਆ।

ਇਸ ਮੌਕੇ ਕਾਵੜੀਆਂ @ਤੇ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਵੱਡੀ ਗਿਣਤੀ ਵਿੱਚ ਮੌਜੂਦ ਸ਼ਰਧਾਲੂਆਂ ਨੇ ÷ਬਮ ਬਮ ਬੋਲੇ÷ ਅਤੇ ÷ਹਰ ਹਰ ਮਹਾਦੇਵ÷ ਦੇ ਜੈਕਾਰਿਆਂ ਨਾਲ ਮਾਹੌਲ ਨੂੰ ਸ਼ਰਧਾ ਨਾਲ ਭਰ ਦਿੱਤਾ। ਇਸ ਮੌਕੇ ਪ੍ਰਧਾਨ ਸੰਦੀਪ ਸ਼ਰਮਾ (ਬਾਕਸਰ) ਨੇ ਕਿਹਾ ਕਿ ਮਹਾਸ਼ਿਵਰਾਤਰੀ ਦਾ ਤਿਉਹਾਰ ਆਸਥਾ, ਸ਼ਰਧਾ ਅਤੇ ਵਿਸ਼ਵਾਸ ਦਾ ਪ੍ਰਤੀਕ ਹੈ। ਕਾਵੜੀ ਪਵਿੱਤਰ ਗੰਗਾ ਜਲ ਲਿਆਉਣ ਲਈ ਲੰਬੀ ਦੂਰੀ ਦੀ ਯਾਤਰਾ ਕਰਦੇ ਹਨ, ਜੋਕਿ ਭਗਵਾਨ ਸ਼ਿਵ ਪ੍ਰਤੀ ਉਨ੍ਹਾਂ ਦੀ ਅਟੁੱਟ ਆਸਥਾ ਅਤੇ ਸ਼ਰਧਾ ਨੂੰ ਦਰਸਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਮਾਜ ਵਿੱਚ ਏਕਤਾ, ਭਾਈਚਾਰਾ ਅਤੇ ਸਦਭਾਵਨਾ ਨੂੰ ਮਜ਼ਬੂਤ ਕਰਦੇ ਹਨ।

ਇਸ ਮੌਕੇ ਸੰਸਥਾ ਦੇ ਹੋਰ ਅਹੁਦੇਦਾਰ ਅਤੇ ਮੈਂਬਰ ਵੀ ਹਾਜ਼ਰ ਸਨ ਅਤੇ ਸਾਰਿਆਂ ਨੇ ਕਾਵੜੀਆਂ ਨੂੰ ਖੁਸ਼ਹਾਲ ਅਤੇ ਸ਼ੁਭ ਯਾਤਰਾ ਦੀ ਕਾਮਨਾ ਕੀਤੀ। ਇਸ ਮੌਕੇ ਪ੍ਰਧਾਨ ਸੰਦੀਪ ਸ਼ਰਮਾ (ਬਾਕਸਰ), ਜਗਮੋਹਨ ਸ਼ਰਮਾ, ਭੂਸ਼ਨ ਸ਼ਰਮਾ, ਅਸ਼ੋਕ ਸ਼ਰਮਾ, ਹਰਿੰਦਰ ਜੋਸ਼ੀ, ਮੁਨੀਸ਼ ਜੋਸ਼ੀ, ਸੰਦੀਪ ਸ਼ਰਮਾ, ਵਿੱਕੀ ਜੋਸ਼ੀ, ਰਾਜੇਸ਼, ਪਿੰਕੀ, ਟਿੰਕੂ ਜੋਸ਼ੀ, ਪੰਕਜ ਕੁਮਾਰ, ਨਰੇਸ਼ ਸ਼ਰਮਾ, ਰਵੀ, ਅਬਦੁਲ, ਗੁਰਸੇਵਕ ਸਿੰਘ, ਹਰਦੀਪ ਗਿਰ (ਸੰਨੀ), ਮੰਗੀ ਗਿਰ, ਮਨੀ ਧਾਲੀਵਾਲ, ਸੋਨੂੰ ਸ਼ਰਮਾ, ਕਰਨ ਧੀਮਾਨ, ਟਵਿੰਕਲ ਜੀਤ, ਲਵੀ ਗੋਇਲ, ਡੀ. ਨਿਖਿਲ, ਮਨੀਸ਼, ਚਿਰਾਗ, ਵੰਸ਼, ਦੀਪੂ (ਬਿੱਲਾ) ਆਦਿ ਹਾਜ਼ਰ ਸਨ।

# ਡਿਪਟੀ ਸਪੀਕਰ ਨੇ ਸਮੱਸਿਆਵਾਂ ਸੁਣੀਆਂ



**ਜੀਂਦ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਹਰਿਆਣਾ ਵਿਧਾਨ ਸਭਾ ਦੇ ਡਿਪਟੀ ਸਪੀਕਰ ਡਾ. ਕ੍ਰਿਸ਼ਨ ਮਿੱਢਾ ਨੇ ਅੱਜ ਇੱਥੇ ਰੈਸਟ ਹਾਊਸ ਵਿੱਚ ਜਨਤਾ ਦਰਬਾਰ ਲਗਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਦੌਰਾਨ ਉਨ੍ਹਾਂ ਨੇ ਅਧਿਕਾਰੀਆਂ ਨੂੰ ਸਪੱਸ਼ਟ ਕਿਹਾ ਕਿ ਉਨ੍ਹਾਂ ਨੂੰ ਹਰ ਵਿਅਕਤੀ ਦੀ ਸਮੱਸਿਆ ਦਾ ਹੱਲ ਪਹਿਲ ਦੇ ਆਧਾਰ 'ਤੇ ਹੋਣਾ ਚਾਹੀਦਾ ਹੈ। ਡਿਪਟੀ ਸਪੀਕਰ ਦੇ ਸਾਹਮਣੇ ਟੁੱਟੀ ਸੜਕਾਂ, ਨਵੀਂ ਗਲੀਆਂ ਦੇ ਨਿਰਮਾਣ, ਪੀਣ ਵਾਲੇ ਪਾਣੀ ਦੀ ਘਾਟ, ਬਿਜਲੀ ਸਪਲਾਈ ਦੀ ਦਿੱਕਤ, ਜਲ ਨਿਕਾਸੀ ਦੀ ਸਮੱਸਿਆ, ਸੀਵਰੇਜ ਸਮੱਸਿਆ, ਰਾਸ਼ਨ ਕਾਰਡ ਵਿੱਚ ਤਰੁੱਟੀਆਂ, ਸਿਹਤ ਸਬੰਧੀ, ਪਰਿਵਾਰ ਪਛਾਣ ਪੱਤਰ ਨਾਲ ਸਬੰਧਤ ਮੁਸ਼ਕਲਾਂ ਅਤੇ ਸਕੂਲਾਂ ਵਿੱਚ ਬੁਨਿਆਦੀ ਸਹੂਲਤਾਂ ਦੀ ਘਾਟ ਦੀਆਂ ਸ਼ਿਕਾਇਤਾਂ ਮਿਲੀਆਂ। ਡਿਪਟੀ ਸਪੀਕਰ ਨੇ ਹਰ ਨਾਗਰਿਕ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਸੁਣਿਆ ਤੇ ਕੁਝ ਸ਼ਿਕਾਇਤਾਂ ਦਾ ਨਿਪਟਾਰਾ ਤਾਂ ਮੌਕੇ ਉੱਤੇ ਹੀ ਕਰ ਦਿੱਤਾ ਅਤੇ ਬਾਕੀ ਰਹੀਆਂ ਕੁਝ ਸ਼ਿਕਾਇਤਾਂ ਦੇ ਨਿਪਟਾਰੇ ਲਈ ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਆਦੇਸ਼ ਦਿੱਤੇ। ਇਸ ਤੋਂ ਤੁਰੰਤ ਬਾਅਦ ਲਘੂ-ਸਕੱਤਰੇਤ ਵਿੱਚ ਡਿਪਟੀ ਸਪੀਕਰ ਡਾ. ਕ੍ਰਿਸ਼ਨ ਮਿੱਢਾ ਦੀ ਪ੍ਰਧਾਨਗੀ ਹੇਠ ਜੀਂਦ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੇ ਵਿਕਾਸ ਕੰਮਾਂ ਦੀ ਸਮੀਖਿਆ ਦੀ ਮੀਟਿੰਗ ਕੀਤੀ ਗਈ ਜਿਸ ਵਿੱਚ ਡਿਪਟੀ ਸਪੀਕਰ ਨੇ ਹਰ ਵਿਭਾਗ ਦੇ ਵਿਕਾਸ ਕੰਮਾਂ ਦੀ ਸਮੀਖਿਆ ਕੀਤੀ ਗਈ ਤੇ ਹਰ ਵਿਭਾਗ ਨੇ ਆਪਣੇ-ਆਪਣੇ ਵਿਕਾਸ ਕੰਮਾਂ ਦਾ ਵੇਰਵਾ ਦਿੱਤਾ ਕਿ ਕਿੰਨੇ ਕੰਮ ਸਿਰੇ ਚੜ੍ਹ ਚੁੱਕੇ ਅਤੇ ਕਿੰਨੇ ਕੰਮ ਪ੍ਰਗਤੀ 'ਤੇ ਚੱਲ ਰਹੇ ਹਨ। ਇੱਕ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਡਿਪਟੀ ਸਪੀਕਰ ਨੇ ਕਿਹਾ ਕਿ ਜੇਕਰ ਠੇਕੇਦਾਰ ਵੱਲੋਂ ਮਜ਼ਦੂਰਾਂ ਦਾ ਸਮੇਂ 'ਤੇ ਭੁਗਤਾਨ ਨਹੀਂ ਕੀਤਾ ਜਾਂਦਾ ਤਾਂ ਸਬੰਧਤ ਵਿਭਾਗ ਉਸ ਠੇਕੇਦਾਰ ਦੇ ਵਿਰੁੱਧ ਕਾਰਵਾਈ ਕਰਨੀ ਯਕੀਨੀ ਬਣਾਉਣ। ਉਨ੍ਹਾਂ ਨੇ ਅਧਿਕਾਰੀਆਂ ਨੂੰ ਵਿਕਾਸ ਕੰਮਾਂ ਵਿੱਚ ਹੋਰ ਤੇਜ਼ੀ ਲਿਆਉਣ ਦੀਆਂ ਹਦਾਇਤਾਂ ਕੀਤੀਆਂ ਤਾਂ ਕਿ ਲੋਕਾਂ ਨੂੰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਮਿਲ ਸਕੇ। ਇਸ ਮੌਕੇ ਡੀ ਸੀ ਮੁਹੰਮਦ ਇਮਰਾਨ ਰਜ਼ਾ, ਐਸ ਪੀ ਕੁਲਦੀਪ ਸਿੰਘ, ਐਸ ਡੀ ਐਮ ਜੀਂਦ ਸਤਿਆਵਾਨ ਸਿੰਘ ਮਲਿਕ ਤੇ ਹੋਰ ਅਧਿਕਾਰੀ ਹਾਜ਼ਰ ਸਨ।

# ਰਿਟੇਲ ਕਰਿਆਨਾ ਐਸੋਸੀਏਸ਼ਨ ਦਾ 20ਵਾਂ ਸਾਲਾਨਾ ਸੈਸ਼ਨ 1 ਮਾਰਚ ਨੂੰ

**ਸੁਨਾਮ ਊਧਮ ਸਿੰਘ ਵਾਲਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਰਿਟੇਲ ਕਰਿਆਨਾ ਵਪਾਰੀ ਐਸੋਸੀਏਸ਼ਨ ਦਾ 20ਵਾਂ ਸਾਲਾਨਾ ਸੈਸ਼ਨ ਅਤੇ ਕਾਨਫਰੰਸ ਡੇਰਾ ਭਾਗਵਤ ਨਾਥ ਜੀ ਨੇੜੇ ਰੋਜ਼ ਗਾਰਡਨ ਕੰਪਲੈਕਸ ਵਿਖੇ ਕਰਵਾਇਆ ਜਾ ਰਿਹਾ ਹੈ।

ਇਹ ਜਾਣਕਾਰੀ ਸੰਗਠਨ ਦੇ ਚੇਅਰਮੈਨ ਜਗਜੀਤ ਸਿੰਘ ਆਹੂਜਾ, ਪ੍ਰਧਾਨ ਪ੍ਰਵੇਸ਼ ਕਾਂਸਲ, ਮੁੱਖ ਪ੍ਰੈਸ ਸਕੱਤਰ ਦੀਪਕ ਜਿੰਦਲ ਅਤੇ ਹਰੀਸ਼ ਬਾਂਸਲ ਨੇ ਦਿੱਤੀ। ਇਸ ਕਾਨਫਰੰਸ ਦੀ ਪ੍ਰਧਾਨਗੀ ਪ੍ਰਵੇਸ਼ ਕਾਂਸਲ ਕਰਨਗੇ।

ਇਸ ਸੈਸ਼ਨ ਦੇ ਸਟਾਰ ਮਹਿਮਾਨ ਵਪਾਰ ਮੰਡਲ ਸੁਨਾਮ ਦੇ ਪ੍ਰਧਾਨ ਨਰੇਸ਼ ਭੋਲਾ ਹੋਣਗੇ ਅਤੇ ਮੁੱਖ ਮਹਿਮਾਨ ਪੰਜਾਬ ਰਿਟੇਲ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਮੋਦ ਗੁਪਤਾ ਅਤੇ ਰਜਨੀਸ਼ ਗੋਇਲ ਹੋਣਗੇ ਅਤੇ ਰਾਮ ਕੁਮਾਰ ਚੇਅਰਮੈਨ ਵਪਾਰੀ ਬੋਰਡ ਸੁਨਾਮ ਅਤੇ ਹੋਰ ਇਸ ਕਾਨਫਰੰਸ ਦਾ ਹਿੱਸਾ ਹੋਣਗੇ।

ਇਸ ਮੌਕੇ ਐਸੋ. ਦੇ ਮੁੱਖ ਸਲਾਹਕਾਰ ਅਜੇ ਜਿੰਦਲ ਮਸਤਾਨੀ ਨੇ ਦੱਸਿਆ ਕਿ ਸੁਨਾਮ ਦੇ 400 ਤੋਂ ਵੱਧ ਰਿਟੇਲਰ ਇਸ ਕਾਨਫਰੰਸ ਵਿੱਚ ਹਿੱਸਾ ਲੈਣਗੇ, ਜਿਨ੍ਹਾਂ ਵਿੱਚ ਸੁਨਾਮ ਦੇ ਵਿਤਰਕ ਅਤੇ ਥੋਕ ਵਿਕਰੇਤਾ ਸ਼ਾਮਲ ਹਨ। ਇਹ ਰਿਪੋਰਟ ਕੀਤੀ ਗਈ ਹੈ ਕਿ ਪ੍ਰਚੂਨ ਵਿਕਰੇਤਾਵਾਂ ਨੂੰ ਲਗਾਤਾਰ ਸਰਕਾਰਾਂ ਵੱਲੋਂ ਪਰੇਸ਼ਾਨ ਕੀਤਾ ਗਿਆ ਹੈ ਅਤੇ ਉਨ੍ਹਾਂ ਨੂੰ ਕਾਫ਼ੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜੀਐਸਟੀ, ਭੋਜਨ ਦੇ ਨਮੂਨੇ ਇਕੱਠੇ ਕਰਨ ਅਤੇ ਹੋਰ ਕਈ ਟੈਕਸਾਂ ਰਾਹੀਂ ਵਪਾਰੀਆਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ। ਮਹਿੰਗਾਈ ਆਪਣੇ ਸਿਖਰ @ਤੇ ਪਹੁੰਚ ਗਈ ਹੈ ਜਿਹੇ ਮੁੱਦਿਆਂ ਦੀ ਇਸ ਪਲੇਟਫਾਰਮ @ਤੇ ਚਰਚਾ ਕੀਤੀ ਜਾਵੇਗੀ। ਇਹ ਪ੍ਰੋਗਰਾਮ ਜਿੰਦਲ ਟ੍ਰੇਡਿੰਗ ਕੰਪਨੀ, ਜਾਦੂ ਟੀ ਅਤੇ ਸ਼ਿਵ ਸ਼ਕਤੀ ਐਂਟਰਪ੍ਰਾਈਜ਼ਿਜ਼, ਰਾਮ ਸਨਜ਼ ਦੇਸੀ ਘਿਓ ਦੁਆਰਾ ਸਪਾਂਸਰ ਕੀਤਾ ਗਿਆ ਹੈ।

# 18,509 ਕਰੋੜ ਰੁਪਏ ਦੇ ਪ੍ਰਾਜੈਕਟਾਂ ਨੂੰ ਮਨਜ਼ੂਰੀ

**ਨਵੀਂ ਦਿੱਲੀ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਆਰਥਿਕ ਮਾਮਲਿਆਂ ਦੀ ਕੈਬਨਿਟ ਕਮੇਟੀ ਨੇ ਰੇਲਵੇ ਮੰਤਰਾਲੇ ਦੇ ਤਿੰਨ ਵੱਡੇ ਮਲਟੀ-ਟ੍ਰੈਕਿੰਗ ਪ੍ਰਾਜੈਕਟਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਨ੍ਹਾਂ 'ਤੇ ਲਗਪਗ 18,509 ਕਰੋੜ ਰੁਪਏ ਦੀ ਲਾਗਤ ਆਵੇਗੀ। ਇਨ੍ਹਾਂ ਪ੍ਰਾਜੈਕਟਾਂ ਵਿੱਚ ਕਸਾਰਾ-ਮਨਮਾਡ, ਦਿੱਲੀ-ਅੰਬਾਲਾ ਅਤੇ ਬਲਾਰੀ-ਹੋਸਪੇਟ ਵਿਚਕਾਰ ਤੀਜੀ ਅਤੇ ਚੌਥੀ ਰੇਲਵੇ ਲਾਈਨ ਵਿਛਾਉਣਾ ਸ਼ਾਮਲ ਹੈ। ਇਸ ਨਾਲ ਰੇਲਵੇ ਨੈੱਟਵਰਕ 389 ਕਿਲੋਮੀਟਰ ਵਧਾਇਆ ਜਾਵੇਗਾ ਜੋ ਦਿੱਲੀ, ਹਰਿਆਣਾ, ਮਹਾਰਾਸ਼ਟਰ ਅਤੇ ਕਰਨਾਟਕ ਦੇ 12 ਜ਼ਿਲ੍ਹਿਆਂ ਨੂੰ ਕਵਰ ਕਰੇਗਾ। ਇਸ ਕਦਮ ਨਾਲ ਰੇਲਗੱਡੀਆਂ ਦੀ ਆਵਾਜਾਈ ਵਿੱਚ ਤੇਜ਼ੀ ਆਵੇਗੀ, ਭੀੜ ਘਟੇਗੀ ਅਤੇ ਭਾਰਤੀ ਰੇਲਵੇ ਦੀ ਕਾਰਜਪ੍ਰਣਾਲੀ ਵਿੱਚ ਸੁਧਾਰ ਹੋਵੇਗਾ।

ਇਹ ਪ੍ਰਾਜੈਕਟ ਪ੍ਰਧਾਨ ਮੰਤਰੀ ਦੇ ਨਵੇਂ ਭਾਰਤ ਅਤੇ ਆਤਮਨਿਰਭਰ ਭਾਰਤ ਦੇ ਸੁਪਨੇ ਅਨੁਸਾਰ ਹਨ ਜਿਸ ਨਾਲ ਸਰਵਪੱਖੀ ਵਿਕਾਸ ਰਾਹੀਂ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਇਨ੍ਹਾਂ ਯੋਜਨਾਵਾਂ ਨੂੰ ਪੀਐਮ-ਗਤੀ ਸ਼ਕਤੀ ਨੈਸ਼ਨਲ ਮਾਸਟਰ ਪਲਾਨ ਤਹਿਤ ਤਿਆਰ ਕੀਤਾ ਗਿਆ ਹੈ ਤਾਂ ਕਿ ਵੱਖ-ਵੱਖ ਆਵਾਜਾਈ ਸਾਧਨਾਂ ਦੇ ਆਪਸੀ ਤਾਲਮੇਲ ਅਤੇ ਮਾਲ ਦੀ ਢੋਆ-ਢੁਆਈ ਨੂੰ ਬਿਹਤਰ ਬਣਾਇਆ ਜਾ ਸਕੇ।

ਇਸ ਪ੍ਰਾਜੈਕਟ ਰਾਹੀਂ 3,902 ਪਿੰਡਾਂ ਨੂੰ ਸਿੱਧਾ ਫਾਇਦਾ ਹੋਵੇਗਾ, ਜਿਸ ਨਾਲ ਲਗਪਗ 97 ਲੱਖ ਦੀ ਆਬਾਦੀ ਨੂੰ ਬਿਹਤਰ ਸੰਪਰਕ ਮਿਲੇਗਾ।

# ਖੇਤੀ ਮੋਟਰਾਂ ਦੀਆਂ ਤਾਰਾਂ ਚੋਰੀ ਕਰਨ ਵਾਲਾ ਗ੍ਰਿਫ਼ਤਾਰ

**ਰਤੀਆ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਸੁਪਰਡੈਂਟ ਆਫ ਪੁਲੀਸ ਸਿਧਾਂਤ ਜੈਨ ਦੀ ਅਗਵਾਈ ਹੇਠ ਥਾਣਾ ਸਦਰ ਰਤੀਆ ਪੁਲੀਸ ਨੇ ਟਿਊਬਵੈੱਲਾਂ ਦੀਆਂ ਤਾਰਾਂ ਚੋਰੀ ਕਰਨ ਦੇ ਦੋਸ਼ ਹੇਠ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ। ਪੁਲੀਸ ਨੇ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕੀਤਾ, ਜਿਥੋਂ ਉਸ ਨੂੰ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ। ਰਤੀਆ ਸਦਰ ਪੁਲੀਸ ਸਟੇਸ਼ਨ ਦੇ ਇੰਚਾਰਜ ਇੰਸਪੈਕਟਰ ਪ੍ਰਹਿਲਾਦ ਨੇ ਦੱਸਿਆ ਕਿ ਸ਼ਿਕਾਇਤਕਰਤਾ ਰਾਮ ਕਿਸ਼ਨ ਪੁੱਤਰ ਇਦਾਨ ਸਿੰਘ ਵਾਸੀ ਪਿੰਡ ਚੰਦੋ ਖੁਰਦ ਨੇ ਕਿਹਾ ਕਿ 20 ਜਨਵਰੀ ਨੂੰ ਅਣਪਛਾਤੇ ਵਿਅਕਤੀਆਂ ਨੇ ਉਸ ਦੇ ਖੇਤ ਵਿੱਚ ਸਥਿਤ ਟਿਊਬਵੈੱਲ ਤੋਂ ਲਗਭਗ 100 ਫੁੱਟ ਬਿਜਲੀ ਦੀਆਂ ਤਾਰਾਂ ਚੋਰੀ ਕਰ ਲਈਆਂ। ਇਸ ਤੋਂ ਇਲਾਵਾ ਗੁਆਂਢੀ ਲਾਭ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਚੰਦੋ ਖੁਰਦ ਦੇ ਖੇਤ ਤੋਂ 80 ਫੁੱਟ ਤਾਰ, ਪ੍ਰਮੋਦ ਕੁਮਾਰ ਪੁੱਤਰ ਗੁਰਦਿਆਲ ਸਿੰਘ ਵਾਸੀ ਚੰਦੋ ਖੁਰਦ ਦੇ ਖੇਤ ਤੋਂ 60 ਫੁੱਟ ਅਤੇ ਰਾਮੂ ਰਾਮ ਪੁੱਤਰ ਨਰਸੀਰਾਮ ਵਾਸੀ ਚੰਦੋ ਖੁਰਦ ਦੇ ਖੇਤ ਤੋਂ 40 ਫੁੱਟ ਤਾਰ ਚੋਰੀ ਕਰ ਲਈ ਗਈ। ਸ਼ਿਕਾਇਤ ਦੇ ਆਧਾਰ 'ਤੇ ਥਾਣਾ ਸਦਰ ਰਤੀਆ ਵਿੱਚ ਮਾਮਲਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਪੁਲੀਸ ਟੀਮ ਨੇ ਕਾਰਵਾਈ ਕਰਦਿਆਂ ਇਕ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ, ਜਿਸ ਦੀ ਪਛਾਣ ਗੁਰਪ੍ਰੀਤ ਵਾਸੀ ਹਰੌਲੀ ਵਜੋਂ ਹੋਈ।

# ਵੱਖ-ਵੱਖ ਥਾਈਂ ਸ਼ਿਵਰਾਤਰੀ ਸ਼ਰਧਾ ਨਾਲ ਮਨਾਈ



**ਪਿਹੋਵਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਸੰਗਮੇਸ਼ਵਰ ਮਹਾਦੇਵ ਮੰਦਿਰ ਵਿੱਚ ਮਹਾਸ਼ਿਵਰਾਤਰੀ ਮੇਲੇ ਦੌਰਾਨ ਸਾਢੇ ਤਿੰਨ ਲੱਖ ਤੋਂ ਵੱਧ ਸ਼ਰਧਾਲੂਆਂ ਨੇ ਮੱਥਾ ਟੇਕਿਆ ਅਤੇ ਸ਼ਿਵਲਿੰਗ 'ਤੇ ਜਲ ਚੜ੍ਹਾਇਆ। ਇਸ ਦੌਰਾਨ ਸੇਵਾ ਦਲ ਦੇ ਮੈਂਬਰਾਂ ਨੇ ਕਤਾਰ ਵਿੱਚ ਖੜ੍ਹੇ ਸ਼ਰਧਾਲੂਆਂ ਨੂੰ ਗੁੜ ਦੇ ਪੈਕੇਟ, ਪ੍ਰਸ਼ਾਦ ਅਤੇ ਫੁੱਲ ਵੀ ਉਪਲੱਬਧ ਕਰਵਾਏ।

ਯਮੁਨਾਨਗਰ (ਦਵਿੰਦਰ ਸਿੰਘ): ਯਮੁਨਾਨਗਰ ਦੇ ਮੰਦਰਾਂ ਵਿੱਚ ਮਹਾਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ ਸ਼ਰਧਾ ਨਾਲ ਮਨਾਇਆ ਗਿਆ। ਇਸ ਦੌਰਾਨ ਵੱਡੀ ਗਿਣਤੀ ਸ਼ਰਧਾਲੂਆਂ ਨੇ ਮੰਦਰਾਂ ਵਿੱਚ ਮੱਥਾ ਟੇਕਿਆ ਅਤੇ ਸ਼ਿਵਲਿੰਗ 'ਤੇ ਜਲ ਚੜ੍ਹਾਇਆ। ਮੰਦਰਾਂ ਵਿੱਚ ਤੜਕੇ ਸ਼ਰਧਾਲੂ ਵੱਡੀ ਗਿਣਤੀ ਵਿੱਚ ਪੁੱਜਣੇ ਸ਼ੁਰੂ ਹੋ ਗਏ। ਪ੍ਰਾਰਥਨਾ ਕਰਨ ਤੋਂ ਬਾਅਦ ਜਲ ਚੜ੍ਹਾਉਣ ਸ਼ੁਰੂ ਕੀਤਾ, ਜੋ ਕਿ ਦਿਨ ਭਰ ਜਾਰੀ ਰਿਹਾ। ਹਜ਼ਾਰਾਂ ਸ਼ਰਧਾਲੂ ਯਮੁਨਾਨਗਰ ਦੇ ਰਾਮਪੁਰਾ ਖੇੜਾ ਮੰਦਰ, ਸ਼ਿਵ ਮੰਦਰ ਰਾਮਪੁਰਾ, ਸ੍ਰੀ ਲਾਲ ਦਵਾਰਾ ਮੰਦਰ, ਦਿਆਲੂ ਮੰਦਰ ਸਰੋਜਨੀ ਕਲੋਨੀ, ਸ਼ਾਦੀਪੁਰ ਸ਼ਿਵ ਮੰਦਰ, ਜੰਗਲਾ ਵਾਲੇ ਮਾਤਾ ਜੀ ਮੰਦਰ, ਗਣੇਸ਼ ਮੰਦਰ, ਸ਼ਨੀ ਮੰਦਰ ਹੁੱਡਾ ਅਤੇ ਮਾਡਲ ਕਲੋਨੀ ਸ਼ਿਵ ਮੰਦਰ ਵਿੱਚ ਪੂਜਾ ਕਰਨ ਅਤੇ ਸ਼ਿਵਲਿੰਗ ਨੂੰ ਜਲ ਚੜ੍ਹਾਉਣ ਲਈ ਪੁੱਜੇ। ਇਸ ਦੌਰਾਨ ਕਾਵੜੀਆਂ ਸਮੇਤ ਸ਼ਿਵ ਭਗਤ ਰਿਸ਼ੀਕੇਸ਼ ਅਤੇ ਹਰਿਦੁਆਰ ਤੋਂ ਪਾਣੀ ਲੈ ਕੇ ਸ਼ਿਵਲਿੰਗ 'ਤੇ ਜਲ ਅਭਿਸ਼ੇਕ ਕਰਨ ਲਈ ਆਏ। ਮਾਡਲ ਕਲੋਨੀ ਸ਼ਿਵ ਮੰਦਰ ਵਿੱਚ ਉੱਤਰ ਭਾਰਤ ਦੀ ਕੇਂਦਰੀ ਸਨਾਤਨ ਧਰਮ ਸਭਾ ਦੇ ਪ੍ਰਧਾਨ ਸ਼ਿਵ ਪ੍ਰਤਾਪ ਬਜਾਜ ਨੇ ਪਾਕਿਸਤਾਨ ਦੇ ਕਟਾਸ ਰਾਏ ਤੀਰਥ ਸਥਾਨ 'ਤੇ ਅਮਰਕੁੰਡ ਤੋਂ ਲਿਆਂਦੇ ਗਏ ਪਾਣੀ ਨਾਲ ਜਲ ਅਭਿਸ਼ੇਕ ਕੀਤਾ।

ਜੀਂਦ (ਮਹਾਂਵੀਰ ਮਿੱਤਲ): ਜੀਂਦ ਦੇ ਰੋਹਤਕ ਰੋਡ ਸਥਿਤ ਬ੍ਰਹਮਕੁਮਾਰੀ ਆਸ਼ਰਮ ਵਿੱਚ ਬ੍ਰਹਮਕੁਮਾਰੀਆਂ ਵੱਲੋਂ ਮਹਾਸ਼ਿਵਰਾਤਰੀ ਮੌਕੇ ਸਮਾਗਮ ਕੀਤਾ ਗਿਆ। ਸਮਾਗਮ ਵਿੱਚ ਡਾ. ਮਹਾਬੀਰ ਪ੍ਰਸਾਦ ਮਿੱਤਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸੰਸਥਾਨ ਦੀ ਭੈਣਾਂ ਅਤੇ ਭਰਾਵਾਂ ਨੇ ਕੇਕ ਕੱਟਕੇ ਮਹਾਸ਼ਿਵਰਾਤਰੀ ਦਾ ਤਿਉਹਾਰ ਸ਼ਰਧਾ ਨਾਲ ਮਨਾਇਆ। ਸਮਾਗਮ ਦੀ ਸ਼ੁਰੂਆਤ ਸ਼ਮ੍ਹਾ ਰੌਸ਼ਨ ਕਰਨ ਨਾਲ ਹੋਈ। ਕੇਂਦਰ ਦੀ ਭੈਣ ਸੋਨੀਆ ਨੇ ਕਿਹਾ ਕਿ ਮਹਾਸ਼ਿਵਰਾਤਰੀ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਆਤਮ ਜਾਗ੍ਰਿਤੀ ਅਤੇ ਭਗਵਾਨ ਸ਼ਿਵ ਨੂੰ ਯਾਦ ਕਰਨ ਦਾ ਦਿਨ ਹੈ। ਇਸ ਤੋਂ ਬਾਅਦ ਬ੍ਰਹਮਕੁਮਾਰੀ ਆਸ਼ਰਮ ਤੋਂ ਮਹਾਸ਼ਿਵਰਾਤਰੀ ਦੇ ਮੌਕੇ ਸੋਭਾ ਯਾਤਰਾ ਕੀਤੀ ਗਈ।

# ਸੜਕ ਹਾਦਸਾ: 5 ਦੋਸਤਾਂ ਦੀ ਮੌਤ; 2 ਗੰਭੀਰ ਜ਼ਖ਼ਮੀ

**ਸੋਨੀਪਤ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਹਰਿਆਣਾ ਦੇ ਸੋਨੀਪਤ ਜ਼ਿਲ੍ਹੇ ਵਿੱਚ ਇੱਕ ਸੜਕ ਹਾਦਸੇ ਵਿੱਚ ਪੰਜ ਦੋਸਤਾਂ ਦੀ ਮੌਤ ਹੋ ਗਈ, ਜਦੋਂ ਕਿ ਦੋ ਹੋਰ ਗੰਭੀਰ ਜ਼ਖ਼ਮੀ ਹੋ ਗਏ।

ਪੁਲੀਸ ਨੇ ਅੱਜ ਦੱਸਿਆ ਕਿ ਇਹ ਹਾਦਸਾ ਉਦੋਂ ਵਾਪਰਿਆ ਜਦੋਂ ਤੇਜ਼ ਰਫਤਾਰ SUV ਬੇਕਾਬੂ ਹੋ ਕੇ ਇੱਕ ਦਰੱਖਤ ਨਾਲ ਜਾ ਟਕਰਾਈ।

ਪੁਲੀਸ ਨੇ ਦੱਸਿਆ ਕਿ ਇਹ ਸਾਰੇ ਨੌਜਵਾਨ ਗੋਹਾਨਾ ਦੇ ਪਿੰਡ ਭਵਾਰ ਵਿੱਚ ਇੱਕ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਤੋਂ ਬਾਅਦ ਵਾਪਸ ਰੋਹਤਕ ਪਰਤ ਰਹੇ ਸਨ। ਟੱਕਰ ਇੰਨੀ ਜ਼ਬਰਦਸਤ ਸੀ ਕਿ ਗੱਡੀ ਦੇ ਪਰਖੱਚੇ ਉੱਡ ਗਏ। ਤਿੰਨ ਨੌਜਵਾਨਾਂ ਦੀ ਮੌਕੇ @ਤੇ ਹੀ ਮੌਤ ਹੋ ਗਈ, ਜਦੋਂ ਕਿ ਦੋ ਹੋਰਾਂ ਨੇ ਹਸਪਤਾਲ ਵਿੱਚ ਇਲਾਜ ਦੌਰਾਨ ਦਮ ਤੋੜ ਦਿੱਤਾ। ਜ਼ਖ਼ਮੀਆਂ ਵਿੱਚੋਂ ਇੱਕ ਦੀ ਹਾਲਤ ਅਜੇ ਵੀ ਨਾਜ਼ੁਕ ਬਣੀ ਹੋਈ ਹੈ।ਮ੍ਰਿਤਕਾਂ ਦੀ ਪਛਾਣ ਸਾਗਰ, ਦੀਪਕ, ਸਾਹਿਲ, ਮੋਹਿਤ ਅਤੇ ਅੰਕੁਸ਼ ਵਜੋਂ ਹੋਈ ਹੈ।

ਇਨ੍ਹਾਂ ਸਾਰਿਆਂ ਦੀ ਉਮਰ 22 ਤੋਂ 27 ਸਾਲ ਦੇ ਵਿਚਕਾਰ ਸੀ। ਅਧਿਕਾਰੀਆਂ ਅਨੁਸਾਰ ਇਹ ਸਾਰੇ ਰੋਹਤਕ ਜ਼ਿਲ੍ਹੇ ਦੇ ਪਿੰਡ ਖਿੜਵਾਲੀ ਅਤੇ ਘੁਸਕਾਨੀ ਦੇ ਰਹਿਣ ਵਾਲੇ ਸਨ।ਪੁਲਿਸ ਮਾਮਲੇ ਦੀ ਅਗਲੇਰੀ ਜਾਂਚ ਕਰ ਰਹੀ ਹੈ।

# ਕੌਮੀ ਲੋਕ ਅਦਾਲਤ 14 ਨੂੰ

**ਸ਼ਾਹਬਾਦ ਮਾਰਕੰਡਾ, 17 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**
ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਕੱਤਰ ਅਤੇ ਸੀ ਜੇ ਐਮ ਨੀਤਿਕਾ ਭਾਰਦਵਾਜ ਨੇ ਕਿਹਾ ਕਿ ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਹਰਿਆਣਾ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ 14 ਮਾਰਚ ਨੂੰ ਅਦਾਲਤ ਕੰਪਲੈਕਸ ਵਿੱਚ ਕੌਮੀ ਲੋਕ ਅਦਾਲਤ ਲਗਾਏਗੀ।

ਕੌਮੀ ਪਤ੍ਰਿਕਾ

## ਅਜੋਕਾ ਯੁੱਗ



ਅਜੋਕਾ ਯੁੱਗ ਉਦਾਸ ਅਤੇ ਮਾਯੂਸ ਹੋਣ ਦਾ ਯੁੱਗ ਨਹੀਂ। ਚੰਗਾ ਬਣਨ ਦੀਆਂ, ਮਾਨਵ ਜਾਤੀ ਦੀ ਸੇਵਾ ਕਰਨ ਦੀਆਂ, ਜਿਤਨੀਆਂ ਸੰਭਾਵਨਾਵਾਂ ਅਜੋਕੇ ਯੁੱਗ ਵਿਚ ਹਨ, ਉਤਨੀਆਂ ਪਹਿਲੇ ਕਿਸੇ ਯੁੱਗ ਵਿਚ ਪ੍ਰਾਪਤ ਨਹੀਂ ਸਨ। ਨਿਰਸੰਦੇਹ ਮਨੁੱਖ ਵਿਚ ਜਿਤਨੀ ਗਿਰਾਵਟ ਅਜੋਕੇ ਯੁੱਗ ਵਿਚ ਦਿਖਾਈ ਦੇ ਰਹੀ ਹੈ, ਉਤਨੀ ਪਹਿਲਾਂ ਕਿਸੇ ਯੁੱਗ ਵਿਚ ਨਹੀਂ ਵੇਖੀ ਗਈ ਪਰ ਵੇਖਣਾ ਤਾਂ ਇਹ ਹੈ ਕਿ ਤੁਸੀਂ ਪਹਾੜ ਨੂੰ ਚੜ੍ਹਨ ਦੀ ਦ੍ਰਿਸ਼ਟੀ ਨਾਲ ਵੇਖਦੇ ਹੋ ਕਿ ਡਿੱਗਣ ਦੇ ਡਰ ਨਾਲ , ਤੁਸੀਂ ਸਮੁੰਦਰ ਨੂੰ ਤੈਰਨ ਦੀ ਸੰਭਾਵਨਾ ਨਾਲ ਵੇਖਦੇ ਹੋ ਜਾਂ ਡੁੱਬ ਜਾਣ ਦੀ ਚਿੰਤਾ ਨਾਲ, ਤੁਸੀਂ ਇਮਤਿਹਾਨ ਵਿਚ ਪਾਸ ਹੋਣ ਦੀ ਆਸ ਨਾਲ ਬੈਠਦੇ ਹੋ ਜਾਂ ਫੇਲ ਹੋਣ ਦੇ ਸੰਸੇ ਨਾਲ । ਤੁਹਾਡੇ ਵਿਚ ਉਤਸ਼ਾਹ ਅਤੇ ਹੌਸਲਾ ਤੁਹਾਡੇ ਯਤਨਾਂ ਨਾਲ ਹੀ ਜਾਗੇਗਾ। ਖ਼ੁਸ਼ਹਾਲੀ ਵਾਂਗ ਉਤਸ਼ਾਹ ਵੀ ਮਨ ਦੀ ਇਕ ਅਵਸਥਾ ਹੁੰਦੀ ਹੈ। ਕੋਈ ਵੀ ਸਮੱਸਿਆ ਉਸਾਰੂ ਸੋਚ ਸਾਹਮਣੇ , ਲੰਮੇ ਅਰਸੇ ਤਕ ਨਹੀਂ ਟਿਕ ਸਕਦੀ। ਸਭ ਤੋਂ ਵੱਡੀ ਲੋੜ ਆਪਣੀ ਸੋਚ ਨੂੰ, ਆਪਣੇ ਦ੍ਰਿਸ਼ਟੀਕੋਣ ਨੂੰ, ਆਪਣੇ ਆਪ ਬਾਰੇ ਆਪਣੀ ਰਾਇ ਨੂੰ, ਬਦਲਣ ਦੀ ਹੁੰਦੀ ਹੈ। ਦੁਨੀਆ ਉਸਾਰੂ ਸੋਚ ਲਈ ਤੜਪ ਰਹੀ ਹੈ। ਜਿਹੋ-ਜਿਹੀਆਂ ਮਨੁੱਖ ਦੀਆਂ ਸੋਚਾਂ ਹੁੰਦੀਆਂ ਹਨ, ਜਿਹੋ ਜਿਹੇ ਉਨ੍ਹਾਂ ਦੇ ਯਤਨ ਹੁੰਦੇ ਹਨ, ਉਹੋ-ਜਿਹੇ ਮਨੁੱਖ ਹੋ ਨਿਬੜਦੇ ਹਨ।

• ਨਰਿੰਦਰ ਸਿੰਘ ਕਪੂਰ

# ਮਨਫ਼ੀ ਹੋ ਰਿਹਾ ਰਿਸ਼ਤਿਆਂ ਵਿਚਲਾ ਨਿੱਘ



ਡਾ. ਵਰਿੰਦਰਜੀਤ ਕੌਰ
98722-54081

ਕੋਈ ਵੇਲਾ ਹੁੰਦਾ ਸੀ, ਜਦੋਂ ਆਪਣਿਆਂ ਅਤੇ ਪਰਾਇਆਂ ਵਿਚ ਬਹੁਤਾ ਫ਼ਰਕ ਨਹੀਂ ਹੁੰਦਾ ਸੀ। ਲੋਕ ਪੜ੍ਹੇ-ਲਿਖੇ ਘੱਟ ਪਰ ਨੇਕ ਹੁੰਦੇ ਸਨ। ਮਨੁੱਖੀ ਕਦਰਾਂ-ਕੀਮਤਾਂ ਦੀ ਉਨ੍ਹਾਂ ਨੂੰ ਜਾਚ ਸੀ। ਉਨ੍ਹਾਂ ਵੇਲਿਆਂ 'ਚ ਕੋਈ ਹੇਰ-ਫੇਰ ਨਹੀਂ ਸੀ ਅਤੇ ਮਨੁੱਖ ਦੂਜਿਆਂ ਦੇ ਨੇੜੇ ਹੋਣਾ ਆਪਣਾ ਹੱਕ ਸਮਝਦਾ ਸੀ। ਕਿਸੇ ਦੇ ਵੀ ਬੂਹੇ 'ਤੇ ਵੇਲੇ-ਕੁਵੇਲੇ ਦਸਤਕ ਦੇਣ ਲੱਗਿਆਂ ਸੋਚਣਾ ਨਹੀਂ ਸੀ ਪੈਂਦਾ। ਲੋਕ ਰੱਬ ਉੱਪਰ ਭਰੋਸਾ ਕਰਦੇ ਸਨ, ਪੈਸੇ ਦੀ ਬਜਾਏ ਰਿਸ਼ਤੇ ਕਮਾਉਣ ਵਿਚ ਯਕੀਨ ਰੱਖਦੇ ਸਨ। ਇਸੇ ਕਾਰਨ ਉਨ੍ਹਾਂ ਵੇਲਿਆਂ 'ਚ ਪਰਿਵਾਰਾਂ ਵਿਚ ਬਰਕਤਾਂ ਹੁੰਦੀਆਂ ਸਨ।

ਪਰ ਅਜੋਕੇ ਯੁੱਗ ਵਿਚ ਸਾਡੇ ਰਿਸ਼ਤਿਆਂ ਦੀ ਨੁਹਾਰ ਬਦਲ ਗਈ ਹੈ। ਅੱਜ ਰਿਸ਼ਤੇ ਹੰਡਣਸਾਰ ਨਹੀਂ ਰਹੇ, ਕਿਉਂਕਿ ਰਿਸ਼ਤੇ ਹੰਡਾਉਣ ਦਾ ਸਾਡੇ ਕੋਲ ਸਮਾਂ ਨਹੀਂ ਰਿਹਾ। ਸਾਦੇ ਅਤੇ ਸਧਾਰਨ ਲੋਕਾਂ ਦੀ ਸਾਡੀ ਜ਼ਿੰਦਗੀ ਵਿਚ ਕੋਈ ਬਹੁਤੀ ਅਹਿਮੀਅਤ ਨਹੀਂ ਰਹੀ। ਰਿਸ਼ਤਿਆਂ 'ਚੋਂ ਪਿਆਰ ਅਤੇ ਸਤਿਕਾਰ ਦੀ ਜਗ੍ਹਾ ਸ਼ਿਕਵੇ, ਸ਼ਿਕਾਇਤਾਂ ਤੇ ਨਫ਼ਰਤ ਲੈ ਰਹੇ ਹਨ। ਸਾਡੀ ਸੋਚ ਛੋਟੀ ਹੋ ਗਈ ਹੈ ਅਤੇ ਇਸ ਛੋਟੀ ਸੋਚ ਕਰਕੇ ਹੀ ਵੱਡੇ-ਵੱਡੇ ਰਿਸ਼ਤੇ ਕਮਜ਼ੋਰ ਹੋ ਰਹੇ ਹਨ। ਮਨੁੱਖ ਰਿਸ਼ਤੇ ਕਮਾਉਣ ਦੀ ਬਜਾਏ ਪੈਸਾ ਕਮਾਉਣ ਵਿਚ ਲੱਗਿਆ ਹੋਇਆ ਹੈ। ਇਸ ਪੈਸੇ ਦੀ ਦੌੜ ਵਿਚ ਹਉਮੈ ਉਸ ਦੇ ਕਿਰਦਾਰ ਉੱਪਰ ਹਾਵੀ ਹੁੰਦੀ ਜਾ ਰਹੀ ਹੈ। ਵੱਡੇ-ਵੱਡੇ ਮਕਾਨਾਂ ਵਿਚ ਰਹਿਣ ਵਾਲੇ ਲੋਕਾਂ ਲਈ ਘਰਾਂ ਦੀ ਪਰਿਭਾਸ਼ਾ ਬਦਲਦੀ ਜਾ ਰਹੀ ਹੈ। ਡਿਗਰੀਆਂ ਹਾਸਿਲ ਕਰ ਕੇ ਅਸੀਂ ਨੈਤਿਕ ਕਦਰਾਂ-ਕੀਮਤਾਂ ਭੁਲਦੇ ਜਾ ਰਹੇ ਹਾਂ। ਸੋਚਣ ਵਾਲੀ ਗੱਲ ਹੈ ਕਿ ਅੱਜ ਕਿੰਨੇ ਕੁ ਲੋਕ ਅਜਿਹੇ ਹਨ, ਜਿਨ੍ਹਾਂ ਨਾਲ ਅਸੀਂ ਬਿਨਾਂ ਸੰਕੋਚ ਗੱਲਬਾਤ ਕਰ ਸਕਦੇ ਹਾਂ, ਜਾਂ ਜਿਨ੍ਹਾਂ ਦੇ ਘਰਾਂ ਵਿਚ ਅਸੀਂ ਬਿਨਾਂ ਦੱਸਿਆ ਵੇਲੇ-ਕੁਵੇਲੇ ਜਾ ਸਕਦੇ ਹਾਂ। ਅੱਜ ਹਰ ਤਰ੍ਹਾਂ ਦੀਆਂ ਸੁੱਖ ਸਹੂਲਤਾਂ ਹੋਣ ਦੇ ਬਾਵਜੂਦ ਮਨੁੱਖ ਆਪਣੇ-ਆਪ ਨੂੰ ਖ਼ੁਸ਼ ਤੇ ਰੱਜਿਆ ਹੋਇਆ ਮਹਿਸੂਸ ਕਿਉਂ ਨਹੀਂ ਕਰ ਰਿਹਾ? ਰਿਸ਼ਤਿਆਂ ਦੀਆਂ ਤੰਦਾਂ ਕਮਜ਼ੋਰ ਕਿਉਂ ਹੁੰਦੀਆਂ ਜਾ ਰਹੀਆਂ ਹਨ? ਅੱਜ ਦਾ ਮਨੁੱਖ ਰਿਸ਼ਤਿਆਂ ਦਾ ਨਿੱਘ ਕਿਉਂ ਨਹੀਂ ਮਾਣ ਰਿਹਾ?

ਰਿਸ਼ਤੇ ਮੂਲ ਰੂਪ ਵਿਚ ਦੋ ਤਰ੍ਹਾਂ ਦੇ ਹੁੰਦੇ ਹਨ। ਪਹਿਲੀ ਤਰ੍ਹਾਂ ਦੇ ਰਿਸ਼ਤੇ ਉਹ ਹੁੰਦੇ ਹਨ, ਜਿਹੜੇ ਸਾਨੂੰ ਪਰਮਾਤਮਾ ਵੱਲੋਂ ਵਰਦਾਨ ਦੇ ਰੂਪ 'ਚ ਮਿਲਦੇ ਹਨ। ਇਨ੍ਹਾਂ ਰਿਸ਼ਤਿਆਂ ਨੂੰ ਅਸੀਂ ਚਾਹ ਕੇ ਵੀ ਬਦਲ ਨਹੀਂ ਸਕਦੇ। ਜਿਵੇਂ ਸਾਡਾ ਆਪਣੇ ਮਾਂ-ਬਾਪ, ਭੈਣ-ਭਰਾਵਾਂ ਅਤੇ ਬੱਚਿਆਂ ਨਾਲ ਰਿਸ਼ਤਾ। ਇਨ੍ਹਾਂ ਰਿਸ਼ਤਿਆਂ ਨੂੰ ਮਿਲਾ ਕੇ ਸਾਡਾ ਪਰਿਵਾਰ ਬਣਦਾ ਹੈ। ਪਰਿਵਾਰ, ਜੋ ਹਰ ਦੁੱਖ-ਸੁੱਖ ਵਿਚ ਸਾਡੇ ਨਾਲ ਰਹਿੰਦਾ ਹੈ ਅਤੇ ਜਿੱਥੇ ਅਸੀਂ ਸਮਝੌਤੇ ਕਰਨ ਅਤੇ ਦੂਜਿਆਂ ਦਾ ਧਿਆਨ ਰੱਖਣ ਦਾ ਪਹਿਲਾ ਤੇ ਪੱਕਾ ਸਬਕ ਸਿੱਖਦੇ ਹਾਂ। ਪਰਿਵਾਰ ਸਿਰਫ਼ ਇਕ ਮਹਿਸੂਸ ਕਰਨ ਵਾਲਾ ਸੰਕਲਪ ਹੈ। ਸੋ ਪਰਿਵਾਰਕ ਰਿਸ਼ਤਿਆਂ ਲਈ ਸਾਨੂੰ ਆਪਣੇ-ਆਪ ਨਾਲ ਜਾਂ ਰੱਬ ਨਾਲ ਕੋਈ ਗਿਲ੍ਹਾ-ਸ਼ਿਕਵਾ ਨਹੀਂ ਹੋਣਾ ਚਾਹੀਦਾ। ਜੇਕਰ ਅਸੀਂ ਅਜਿਹਾ ਕਰਦੇ ਹਾਂ ਤਾਂ ਅਸੀਂ ਕੁਦਰਤ ਦੇ ਉਲਟ ਹੋਣ ਦਾ ਸਬੂਤ ਦੇ ਰਹੇ ਹਾਂ। ਜਿੰਨਾ ਜ਼ਿਆਦਾ ਅਸੀਂ ਕੁਦਰਤ ਦੇ ਉਲਟ ਜਾਵਾਂਗੇ, ਉਨ੍ਹਾਂ ਹੀ ਅਸੀਂ ਪਰਮਾਤਮਾ ਤੋਂ ਦੂਰ ਹੁੰਦੇ ਜਾਵਾਂਗੇ। ਇਸ ਦੇ ਉਲਟ ਦੂਜੀ ਤਰ੍ਹਾਂ ਦੇ ਰਿਸ਼ਤੇ ਉਹ ਹੁੰਦੇ ਹਨ, ਜਿਨ੍ਹਾਂ ਨੂੰ ਸਿਰਜਣਾ ਕਿਸੇ ਹੱਦ ਤਕ ਸਾਡੇ ਆਪਣੇ ਹੱਥ ਵਿਚ ਹੁੰਦਾ ਹੈ। ਜਿਵੇਂ ਦੋਸਤ ਬਣਾਉਣਾ ਅਤੇ ਆਪਣਾ ਜੀਵਨ ਸਾਥੀ ਚੁਣਨਾ ਸਾਡੇ ਆਪਣੇ ਉੱਪਰ ਨਿਰਭਰ ਕਰਦਾ ਹੈ। ਚੰਗੇ ਦੋਸਤ ਅਤੇ ਚੰਗਾ



ਜੀਵਨ ਸਾਥੀ ਸਾਡੀ ਜ਼ਿੰਦਗੀ 'ਚ ਰਸ ਘੋਲ਼ ਦਿੰਦੇ ਹਨ। ਇਨ੍ਹਾਂ ਦੇ ਹੋਣ ਦਾ ਅਹਿਸਾਸ ਸਾਨੂੰ ਅੰਦਰੂਨੀ ਤਲੱਖਸ ਬਖ਼ਸ਼ਦਾ ਹੈ। ਦੋਵਾਂ ਤਰ੍ਹਾਂ ਦੇ ਰਿਸ਼ਤੇ ਪਿਆਰ, ਮੋਹ, ਸਹਿਜ ਅਤੇ ਸਹਿਯੋਗ ਨਾਲ ਬਣਦੇ ਹਨ। ਜਿੰਨੀ ਜ਼ਿਆਦਾ ਇਨ੍ਹਾਂ ਰਿਸ਼ਤਿਆਂ ਵਿਚ ਸਹਿਜਤਾ ਹੋਵੇਗੀ ਓਨੀ ਹੀ ਇਨ੍ਹਾਂ ਰਿਸ਼ਤਿਆਂ ਦੀ ਉਮਰ ਲੰਬੀ ਤੇ ਮਾਣਯੋਗ ਹੋਵੇਗੀ। ਸੋ ਲੋੜ ਹੈ ਕਿ ਇਨ੍ਹਾਂ ਰਿਸ਼ਤਿਆਂ ਨੂੰ ਬਣਦਾ ਪਿਆਰ ਤੇ ਸਤਿਕਾਰ ਦਿੱਤਾ ਜਾਵੇ ਅਤੇ ਆਪਣੇ ਵੱਲੋਂ ਪੂਰੀ ਇਮਾਨਦਾਰੀ ਨਾਲ ਨਿਭਾਇਆ ਜਾਵੇ।

ਇਹ ਜ਼ਿੰਦਗੀ ਸਾਨੂੰ ਪਰਮਾਤਮਾ ਵੱਲੋਂ ਦਿੱਤਾ ਗਿਆ ਅਨਮੋਲ ਤੋਹਫ਼ਾ ਹੈ। ਇਸ ਤੋਹਫ਼ੇ ਵਿਚ ਸਾਨੂੰ ਚੰਗੇ-ਮਾੜੇ ਹਰ ਤਰ੍ਹਾਂ ਦੇ ਲੋਕ ਮਿਲਦੇ ਹਨ। ਪਰ ਅਫ਼ਸੋਸ, ਅਸੀਂ ਸਾਰੀ ਉਮਰ ਜ਼ਿੰਦਗੀ ਨਾਲ ਲੜਦੇ ਰਹਿੰਦੇ ਹਾਂ, ਪਰਮਾਤਮਾ ਨਾਲ ਗਿਲ੍ਹੇ-ਸ਼ਿਕਵੇ ਕਰਦੇ ਹਾਂ, ਪੈਸੇ ਪਿੱਛੇ ਭੱਜਦੇ ਹਾਂ ਅਤੇ ਕਈ ਵਾਰ ਕੁਝ ਗ਼ਲਤਫਹਿਮੀਆਂ ਅਤੇ ਆਪਣੀ ਹਉਮੈ ਕਰਕੇ ਬੇਸ਼ੁਮਾਰ ਕੀਮਤੀ ਰਿਸ਼ਤੇ ਵੀ ਤੋੜ ਦਿੰਦੇ ਹਾਂ। ਆਖ਼ਿਰ ਇਹ ਸਭ ਕੁਝ ਅਸੀਂ ਕਿਸ ਵਾਸਤੇ ਕਰ ਰਹੇ ਹਾਂ? ਕੀ ਸਾਡੀ ਜ਼ਿੰਦਗੀ ਦਾ ਮਕਸਦ ਐਨਾ ਛੋਟਾ ਰਹਿ ਗਿਆ ਹੈ? ਜ਼ਿੰਦਗੀ ਨੂੰ ਖ਼ੂਬਸੂਰਤ ਬਣਾਉਣ ਲਈ ਅਤੇ ਰਿਸ਼ਤਿਆਂ ਨੂੰ ਸਲੀਕੇ ਨਾਲ ਨਿਭਾਉਣ ਲਈ ਸਾਨੂੰ ਕੁਝ ਛੋਟੀਆਂ ਪਰ ਜ਼ਰੂਰੀ ਗੱਲਾਂ ਦਾ ਧਿਆਨ ਰੱਖਣਾ ਪਵੇਗਾ। ਜਿਵੇਂ ਸਭ ਤੋਂ ਪਹਿਲਾਂ ਪਰਮਾਤਮਾ ਉੱਪਰ ਭਰੋਸਾ ਕਰਨਾ ਪਵੇਗਾ। ਮੰਨਣਾ ਪਵੇਗਾ ਕਿ ਜਿਸ ਪਰਮਾਤਮਾ ਨੇ ਇਸ ਦੁਨੀਆ ਵਿਚ ਭੇਜਿਆ ਹੈ ਉਸ ਨੂੰ ਸਾਡਾ ਫ਼ਿਕਰ ਹੈ। ਦੂਜਾ, ਸਾਨੂੰ ਆਪਣੇ ਅੰਦਰ ਦੂਜਿਆਂ ਨੂੰ ਮਾਫ਼ ਕਰਨ ਦੀ ਭਾਵਨਾ ਅਤੇ ਹਿੰਮਤ ਜਗਾਉਣੀ ਪਵੇਗੀ। ਤੀਜਾ, ਉਨ੍ਹਾਂ ਰਿਸ਼ਤਿਆਂ ਅਤੇ ਸਥਿਤੀਆਂ 'ਚੋਂ ਖ਼ੁਸ਼ੀ ਲੱਭਣੀ ਪਵੇਗੀ ਜੋ ਸਾਡੇ ਕੋਲ ਹਨ।

ਸਮੇਂ ਦੀ ਮੰਗ ਹੈ ਕਿ ਅਸੀਂ ਖ਼ੁਦ ਉੱਚੀਆਂ ਕਦਰਾਂ-ਕੀਮਤਾਂ ਦੇ ਧਾਰਨੀ ਬਣੀਏ ਕਿਉਂਕਿ ਜਿਸ ਸਮਾਜ ਵਿਚ ਮਾਪੇ ਉੱਚੀਆਂ ਕਦਰਾਂ-ਕੀਮਤਾਂ ਦੇ ਧਾਰਨੀ ਹੋਣਗੇ, ਉਸ ਸਮਾਜ ਦੇ ਬੱਚਿਆਂ ਨੂੰ ਨੈਤਿਕ ਕਦਰਾਂ ਕੀਮਤਾਂ ਦੇ ਲੈਕਚਰ ਸੁਣਨ ਦੀ ਜ਼ਰੂਰਤ ਨਹੀਂ ਪਵੇਗੀ। ਆਪਣੇ-ਆਪ ਨੂੰ ਝੂਠ, ਬੇਇਮਾਨੀ, ਦਿਖਾਵੇ, ਸ਼ਿਕਾਇਤਾਂ ਅਤੇ ਨਫ਼ਰਤ ਤੋਂ ਦੂਰ ਰੱਖ ਕੇ ਸੱਚ, ਇਮਾਨਦਾਰੀ, ਸਬਰ ਅਤੇ ਖ਼ਿਮਾ ਦਾ ਪੱਲਾ ਫੜੀਏ। ਨੇਕ ਬੰਦਿਆਂ ਦੀ ਸੰਗਤ ਕਰੀਏ । ਬੱਚਿਆਂ ਦੀਆਂ ਵਸਤਾਂ ਪ੍ਰਤੀ ਖ਼ਾਹਿਸ਼ਾਂ ਘਟਾ ਕੇ ਉਨ੍ਹਾਂ 'ਚ ਉਸਾਰੂ ਕਦਰਾਂ-ਕੀਮਤਾਂ ਉਪਜਾਈਏ। ਬੱਚਿਆਂ ਲਈ ਪੈਸਾ ਜੋੜਨ ਦੀ ਬਜਾਏ ਉਨ੍ਹਾਂ ਨੂੰ ਐਨੇ ਲਾਇਕ ਤੇ ਕਾਬਿਲ ਬਣਾਈਏ ਕਿ ਉਹ ਆਪਣੀਆਂ ਜ਼ਰੂਰਤਾਂ ਆਪ ਪੂਰੀਆਂ ਕਰ ਸਕਣ। ਪੈਸਾ ਕਮਾਉਣ ਦੀ ਬਜਾਏ ਨੇਕ, ਸੁਚੇਤ ਤੇ ਸ਼ਕਤੀਸ਼ਾਲੀ ਰਿਸ਼ਤੇ ਸਿਰਜੀਏ ਤੇ ਬੱਚਿਆਂ ਨੂੰ ਵੀ ਰਿਸ਼ਤਿਆਂ ਦੀ ਅਹਿਮੀਅਤ ਸਮਝਾਈਏ। ਜਿੱਥੇ ਰਿਸ਼ਤੇ ਪਿਆਰ ਅਤੇ ਅਪਣੱਤ ਵਾਲੇ ਹੋਣਗੇ, ਉੱਥੇ ਦੁੱਖ ਸੁੱਖਾਂ ਵਿਚ ਬਦਲ ਜਾਣਗੇ ਅਤੇ ਉੱਥੇ ਸਾਡਾ ਰਿਸ਼ਤਾ ਪਰਮਾਤਮਾ ਨਾਲ ਵੀ ਸੁਖਾਵਾਂ ਹੋਵੇਗਾ। ਇਨ੍ਹਾਂ ਨਿੱਕੇ-ਨਿੱਕੇ ਯਤਨਾਂ ਸਦਕਾ ਅਸੀਂ ਇਕ ਚੰਗੇ ਅਤੇ ਉਸਾਰੂ ਸਮਾਜ ਦੀ ਸਿਰਜਣਾ ਵਿਚ ਆਪਣਾ ਯੋਗਦਾਨ ਦੇ ਸਕਦੇ ਹਾਂ।

# ਖੁੱਲ੍ਹੇ ਵਾਤਾਵਰਨ ਵਾਲੇ ਸਕੂਲ

ਸੁਖਰਾਜ ਚਹਿਲ ਧਨੌਲਾ

ਜਨਮ ਤੋਂ ਬਾਅਦ ਨੰਨ੍ਹੇ-ਮੁੰਨ੍ਹੇ ਬੱਚਿਆਂ ਨੂੰ ਜਦੋਂ ਤਕ ਤਾਂ ਘਰ ਵਿਚ ਹੀ ਰੱਖਿਆ ਜਾਂਦਾ ਹੈ ਉਦੋਂ ਤਕ ਤਾਂ ਉਹ ਬਹੁਤ ਖ਼ੁਸ਼ ਰਹਿੰਦੇ ਹਨ। ਹਰ ਪਲ ਦਾ ਆਨੰਦ ਮਾਣਦੇ ਹੋਏ ਖੇਡਣ, ਕੁੱਦਣ ਦੇ ਨਾਲ-ਨਾਲ ਜੋ ਦੇਖ ਲੈਂਦੇ ਹਨ ਉਸ ਨੂੰ ਹਾਸਲ ਕਰਕੇ ਆਪਣੇ ਭੋਲੇਪਨ ਵਾਲੇ ਬਚਪਨ ਨੂੰ ਖ਼ੁਸ਼ੀ ਭਰੇ ਢੰਗ ਨਾਲ ਬਤੀਤ ਕਰਦੇ ਹਨ। ਪਰ ਜਦੋਂ ਬੱਚਿਆਂ ਨੂੰ ਪੜ੍ਹਾਈ ਕਰਨ ਲਈ ਸਕੂਲ ਵਿਚ ਦਾਖ਼ਲ ਕਰਵਾਉਣਾ ਹੁੰਦਾ ਹੈ ਤਾਂ ਸਭ ਤੋਂ ਪਹਿਲਾਂ ਉਨ੍ਹਾਂ ਨੂੰ ਸਕੂਲ ਲਈ ਤਿਆਰ ਕਰਨ ਵਾਸਤੇ ਪਹਿਲਾਂ ਇਕ ਪਲੇਅ ਵੇਅ ਸਕੂਲ ਜਾਂ ਸਰਕਾਰੀ ਤੌਰ 'ਤੇ ਬਣੇ ਕੇਂਦਰਾਂ ਦੀ ਭਾਲ ਕੀਤੀ ਜਾਂਦੀ ਹੈ, ਜਿੱਥੇ ਬੱਚਿਆਂ ਨੂੰ ਸਕੂਲ ਵਿਚ ਖੜ੍ਹਨ, ਬੈਠਣ ਅਤੇ ਥੋੜ੍ਹੀ-ਥੋੜ੍ਹੀ ਪੜ੍ਹਾਈ ਵੀ ਕਰਵਾਈ ਜਾਂਦੀ ਹੈ। ਜਦੋਂ ਬੱਚੇ ਇੱਥੇ ਦਾਖ਼ਲ ਕਰਵਾਏ ਜਾਂਦੇ ਹਨ ਤਾਂ ਉਹ ਇੱਥੇ ਆਉਣ ਤੋਂ ਕੰਨ੍ਹੀ ਕਤਰਾਉਂਦੇ ਹਨ ਜਦੋਂ ਉਨ੍ਹਾਂ ਨੂੰ ਸਕੂਲ ਲਈ ਤਿਆਰ ਕਰਨਾ ਸ਼ੁਰੂ ਕਰ ਦਿੱਤਾ ਜਾਂਦਾ ਹੈ ਤਾਂ ਉਹ ਨਾਲ ਦੀ ਨਾਲ ਰੋਣਾ ਸ਼ੁਰੂ ਕਰ ਦਿੰਦੇ ਹਨ ਕਿਉਂਕਿ ਬੱਚੇ ਆਪਣੇ ਸਕੂਲ ਅੰਦਰ ਵੀ ਘਰ ਵਰਗੇ ਖੁੱਲ੍ਹੇ ਡੁੱਲ੍ਹੇ ਵਾਤਾਵਰਨ ਵਾਲਾ ਮਹੌਲ ਲੱਭਦੇ ਹਨ। ਜੇਕਰ ਦੇਖਿਆ ਜਾਵੇ ਤਾਂ ਬਹੁਤ ਥਾਵਾਂ 'ਤੇ ਅਜਿਹੇ ਸਕੂਲ ਜਿੱਥੇ ਬੱਚਿਆਂ ਨੂੰ ਸਿਰਫ਼ ਸਕੂਲ 'ਚ ਬੈਠਣ ਲਈ ਤਿਆਰ ਕਰਨ ਦੇ ਮਕਸਦ ਨਾਲ ਤਿਆਰ ਕੀਤਾ ਜਾਂਦਾ ਹੈ। ਉੱਥੇ ਸਿਰਫ਼ ਇਕ ਜਾਂ ਦੋ ਹੁੰਦੇ ਜਾਂ ਇਸ ਤੋਂ ਵਧ ਕਮਰੇ ਤਿਆਰ ਕਰਕੇ ਹੀ ਇਕ ਤਰ੍ਹਾਂ ਦਾ ਪਲੇਅ ਵੇਅ ਸਕੂਲ ਬਣਾਇਆ ਜਾਂਦਾ ਹੈ। ਜਿੱਥੇ ਆਲਾ-ਦੁਆਲਾ ਬੰਦ ਹੁੰਦਾ ਹੈ। ਅਜਿਹੀ ਥਾਂ ਉੱਪਰ ਆ ਕੇ ਬੱਚਾ ਆਪਣੇ ਆਪ ਲਈ ਘੁਟਣ ਮਹਿਸੂਸ ਕਰਦਾ ਹੈ ਕਿਉਂਕਿ ਇੱਥੋਂ ਦਾ ਵਾਤਾਵਰਨ ਉਸ ਦੇ ਪਸੰਦ ਨਹੀਂ ਆਉਂਦਾ ਜਿਸ ਕਰਕੇ ਹਰੇਕ ਬੱਚਾ ਇੱਥੇ ਆਉਣ ਤੋਂ ਡਰਦਾ ਤੇ ਘਬਰਾਉਂਦਾ ਹੈ। ਅਜਿਹੇ ਮਾਹੌਲ ਵਿਚ ਰਹਿਣਾ ਬੱਚੇ ਲਈ ਬਹੁਤ ਔਖਾ ਹੁੰਦਾ ਹੈ। ਉਸ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿਚ ਰੁਕਾਵਟ ਆਉਣੀ ਸੁਭਾਵਿਕ ਹੈ ਕਿਉਂਕਿ ਉਸ ਨੂੰ ਖੇਡਣ ਕੁੱਦਣ ਤੋਂ ਵਰਜਿਆ ਜਾਂਦਾ ਹੈ। ਹਰੇਕ ਬੱਚਾ ਜਦੋਂ ਖੇਡਦਾ, ਕੁੱਦਦਾ ਹੈ ਤਾਂ ਉਸ ਨੂੰ ਦੇਖ ਦੇ ਇਹ ਲੱਗਦਾ ਹੈ ਕਿ ਜਿਵੇਂ ਉਸ ਨੂੰ ਸਾਰੇ ਜਹਾਨ ਦੀਆਂ ਖ਼ੁਸ਼ੀਆਂ ਪ੍ਰਾਪਤ ਹੋ ਗਈਆਂ ਹੋਣ। ਜੇਕਰ ਸੀਮਤ ਜਿਹੀ ਜਗ੍ਹਾ 'ਤੇ ਬੱਚੇ ਨੂੰ ਰੱਖਿਆ ਜਾਂਦਾ ਹੈ ਤਾਂ ਉਹ ਅਜਿਹਾ ਮਹਿਸੂਸ ਕਰਦਾ ਹੈ ਜਿਵੇਂ ਕੋਈ ਚੰਗਾ ਭਲਾ ਇਨਸਾਨ ਜੇਲ੍ਹ ਵਿਚ ਕੈਦ ਕੱਟ ਰਿਹਾ ਹੋਵੇ ਕਿਉਂਕਿ ਬੱਚੇ ਨੂੰ ਇਕ ਤਰ੍ਹਾਂ ਦਾ ਮਾਨਸਿਕ ਤਣਾਅ ਮਹਿਸੂਸ ਹੋਣ ਲੱਗ ਜਾਂਦਾ ਹੈ। ਉਦਾਹਰਣ ਵਜੋਂ ਜੇਕਰ ਦੇਖਿਆ ਜਾਵੇ ਬੱਚਿਆਂ ਨੂੰ ਇਹ ਕਿਹਾ ਜਾਵੇ ਕਿ 'ਚਲੋ ਪਾਰਕ ਆਦਿ 'ਚ ਚੱਲ ਕੇ ਆਈਏ' ਤਾਂ ਉਹ ਬੜੀ ਖ਼ੁਸ਼ੀ ਅਤੇ ਉਤਸਾਹ ਨਾਲ ਤਿਆਰ ਹੋਣਗੇ ਕਿਉਂਕਿ ਉੱਥੇ ਉਨ੍ਹਾਂ ਨੂੰ ਖੇਡਣ ਅਤੇ ਝੂਲਿਆਂ ਵਿਚ ਝੂਟੇ ਲੈਣ, ਖੁੱਲ੍ਹੇ ਡੁੱਲ੍ਹੇ ਵਾਤਾਵਰਨ ਵਿਚ ਜਾਣ ਦਾ ਮੌਕਾ ਮਿਲਣਾ ਹੁੰਦਾ ਹੈ। ਇਸੇ ਕਰਕੇ ਉਸ ਦੀ ਰੁਚੀ ਇਸ ਪਾਸੇ ਵੱਲ ਵਧੇਰੇ ਹੁੰਦੀ ਹੈ ਕਿਉਂਕਿ ਬੱਚਿਆਂ ਦਾ ਕੁਦਰਤ ਨਾਲ ਬੜਾ ਗੂੜ੍ਹਾ ਰਿਸ਼ਤੇ ਹੁੰਦਾ ਹੈ। ਉਹ ਹਮੇਸ਼ਾ ਹੀ ਪਾਰਕ ਵਰਗੇ ਵਾਤਾਵਰਨ ਵਿਚ ਜਾਣ ਲਈ ਤਿਆਰ ਰਹਿੰਦੇ ਹਨ। ਜੇਕਰ ਅਜਿਹਾ ਮਾਹੌਲ ਬੱਚੇ ਨੂੰ ਆਪਣੇ ਸਕੂਲ ਅੰਦਰ ਵੀ ਮਿਲੇ ਤਾਂ ਉਹ ਕਦੇ ਵੀ ਸਕੂਲ ਜਾਣ ਤੋਂ ਨਾ ਘਬਰਾਏਗਾ ਤੇ ਤਣਾਅ ਨਾ ਮਹਿਸੂਸ ਕਰੇਗਾ।

ਬੱਚੇ ਨੂੰ ਖੁੱਲ੍ਹੇ-ਡੁੱਲ੍ਹੇ ਮਾਹੌਲ ਵਿਚ ਰੱਖਿਆ ਜਾਵੇਗਾ ਤਾਂ ਉਸ ਵਿਚ ਨਿੱਡਰ ਅਤੇ ਚੰਗੀ ਲੀਡਰਸ਼ਿਪ ਵਾਲੇ ਗੁਣ ਪੈਦਾ ਹੋਣਗੇ ਨਹੀਂ ਤਾਂ ਉਹ ਜਦੋਂ ਅੱਗੇ ਪੜ੍ਹਾਈ ਲਈ ਸਕੂਲ ਵਿਚ ਜਾਵੇਗਾ ਤਾਂ ਇੱਥੇ ਉਹ ਘਬਰਾਹਟ ਮਹਿਸੂਸ ਕਰਦਾ ਹੋਇਆ ਆਪਣੀ ਜ਼ਿੰਦਗੀ ਦੀ ਸ਼ੁਰੂਆਤ ਕਰੇਗਾ। ਕਈ ਵਾਰ ਅਜਿਹਾ ਵੀ ਹੁੰਦਾ ਹੈ ਕਿ ਅਜਿਹੇ ਮਾਹੌਲ ਵਿੱਚੋਂ ਆਏ ਬੱਚੇ ਬਿਮਾਰ ਵੀ ਰਹਿਣ ਲੱਗ ਜਾਂਦੇ ਹਨ। ਬੱਚੇ ਸਕੂਲ ਜਾਣ ਤੋਂ ਡਰਦੇ ਘਰ ਰਹਿਣ ਲਈ ਹਰ ਰੋਜ਼ ਕੋਈ ਨਾ ਕੋਈ ਬਹਾਨਾ ਲਗਾਉਂਦੇ ਹਨ ਤਾਂ ਕਿ ਸਕੂਲ ਜਾਣ ਤੋਂ ਬਚਿਆ ਜਾ ਸਕੇ।

ਇਸ ਲਈ ਬੱਚਿਆਂ ਦੀ ਮਾਸੂਮੀਅਤ ਦਾ ਅਤੇ ਉਸ ਦੇ ਭਵਿੱਖ ਦਾ ਧਿਆਨ ਰੱਖਦੇ ਹੋਏ ਅਜਿਹੇ ਸਕੂਲ ਚੁਣੇ ਜਾਣ ਜਿੱਥੇ ਉਨ੍ਹਾਂ ਦੀ ਨੀਂਹ ਚੰਗੀ ਤਰੀਕੇ ਨਾਲ ਸਥਾਪਤ ਹੋਵੇ। ਇਹ ਦੇਖਣਾ ਵੀ ਸਭ ਤੋਂ ਜ਼ਰੂਰੀ ਹੈ ਕਿ ਜਿੱਥੇ ਬੱਚੇ ਨੂੰ ਭੇਜ ਰਹੇ ਹਾਂ ਉੱਥੇ ਉਹ ਜਾਣਾ ਪਸੰਦ ਕਰਦਾ ਹੈ ਜਾਂ ਨਹੀਂ। ਖੁੱਲ੍ਹੇ ਵਾਤਾਵਰਨ ਅਤੇ ਵਧੀਆ ਖੇਡਾਂ ਲਈ ਪ੍ਰਬੰਧ ਕੀਤੇ ਹੋਣੇ ਚਾਹੀਦੇ ਹਨ ਤਾਂ ਬੱਚਿਆਂ ਅੰਦਰਲਾ ਡਰ/ਭੈਅ ਖ਼ਤਮ ਕੀਤਾ ਜਾ ਸਕੇ ਅਤੇ ਉਹ ਬੱਚਿਆਂ ਲਈ ਖਿੱਚ ਦਾ ਕੇਂਦਰ ਬਣਨ ਤਾਂ ਕਿ ਬੱਚੇ ਆਪਣੇ ਆਪ ਖ਼ੁਸ਼ੀ-ਖ਼ੁਸ਼ੀ ਸਕੂਲ ਜਾਣ ਤੇ ਆਪਣੀ ਜ਼ਿੰਦਗੀ ਵਿਚ ਤਰੱਕੀਆਂ ਕਰਨ।

ਮੋਬਾਈਲ : 97810-48055

### ਮਕਸਦ

*ਕਈ ਵਾਰ ਦੇਖਣ 'ਚ ਆਉਂਦਾ ਹੈ ਕਿ ਤੰਗ ਜਿਹੀ ਜਗ੍ਹਾ 'ਤੇ ਖੁੱਲ੍ਹੇ ਸਕੂਲਾਂ 'ਚ ਜਦੋਂ ਬੱਚੇ ਆਉਂਦੇ ਹਨ ਤਾਂ ਉੱਥੇ ਉਨ੍ਹਾਂ ਨੂੰ ਇਕ ਥਾਂ 'ਤੇ ਬਿਠਾਉਣ ਦੇ ਮਕਸਦ ਨਾਲ ਟੀਵੀ ਜਾਂ ਹੋਰ ਵੀਡਿਓ ਗੇਮਾਂ ਚਲਾ ਕੇ ਜਾਂ ਫਿਰ ਕੁਝ ਛੋਟੇ-ਛੋਟੇ ਖਿਡੌਣੇ ਦੇ ਕੇ ਇਕ ਜਗ੍ਹਾ ਉੱਪਰ ਜਾਂ ਕਮਰੇ ਵਿਚ ਰੱਖਣ ਨੂੰ ਪਹਿਲ ਦਿੱਤੀ ਜਾਂਦੀ ਹੈ। ਜੋ ਇਕ ਛੋਟੇ ਬੱਚੇ ਲਈ ਬੇਹੱਦ ਖ਼ਤਰਨਾਕ ਹੈ ਕਿਉਂਕਿ ਇਸ ਤਰ੍ਹਾਂ ਕਰਨ ਨਾਲ ਬੱਚੇ ਦੇ ਦਿਮਾਗ਼ ਦਾ ਦਾਇਰਾ ਸੀਮਤ ਜਿਹਾ ਹੋ ਕੇ ਰਹਿ ਜਾਂਦਾ ਹੈ ਜਿਸ ਦਾ ਉਸ ਦੇ ਮਾਨਸਿਕ ਵਿਕਾਸ 'ਤੇ ਗਹਿਰਾ ਪ੍ਰਭਾਵ ਪੈਂਦਾ ਹੈ।*



# ਕੁਦਰਤ ਦੀ ਅਨਮੁੱਲੀ ਦਾਤ ਗੁੜ

ਸਤਨਾਮ ਸਿੰਘ ਮੱਟੂ



ਸੜਕਾਂ ਕਿਨਾਰੇ ਚਲਦੀਆਂ ਘਲਾੜੀਆਂ (ਵੇਲਣਿਆਂ) ਨੂੰ ਦੇਖ ਕੇ ਇਹ ਗੀਤ ਜ਼ਰੂਰ ਯਾਦ ਆ ਜਾਂਦਾ ਹੈ ਜੋ ਸ਼ਾਇਦ ਇਸ ਤਰ੍ਹਾਂ ਸੀ :

ਚਿੱਤ ਕਰਦਾ ਘਲਾੜੀ ਵਾਲਾ ਹਾਣੀਆ
ਵੇ ਤੱਤਾ ਤੱਤਾ ਗੁੜ ਖਾਣ ਨੂੰ...

ਇਹ ਗੀਤ ਨੂੰ ਸੁਣਦਿਆਂ ਹੀ ਮੂੰਹ ਵਿਚ ਪਾਣੀ ਆ ਜਾਂਦਾ ਹੈ। ਜੇ ਕਿਤੇ ਚੱਕ ਵਿਚ ਤੱਤਾ ਤੱਤਾ ਗੁੜ ਸਾਹਮਣੇ ਪਿਆ ਦੇਖ ਕੇ ਖਾਣ ਨੂੰ ਦਿਲ ਲਲਚਾ ਜਾਂਦਾ ਹੈ। ਲੱਖ ਰੋਕਾਂ ਵੀ ਪੰਜਾਬੀਆਂ ਨੂੰ ਮਿੱਠਾ ਖਾਣ ਤੋਂ ਨਹੀਂ ਰੋਕ ਸਕਦੀਆਂ, ਪਰ ਜਦੋਂ ਮਿੱਠਾ ਗੁੜ ਹੋਵੇ ਅਤੇ ਉਹ ਵੀ ਗਰਮ ਗਰਮ ਫਿਰ ਤਾਂ ਸੋਨੇ ਤੇ ਸੁਹਾਗੇ ਵਾਲੀ ਗੱਲ ਹੋ ਜਾਂਦੀ ਹੈ।

ਗੁੜ ਪੰਜਾਬੀ ਸੱਭਿਆਚਾਰ ਦਾ ਅਟੁੱਟ ਅਤੇ ਅਨਿੱਖੜਵਾਂ ਅੰਗ ਹੈ। ਇਹ ਸਾਨੂੰ ਕੁਦਰਤ ਦੀ ਬਖਸ਼ੀ ਨਿਆਮਤ ਹੈ। ਚੀਨੀ ਕਲਚਰ ਤੋਂ ਪਹਿਲਾਂ ਪਿੰਡਾਂ ਵਿਚ ਮਿੱਠੇ ਵਜੋਂ ਗੁੜ ਜਾਂ ਸ਼ੱਕਰ ਦੀ ਸਰਦਾਰੀ ਸੀ। ਗੁੜ ਦੀ ਚਾਹ, ਗੁੜ ਦੇ ਚੌਲ, ਗੁੜ ਜਾਂ ਗੰਨੇ ਦੇ ਰਸ ਦੀ ਖੀਰ ਆਮ ਘਰਾਂ ਵਿਚ ਬਣਾ ਕੇ ਬੜੇ ਚਾਵਾਂ ਮਲਾਰਾਂ ਨਾਲ ਖਾਏ ਜਾਂਦੇ ਸਨ। ਗੁੜ ਜਾਂ ਸ਼ੱਕਰ ਨਾਲ ਬਣੀ ਚਾਹ ਨੂੰ ਕੱਚੇ ਮਿੱਠੇ ਦੀ ਚਾਹ ਕਿਹਾ ਜਾਂਦਾ ਸੀ ਅਤੇ ਚੀਨੀ ਜਾਂ ਖੰਡ ਨੂੰ ਪੱਕਾ ਮਿੱਠਾ। ਘਰ ਆਏ ਪ੍ਰਾਹੁਣੇ ਨੂੰ ਸਤਿਕਾਰ ਵਜੋਂ ਪੱਕੇ ਮਿੱਠੇ ਦੀ ਚਾਹ ਦਿੱਤੀ ਜਾਂਦੀ ਸੀ। ਜਿਵੇਂ ਹੀ ਸਮੇਂ ਨੇ ਕਰਵੱਟ ਲਈ ਤਾਂ ਲੋਕਾਂ 'ਚ ਚੀਨੀ ਦਾ ਚਾਹ ਦਾ ਰਿਵਾਜ ਪ੍ਰਫੁੱਲਤ ਹੋ ਗਿਆ। ਪੰਜਾਬੀ ਦੇਸੀ ਲੋਕਾਂ ਨੇ ਗੁੜ ਬਣਾਉਣਾ ਬੰਦ ਕਰ ਦਿੱਤਾ ਤੇ ਗੰਨਾ ਖੰਡ ਮਿੱਲਾਂ ਵੱਲ ਜਾਣ ਲੱਗ ਪਿਆ ਪਰ ਮਿੱਠੇ ਚੋਂ ਗੁੜ ਦੀ ਸਰਦਾਰੀ ਕਾਇਮ ਰਹੀ। ਬੇਸ਼ੱਕ ਲੋਕਲ ਗੁੜ ਬਣਾਉਣ ਦੇ ਕਾਰੀਗਰ ਘੱਟ ਗਏ ਪਰ ਯੂਪੀ ਬਿਹਾਰ ਤੋਂ ਆ ਕੇ ਕਾਰੀਗਰ ਇਸ ਕੰਮ ਵਿਚ ਜੁਟ ਗਏ ਅਤੇ ਗੁੜ , ਸ਼ੱਕਰ ਮੁੜ ਤੋਂ ਪੰਜਾਬੀਆਂ ਦੇ ਘਰਾਂ ਦਾ ਸ਼ਿੰਗਾਰ ਬਣਨ ਲੱਗ ਗਿਆ ਹੈ। ਲੋਕਾਂ ਦਾ ਚੀਨੀ ਵੱਲੋਂ ਰੁਝਾਨ ਘੱਟ ਕੇ ਗੁੜ ਸ਼ੱਕਰ ਵੱਲ ਹੋ ਗਿਆ ਹੈ।

ਅੱਜ ਤੁਹਾਡੇ ਨਾਲ ਗੁੜ ਬਣਾਉਣ ਦੀ ਪ੍ਰਕਿਰਿਆ ਸਾਂਝੀ ਕਰਨ ਲੱਗਾ ਹਾਂ। ਸਖ਼ਤ ਮੁਸ਼ੱਕਤ ਤੋਂ ਬਾਅਦ ਜੀਅ ਲਲਚਾਉਣ ਵਾਲਾ ਤੱਤਾ ਤੱਤਾ ਗੁੜ ਸਾਡੇ ਤਕ ਪਹੁੰਚਦਾ ਹੈ। ਦੁਸਹਿਰੇ ਤੋਂ ਬਾਅਦ ਗੰਨੇ ਵਿਚ ਪੂਰਾ ਰਸ ਭਰ ਜਾਂਦਾ ਹੈ। ਸਿਆਲ ਦੀ ਰੁੱਤ ਸ਼ੁਰੂ ਹੁੰਦੇ ਹੀ ਘਲਾੜੀਆਂ ਦੀ ਰਿਪੇਅਰ ਕਰਕੇ ਗੁੜ ਬਣਾਉਣ ਦਾ ਕਾਰਜ ਅਰੰਭ ਕਰ ਦਿੱਤਾ ਜਾਂਦਾ ਹੈ। ਲਹਿਲਹਾਉਂਦੇ ਕਮਾਦ ਦੇ ਖੇਤ ਚੋਂ ਗੰਨੇ ਨੂੰ ਖਪਰੇ ਨਾਮੀ ਸੰਦ ਨਾਲ ਜੜ੍ਹ ਤੋਂ ਵੱਢ ਲਿਆ ਜਾਂਦਾ ਹੈ। ਪਿੰਡਾਂ ਦੇ ਬੇਜ਼ਮੀਨੇ ਲੋਕ ਇਨ੍ਹਾਂ ਕੱਟੇ ਹੋਏ ਗੰਨਿਆਂ ਤੋਂ ਦਾਤੀਆਂ ਨਾਲ ਸੁੱਕੇ ਪੱਤ ਛਿੱਲ ਕੇ ਅਤੇ ਉੱਪਰੋਂ ਕੱਚਾ ਗੰਨਾ ਅਤੇ ਹਰੇ ਪੱਤੇ ਵੱਢ ਕੇ ਢੇਰ ਲਗਾ ਦਿੰਦੇ ਹਨ। ਇਸ ਸੁੱਕੇ ਪੱਤਿਆਂ ਨੂੰ ਆਮ ਬੋਲੀ 'ਚ ਖੋਰੀ ਕਿਹਾ ਜਾਂਦਾ ਹੈ ਅਤੇ ਹਰੇ ਪੱਤਿਆਂ ਨੂੰ ਆਗ। ਉਨ੍ਹਾਂ ਵੱਢੇ ਅਤੇ ਸੰਵਾਰੇ 20-20, 25-25 ਗੰਨਿਆਂ ਨੂੰ ਬੰਨ੍ਹ ਲਿਆ ਜਾਂਦਾ ਹੈ। ਜਿਸ ਨੂੰ ਭਰੇ ਕਿਹਾ ਜਾਂਦਾ ਹੈ।

ਛਿੱਲੇ ਗੰਨਿਆਂ ਦੇ ਵੱਢੇ ਪੱਤਿਆਂ ਭਾਵ ਆਗਾਂ ਨੂੰ ਪਸ਼ੂਆਂ ਦੇ ਚਾਰੇ ਲਈ ਵਰਤਿਆ ਜਾਂਦਾ ਹੈ। ਮਿਠਾਸ ਹੋਣ ਕਾਰਨ ਪਸ਼ੂ ਇਸ ਦੇ ਟੋਕੇ ਨੂੰ ਬਹੁਤ ਚਾਅ ਨਾਲ ਖਾਂਦੇ ਹਨ। ਗੰਨਿਆਂ ਦੇ ਬੰਨ੍ਹੇ ਪੂਲੇ ਜਾਂ ਭਰਿਆਂ ਨੂੰ ਗੱਡੇ ਜਾਂ ਟਰੈਕਟਰ-ਟਰਾਲੀ 'ਤੇ ਲੱਦ ਕੇ ਘਲਾੜੀ ਤਕ ਢੋਇਆ ਜਾਂਦਾ ਹੈ। ਕਈ ਜਗ੍ਹਾ ਘਲਾੜੀ ਨੂੰ ਵੇਲਣਾ ਵੀ ਕਹਿੰਦੇ ਹਨ।

ਇਸ ਤੋਂ ਬਾਅਦ ਗੰਨਿਆਂ ਨੂੰ ਇਕੱਲਾ ਇਕੱਲਾ ਕਰ ਕੇ ਘਲਾੜੀ ਵਿਚ ਪੀੜਿਆ ਜਾਂ ਨਪੀੜਿਆ ਜਾਂਦਾ ਹੈ। ਇਸ ਵਿੱਚੋਂ ਨਿੱਕਲੇ ਤਰਲ ਪਦਾਰਥ ਨੂੰ ਰਸ ਜਾਂ ਰਹੁ ਕਿਹਾ ਜਾਂਦਾ ਹੈ ਅਤੇ ਰਸ ਕੱਢਣ ਤੋਂ ਬਾਅਦ ਬਚੇ ਸਖ਼ਤ ਪਦਾਰਥ ਨੂੰ ਪੱਛੀ ਕਹਿੰਦੇ ਹਨ। ਇਸ ਨੂੰ ਸੁਕਾ ਕੇ ਗੁੜ ਪਕਾਉਣ ਲਈ ਬਾਲਣ ਵਜੋਂ ਵਰਤ ਲਿਆ ਜਾਂਦਾ ਹੈ। ਰਸ ਨੂੰ ਪੀਣ ਦਾ ਆਪਣਾ ਵੱਖਰਾ ਹੀ ਸਵਾਦ ਹੈ। ਅੱਜ ਕੱਲ੍ਹ ਗੰਨੇ ਦਾ ਰਸ ਬਾਜ਼ਾਰਾਂ ਵਿਚ ਵੀ ਰੇਹੜੀਆਂ ਤੇ ਆਮ ਵਿਕਦਾ ਹੈ। ਇਸ ਨੂੰ ਹੋਰ ਸਵਾਦ ਬਣਾਉਣ ਲਈ ਇਸ ਵਿਚ ਪੁਦੀਨਾ, ਅਦਰਕ, ਨਿੰਬੂ, ਕਾਲਾ ਨਮਕ ਪਾਇਆ ਜਾਂਦਾ ਹੈ, ਜੋ ਸਿਹਤ ਲਈ ਅਨਮੁੱਲੀ ਦਾਤ ਹੈ।

ਗੰਨੇ ਦੇ ਰਸ ਤੋਂ ਬਹੁਤ ਹੀ ਮਜ਼ੇਦਾਰ ਖੀਰ ਬਣਾਈ ਜਾ ਸਕਦੀ ਹੈ, ਜਿਸ ਦੇ ਸਵਾਦ ਦਾ ਮੁਕਾਬਲਾ ਹੋਰ ਦੁੱਧ ਤੋਂ ਬਣੀ ਖੀਰ ਵੀ ਨਹੀਂ ਕਰ ਸਕਦੀ। ਗੰਨੇ 'ਚੋਂ ਕੱਢੇ ਰਸ ਨੂੰ ਗੁੜ ਬਣਾਉਣ ਲਈ ਕੜਾਹੇ ਵਿਚ ਪਾ ਕੇ ਭੱਠੀ ਉੱਪਰ ਲੋੜ ਮੁਤਾਬਿਕ ਗਰਮ ਕੀਤਾ ਜਾਂਦਾ ਹੈ। ਇਸ ਗਰਮ ਰਸ ਨੂੰ ਲਾਹਣ ਕਿਹਾ ਜਾਂਦਾ ਹੈ। ਰਸ ਨੂੰ ਉਸ ਸਮੇਂ ਤਕ ਮੱਠੇ ਮੱਠੇ ਸੇਕ ਤੇ ਗਰਮ ਕੀਤਾ ਜਾਂਦਾ ਹੈ, ਜਦੋਂ ਤਕ ਉਹ ਕੜ੍ਹਕੇ ਲਾਲ ਜਾਂ ਭੂਰੇ ਰੰਗ ਵਿਚ ਨਾ ਬਦਲ ਕੇ ਗਰੀਸ ਵਰਗਾ ਸੰਘਣਾ ਨਾ ਹੋ ਜਾਵੇ। ਗਰਮ ਕਰਦੇ ਸਮੇਂ ਲਾਹਣ ਉੱਪਰੋਂ ਮੈਲ ਉਤਾਰਦੇ ਰਹਿਣਾ ਪੈਂਦਾ ਹੈ ਤਾਂ ਕਿ ਗੁੜ ਦਾ ਰੰਗ ਗੂੜ੍ਹੇ ਦੀ ਬਜਾਇ ਹਲਕਾ ਭੂਰਾ ਹੋ ਜਾਵੇ। ਇਸ ਤਿਆਰ ਹੋਏ ਗੁੜ ਨੂੰ ਲੱਕੜ ਦੇ ਚੱਕ ਵਿਚ ਪਾ ਕੇ ਠੰਡਾ ਕੀਤਾ ਜਾਂਦਾ ਹੈ ਅਤੇ ਲੋੜ ਮੁਤਾਬਿਕ ਵੱਡੀਆਂ ਜਾਂ ਛੋਟੀਆਂ ਭੇਲੀਆਂ ਬਣਾਈਆਂ ਜਾਂਦੀਆਂ ਹਨ। ਬੱਸ ਇਸ ਸਮੇਂ ਗਰਮ ਗਰਮ ਗੁੜ ਖਾਣ ਦਾ ਮਜ਼ਾ ਹੀ ਅਲੱਗ ਹੈ। ਆਲੂ, ਗਾਜਰ ਜਾਂ ਸ਼ੱਕਰਗੰਦੀ ਨੂੰ ਉੱਬਲਦੇ ਲਾਹਣ ਸੁੱਟ ਕੇ ਅਤੇ ਪਕਾ ਕੇ ਖਾਣ ਦਾ ਅਲੱਗ ਹੀ ਆਨੰਦ ਹੈ।

ਇਕ ਵਾਰ ਦੇ ਲਾਹਣ ਵਿੱਚੋਂ 25 ਤੋਂ 30 ਕਿਲੋ ਗੁੜ ਬਣਦਾ ਹੈ। ਜੇਕਰ ਸ਼ੱਕਰ ਬਣਾਉਣੀ ਹੋਵੇ ਤਾਂ ਲਾਹਣ ਨੂੰ ਗੁੜ ਨਾਲੋਂ ਜ਼ਿਆਦਾ ਦੇਰ ਤਕ ਪਕਾਉਣਾ ਪੈਂਦਾ ਹੈ। ਪਰ ਕਈ ਲੋਕ ਇਸ ਨੂੰ ਵਪਾਰਕ ਨਜ਼ਰੀਏ ਤੋਂ ਬਣਾਉਣ ਲਈ ਇਸ ਵਿਚ ਰਸਾਇਣਕ ਪਦਾਰਥ ਪਾ ਕੇ ਇਸ ਦੇ ਰੰਗ ਅਤੇ ਸਵਾਦ ਨੂੰ ਵਧੀਆ ਕਰਨ ਲਈ, ਇਨਸਾਨੀਅਤ ਦਾ ਘਾਣ ਕਰਦੇ ਹਨ।

ਅੱਜ ਕੱਲ੍ਹ ਵੀ ਲੋਕਾਂ ਵਿਚ ਸ਼ੱਕਰ ਜਾਂ ਗੁੜ ਦੀ ਚਾਹ ਪੀਣ ਦਾ ਰੁਝਾਨ ਕਾਫ਼ੀ ਵਧ ਗਿਆ ਹੈ। ਸੜਕਾਂ ਕਿਨਾਰੇ ਚਲਦੀਆਂ ਘਲਾੜੀਆਂ 'ਤੇ ਲੋਕ ਸ਼ੱਕਰ, ਗੁੜ ਖ਼ਰੀਦ ਦੇ ਆਮ ਦੇਖੇ ਜਾ ਸਕਦੇ ਹਨ। ਚੀਨੀ ਦੀ ਚਾਹ ਹੁਣ ਚੰਗੀ ਨਹੀਂ ਲੱਗਦੀ ਕਹਿ ਕੇ ਜਾਂ ਸ਼ੂਗਰ ਦੇ ਰੋਗੀ ਸ਼ੱਕਰ, ਗੁੜ ਦੀ ਚਾਹ ਨੂੰ ਤਰਜੀਹ ਦੇਣ ਲੱਗ ਪਏ ਹਨ। ਚਾਹੇ ਕੁੱਝ ਵੀ ਹੋਵੇ ਤੱਤੇ ਤੱਤੇ ਗੁੜ ਦਾ ਮੁਕਾਬਲਾ ਦੁਨੀਆ ਦੀ ਕੋਈ ਵੀ ਮਠਿਆਈ ਨਹੀਂ ਕਰ ਸਕਦੀ। ਜਿਸ ਨੇ ਵੀ ਤੱਤੇ ਤੱਤੇ ਗੁੜ ਦਾ ਸੁਆਦ ਚੱਖ ਲਿਆ ਉਹ ਇਸ ਜਨਮ 'ਚ ਤਾਂ ਇਸ ਦੇ ਸੁਆਦ ਨੂੰ ਨਹੀਂ ਭੁੱਲ ਸਕਦਾ।

ਮੋਬਾਈਲ : 97797-08257

### ਸ਼ੱਕਰ ਜਾਂ ਗੁੜ

*ਰੋਟੀ ਤੋਂ ਪਿੱਛੋਂ ਸ਼ੱਕਰ ਜਾਂ ਗੁੜ ਖਾਣ ਦਾ ਅਲੱਗ ਹੀ ਮਜ਼ਾ ਹੈ। ਵੈਦ ਹਕੀਮ ਤੇ ਡਾਕਟਰ ਵੀ ਰੋਟੀ ਪਿੱਛੋਂ ਗੁੜ ਖਾਣ ਦੀ ਸਲਾਹ ਦਿੰਦੇ ਹਨ, ਗੁੜ ਖਾਣ ਨਾਲ ਸ਼ੂਗਰ ਹੋਣ ਦੀ ਸੰਭਾਵਨਾ ਨਹੀਂ ਕਿਉਂਕਿ ਗੁੜ ਬਣਾਉਣ ਲਈ ਕਿਸੇ ਰਸਾਇਣਕ ਪਦਾਰਥ ਦੀ ਵਰਤੋਂ ਨਹੀਂ ਹੁੰਦੀ, ਜਦਕਿ ਚੀਨੀ ਬਣਾਉਣ ਲਈ ਸਲਫਰ ਰਸਾਇਣਕ ਪਦਾਰਥ ਵਰਤਿਆ ਜਾਂਦਾ ਹੈ। ਕਈ ਵਾਰ ਲੋਕ ਵਿਸ਼ੇਸ਼ ਤੌਰ 'ਤੇ ਖਾਣ ਲਈ ਗੁੜ ਦੀ ਟਿੱਕੀ ਬਣਵਾ ਲੈਂਦੇ ਹਨ, ਆਪਣੀ ਹੈਸੀਅਤ ਤੇ ਲੋੜ ਅਨੁਸਾਰ ਇਸ 'ਚ ਕਾਜੂ, ਬਦਾਮ, ਦਾਖਾਂ ਆਦਿ ਸੁੱਕੇ ਮੇਵੇ ਪਾ ਕੇ ਹੋਰ ਸਵਾਦਲਾ ਬਣਾ ਲੈਂਦੇ ਹਨ।*



# ਕਿਵੇਂ ਕਰੀਏ ਵਾਲਾਂ ਲਈ ਮੁਲਤਾਨੀ ਮਿੱਟੀ ਦੀ ਵਰਤੋਂ

ਮੁਲਤਾਨੀ ਮਿੱਟੀ ਇਕ ਤਰ੍ਹਾਂ ਦੀ ਮਿੱਟੀ ਹੁੰਦੀ ਹੈ



ਜਿਸ ਦੀ ਵਰਤੋਂ ਔਰਤਾਂ ਵਾਲਾਂ ਨੂੰ ਧੋਣ ਅਤੇ ਫੇਸ ਪੈਕ ਲਗਾਉਣ ਆਦਿ ਲਈ ਕਰਦੀਆਂ ਹਨ। ਮੁਲਤਾਨੀ ਮਿੱਟੀ 'ਚ ਇੰਨੀ ਜ਼ਿਆਦਾ ਸ਼ਕਤੀ ਹੁੰਦੀ ਹੈ ਕਿ ਉਹ ਬਿਨ੍ਹਾਂ ਨੁਕਸਾਨ ਪਹੁਚਾਏ ਸਕਿਨ ਅਤੇ ਵਾਲਾਂ ਨੂੰ ਖ਼ੂਬਸੂਰਤ ਬਣਾ ਸਕਦੀ ਹੈ। ਮੁਲਤਾਨੀ ਮਿੱਟੀ ਦੀ ਵਰਤੋਂ ਕਈ ਸਦੀਆਂ ਤੋਂ ਕੀਤੀ ਜਾ ਰਹੀ ਹੈ। ਮੁਲਤਾਨੀ ਮਿੱਟੀ ਖ਼ੂਬਸੂਰਤੀ ਦਾ ਖਜ਼ਾਨਾ ਹੁੰਦੀ ਹੈ। ਇਹ ਇਕ ਕੁਦਰਤੀ ਕੰਡੀਸ਼ਨਰ ਵੀ ਹੈ। ਮੁਲਤਾਨੀ ਮਿੱਟੀ ਵਾਲਾਂ ਲਈ ਬਹੁਤ ਵਧੀਆ ਮੰਨੀ ਜਾਂਦੀ ਹੈ। ਇਸ ਨੂੰ ਵਾਲਾਂ 'ਤੇ ਲਗਾਉਣ ਨਾਲ ਵਾਲਾਂ ਦੀਆਂ ਜੜਾਂ ਮਜ਼ਬੂਤ ਹੁੰਦੀਆਂ ਹਨ। ਇਸ ਦੀ ਲਗਾਤਾਰ ਵਰਤੋਂ ਕਰਨ ਨਾਲ ਵਾਲ ਖ਼ੂਬਸੂਰਤ ਅਤੇ ਚਮਕਦਾਰ ਹੁੰਦੇ ਹਨ। ਆਓ ਜਾਣਦੇ ਹਾਂ ਮੁਲਤਾਨੀ ਮਿੱਟੀ ਦੇ ਕੁਝ ਵਧੀਆ ਨੁਸਖੇ ਜੋਂ ਸਿਰਫ ਵਾਲਾਂ ਲਈ ਵਰਤੇ ਜਾਂਦੇ ਹਨ।1) ਦੋ-ਮੂੰਹੇ ਵਾਲ :- ਆਪਣੇ ਵਾਲਾਂ 'ਤੇ ਰਾਤ ਨੂੰ ਤੇਲ ਲਗਾਓ। ਸਵੇਰੇ ਮੁਲਤਾਨੀ ਮਿੱਟੀ 'ਚ ਦਹੀਂ ਮਿਲਾ ਕੇ ਇਕ ਪੇਸਟ ਤਿਆਰ ਕਰੋ। ਇਸ ਪੇਸਟ ਨੂੰ ਵਾਲਾਂ ਦੀਆਂ ਜੜਾਂ ਤੋਂ ਲੈ ਕੇ ਵਾਲਾਂ ਦੇ ਅਖੀਰ ਤੱਕ ਲਗਾਓ। ਜਦੋਂ ਮੁਲਤਾਨੀ ਮਿੱਟੀ ਸੁੱਕ ਜਾਵੇ ਤਾਂ ਵਾਲਾਂ ਨੂੰ ਠੰਡੇ ਪਾਣੀ ਨਾਲ ਧੋ ਲਵੋ। ਇਸ ਹੇਅਰ ਪੈਕ ਨੂੰ ਹਫਤੇ 'ਚ ਇਕ ਵਾਰੀ ਜ਼ਰੂਰ ਲਗਾਉਣਾ ਚਾਹੀਦਾ ਹੈ। ਅਜਿਹਾ ਕਰਨ ਨਾਲ ਦੋ-ਮੂੰਹੇ ਵਾਲ ਠੀਕ ਹੁੰਦੇ ਹਨ।

2) ਰੁੱਖੇ ਵਾਲ :- ਜੇਕਰ ਕਿਸੇ ਦੇ ਰੁੱਖੇ ਵਾਲ ਹਨ ਤਾਂ ਮੁਲਤਾਨੀ ਮਿੱਟੀ 'ਚ ਅੱਧਾ ਕੱਪ ਦਹੀਂ, ਅੱਧਾ ਕੱਪ ਨਿੰਬੂ ਅਤੇ 2 ਚਿਮਚੇ ਸ਼ਹਿਦ ਦੇ ਮਿਲਾ ਕੇ ਲਗਾ ਕੇ 20 ਮਿੰਟਾਂ ਤੱਕ ਵਾਲਾਂ ਨੂੰ ਧੋ ਲਵੋ। ਅਜਿਹਾ ਕਰਨ ਨਾਲ ਵਾਲ ਨਰਮ ਹੋ ਜਾਂਦੇ ਹਨ।

3) ਤੇਲੀਏ ਵਾਲ :- ਮੁਲਤਾਨੀ ਮਿੱਟੀ ਨੂੰ ਵਾਲਾਂ 'ਚ ਲਗਾਉਣ ਲਈ 4 ਘੰਟੇ ਪਹਿਲਾਂ ਪਾਣੀ 'ਚ ਭਿਓ ਕੇ ਰੱਖੋ। ਇਸ ਪੇਸਟ ਨੂੰ ਲਗਾਉਣ ਤੋਂ ਪਹਿਲਾਂ ਰੀਠਾ ਪਾਊਡਰ ਇਸ 'ਚ ਮਿਲਾਓ। ਫਿਰ ਇਸ ਪੇਸਟ ਨੂੰ 5-10 ਮਿੰਟਾਂ ਲਈ ਵਾਲਾਂ 'ਤੇ ਲਗਿਆ ਰਹਿਣ ਤੋਂ ਬਾਅਦ ਠੰਡੇ ਪਾਣੀ ਨਾਲ ਵਾਲਾਂ ਨੂੰ ਧੋ ਲਵੋ। ਅਜਿਹਾ ਕਰਨ ਨਾਲ ਵਾਲ 'ਚ ਤੇਲੀਏ ਵਾਲ ਠੀਕ ਹੁੰਦੇ ਹਨ।

4) ਸਿੱਧੇ ਵਾਲ :- ਜੇਕਰ ਤੁਹਾਨੂੰ ਵਾਲ ਕੁਦਰਤੀ ਰੂਪ ਨਾਲ ਸਿੱਧੇ ਕਰਨੇ ਹੋਣ ਤਾਂ ਇਕ ਕੱਪ ਮੁਲਤਾਨੀ ਮਿੱਟੀ 'ਚ 5 ਚਿਮਚੇ ਆਟਾ ਅਤੇ 1 ਅੰਡਾ ਫੈਂਟ ਕੇ ਮਿਲਾਓ। ਇਸ ਪੈਕ ਨੂੰ ਪੂਰੇ ਵਾਲਾਂ 'ਚ ਲਗਾਓ ਅਤੇ ਕੰਘੀ ਦੀ ਵਰਤੋਂ ਕਰਕੇ ਵਾਲਾਂ ਨੂੰ ਸਿੱਧਾ ਕਰੋ। ਜਦੋਂ ਪੈਕ ਚੰਗੀ ਤਰ੍ਹਾਂ ਸੁੱਕ ਜਾਵੇ ਤਾਂ ਬਾਅਦ 'ਚ ਵਾਲਾਂ ਨੂੰ ਧੋ ਲਵੋ। ਅਜਿਹਾ ਕਰਨ ਨਾਲ ਵਾਲ ਪੂਰੀ ਤਰ੍ਹਾਂ ਨਾਲ ਸਿੱਧੇ ਹੋ ਜਾਂਦੇ ਹਨ।

# ਸਰਦੀਆਂ 'ਚ ਉਪਯੋਗੀ ਹਨ ਟਮਾਟਰ

ਟਮਾਟਰ ਨੂੰ ਇਸ ਦੇ ਵਿਸ਼ੇਸ਼ ਗੁਣਾਂ ਕਾਰਨ ਸਰਦੀਆਂ ਦੇ ਮੌਸਮ ਦਾ ਉਪਯੋਗੀ ਫਲ ਮੰਨਿਆ ਜਾਂਦਾ ਹੈ। ਇਸ ਦੀ ਵਰਤੋਂ ਸਬਜ਼ੀ ਦੇ ਨਾਲ-ਨਾਲ ਫਲ ਦੇ ਰੂਪ ਵਿਚ ਵੀ ਬਰਾਬਰ ਹੁੰਦੀ ਹੈ। ਉਂਝ ਤਾਂ ਟਮਾਟਰ ਪੂਰਾ ਸਾਲ ਮਿਲਦੇ ਹਨ ਪਰ ਇਨ੍ਹਾਂ ਦੀ ਉਪਯੋਗਤਾ ਸਰਦੀਆਂ ਵਿਚ ਵਧ ਜਾਂਦੀ ਹੈ।



× ਭੋਜਨ ਵਿਚ ਟਮਾਟਰਾਂ ਦੇ ਜੂਸ, ਸੂਪ, ਸਲਾਦ ਆਦਿ ਦੀ ਵਰਤੋਂ ਕਰਨੀ ਚਾਹੀਦੀ ਹੈ। ਪੱਕਿਆ ਹੋਇਆ ਲਾਲ ਟਮਾਟਰ ਭੋਜਨ ਪਚਾਉਣ ਵਾਲਾ, ਤਾਕਤ ਦੇਣ ਵਾਲਾ ਅਤੇ ਖ਼ੂਨ ਸਾਫ ਕਰਨ ਵਾਲਾ ਹੁੰਦਾ ਹੈ। ਇਸ ਵਿਚ ਵਿਟਾਮਿਨ ਏ, ਬੀ, ਸੀ ਤੇ ਲੋਹਾ ਭਰਪੂਰ ਮਾਤਰਾ ਵਿਚ ਹੁੰਦਾ ਹੈ।

× ਟਮਾਟਰ ਦੇ ਸੂਪ ਵਿਚ ਕਾਲੀ ਮਿਰਚ ਪਾ ਕੇ ਪੀਣ ਨਾਲ ਕਬਜ਼ ਦੂਰ ਹੁੰਦੀ ਹੈ। ਇਸ ਨਾਲ ਚਿਹਰੇ 'ਤੇ ਚਮਕ ਤੇ ਸਰੀਰ ਵਿਚ ਚੁਸਤੀ ਬਣੀ ਰਹਿੰਦੀ ਹੈ।

× ਇਸ ਦੀ ਵਰਤੋਂ ਨਾਲ ਸਰਦੀਆਂ ਦੇ ਮੌਸਮ ਵਿਚ ਹੋਣ ਵਾਲੀਆਂ ਚਮੜੀ ਸੰਬੰਧੀ ਸਮੱਸਿਆਵਾਂ ਜਿਵੇਂ ਕਿੱਲ, ਮੁਹਾਸੇ, ਛਾਈਆਂ, ਚਮੜੀ ਦਾ ਫਟਣਾ, ਖੁਜਲੀ ਆਦਿ ਨਹੀਂ ਹੁੰਦੀਆਂ।

× ਟਮਾਟਰਾਂ ਦਾ ਜੂਸ ਪੀਣ ਨਾਲ ਵਾਲ ਚਮਕਦਾਰ ਬਣਦੇ ਹਨ। ਇਸ ਦੇ ਟੁਕੜੇ ਗੱਲ੍ਹਾਂ ਤੇ ਅੱਖਾਂ ਹੇਠਾਂ ਰੱਖਣ ਨਾਲ ਛਾਈਆਂ ਤੇ ਅੱਖਾਂ ਦੇ ਕਾਲੇ ਘੇਰੇ ਦੂਰ ਹੁੰਦੇ ਹਨ।

ਸਾਵਧਾਨੀ

ਟਮਾਟਰਾਂ ਦੀ ਬਹੁਤ ਜ਼ਿਆਦਾ ਵਰਤੋਂ ਸਰੀਰ ਨੂੰ ਨੁਕਸਾਨ ਪਹੁੰਚਾਉਂਦੀ ਹੈ। ਪੱਥਰੀ ਦੇ ਰੋਗੀਆਂ ਨੂੰ ਇਨ੍ਹਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ।

# ਮਾਨਸਿਕ ਸਿਹਤ ਦੀ ਅਹਿਮੀਅਤ

ਮੁੱਢ-ਕਦੀਮ ਤੋਂ ਹੀ ਮਨੁੱਖ ਵਿਚਾਰਾਂ ਵਿੱਚ ਰਚਿਆ-ਵਸਿਆ ਜੀਵਨ ਗੁਜ਼ਾਰਦਾ ਆਇਆ ਹੈ। ਅਜੋਕੇ ਸੰਦਰਭ ਵਿੱਚ ਵੇਖੀਏ ਤਾਂ ਮਨੁੱਖ ਵਿੱਚ ਮਾਨਸਿਕ ਅਸੰਤੁਲਨ ਸਹਿਜੇ ਹੀ ਵੇਖਿਆ ਜਾ ਸਕਦਾ ਹੈ। ਨਤੀਜੇ ਵਜੋਂ ਉਸ ਵਿੱਚ ਅਸੁਰੱਖਿਆ ਦੀ ਭਾਵਨਾ ਪੈਦਾ ਹੁੰਦੀ ਹੈ। ਇਹ ਸਾਰਾ ਤਾਣਾ-ਬਾਣਾ ਕਈ ਮਾਨਸਿਕ ਬੀਮਾਰੀਆਂ ਨੂੰ ਜਨਮ ਦਿੰਦਾ ਹੈ। ਬੇਸ਼ੱਕ ਆਧੁਨਿਕ ਦੌਰ ਵਿੱਚ ਜ਼ਿੰਦਗੀ ਦੀ ਰਫ਼ਤਾਰ ਤੇਜ਼ ਹੋ ਗਈ ਹੈ ਪਰ ਇਸ ਨਾਲ ਸਹਿਜਤਾ ਲੋਪ ਹੋ ਗਈ ਹੈ। ਅਸੀਂ ਅਕਸਰ ਮਨੁੱਖ ਦੀ ਸਰੀਰਕ ਅਤੇ ਸਮਾਜਿਕ ਸਿਹਤ ਬਾਰੇ ਵਿਚਾਰ-ਚਰਚਾ ਕਰਦੇ ਹਾਂ ਪਰ ਸਰੀਰ ਦੇ ਮੁਕਾਬਲੇ ਮਾਨਸਿਕ ਪੱਧਰ ਨੂੰ ਅਣਗੌਲਿਆਂ ਹੀ ਕਰਦੇ ਹਾਂ।



ਸੌਖੇ ਸ਼ਬਦਾਂ 'ਚ ਕਹੀਏ ਤਾਂ ਜਦੋਂ ਤੁਸੀਂ ਕੋਈ ਕਾਰਜ ਬਿਨਾਂ ਕਿਸੇ ਦਬਾਅ ਅਤੇ ਮਾਨਸਿਕ ਸੰਤੁਲਨ ਨਾਲ ਪੂਰੀ ਸਹਿਜਤਾ ਨਾਲ ਕਰਦੇ ਹੋ ਤਾਂ ਤੁਸੀਂ ਮਾਨਸਿਕ ਪੱਧਰ ਉੱਤੇ ਤੰਦਰੁਸਤ ਹੁੰਦੇ ਹੋ। ਕਈ ਵਾਰ ਵਿਅਕਤੀ ਸਾਰਾ-ਸਾਰਾ ਦਿਨ ਇਕੱਲਤਾ ਨੂੰ ਹੀ ਜਿਉਂਦੇ ਹਨ ਅਤੇ ਕਿਸੇ ਨਾਲ ਮਿਲਣਾ-ਜੁਲਣਾ ਵੀ ਪਸੰਦ ਨਹੀਂ ਕਰਦੇ। ਇਸ ਤੋਂ ਬਿਨਾਂ ਉਨ੍ਹਾਂ ਅੰਦਰ ਵਿਚਾਰ ਲਗਾਤਾਰ ਉਛਾਲੇ ਮਾਰਦੇ ਰਹਿੰਦੇ ਹਨ। ਇਹ ਸਭ ਲੱਛਣ ਡਿਪਰੈਸ਼ਨ ਜਾਂ ਉਦਾਸੀ ਰੋਗ ਦੇ ਸੂਚਕ ਹੋ ਸਕਦੇ ਹਨ। ਵੱਡੇ ਸ਼ਹਿਰਾਂ, ਜਿੱਥੇ ਇਨਸਾਨ ਕੋਲ ਆਪਣੀ ਗੱਲ ਕਹਿਣ ਤਕ ਦਾ ਸਮਾਂ ਨਹੀਂ ਹੈ, ਇਹ ਮਾਨਸਿਕ ਰੋਗ ਵਧੇਰੇ ਪੈਦਾ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਅੱਜ ਸਾਡੀ ਜੀਵਨ ਸ਼ੈਲੀ ਵਿੱਚ ਕਈ ਬਦਲਾਅ ਲਿਆਉਣ ਦੀ ਲੋੜ ਹੈ। ਕੁਦਰਤ ਨਾਲ ਨਜ਼ਦੀਕੀ ਬਣਾਉਣ ਅਤੇ ਅਗਾਂਹਵਧੂ ਸੋਚ ਦੇ ਧਾਰਨੀ ਬਣਨ ਨਾਲ ਅਸੀਂ ਸਹਿਜੇ ਹੀ ਮਾਨਸਿਕ ਤਣਾਅ ਦੂਰ ਕਰ ਸਕਦੇ ਹਾਂ। ਕਿਤਾਬਾਂ ਵੀ ਸਾਨੂੰ ਉਸਾਰੂ ਜੀਵਨ ਜਾਚ ਦੇਣ ਲਈ ਸਮਰੱਥ ਹਨ। ਸਾਨੂੰ ਕਦੇ ਵੀ ਖਾਲੀ ਨਹੀਂ ਰਹਿਣਾ ਚਾਹੀਦਾ ਸਗੋਂ ਕਿਰਤੀ ਬਣਨ ਦਾ ਯਤਨ ਕਰਨਾ ਚਾਹੀਦਾ ਹੈ। ਸਾਨੂੰ ਕਰਮ ਨੂੰ ਸਿਰਮੌਰ ਸਮਝਣਾ ਚਾਹੀਦਾ ਹੈ। ਵਿਗਿਆਨ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਸੰਗੀਤ ਮਨੁੱਖ ਦੇ ਮਾਨਸਿਕ ਤਣਾਅ ਨੂੰ ਦੂਰ ਕਰਨ ਦਾ ਕਾਰਗਰ ਸਾਧਨ ਹੈ। ਕੁਝ ਸਮਾਂ ਪਹਿਲਾਂ ਯੂਨੀਵਰਸਿਟੀ ਆਫ਼ ਕੈਲੀਫੋਰਨੀਆ ਦੀ ਖੋਜ ਮੁਤਾਬਿਕ ਰਾਗ ਮਨੁੱਖੀ ਸਰੀਰ ਅੰਦਰ 'ਫੀਲ ਗੁੱਡ ਹਾਰਮੋਨਜ਼' ਦਾ ਸੰਚਾਰ ਕਰਦੇ ਹਨ। ਸੰਗੀਤ ਦੀਆਂ ਤਰੰਗਾਂ ਮਾਨਸਿਕ ਅਸਹਿਜਤਾ ਹੱਲ ਕਰਨ ਵਿੱਚ ਸਮਰੱਥ ਹਨ। ਸਵੇਰ ਦੀ ਸੈਰ ਤੰਦਰੁਸਤ ਮਾਨਸਿਕ ਸਿਹਤ ਦਾ ਰਾਜ਼ ਹੈ। ਸਰੀਰਕ, ਮਾਨਸਿਕ ਅਤੇ ਸਮਾਜਿਕ ਪੱਧਰ 'ਤੇ ਤੰਦਰੁਸਤ ਰਹਿਣ ਨਾਲ ਹੀ ਸੰਤੁਲਿਤ ਸਮਾਜ ਸਿਰਜਿਆ ਜਾ ਸਕਦਾ ਹੈ।

– ਮਨਿੰਦਰ ਸਿੰਘ ਸੈਣੀ

# ਅਹਦ ਤੇ ਅਹਿਦੀਅਤ

ਅੱਲਾਹ ਪਾਕ ਦਾ ਇਕ ਨਾਂ ਅਹਦ ਵੀ ਹੈ। ਇਹ ਨਾਂ ਕੁਰਆਨ ਮਜੀਦ ਦੀ ਸੂਰਹਾ ਇਖ਼ਲਾਸ ਦੀ ਪਹਿਲੀ ਆਇਤ ਵਿਚ ਆਇਆ ਹੈ। ਹਦੀਸ ਸ਼ਰੀਫ਼ ਵਿਚ ਅੱਲਾਹ ਤਆਲਾ ਦੇ ਜਿਹੜੇ 99 ਨਾਵਾਂ ਦਾ ਜ਼ਿਕਰ ਹੈ, ਉਨ੍ਹਾਂ ਵਿੱਚੋਂ ਵੀ ਇਕ ਨਾਂ ਅਲ-ਅਹਿਦ ਹੈ, ਜਿਸ ਦਾ ਭਾਵ ਹੈ- ਅਕੇਲਾ, ਇੱਕੋ ਇਕ, ਜਿਸ ਦਾ ਕੋਈ ਸ਼ਰੀਕ ਨਹੀਂ, ਜੋ ਅਦੁੱਤੀ ਹੈ।

ਸੂਫ਼ੀ ਦਰਵੇਸ਼ਾਂ ਮੁਤਾਬਿਕ ਅਹਦੀਅਤ ਅੱਲਾਹ ਤਆਲਾ ਦਾ ਇਕ ਮਰਤਬਾ ਹੈ, ਜਦੋਂ ਉਹ ਇਕੱਲਾ ਸੀ, ਉਸ ਨੇ ਅਜੇ ਸ੍ਰਿਸ਼ਟੀ-ਰਚਨਾ ਦਾ ਸੰਕਲਪ ਨਹੀਂ ਸੀ ਕੀਤਾ। ਹਦੀਸ ਸ਼ਰੀਫ਼ ਦੀ ਰਵਾਇਤ ਮੁਤਾਬਿਕ ਜ਼ਿਕਰ ਹੈ ਕਿ ਅੱਲਾਹ ਇਕ ਛੁਪਿਆ ਖਜ਼ਾਨਾ ਸੀ, ਜਿਸ ਨੇ ਚਾਹਿਆ ਕਿ ਉਹ ਪਹਿਚਾਣਿਆ ਜਾਵੇ, ਇਸ ਲਈ ਉਸ ਨੇ ਖ਼ਲਕਤ ਨੂੰ ਪੈਦਾ ਕੀਤਾ। ਇਸ ਲਈ ਰੱਬ ਜਦੋਂ ਛੁਪਿਆ ਖਜ਼ਾਨਾ ਸੀ, ਉਸ ਦਾ ਇਹ ਮਰਤਬਾ ਅਹਦੀਅਤ ਕਹਿਲਾਉਂਦਾ ਹੈ। ਇਸ ਸਮੇਂ ਕੁਝ ਵੀ ਨਹੀਂ ਸੀ, ਸਿਰਫ਼ ਤੇ ਸਿਰਫ਼ ਅੱਲਾਹ ਹੀ ਸੀ। ਸੂਫ਼ੀ ਦਰਵੇਸ਼ਾਂ ਦੀ ਮਾਨਤਾ ਹੈ ਕਿ ਮਰਤਬਾ-ਏ-ਅਹਦੀਅਤ ਨੂੰ ਸਮਝਣਾ ਅਤੇ ਬਿਆਨ ਕਰਨਾ ਮਨ, ਬੁੱਧੀ ਅਤੇ ਅਕਲ ਦਾ ਵਿਸ਼ਾ ਨਹੀਂ ਹੈ।

• ਪ੍ਰੋ. ਗੁਰਚਰਨ ਸਿੰਘ ਤਲਵਾੜਾ
94634-63193



## ਆਚਰਣ-ਸ਼ਾਲਾ

ਜਦੋਂ ਰਾਵਣ ਨੇ ਆਪਣੇ ਰਾਜ ਵਿਚ ਵਿਗਿਆਨਕ ਤਰੱਕੀ ਦੀ ਸਿਖ਼ਰ ਛੋਹ ਲਈ ਤਾਂ ਉਸ ਨੇ ਕੁਕੁਤ ਮਨੀ ਅੱਗੇ ਅਰਜ਼ ਿਤੀ ਕਿ ਉਹ ਇਕ ਵਾਰ ਲੰਕਾ ਆ ਕੇ ਉਸ ਦੇ ਰਾਜ ਦੀਆਂ ਪ੍ਰਾਪਤੀਆਂ ਵੇਖਣ। ਕੁਕੁਤ ਮੁਨੀ ਨੇ ਇਨਕਾਰ ਕਰ ਦਿੱਤਾ ਪਰ ਅਖ਼ੀਰ ਰਾਵਣ ਨੇ ਉਨ੍ਹਾਂ ਨੂੰ ਮਨਾ ਲਿਆ ਤੇ ਬੜੇ ਉਤਸ਼ਾਹ ਨਾਲ ਉਨ੍ਹਾਂ ਨੂੰ ਲੰਕਾ ਲੈ ਗਿਆ।

ਰਾਵਣ ਨੇ ਉਨ੍ਹਾਂ ਨੂੰ ਰਾਜ ਮਹਿਲ ਵਿਖਾਏ ਪਰ ਰਾਵਣ ਦਾ ਅਸਲ ਮਾਣ ਉਹਦੀ ਵਿਗਿਆਨ-ਸ਼ਾਲਾ ਸੀ, ਜਿੱਥੇ ਧਰਤੀ, ਪੌਣ, ਪਾਣੀ, ਅਗਨੀ ਆਦਿ ਤੱਤਾਂ ਦਾ ਸਿਲਸਿਲੇਵਾਰ ਮੁਤਾਲਿਆ ਕੀਤਾ ਜਾ ਰਿਹਾ ਸੀ।

ਕੁਕੁਤ ਮੁਨੀ ਨੇ ਰਾਵਣ ਦੀ ਪ੍ਰਸ਼ੰਸਾ ਕੀਤੀ ਕਿ ਉਹਦੇ ਰਾਜ ਵਿਚ ਏਨਾ ਵਿਗਿਆਨਕ ਕਾਰਜ ਹੋ ਰਿਹਾ ਹੈ। ਉਸ ਤੋਂ ਬਾਅਦ ਰਾਵਣ ਨੇ ਕੁਕੁਤ ਮੁਨੀ ਨੂੰ ਆਪਣੀ ਅਸਤਰ-ਸ਼ਾਲਾ ਵਿਖਾਈ, ਜਿੱਥੇ ਬ੍ਰਹਮ-ਅਸਤਰ ਤਿਆਰ ਕੀਤੇ ਜਾ ਰਹੇ ਸਨ, ਅਗਨੀ ਅਸਤਰ ਵੀ ਤੇ ਜਲ ਅਸਤਰ ਵੀ। ਨਾਲ ਹੀ ਰਾਵਣ ਨੇ ਮੁਨੀ ਜੀ ਨੂੰ ਆਪਣੀ ਚਕਿਤਸਾ-ਸ਼ਾਲਾ ਵੀ ਵਿਖਾਈ, ਜਿੱਥੇ ਕਈ ਤਰ੍ਹਾਂ ਦੀਆਂ ਜੜ੍ਹੀਆਂ-ਬੂਟੀਆਂ ਦੀ ਵਿਗਿਆਨਕ ਖੋਜ ਹੋ ਰਹੀ ਸੀ।

ਇਹ ਉਸ ਵੇਲੇ ਦੀਆਂ ਵੱਡੀਆਂ ਪ੍ਰਾਪਤੀਆਂ ਸਨ। ਇਨ੍ਹਾਂ ਨੂੰ ਵੇਖ ਕੇ ਕੁਕੁਤ ਮੁਨੀ ਨੇ ਰਾਵਣ ਦੀ ਬਹੁਤ ਪ੍ਰਸ਼ੰਸਾ ਕੀਤੀ ਪਰ ਨਾਲ ਹੀ ਆਖਿਆ, 'ਰਾਵਣ, ਇਹ ਸਭ ਕੁਝ ਬਹੁਤ ਜਲਦੀ ਹੀ ਸਮਾਪਤ ਹੋ ਜਾਵੇਗਾ।'

ਰਾਵਣ ਨੇ ਹੈਰਾਨ ਹੋ ਕੇ ਪੁੱਛਿਆ, 'ਕਿਹੜੇ ਅਸਤਰਾਂ ਨਾਲ? ਮੇਰੀ ਅਸਤਰ—ਸਾਲਾ ਵਿਚ ਜੋ ਅਸਤਰ ਤਿਆਰ ਕੀਤੇ ਗਏ ਹਨ, ਉਨ੍ਹਾਂ ਦੇ ਮੁਕਾਬਲੇ ਕਿਹਦੇ ਕੋਲ ਅਜਿਹੇ ਅਸਤਰ ਹਨ?'

ਕੁਕੁਤ ਮੁਨੀ ਮੁਸਕਰਾਏ ਤੇ ਆਖਣ ਲੱਗੇ, 'ਤੇਰੇ ਰਾਜ ਵਿਚ ਕੋਈ ਆਚਰਣ-ਸ਼ਾਲਾ ਨਹੀਂ ਹੈ, ਇਸ ਲਈ ਤੇਰੇ ਇਨ੍ਹਾਂ ਅਸਤਰਾਂ-ਸ਼ਸਤਰਾਂ ਦੀ ਚਮਕ ਫਿੱਕੀ ਪੈ ਜਾਵੇਗੀ ਤੇ ਕਿਰਦਾਰ ਦੀ ਗਿਰਾਵਟ ਹੀ ਤੇਰੇ ਰਾਜ ਦੇ ਪਤਨ ਦਾ ਕਾਰਨ ਬਣੇਗੀ।' •



## ਰਾਗ ਗੂਜਰੀ

ਇਕਵਾਕ ਸਿੰਘ ਪੱਟੀ

ਸਮੁੱਚੀ ਮਾਨਵਤਾ ਦੇ ਸਰਬ ਸਾਂਝੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਪੰਜਵੇਂ ਨਾਨਕ ਗੁਰੂ ਅਰਜਨ ਦੇਵ ਜੀ ਵੱਲੋਂ ਭਾਈ ਗੁਰਦਾਸ ਜੀ ਕੋਲੋਂ ਦਰਜ ਕਰਵਾਈ ਗਈ ਬਾਣੀ ਰਾਗਾਂ ਦੇ ਅਧੀਨ ਹੈ। ਗੁਰੂ ਗ੍ਰੰਥ ਸਾਹਿਬ ਵਿਚ ਕੁਝ ਬਾਣੀ ਰਾਗ ਮੁਕਤ ਵੀ ਹੈ ਪਰ ਜ਼ਿਆਦਾਤਾਰ ਬਾਣੀ ਰਾਗਾਂ ਦੇ ਅਧੀਨ ਹੈ। ਸਭ ਤੋਂ ਸ੍ਰੇਸ਼ਟ ਰਾਗ ਬਾਰੇ ਗੁਰੂ ਰਾਮਦਾਸ ਜੀ ਫੁਰਮਾਉਂਦੇ ਹਨ, 'ਸਭਨਾ ਰਾਗਾਂ ਵਿਚਿ ਸੋ ਭਲਾ ਭਾਈ ਜਿਤੁ ਵਸਿਆ ਮਨਿ ਆਇ॥' ਭਾਵ ਉਹੀ ਰਾਗ ਸਫ਼ਲ ਹੈ ਜਿਸ ਨੂੰ ਸੁਣਦਿਆਂ-ਪੜ੍ਹਦਿਆਂ, ਗਾਉਂਦਿਆਂ ਹੋਇਆਂ ਸ੍ਰਿਸ਼ਟੀ ਦਾ ਕਰਤਾ ਪਰਮਾਤਮਾ ਚੇਤੇ ਆ ਜਾਵੇ। ਅੱਜ ਜਾਣਦੇ ਹਾਂ ਗੁਰੂ ਸਾਹਿਬ ਵੱਲੋਂ ਉਚਾਰੇ 31 ਰਾਗਾਂ ਵਿੱਚੋਂ ਪੰਜਵੇਂ ਸਥਾਨ 'ਤੇ ਆਉਣ ਵਾਲੇ ਰਾਗ 'ਗੂਜਰੀ' ਬਾਰੇ...

ਗੁਰੂ ਗ੍ਰੰਥ ਸਾਹਿਬ ਦੀ ਬਾਣੀ ਨੂੰ ਦਿੱਤੀ ਗਈ ਰਾਗ ਤਰਤੀਬ 'ਚ ਰਾਗ ਗੂਜਰੀ ਪੰਜਵੇਂ ਸਥਾਨ 'ਤੇ ਆਉਂਦਾ ਹੈ। ਗੂਜਰੀ ਰਾਗ ਗੁਰੂ ਗ੍ਰਾਂਥ ਸਾਹਿਬ ਦੇ ਪੰਨਾ ਨੰਬਰ 489 ਤੋਂ ਪੰਨਾ ਨੰਬਰ 526 ਤਕ ਸੁਸ਼ੋਭਿਤ ਹੈ।



ਇਸ ਰਾਗ ਵਿਚ ਗੁਰੂ ਨਾਨਕ ਦੇਵ ਜੀ, ਗੁਰੂ ਅਮਰਦਾਸ ਜੀ, ਗੁਰੂ ਰਾਮਦਾਸ ਜੀ, ਗੁਰੂ ਅਰਜਨ ਦੇਵ ਜੀ ਦੀ ਉਚਾਰਣ ਕੀਤੀ ਗਈ ਬਾਣੀ ਸ਼ਾਮਲ ਹੈ। ਇਸ ਰਾਗ ਵਿਚ ਤੀਸਰੇ ਪਾਤਸ਼ਾਹ ਅਤੇ ਪੰਜਵੇਂ ਪਾਤਸ਼ਾਹ ਵੱਲੋਂ ਬਾਣੀ ਵਾਰਾਂ ਵਿਚ ਉਚਾਰਣ ਕੀਤੀ ਹੋਈ ਵੀ ਸ਼ਾਮਲ ਹੈ। ਗੁਜਰੀ ਕੀ ਵਾਰ ਮਹਲਾ 3 ਦੀਆਂ ਪਉੜੀਆਂ ਵਿੱਚੋਂ ਚੌਥੀ ਪਉੜੀ ਨਾਲ ਪਹਿਲਾ ਸਲੋਕ ਭਗਤ ਕਬੀਰ ਜੀ ਦਾ ਹੈ ਅਤੇ ਬਾਕੀ ਗੁਰੂ ਅਮਰਦਾਸ ਜੀ ਦੇ ਹੀ ਹਨ। ਭਗਤ ਸਾਹਿਬਾਨਾਂ ਵੱਲੋਂ ਇਸ ਰਾਗ ਵਿਚ ਉਚਾਰਣ ਕੀਤੀ ਗਈ ਬਾਣੀ ਵਿੱਚੋਂ ਭਗਤ ਕਬੀਰ ਜੀ, ਭਗਤ ਨਾਮਦੇਵ ਜੀ, ਭਗਤ ਰਵਿਦਾਸ ਜੀ, ਭਗਤ ਤ੍ਰਿਲੋਚਨ ਜੀ ਤੇ ਭਗਤ ਜੈ ਦੇਵ ਜੀ ਦੀ ਬਾਣੀ ਸੁਸ਼ੋਭਿਤ ਹੈ।

### ਰਾਗ ਨਾਦ ਸਬਦਿ ਸੋਹਲੇ

ਸੰਗੀਤਕ ਤੇ ਇਤਿਹਾਸ ਪੱਖ ਤੋਂ ਇਸ ਰਾਗ ਬਾਰੇ ਕੁਝ ਸੰਗੀਤਕ ਗ੍ਰੰਥਾਂ ਤੋਂ ਵੀ ਕੁਝ ਜਾਣਕਾਰੀ ਮਿਲ ਜਾਂਦੀ ਹੈ। ਇਸ ਰਾਗ ਦੀ ਉਤਪਤੀ ਗੁਜਰਾਤ ਵਿਚ ਹੋਈ ਮੰਨੀ ਜਾਂਦੀ ਹੈ, ਜਿਸ ਕਰਕੇ ਇਸ ਰਾਗ ਦਾ ਨਾਂ ਗੂਜਰੀ ਪੈ ਗਿਆ ਆਖਿਆ ਜਾਂਦਾ ਹੈ ਅਤੇ ਦੂਜੇ ਪਾਸੇ ਗਵਾਲੀਅਰ ਦੇ ਮਹਾਰਾਜਾ ਮਾਨ ਸਿੰਘ ਤੋਮਰ ਦੀ ਗੁਜਰੀ ਰਾਣੀ ਮ੍ਰਿਗ ਨੈਣੀ ਨੂੰ ਵੀ ਇਸ ਰਾਗ ਦੀ ਜਨਮਦਾਤੀ ਮੰਨਿਆ ਜਾਂਦਾ ਹੈ।

ਭਾਰਤੀ ਸਾਸ਼ਤਰੀ ਸੰਗੀਤ ਵਿਚ ਇਸ ਨੂੰ ਗੂਜਰੀ ਤੋੜੀ ਰਾਗ ਵਜੋਂ ਜਾਣਿਆ ਜਾਂਦਾ ਹੈ। ਮਹਾਨ ਕੋਸ਼ ਦੇ ਪੰਨਾ ਨੰਬਰ 424 'ਤੇ ਭਾਈ ਕਾਨ੍ਹ ਸਿੰਘ ਲਿਖਦੇ ਹਨ, 'ਇਹ ਟੋਡੀ ਰਾਗ ਦੀ ਇਕ ਰਾਗਣੀ ਹੈ ਅਤੇ ਇਸ ਵਿਚ ਪੰਚਮ ਵਰਜਿਤ ਹੈ। ਧੈਵਤ ਵਾਦੀ ਅਤੇ ਰਿਸ਼ਭ ਸੰਵਾਦੀ ਹੈ। ਰਿਸ਼ਭ, ਗਾਂਧਾਰ, ਧੈਵਤ ਕੋਮਲ, ਮੱਧਮ ਤੀਵਰ, ਨਿਸ਼ਾਦ ਸ਼ੁੱਧ ਹੈ ਅਤੇ ਗਉਣ ਦਾ ਵੇਲਾ ਚਾਰ ਘੜੀ ਦਿਨ ਚੜ੍ਹੇ (ਪਹਿਲੇ ਪਹਿਰ) ਦਾ ਹੈ।' •

98150-24920



# ਸ੍ਰੀ ਨਨਕਾਣਾ ਸਾਹਿਬ ਦਾ ਸ਼ਹੀਦੀ ਸਾਕਾ



**ਗੁਰਦੁਆਰਾ ਸਾਹਿਬਾਨ ਨੂੰ ਬਦ-ਇਖ਼ਲਾਕ ਮਹੰਤਾਂ ਪਾਸੋਂ ਮੁਕਤ ਕਰਵਾ ਕੇ ਗੁਰਮਤਿ ਅਨੁਸਾਰ ਪ੍ਰਬੰਧ ਚਲਾਉਣ ਦੇ ਯਤਨ ਨੂੰ ਇਤਿਹਾਸ ਵਿਚ 'ਗੁਰਦੁਆਰਾ ਸੁਧਾਰ ਲਹਿਰ' ਦੇ ਨਾਂ ਨਾਲ ਜਾਣਿਆ ਜਾਂਦਾ ਹੈ...**



ਭਾਈ ਗੋਬਿੰਦ ਸਿੰਘ ਲੌਂਗੋਵਾਲ

ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਉਹ ਮੁਕੱਦਸ ਅਸਥਾਨ ਹੈ, ਜਿਥੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਹੋਇਆ। ਗੁਰੂ ਸਾਹਿਬ ਦੇ ਆਗਮਨ ਸਮੇਂ ਇਹ ਨਗਰ ਰਾਏ ਭੋਇ ਦੀ ਤਲਵੰਡੀ ਕਰਕੇ ਜਾਣਿਆ ਜਾਂਦਾ ਸੀ। ਗੁਰੂ ਸਾਹਿਬ ਦੇ ਪ੍ਰਕਾਸ਼ ਤੋਂ ਬਾਅਦ ਇਸ ਦਾ ਨਾਂ ਸ੍ਰੀ ਨਨਕਾਣਾ ਸਾਹਿਬ ਮਸ਼ਹੂਰ ਹੋਇਆ। ਭਾਰਤ-ਪਾਕਿ ਵੰਡ ਸਮੇਂ ਬੇਸ਼ੱਕ ਇਹ ਅਸਥਾਨ ਪਾਕਿਸਤਾਨ ਵਿਚ ਚਲਾ ਗਿਆ ਪਰ ਸਮੁੱਚੇ ਵਿਸ਼ਵ ਦੀਆਂ ਸੰਗਤਾਂ ਇਸ ਇਤਿਹਾਸਕ ਅਸਥਾਨ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਨਤਮਸਤਕ ਹੁੰਦੀਆਂ ਹਨ।



ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ 20 ਫਰਵਰੀ 1921 ਨੂੰ ਵਾਪਰੇ ਸ਼ਹੀਦੀ ਸਾਕੇ ਨੂੰ 'ਸਾਕਾ ਨਨਕਾਣਾ ਸਾਹਿਬ' ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਇਸ ਸਾਕੇ ਸਮੇਂ ਵੱਡੀ ਗਿਣਤੀ 'ਚ ਸਿੱਖਾਂ ਦੀਆਂ ਸ਼ਹਾਦਤਾਂ ਹੋਈਆਂ। ਸਾਕੇ ਦੇ ਪਿਛੋਕੜ 'ਚ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੇ ਕਾਬਜ ਮਹੰਤ ਨਰੈਣੂ ਦੀਆਂ ਮਨਮਾਨੀਆਂ ਤੇ ਅਯਾਸ਼ ਕਿਸਮ ਦੀਆਂ ਕਾਰਵਾਈਆਂ ਸਨ। ਗੁਰਦੁਆਰਾ ਸਾਹਿਬ ਨੂੰ ਅਯਾਸ਼ ਮਹੰਤ ਦੇ ਕਬਜ਼ੇ ਤੋਂ ਮੁਕਤ ਕਰਵਾਉਣ ਲਈ ਬੇਸ਼ੱਕ ਸਿੱਖਾਂ ਨੂੰ ਅਣਗਿਣਤ ਕੁਰਬਾਨੀਆਂ ਦੇਣੀਆਂ ਪਈਆਂ ਪਰੰਤੂ ਇਸ ਸਾਕੇ ਤੋਂ ਬਾਅਦ ਜਿਥੇ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਪੰਥਕ ਹੱਥਾਂ 'ਚ ਆਇਆ, ਉੱਥੇ ਸਮੁੱਚਾ ਪੰਥ ਕੌਮੀ ਸੰਗਠਨ ਨਾਲ ਗੁਰਦੁਆਰਾ ਸਾਹਿਬਾਨ ਦੀ ਆਜ਼ਾਦੀ ਲਈ ਉੱਠ ਖੜ੍ਹਾ ਹੋਇਆ।

ਗੁਰਦੁਆਰਾ ਸਾਹਿਬਾਨ ਨੂੰ ਅਜਿਹੇ ਬਦ-ਇਖ਼ਲਾਕ ਮਹੰਤਾਂ ਪਾਸੋਂ ਮੁਕਤ ਕਰਵਾ ਕੇ ਗੁਰਮਤਿ ਅਨੁਸਾਰ ਪ੍ਰਬੰਧ ਚਲਾਉਣ ਦੇ ਯਤਨ ਨੂੰ ਇਤਿਹਾਸ ਵਿਚ 'ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ' ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਉਸ ਸਮੇਂ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਉਦਾਸੀ, ਨਿਰਮਲੇ ਸਾਧੂ, ਸੰਪਰਦਾਵਾਂ ਕਰਦੀਆਂ ਸਨ। ਮਹਾਰਾਜਾ ਰਣਜੀਤ ਸਿੰਘ ਨੇ ਗੁਰਦੁਆਰਾ ਸਾਹਿਬਾਨ ਦੇ ਨਾਂ ਜ਼ਮੀਨਾਂ ਤੇ ਜਗੀਰਾਂ ਲਗਵਾਈਆਂ ਤੇ ਗੁਰਦੁਆਰਾ ਸਾਹਿਬਾਨ ਦੀਆਂ ਨਵੀਆਂ ਇਮਾਰਤਾਂ ਤਿਆਰ ਕਰਵਾਈਆਂ। ਪੰਜਾਬ ਉੱਤੇ ਅੰਗਰੇਜ਼ਾਂ ਦੇ ਕਾਬਜ਼ ਹੋਣ ਪਿੱਛੋਂ ਗੁਰਦੁਆਰਿਆਂ ਦੇ ਪ੍ਰਬੰਧ 'ਚ ਵਿਗਾੜ ਆਏ। ਅੰਗਰੇਜ਼ਾਂ ਦੁਆਰਾ ਗੁਰਦੁਆਰਿਆਂ ਦੇ ਪ੍ਰਬੰਧ 'ਚ ਦਖ਼ਲ-ਅੰਦਾਜ਼ੀ ਕੀਤੀ ਜਾਣ ਲੱਗੀ। ਪ੍ਰਬੰਧਕ ਮਨਮਾਨੀਆਂ ਤੇ ਗੁਰਮਤਿ ਵਿਰੋਧੀ ਕਾਰਵਾਈਆਂ ਕਰਨ ਲੱਗੇ। ਇਸ ਨਾਲ ਸਿੱਖਾਂ 'ਚ ਰੋਸ ਤੇ ਰੋਹ ਪੈਦਾ ਹੋ ਗਿਆ ਤੇ ਇਸੇ ਰੋਸ ਨੇ 'ਗੁਰਦੁਆਰਾ ਸੁਧਾਰ ਲਹਿਰ' ਨੂੰ ਜਨਮ ਦਿੱਤਾ। ਇਸ ਲਹਿਰ ਦੌਰਾਨ ਸਿੱਖਾਂ ਵਲੋਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ 'ਚ ਸੁਧਾਰ ਹਿਤ ਗੁਰਦੁਆਰਾ ਸਾਹਿਬ 'ਤੇ ਮਹੰਤਾਂ ਦੇ ਕਬਜੇ ਨੂੰ ਹਟਾਉਣ ਲਈ ਸ਼ਾਂਤਮਈ ਰੋਸ ਪ੍ਰਗਟ ਕਰਨ ਲਈ ਇਕੱਠ ਹੋਏ।

ਸ੍ਰੀ ਨਨਕਾਣਾ ਸਾਹਿਬ 'ਤੇ ਕਾਬਜ਼ ਮਹੰਤ ਨਰਾਇਣ ਦਾਸ ਗੁਰਮਤਿ ਵਿਰੋਧੀ ਕਾਰਵਾਈਆਂ ਕਾਰਨ ਬਦਨਾਮ ਸੀ। ਉਸ ਨੇ ਗੁਰਮਤਿ ਦੇ ਉਲਟ ਨਾਚ ਕਰਵਾਏ, ਜਿਸ ਦਾ ਸੰਗਤਾਂ ਨੇ ਬੁਰਾ ਮਨਾਇਆ। ਅਖ਼ਬਾਰਾਂ ਵਿਚ ਵੀ ਖ਼ਬਰਾਂ ਛਪੀਆਂ ਤੇ ਸਿੰਘ ਸਭਾਵਾਂ ਨੇ ਰੋਸ ਮਤੇ ਪਾਸ ਕੀਤੇ ਤੇ ਸਰਕਾਰ ਪਾਸੋਂ ਮਹੰਤ ਨੂੰ ਹਟਾਉਣ ਦੀ ਮੰਗ ਕੀਤੀ। 1918 ਵਿਚ ਸਿੰਧ ਦਾ ਰਹਿਣ ਵਾਲਾ ਇਕ ਰਿਟਾਇਰ ਅਫਸਰ ਨਨਕਾਣਾ ਸਾਹਿਬ ਦੇ ਦਰਸ਼ਨਾਂ ਲਈ ਪਰਿਵਾਰ ਸਮੇਤ ਆਇਆ। ਮਹੰਤ ਨੇ ਉਸ ਦੇ ਪਰਿਵਾਰ ਨਾਲ ਦੁਰਵਿਹਾਰ ਕੀਤਾ। ਪੁਜਾਰੀਆਂ ਦੀਆਂ ਹਰਕਤਾਂ ਤੋਂ ਲੋਕ ਤੰਗ ਆ ਚੁੱਕੇ ਸਨ। ਅਕਤੂਬਰ 1920 'ਚ ਜ਼ਿਲ੍ਹਾ ਸ਼ੇਖ਼ੂਪੁਰਾ ਦੇ ਪਿੰਡ ਧਾਰੋਵਾਲੀ ਵਿਖੇ ਇਕ ਦੀਵਾਨ ਵਿਚ ਸੰਗਤਾਂ ਦੇ ਇਕੱਠ 'ਚ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ 'ਚ ਸੁਧਾਰ ਲਈ ਮਤਾ ਪਾਸ ਕੀਤਾ, ਜਿਸ ਦੀ ਜਾਣਕਾਰੀ ਮਹੰਤ ਨੂੰ ਵੀ ਪਹੁੰਚ ਗਈ। ਉਸ ਨੇ ਚਾਰ-ਪੰਜ ਸੌ ਭਾੜੇ ਦੇ ਆਦਮੀ ਆਪਣੀ ਰਾਖੀ ਲਈ ਸੱਦ ਲਏ।

1920 ਨੂੰ ਕੱਤਕ ਦੀ ਪੂਰਨਮਾਸ਼ੀ ਦੇ ਮੇਲੇ 'ਤੇ ਮਹੰਤ ਨਰਾਇਣ ਦਾਸ ਨੇ ਚਾਰ-ਪੰਜ ਸੌ ਆਦਮੀਆਂ ਦਾ ਮੁਜ਼ਾਹਰਾ ਕੀਤਾ। ਸੰਗਤਾਂ ਵਿੱਚੋਂ ਜਿਸ ਉੱਪਰ ਵੀ ਅਕਾਲੀ ਹੋਣ ਦਾ ਸ਼ੱਕ ਪਿਆ, ਉਸ ਨੂੰ ਅੰਦਰ ਜਾਣ ਤੋਂ ਰੋਕ ਦਿੱਤਾ ਗਿਆ। ਇਸ ਪਿੱਛੋਂ 23 ਜਨਵਰੀ ਤੇ 6 ਫਰਵਰੀ 1921 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਸ ਬਾਰੇ ਵਿਚਾਰਾਂ ਹੋਈਆਂ। ਉਸ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸੁੰਦਰ ਸਿੰਘ ਰਾਮਗੜ੍ਹੀਆ ਤੇ ਮੀਤ ਪ੍ਰਧਾਨ ਹਰਬੰਸ ਸਿੰਘ ਵੱਲੋਂ ਕਮੇਟੀ ਦੀ ਰਾਏ ਅਨੁਸਾਰ ਮਹੰਤ ਦੇ ਆਚਰਣ ਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧ 'ਚ ਸੁਧਾਰ ਲਈ ਮਹੰਤ ਨਰਾਇਣ ਦਾਸ ਦੇ ਨਾਂ ਖੁੱਲ੍ਹੀ ਚਿੱਠੀ ਲਿਖੀ ਗਈ। ਨਾਲ ਹੀ ਸ੍ਰੀ ਨਨਕਾਣਾ ਸਾਹਿਬ ਵਿਖੇ ਦੀਵਾਨ ਤੇ ਲੰਗਰ ਦੇ ਪ੍ਰਬੰਧ ਲਈ ਭਾਈ ਲਛਮਣ ਸਿੰਘ, ਸ. ਦਲੀਪ ਸਿੰਘ, ਸ. ਤੇਜਾ ਸਿੰਘ ਸਮੁੰਦਰੀ, ਸ. ਕਰਤਾਰ ਸਿੰਘ ਝੱਬਰ ਤੇ ਸ. ਬਖ਼ਸ਼ੀਸ਼ ਸਿੰਘ 'ਤੇ ਅਧਾਰਿਤ ਕਮੇਟੀ ਬਣਾ ਦਿੱਤੀ ਗਈ। ਹੋਰ ਪ੍ਰਮੁੱਖ ਸਿੱਖ ਵੀ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ ਸਬੰਧੀ ਸੰਗਤਾਂ ਨੂੰ ਜਾਗਰੂਕ ਕਰਦੇ ਰਹੇ। ਦੂਜੇ ਪਾਸੇ ਮਹੰਤ ਨਰਾਇਣ ਦਾਸ ਨੇ 7 ਫਰਵਰੀ ਨੂੰ ਆਪਣੇ ਹਮਾਇਤੀਆਂ ਦੀ ਇਕੱਤਰਤਾ ਬੁਲਾਈ।

ਸੰਗਤਾਂ ਨੇ ਮਹੰਤ ਦੀਆਂ ਘਟੀਆ ਕਾਰਵਾਈਆਂ ਰੋਕਣ ਲਈ 19 ਫਰਵਰੀ ਨੂੰ ਨਨਕਾਣਾ ਸਾਹਿਬ ਪਹੁੰਚਣ ਦਾ ਫ਼ੈਸਲਾ ਲਿਆ। ਸੰਗਤਾਂ ਦੇ ਮੁਖੀਆਂ ਨੇ ਅਕਾਲੀ ਅਖ਼ਬਾਰ ਦੇ ਦਫ਼ਤਰ 'ਚ ਫ਼ੈਸਲਾ ਕੀਤਾ ਕਿ ਕੋਈ ਪੱਕੀ ਤਰੀਕ ਨਿਸ਼ਚਿਤ ਕੀਤੇ ਬਿਨਾਂ ਕੋਈ ਜਥਾ ਨਨਕਾਣਾ ਸਾਹਿਬ ਨਾ ਜਾਵੇ ਪਰ ਭਾਈ ਲਛਮਣ ਸਿੰਘ ਧਾਰੋਵਾਲੀ ਤੇ ਭਾਈ ਕਰਤਾਰ ਸਿੰਘ ਝੱਬਰ ਆਪਣੇ ਜਥੇ ਲੈ ਕੇ ਨਨਕਾਣਾ ਸਾਹਿਬ ਪੁੱਜਣਾ ਚਾਹੁੰਦੇ ਸਨ। ਦੋਵਾਂ ਜਥਿਆਂ ਨੂੰ ਰੋਕਣ ਦਾ ਯਤਨ ਕੀਤਾ। ਭਾਈ ਕਰਤਾਰ ਸਿੰਘ ਝੱਬਰ ਦਾ ਜਥਾ ਰੋਕ ਲਿਆ ਗਿਆ ਪਰ ਭਾਈ ਲਛਮਣ ਸਿੰਘ ਦਾ ਜਥਾ ਨਾ ਰੁਕਿਆ। ਇਹ ਜਥਾ 20 ਫਰਵਰੀ ਨੂੰ ਨਨਕਾਣਾ ਸਾਹਿਬ ਪਹੁੰਚ ਗਿਆ। ਮਹੰਤ ਨਰਾਇਣ ਦਾਸ ਨੇ ਸਿੰਘਾਂ ਉੱਪਰ ਹਮਲੇ ਦੀ ਤਿਆਰੀ ਕੀਤੀ ਹੋਈ ਸੀ। ਜਦੋਂ ਇਹ ਜਥਾ ਗੁਰਦੁਆਰਾ ਸਾਹਿਬ ਵਿਚ ਦਾਖ਼ਲ ਹੋਇਆ ਤਾਂ ਮਹੰਤ ਨੇ ਬਾਹਰਲੇ ਦਰਵਾਜ਼ੇ ਬੰਦ ਕਰਵਾ ਦਿੱਤੇ ਤੇ ਭਾੜੇ ਦੇ ਗੁੰਡਿਆਂ ਨੇ ਸਿੰਘਾਂ 'ਤੇ ਹਮਲਾ ਕਰ ਦਿੱਤਾ, ਛੱਤ ਉੱਪਰੋਂ ਗੋਲੀਆਂ ਚਲਾਈਆਂ ਗਈਆਂ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਬੈਠੇ ਸਿੰਘ ਨੂੰ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੀੜ ਵਿਚ ਕਈ ਗੋਲੀਆਂ ਲੱਗੀਆਂ। ਜ਼ਖ਼ਮੀ ਸਿੰਘਾਂ ਨੂੰ ਤੇਲ ਪਾ ਕੇ ਸਾੜਿਆ ਗਿਆ। ਇਸ ਖ਼ੂਨੀ ਸਾਕੇ ਸਬੰਧੀ ਸਰਦਾਰ ਉਤਮ ਸਿੰਘ ਕਾਰਖ਼ਾਨੇ ਵਾਲਿਆਂ ਨੇ ਪੰਥਕ ਜਥੇਬੰਦੀ ਤੇ ਸਰਕਾਰੀ ਅਫਸਰਾਂ ਨੂੰ ਤਾਰਾਂ ਭੇਜੀਆਂ। 21 ਫਰਵਰੀ 1921 ਨੂੰ ਸਿੱਖ ਮੁਖੀ ਤੇ ਅਣਗਿਣਤ ਸੰਗਤਾਂ ਨਨਕਾਣਾ ਸਾਹਿਬ ਪੁੱਜੀਆਂ। ਉਸੇ ਦਿਨ ਸ਼ਾਮ ਨੂੰ ਸ੍ਰੀ ਨਨਕਾਣਾ ਸਾਹਿਬ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੱਥਾਂ ਵਿਚ ਆ ਗਿਆ। 22 ਫਰਵਰੀ ਦੀ ਸ਼ਾਮ ਨੂੰ ਸ਼ਹੀਦ ਸਿੰਘਾਂ ਦਾ ਅੰਤਮ ਸੰਸਕਾਰ ਕੀਤਾ ਗਿਆ।

ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਨੇ ਸਿੱਖ ਜਗਤ 'ਚ ਰੋਹ ਪੈਦਾ ਕਰ ਦਿੱਤਾ। ਸੰਗਤਾਂ ਨੇ ਸਮੂੰਹ ਗੁਰਦੁਆਰਾ ਸਾਹਿਬਾਨ ਨੂੰ ਪੰਥਕ ਪ੍ਰਬੰਧ ਹੇਠ ਲਿਆਉਣ ਲਈ ਕਮਰਕੱਸੇ ਕਰ ਲਏ। ਇਸ ਲਹਿਰ ਨੇ ਗੁਰਦੁਆਰਾ ਪ੍ਰਬੰਧਾਂ 'ਚ ਗੁਰਮਤਿ ਮਰਿਆਦਾ ਦੀ ਇਕਸੁਰਤਾ ਦਾ ਮੁੱਢ ਬੰਨ੍ਹਿਆ। ਇਹ ਵੀ ਦੱਸਣਾ ਚਾਹੁੰਦਾ ਹਾਂ ਕਿ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਤੋਂ ਬਾਅਦ ਸਿੱਖ ਕੌਮ ਨੇ ਪ੍ਰਚਾਰ ਲਹਿਰ ਵਿੱਢਣ ਦਾ ਫ਼ੈਸਲਾ ਲਿਆ, ਜਿਸ ਤਹਿਤ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਹੋਂਦ 'ਚ ਆਇਆ। 1927 'ਚ ਸਥਾਪਿਤ ਹੋਈ ਇਸ ਸੰਸਥਾ ਨੇ ਕੌਮ ਨੂੰ ਅਨੇਕਾਂ ਪ੍ਰਚਾਰਕ, ਰਾਗੀ ਤੇ ਤਬਲਾ ਵਾਦਕ ਦਿੱਤੇ। ਅੱਜ ਵੀ ਇਹ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਸ੍ਰੀ ਅੰਮ੍ਰਿਤਸਰ ਵਿਖੇ ਚੱਲ ਰਹੀ ਹੈ ਤੇ ਹਰ ਸਾਲ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਸਮਾਗਮ ਕੀਤਾ ਜਾਂਦਾ ਹੈ। ਇਸ ਵਾਰ 20 ਤੇ 21 ਫਰਵਰੀ ਨੂੰ ਇਥੇ ਦੋ ਰੋਜ਼ਾ ਸੈਮੀਨਾਰ ਕਰਵਾਇਆ ਜਾ ਰਿਹਾ ਹੈ, ਜਿਸ ਵਿਚ ਕੌਮ ਦੇ ਮਹਾਨ ਵਿਦਵਾਨ ਖੋਜ ਭਰਪੂਰ ਪਰਚੇ ਪੜ੍ਹਨਗੇ। •

# ਸੰਤ ਗੁਰਬਖ਼ਸ਼ ਸਿੰਘ ਡੰਨਾ

ਡਾ. ਜਸਬੀਰ ਸਿੰਘ ਸਰਨਾ

ਬਹੁਪੱਖੀ ਸ਼ਖ਼ਸੀਅਤ ਦੇ ਮਾਲਕ ਸੰਤ ਗੁਰਬਖ਼ਸ਼ ਸਿੰਘ ਦੇ ਜੀਵਨ ਦੇ ਅਨੇਕਾਂ ਰੰਗ ਉਨ੍ਹਾਂ ਦੀ ਮੁਸਕਰਾਹਟ ਵਾਂਗ ਦ੍ਰਿਸ਼ਟੀਗੋਚਰ ਹੋਏ ਹਨ। ਉਨ੍ਹਾਂ ਦੇ ਨਿਮਰ ਬੋਲ, ਉੱਚ ਆਚਰਣ, ਦੂਰ ਦ੍ਰਿਸ਼ਟੀ, ਦ੍ਰਿੜ ਸੰਕਲਪ ਤੇ ਸੁਚੱਜੀ ਸੋਧ ਹਮੇਸ਼ਾ ਪੰਥਕ ਸਫ਼ਾਂ 'ਚ ਸੈਨਤਾਂ ਮਾਰਦੀ ਰਹੇਗੀ। 1920 ਵਿਚ ਜਨਮੇ ਸੰਤ ਗੁਰਬਖ਼ਸ਼ ਸਿੰਘ ਨੇ ਪੰਜਾਬੀ ਵਿੱਦਿਆ ਭਾਈ ਕਿਰਪਾਲ ਸਿੰਘ ਤੋਂ ਹਾਸਲ ਕੀਤੀ ਤੇ ਬਾਅਦ 'ਚ ਡੰਨਾ ਸਕੂਲ, ਗੁਰੂ ਨਾਨਕ ਆਸ਼ਰਮ ਚੱਕਾਰ ਵਿਚ ਵਿੱਦਿਆ ਪ੍ਰਾਪਤ ਕੀਤੀ। ਉਹ 8ਵੀਂ ਜਮਾਤ 'ਚ ਪੜ੍ਹਦੇ ਸਨ ਕਿ ਪਿਤਾ ਸ. ਗੁਰਦਿੱਤ ਸਿੰਘ ਗੁਰਪੁਰੀ ਸਿਧਾਰ ਗਏ। ਸੰਤ ਜੀ ਦਾ ਆਨੰਦ ਵਿਆਹ ਸ. ਰਵੇਲ ਸਿੰਘ ਦੀ ਸਪੁੱਤਰੀ ਰਤਨ ਕੌਰ ਨਾਲ ਹੋਇਆ।



ਜੰਮੂ ਕਸ਼ਮੀਰ ਵਿਚ ਪੁਰਾਤਨ ਸਮੇਂ ਤੋਂ ਸਿੱਖੀ ਦੇ ਪ੍ਰਚਾਰ ਲਈ ਕਈ ਡੇਰੇ/ਟਕਸਾਲਾਂ ਯਤਨਸ਼ੀਲ ਰਹੀਆਂ ਹਨ, ਜਿਨ੍ਹਾਂ ਵਿੱਚੋਂ ਸੰਤਪੁਰਾ ਡੰਨਾਂ ਦਾ ਵਿਸ਼ੇਸ਼ ਯੋਗਦਾਨ ਹੈ। ਖ਼ਾਲਸਾ ਪੰਥ ਦੀ ਵ੍ਰਿਧੀ ਲਈ ਗੁਰੂ ਗੋਬਿੰਦ ਸਿੰਘ ਜੀ ਨੇ ਕਸ਼ਮੀਰ ਲਈ ਭਾਈ ਅਮੋਲਕ ਸਿੰਘ, ਭਾਈ ਫੇਰੂ ਸਿੰਘ ਤੇ ਪੰਜਾਬ ਸਿੰਘ ਵਰਗੇ ਖ਼ਾਸ ਸੇਵਕਾਂ ਨੂੰ ਇਸ ਖਿੱਤੇ ਵੱਲ ਰਵਾਨਾ ਕੀਤਾ। ਜੰਮੂ ਤੇ ਬਸੌਲੀ ਨੂੰ ਪਹਿਲਾਂ ਹੀ ਕਲਗੀਧਰ ਪਿਤਾ ਨੇ ਫ਼ੈਜ਼ਯਾਬ ਕੀਤਾ ਸੀ।

ਸੰਤ ਗੁਰਬਖ਼ਸ਼ ਸਿੰਘ ਨੂੰ ਡੇਰੇ ਦੀ ਸੇਵਾ ਸੰਭਾਲਦਿਆਂ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ। ਇਲਾਕੇ ਦੇ ਕੇਂਦਰ 'ਚ ਹੋਣ ਕਾਰਨ ਇਹ ਡੇਰਾ ਸਿੱਖ ਸਰਗਰਮੀਆਂ ਦਾ ਕੇਂਦਰ ਰਿਹਾ। ਰਿਆਸਤ ਵਿਚ 'ਖ਼ਾਲਸਾ ਦਰਬਾਰ' ਜਥੇਬੰਦੀ ਕਾਇਮ ਹੋ ਚੁੱਕੀ ਸੀ, ਜੋ ਸਿੱਖਾਂ ਦੇ ਧਾਰਮਿਕ, ਸਿਆਸੀ, ਸਮਾਜਿਕ ਮਾਮਲਿਆਂ ਦੀ ਰਹਿਨੁਮਾਈ ਕਰਦੀ ਸੀ। ਸੰਤ ਜੀ 1942 'ਚ ਜਥੇਬੰਦੀ ਨਾਲ ਜੁੜੇ ਤੇ ਸਰਗਰਮ ਭੂਮਿਕਾ ਨਿਭਾਉਂਦੇ ਰਹੇ। ਅਕਾਲੀ ਕੌਰ ਸਿੰਘ ਵੱਲੋਂ ਗੁਰੂ ਨਾਨਕ ਆਸ਼ਰਮ ਚੱਕਾਰ ਸਕੂਲ ਦੀ ਕਮੇਟੀ ਦਾ ਪ੍ਰਧਾਨ ਵੀ ਸੰਤ ਗੁਰਬਖ਼ਸ਼ ਸਿੰਘ ਨੂੰ ਥਾਪਿਆ ਗਿਆ। 'ਤਾਰੀਖ਼ ਅਕਵਾਮ ਪੁਣਛ' (ਉਰਦੂ) ਦੇ ਕਰਤਾ ਨੇ ਲਿਖਿਆ ਹੈ, 'ਗੁਰੂ ਗੋਬਿੰਦ ਸਿੰਘ ਜੀ ਕੇ ਅਰਸ਼ਾਦ ਮੁਤਾਬਿਕ ਤੀਨ ਪ੍ਰਚਾਰਕ ਕਸ਼ਮੀਰ ਔਰ ਪੁਣਛ ਮੇਂ ਆਏ ਥੇ। ਉਨ ਮੇਂ ਸੇ ਭਾਈ ਫੇਰੂ ਸਿੰਘ ਨੇ ਜ਼ਿਲ੍ਹਾ ਹਜ਼ਾਰਾ ਔਰ ਮੁਜ਼ੱਫਰਾਬਾਦ ਮੇਂ ਪ੍ਰਚਾਰ ਜਾਰੀ ਕਰ ਕੇ ਭਾਈ ਪੰਜਾਬ ਸਿੰਘ ਕੋ ਅਪਨਾ ਜਾਨਸ਼ੀਨ ਮੁਕੱਰਰ ਕੀਆ। ਜਿਨ੍ਹੋਂ ਨੇ ਮੌਜ਼ਾ ਛੱਤਰ ਕਲਾਸ ਮੇਂ ਗੱਦੀ ਕਾਇਮ ਕੀ ਔਰ ਅਪਨਾ ਜਾਨਸ਼ੀਨ ਭਾਈ ਰੋਚਾ ਸਿੰਘ ਕੋ ਮੁਕਰੱਰ ਕੀਆ।'

ਡੇਰਾ ਸੰਤਪੁਰਾ ਡੰਨਾ ਨੇ ਵੀ ਹੋਰ ਡੇਰਿਆਂ ਵਾਂਗ ਅਤਿਅੰਤ ਫ਼ਸਵੀਆਂ ਚੁਣੌਤੀਆਂ ਨੂੰ ਖਿੜੇ ਮੱਥੇ ਪ੍ਰਵਾਨ ਕੀਤਾ। ਅਜਿਹੀਆਂ ਕਠਿਨਾਈਆਂ ਦੇ ਬਾਵਜੂਦ ਸਿੱਖੀ ਨੂੰ ਘਰ-ਘਰ ਪਹੁੰਚਾਉਣ ਲਈ ਸਰਗਰਮੀ ਨਾਲ ਭੂਮਿਕਾ ਨਿਭਾਉਂਦੇ ਰਹੇ। ਡੇਰਾ ਡੰਨਾ ਦੀ ਸਥਾਪਨਾ ਸੰਤ ਪੰਜਾਬ ਸਿੰਘ ਦੇ ਇਕ ਸੇਵਕ ਭਾਈ ਦਇਆ ਸਿੰਘ ਨੇ ਪਿੰਡ ਡੰਨਾ ਵਿਖੇ ਇਕ ਗੁਰਦੁਆਰੇ ਦੇ ਰੂਪ 'ਚ ਕੀਤੀ। ਭਾਈ ਦਇਆ ਸਿੰਘ ਤੋਂ ਬਾਅਦ ਕ੍ਰਮਵਾਰ ਭਾਈ ਗੁਰਮੁਖ ਸਿੰਘ, ਭਾਈ ਤਾਰਾ ਸਿੰਘ, ਭਾਈ ਖ਼ੁਸ਼ਹਾਲ ਸਿੰਘ, ਭਾਈ ਗੁਰਦਿੱਤ ਸਿੰਘ, ਸੰਤ ਗੁਰਬਖ਼ਸ਼ ਸਿੰਘ ਤੇ ਅਜੋਕੇ ਮੁਖੀ ਸੰਤ ਤੇਜਵੰਤ ਸਿੰਘ ਨੇ ਇਸ ਦੀ ਸੇਵਾ ਸੰਭਾਲੀ।

ਸੰਤ ਗੁਰਬਖ਼ਸ਼ ਸਿੰਘ ਨੇ 1947 ਦੇ ਘੱਲੂਘਾਰੇ ਵਿਚ ਚੱਕਾਰ, ਪੱਧਰ, ਸਾਇਆਂ ਆਦਿ 'ਚ ਵਸਦੇ ਸਿੱਖਾਂ ਦੀ ਅਗਵਾਈ ਕੀਤੀ। ਉੱਜੜੇ ਸਿੱਖਾਂ ਦੇ ਮੁੜ-ਵਸੇਬੇ ਲਈ ਸਰਗਰਮੀ ਨਾਲ ਅਗਵਾਈ ਕੀਤੀ। 1947 ਤੋਂ ਬਾਅਦ ਮੜ੍ਹ ਬਾਗ਼ (ਜੰਮੂ) ਵਿਖੇ ਨਵਾਂ ਡੇਰਾ ਸਥਾਪਿਤ ਕੀਤਾ। ਬਾਅਦ ਵਿਚ ਗੁਰੂ ਨਾਨਕ ਨਗਰ ਵਿਚ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ, ਲੰਗਰ ਆਦਿ ਦੀਆਂ ਇਮਾਰਤਾਂ ਦੀ ਉਸਾਰੀ ਕੀਤੀ।

'ਸੰਘਰਸ਼ੀ ਸੰਤ ਡੰਨਾ' ਦੇ ਲੇਖਕ ਨੇ ਲਿਖਿਆ ਹੈ, "ਸੰਤ ਗੁਰਬਖ਼ਸ਼ ਸਿੰਘ ਜੀ ਲੇਖਕ ਸਨ, ਕੀਰਤਨੀਏ ਸਨ, ਗਤਕਾਬਾਜ਼ ਸਨ, ਸ਼ਮਸ਼ੀਰ ਦੇ ਧਨੀ ਸਨ। ਪੱਕੇ ਨਿਸ਼ਾਨਚੀ ਸਨ, ਚੰਗੇ ਸਲਾਹਕਾਰ ਹਨ, ਧਰਮ ਪ੍ਰਚਾਰਕ ਹਨ, ਨਿਤਨੇਮੀ ਹਨ, ਅੰਮ੍ਰਿਤਧਾਰੀ ਹਨ ਤੇ ਸਮਾਜ ਦੇ ਹਰ ਖੇਤਰ ਅੰਦਰ ਸਤਿਕਾਰ ਦੇ ਪਾਤਰ ਹਨ।"

ਸੰਤ ਗੁਰਬਖ਼ਸ਼ ਸਿੰਘ ਜੀ ਖ਼ੁਦਗਰਜ਼ੀ, ਲਾਲਚ, ਈਰਖਾ ਤੇ ਮੌਕਾਪ੍ਰਸਤੀ ਤੋਂ ਕੋਹਾਂ ਦੂਰ ਸਨ। ਸੰਤ ਜੀ ਦੇ ਅਕਾਲ ਚਲਾਣੇ ਤੋਂ ਬਾਅਦ 20 ਫਰਵਰੀ 2012 ਨੂੰ ਡੇਰਾ ਸੰਤਪੁਰਾ ਡੰਨਾ, ਜੰਮੂ ਵਿਖੇ ਗੁਰਮਤਿ ਸਮਾਗਮ 'ਚ ਸੰਤ ਤੇਜਵੰਤ ਸਿੰਘ ਨੂੰ ਡੇਰੇ ਦੀ ਸੇਵਾ ਸੌਂਪੀ ਗਈ। ਸੰਤ ਤੇਜਵੰਤ ਸਿੰਘ ਗੁਰਮਤਿ ਵਿੱਦਿਆ 'ਚ ਪ੍ਰਬੀਨ ਹਨ। ਉਹ ਅਕਾਲ ਅਕੈਡਮੀ ਬੜੂ ਸਾਹਿਬ ਦੇ ਵਿਦਿਆਰਥੀ ਰਹੇ ਹਨ। ਅਕਾਲ ਪੁਰਖ ਦੀ ਬਖ਼ਸ਼ਿਸ਼ ਦੁਆਰਾ ਗੁਰਦੁਆਰਾ ਗੁਰੂ ਅਰਜਨ ਦੇਵ ਜੀ ਮੜ੍ਹ ਬਾਗ਼ ਅਤੇ ਸੰਤ ਗੁਰਬਖ਼ਸ਼ ਸਿੰਘ ਡੰਨਾ ਇੰਟਰਨੈਸ਼ਨਲ ਸਕੂਲ ਸਥਾਪਿਤ ਕੀਤਾ ਗਿਆ ਹੈ। ਚੇਤ ਦਾ ਗੁਰਮਤਿ ਸਮਾਗਮ, ਗੁਰੂ ਨਾਨਕ ਨਗਰ ਜੰਮੂ 'ਚ ਹਰ ਸਾਲ ਹੁੰਦਾ ਹੈ। 21ਵੀਂ ਸਦੀ ਵਿਚ ਅਜਿਹੇ ਡੇਰੇ ਦੀ ਜ਼ਿੰਮੇਵਾਰੀ ਹੋਰ ਵੀ ਵਧ ਜਾਂਦੀ ਹੈ। •

99065-66604

# ਕੱਚੇ ਧਾਗਿਆਂ ਦੇ ਸੁੱਚੇ ਬੋਲ

ਤਲਵਿੰਦਰ ਸ਼ਾਸਤਰੀ ਨਾਰੀਕੇ

ਤੁਸੀਂ ਮੈਨੂੰ ਕਿਸੇ ਵੀ ਨਾਂ ਨਾਲ ਸੰਬੋਧਨ ਕਰ ਸਕਦੇ ਹੋ, ਬੇਸ਼ੱਕ ਮੈਨੂੰ ਚਰਖ਼ੇ 'ਤੇ ਕੱਤੀ ਹੋਈ ਪੂਣੀ ਦਾ ਧਾਗਾ ਕਹੋ ਜਾਂ ਗਲੋਟੇ ਦਾ ਧਾਗਾ,।ਮੈਨੂੰ ਇਹ ਦੱਸਦਿਆਂ ਡਾਢੀ ਖ਼ੁਸ਼ੀ ਹੈ ਕਿ ਮੇਰਾ ਤੇ ਮਨੁੱਖ ਦਾ ਸਦੀਆਂ ਤੋਂ ਗੂੜ੍ਹਾ ਰਿਸ਼ਤਾ ਰਿਹਾ ਹੈ। ਮੈਨੂੰ ਇਸ ਗੱਲ ਦਾ ਸੁਭਾਗ ਵੀ ਪ੍ਰਾਪਤ ਹੈ ਕਿ ਮੈਂ ਮਨੁੱਖ ਜਾਤੀ ਦਾ ਅੰਗ ਵੀ ਢਕਿਆ ਹੈ। ਇਹ ਕਹਿਣ ਵਿਚ ਵੀ ਮੈਨੂੰ ਕੋਈ ਝਿਜਕ ਨਹੀਂ ਹੈ ਕਿ ਆਪਣੇ ਜਨਮ ਤੋਂ ਹੀ ਮੈਨੂੰ ਪਰਮੇਸ਼ਵਰ 'ਤੇ ਇਕ ਗਿਲਾ ਵੀ ਰਿਹਾ ਹੈ ਕਿ ਉਸ ਨੇ ਮੈਨੂੰ ਏਨਾਂ ਨਾਜ਼ੁਕ ਕਿਉਂ ਬਣਾਇਆ ਹੈ? ਇਸ ਕਾਰਨ ਅਕਸਰ ਦੁਨੀਆ ਵਾਲੇ ਮੈਨੂੰ 'ਕੱਚਾ-ਕੱਚਾ' ਕਹਿ ਕੇ ਮੇਰੇ 'ਤੇ ਤਾਅਨੇ ਕੱਸਦੇ ਹਨ। ਜਦ-ਜਦ ਆਪਣੇ ਜੀਵਨ ਵੱਲ ਵੇਖਦਾ ਹਾਂ ਤਾਂ ਮੈਂ ਨਿਰਾਸ਼ ਹੋ ਜਾਂਦਾ ਹਾਂ।

ਅਜੋਕੀ ਦੁਨੀਆ ਦੇ ਤੌਰ-ਤਰੀਕਿਆਂ ਨੂੰ ਵੇਖ ਕੇ ਤਾਂ ਮੈਨੂੰ ਆਪਣੇ 'ਤੇ ਮਾਣ ਮਹਿਸੂਸ ਹੁੰਦਾ ਹੈ। ਮੈਂ ਇਹ ਦਾਅਵਾ ਕਰ ਸਕਦਾ ਹਾਂ ਕਿ ਦੁਨੀਆ ਵਿਚ ਮੈਂ ਹੀ ਏਨਾ ਕੱਚਾ ਨਹੀਂ। ਮੇਰੇ ਨਾਲੋਂ ਲੱਖਾਂ ਗੁਣਾਂ ਕੱਚੇ ਹਨ-ਮਨੁੱਖੀ ਜ਼ਿੰਦਗੀ ਦੇ ਰਿਸ਼ਤਿਆਂ ਦੇ ਧਾਗੇ। ਇਸ ਤੋਂ ਇਲਾਵਾ ਮੇਰੀ ਵਿਸ਼ੇਸ਼ਤਾ ਇਹ ਵੀ ਹੈ ਕਿ ਕਦੇ ਵੀ ਕਿਸੇ ਨੇ ਮੇਰੇ ਵਿਚ ਕੋਈ ਗੰਢ ਪਈ ਹੋਈ ਨਹੀਂ ਵੇਖੀ। ਦੂਜੇ ਪਾਸੇ ਦੁਨੀਆ ਵਿਚ ਉਹ ਕਿਹੜਾ ਮਨੁੱਖ ਹੈ, ਜਿਸ ਦੇ ਦਿਲ ਦੇ ਧਾਗਿਆਂ ਵਿਚ ਸਵਾਰਥ, ਨਫ਼ਰਤ, ਹਉਮੈ ਤੇ ਕਪਟ ਦੀਆਂ ਗੰਢਾਂ ਨਾ ਪਈਆਂ ਹੋਣ। ਇਹ ਇਕ ਸੱਚਾ ਵਰਤਾਰਾ ਹੈ, ਮਨੁੱਖੀ ਜ਼ਿੰਦਗੀ ਵਿਚ ਲਹੂ ਦੇ ਰਿਸ਼ਤਿਆਂ ਦੇ ਧਾਗਿਆਂ ਵਿਚ ਵੀ ਗੰਢਾਂ ਪੈਂਦਿਆਂ ਦੇਰ ਨਹੀਂ ਲੱਗਦੀ। ਪਲਾਂ ਵਿਚ ਉਲਝ ਜਾਂਦੇ ਹਨ ਦੁਨਿਆਵੀ ਰਿਸ਼ਤਿਆਂ ਦੇ ਧਾਗੇ। ਮੈਂ ਵੇਖਿਆ ਹੈ ਕਿ ਕਈ ਵਾਰ ਉਲਝੇ ਹੋਏ ਰਿਸ਼ਤਿਆਂ ਦੇ ਧਾਗੇ ਹੱਸਦੇ-ਵੱਸਦੇ ਸਾਂਝੇ ਘਰਾਂ 'ਚ ਕੰਧਾਂ ਕਰਵਾ ਦਿੰਦੇ ਹਨ। ਇਨ੍ਹਾਂ ਕਰਕੇ ਤਾਂ ਰੋਟੀ-ਬੇਟੀ ਦੀਆਂ ਸਾਂਝਾਂ ਵੀ ਮੁੱਕ ਜਾਂਦੀਆਂ ਹਨ, ਨਹੁੰਆਂ ਨਾਲੋਂ ਮਾਸ ਜੁਦਾ ਹੋ ਜਾਂਦਾ ਹੈ,।ਲਹੂ ਦਾ ਰੰਗ ਚਿੱਟਾ ਹੋ ਜਾਂਦਾ ਹੈ, ਬੁੱਢੇ ਮਾਪੇ ਜ਼ਿੰਦਗੀ ਦਾ ਆਖ਼ਰੀ ਸਫ਼ਰ ਬਿਰਧ ਆਸ਼ਰਮਾਂ 'ਚ ਲੰਘਾਉਣ ਲਈ ਬੇਬੱਸ ਹੋ ਜਾਂਦੇ ਹਨ। ਹੱਦ ਤਾਂ ਉਦੋਂ ਹੁੰਦੀ ਹੈ ਜਦੋਂ ਮਨੁੱਖੀ ਸਰੋਕਾਰਾਂ ਦੇ ਕੱਚਿਆਂ ਤੋਂ ਵੀ ਕੱਚੇ ਧਾਗੇ, ਇੱਕੋ ਕੁੱਖੋਂ ਜੰਮਿਆਂ ਨੂੰ ਆਪਣੇ ਹੱਥੀਂ ਕਤਲ ਕਰ-ਕਰਵਾ ਦਿੰਦੇ ਹਨ। ਕੱਚਾ ਧਾਗਾ ਹੋਣ ਦੇ ਨਾਤੇ ਮੇਰੀ ਇੱਕੋ ਦਿਲੀ ਤਮੰਨਾ ਤੇ ਦੁਨੀਆ ਨੂੰ ਖੁੱਲ੍ਹੀ ਚੁਣੌਤੀ ਹੈ ਕਿ ਅਜੋਕਾ ਮਨੁੱਖ ਮੈਨੂੰ 'ਕੱਚੇ-ਧਾਗੇ' ਕਹਿ ਕੇ ਖਿੱਲੀ ਉਡਾਉਣ ਦੀ ਥਾਂ ਆਪਣੇ ਪਿਆਰ ਦੇ ਰਿਸ਼ਤਿਆਂ ਦੀਆਂ ਤੰਦਾਂ ਨੂੰ ਮੈਥੋਂ ਜ਼ਿਆਦਾ ਪੱਕੇ-ਪੀਡੇ ਕਰ ਕੇ ਵਿਖਾਵੇ। ਕਿਸੇ ਵੀ ਹਾਲਤ ਵਿਚ ਦਿਲੀ ਰਿਸ਼ਤਿਆਂ ਦੇ ਧਾਗਿਆਂ 'ਚ ਸਵਾਰਥ ਦੀਆਂ ਗੰਢਾਂ ਨਾ ਪੈਣ ਦੇਵੇ। ਤਦ ਹੀ ਹੋਵੇਗੀ ਉਸ ਦੀ ਅਸਲੀ ਜਿੱਤ। ਬਤੌਰ ਕਵੀ, ਸੰਤਾਂ-ਭਗਤਾਂ ਨੇ ਮੇਰਾ ਜ਼ਿਕਰ ਕਿਸੇ ਨਾ ਕਿਸੇ ਰੂਪ 'ਚ ਕਰਦਿਆਂ ਜੋ ਉਪਕਾਰ ਮੇਰੇ ਉੱਪਰ ਕੀਤਾ ਹੈ, ਮੈਂ ਤਾ-ਉਮਰ ਉਨਾਂ ਦਾ ਅਹਿਸਾਨਮੰਦ ਰਹਾਂਗਾ। ਉਨ੍ਹਾਂ ਨੇ ਲਿਖਿਆ ਹੈ :



**ਰਹਿਮਨ ਧਾਗਾ ਪ੍ਰੇਮ ਕਾ ਮਤ ਤੋੜੋ ਚਟਕਾਯ, ਟੂਟੈ ਤੋ ਫਿਰ ਨਾ ਜੁੜੈ, ਜੁੜੈ ਗਾਂਠ ਪੜ ਜਾਇ**

ਅਰਥਾਤ-ਪ੍ਰੇਮ ਦੇ ਧਾਗੇ ਨੂੰ ਤੋੜਨਾ ਨਹੀਂ ਚਾਹੀਦਾ ਕਿਉਂਕਿ ਇਕ ਵਾਰ ਟੁੱਟਿਆ ਧਾਗਾ ਮੁੜ ਜੁੜਦਾ ਨਹੀਂ ਤੇ ਜੇ ਜੁੜ ਵੀ ਗਿਆ ਤਾਂ ਉਸ ਵਿਚ ਗੰਢ ਪੈ ਜਾਵੇਗੀ। ਕੱਚੇ ਧਾਗਿਆਂ ਦੇ ਦਾਨ ਦੇ ਮਹਾਤਮ ਬਾਰੇ ਸਨਾਤਨ ਧਰਮ ਦੇ ਵਿਦਵਾਨ ਸ਼ੁਕਦੇਵ ਨੇ ਕਿਹਾ ਹੈ, 'ਭਗਵਾਨ ਨਾਰਾਇਣ ਤਾਂ ਆਪਣੇ ਭਗਤਾਂ ਵੱਲੋਂ ਦਾਨ 'ਚ ਦਿੱਤੇ ਕੱਚੇ ਧਾਗਿਆਂ ਨੂੰ ਵੀ ਆਪਣੇ ਭਗਤਾਂ ਦੀ ਲੋੜ ਤੇ ਮੁਸੀਬਤ ਦੇ ਸਮੇਂ ਚੀਰ ਦੇ ਰੂਪ ਵਿਚ ਵਾਪਸ ਕਰ ਦਿੰਦੇ ਹਨ, ਜਿਵੇਂ ਭਰੀ ਸਭਾ ਵਿਚ ਚੀਰਹਰਣ ਸਮੇਂ ਭਗਵਾਨ ਸ਼੍ਰੀ ਕ੍ਰਿਸ਼ਨ ਜੀ ਨੇ ਚੀਰ ਦੇ ਕੇ ਦਰੋਪਦੀ ਦੀ ਲਾਜ਼ ਬਚਾਈ ਸੀ। •

94643-48258

# ਸਿੱਖ ਇਤਿਹਾਸ ਦਾ ਸਭ ਤੋਂ ਲੰਬਾ ਮੋਰਚਾ

## ਜੈਤੋ ਦਾ ਮੋਰਚਾ

ਫ਼ਰੀਦਕੋਟ ਜ਼ਿਲ੍ਹੇ ਦੇ ਸ਼ਹਿਰ ਜੈਤੋ ਦੀ ਸਿੱਖ ਇਤਿਹਾਸ 'ਚ ਅਹਿਮ ਥਾਂ ਹੈ। ਇਸ ਨੂੰ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਹੈ। ਦੇਸ਼ ਦੇ ਆਜ਼ਾਦੀ ਸੰਗਰਾਮ 'ਚ ਵੀ ਇੱਥੋਂ ਦੇ ਦੇਸ਼ ਭਗਤਾਂ ਦਾ ਅਹਿਮ ਯੋਗਦਾਨ ਹੈ। ਸਿੱਖ ਇਤਿਹਾਸ ਦਾ ਸਭ ਤੋਂ ਲੰਬਾ ਸਮਾਂ ਜਾਰੀ ਰਹਿਣ ਵਾਲਾ ਮੋਰਚਾ ਵੀ ਇਥੇ ਹੀ ਲੱਗਾ, ਜਿਸ ਨੂੰ ਜੈਤੋ ਦਾ ਮੋਰਚਾ ਆਖਿਆ ਜਾਂਦਾ ਹੈ।

ਜੈਤੋ ਦਾ ਮੋਰਚਾ ਪਟਿਆਲਾ ਤੇ ਨਾਭਾ ਰਿਆਸਤ ਦੇ ਆਪਸੀ ਝਗੜੇ ਵਜੋਂ ਹੋਂਦ 'ਚ ਆਇਆ। ਅੰਗਰੇਜ਼ ਹਕੂਮਤ ਪਹਿਲਾਂ ਹੀ ਇਸ ਤਾਕ 'ਚ ਸੀ ਕਿ ਨਾਭਾ ਰਿਆਸਤ ਦੇ ਮਹਾਰਾਜ ਰਿਪੁਦਮਨ ਸਿੰਘ ਨੂੰ ਆਪਣਾ ਪ੍ਰਭਾਵ ਕਬੂਲ ਕਰਨ ਲਈ ਮਜਬੂਰ ਕੀਤਾ ਜਾ ਸਕੇ। ਅੰਗਰੇਜ਼ ਹਕੂਮਤ ਨੇ ਹੁਸ਼ਿਆਰੀ ਨਾਲ ਦੋਵਾਂ ਮਹਾਰਾਜਿਆਂ ਪਾਸੋਂ ਫ਼ੈਸਲਾ ਕਰਨ ਦੇ ਅਧਿਕਾਰ ਪ੍ਰਾਪਤ ਕਰ ਲਏ। ਹਕੂਮਤ ਨੂੰ ਅਜਿਹਾ ਹੱਕ ਦੇਣਾ ਮਹਾਰਾਜਾ ਰਿਪੁਦਮਨ ਸਿੰਘ ਨੂੰ ਮਹਿੰਗਾ ਪਿਆ। ਸਰਕਾਰ ਨੇ ਝਗੜੇ ਦੀ ਆੜ ਹੇਠ 8 ਜੂਨ 1923 ਨੂੰ ਮਹਾਰਾਜਾ ਰਿਪੁਦਮਨ ਸਿੰਘ ਨੂੰ ਨਾਭਾ ਰਿਆਸਤ ਦੀ ਗੱਦੀ ਤੋਂ ਲਾਹ ਦਿੱਤਾ। ਇਸ ਰਿਆਸਤ ਪ੍ਰਤੀ ਸਿੱਖ ਜਗਤ 'ਚ ਬੇਹੱਦ ਸਤਿਕਾਰ ਹੋਣ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਇਸ ਦਾ ਸਖ਼ਤ ਵਿਰੋਧ ਕੀਤਾ ਗਿਆ ਤੇ ਮਹਾਰਾਜਾ ਨਾਭਾ ਪ੍ਰਤੀ 9 ਸਤੰਬਰ 1923 ਨੂੰ ਹਮਦਰਦੀ ਦਾ ਮਤਾ ਪਾਸ ਕਰ ਕੇ 'ਨਾਭਾ ਡੇ' ਮਨਾਉਣ ਦਾ ਐਲਾਨ ਕਰ ਦਿੱਤਾ। ਇਸ ਦਿਨ ਪੰਜਾਬ 'ਚ ਥਾਂ-ਥਾਂ ਜਲੂਸ ਕੱਢੇ ਗਏ ਤੇ ਮਹਾਰਾਜੇ ਦੀ ਬਹਾਲੀ ਲਈ ਮਤੇ ਪਾਸ ਕੀਤੇ ਗਏ। ਜੈਤੋ ਵਿਖੇ ਵੀ ਅਜਿਹਾ ਜਲੂਸ ਕੱਢਿਆ ਗਿਆ। ਉਪਰੰਤ ਦੀਵਾਨ ਸਜਾਇਆ ਗਿਆ ਤੇ ਗੁਰਦੁਆਰਾ ਗੰਗਸਰ ਸਾਹਿਬ ਵਿਖੇ ਅਖੰਡ ਪਾਠਾਂ ਦੀ ਲੜੀ ਆਰੰਭ ਕੀਤੀ ਗਈ।



ਪ੍ਰਮੋਦ ਧੀਰ ਜੈਤੋ
98550-31081

ਦੂਜੇ ਪਾਸੇ ਅੰਗਰੇਜ਼ਾਂ ਵੱਲੋਂ ਮਹਾਰਾਜੇ ਦੇ ਹੱਕ 'ਚ ਕੋਈ ਵੀ ਮਤਾ ਪਾਸ ਕਰਨ ਦੀ ਮਨਾਹੀ ਸੀ ਤੇ ਜੈਤੋ ਵਿਖੇ ਮਹਾਰਾਜੇ ਦੇ ਹੱਕ 'ਚ ਅਖੰਡ ਪਾਠਾਂ ਦੀ ਲੜੀ ਹਕੂਮਤ ਦੀ ਸਿੱਧੀ ਵਿਰੋਧਤਾ ਸੀ। 14 ਸਤੰਬਰ 1923 ਨੂੰ ਜਦੋਂ ਗੁਰਦੁਆਰਾ ਗੰਗਸਰ ਸਾਹਿਬ ਵਿਖੇ ਦੀਵਾਨ ਸਜਿਆ ਹੋਇਆ ਸੀ ਤੇ ਗੁਰੂ ਗ੍ਰੰਥ ਸਾਹਿਬ ਦੇ ਅਖੰਡ ਪਾਠ ਚੱਲ ਰਹੇ ਸਨ ਤਾਂ ਹਥਿਆਰਬੰਦ ਅੰਗਰੇਜ਼ ਸਿਪਾਹੀਆਂ ਨੇ ਗੁਰਦੁਆਰਾ ਸਾਹਿਬ ਅੰਦਰ ਦਾਖ਼ਲ ਹੋ ਕੇ ਸਿੱਖ ਸ਼ਰਧਾਲੂਆਂ ਤੇ ਸੇਵਾਦਾਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਬੈਠੇ ਗ੍ਰੰਥੀ ਸਿੰਘਾਂ ਨੂੰ ਬਾਹਰ ਕੱਢ ਲਿਆਂਦਾ। ਅਖੰਡ ਪਾਠ ਦਾ ਖੰਡਿਤ ਕੀਤਾ ਜਾਣਾ ਸਿੱਖ ਧਰਮ ਲਈ ਅਸਹਿ ਸੀ, ਜਿਸ ਦਾ ਵੱਡੇ ਪੱਧਰ 'ਤੇ ਵਿਰੋਧ ਹੋਣ ਲੱਗਾ। ਇਸ ਘਟਨਾ ਨੇ ਮਹਾਰਾਜਾ ਨਾਭਾ ਦੇ ਰਾਜਸੀ ਸਵਾਲ ਨੂੰ ਧਰਮ ਦਾ ਸਵਾਲ ਬਣਾ ਦਿੱਤਾ ਤੇ ਜੈਤੋ ਵਿਖੇ ਸਿੱਖਾਂ ਨੇ ਇਹ ਮੋਰਚਾ ਆਰੰਭ ਕਰ ਦਿੱਤਾ। ਮੋਰਚੇ ਦਾ ਮੁੱਖ ਨਿਸ਼ਾਨਾ ਅਖੰਡ ਪਾਠਾਂ ਨੂੰ ਅਖੰਡ ਰੂਪ 'ਚ ਮੁੜ ਚਾਲੂ ਕਰਨਾ ਸੀ।



ਇਹ ਮੋਰਚਾ ਸਾਰੇ ਸਿੱਖ ਮੋਰਚਿਆਂ ਤੋਂ ਲੰਬਾ ਸਮਾਂ (ਪੌਣੇ ਦੋ ਸਾਲ ਤੋਂ ਵੱਧ) ਜਾਰੀ ਰਿਹਾ ਅਤੇ ਇਸ ਮੋਰਚੇ ਦੀ ਵੱਡੀ ਪ੍ਰਾਪਤੀ ਇਹ ਰਹੀ ਕਿ ਅੰਗਰੇਜ਼ ਹਕੂਮਤ ਨੂੰ 'ਗੁਰਦੁਆਰਾ ਐਕਟ' ਬਣਾਉਣ ਲਈ ਮਜਬੂਰ ਹੋਣਾ ਪਿਆ। ਇਸ ਐਕਟ ਦੇ ਅਧੀਨ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੌਜੂਦਾ ਸਰੂਪ ਹੋਂਦ ਵਿਚ ਆਇਆ। ਅੰਗਰੇਜ਼ ਹਕੂਮਤ ਵੱਲੋਂ ਮਹਾਰਾਜੇ ਸਬੰਧੀ ਕੋਈ ਵੀ ਮਤਾ ਪਾਸ ਕਰਨ ਦੀ ਆਗਿਆ ਨਾ ਹੋਣ ਦੇ ਬਾਵਜੂਦ ਸਿੱਖ ਸੰਗਤਾਂ ਵੱਲੋਂ ਪੰਜਾਬ ਭਰ ਵਿਚ ਥਾਂ-ਥਾਂ ਮੁਜ਼ਾਹਰੇ ਕੀਤੇ ਗਏ ਤੇ ਮਹਾਰਾਜੇ ਦੀ ਬਹਾਲੀ ਦੇ ਮਤੇ ਪਾਸ ਕੀਤੇ ਗਏ। ਜੈਤੋ ਮੰਡੀ ਵਿਚ ਵੀ ਅਜਿਹਾ ਮੁਜ਼ਾਹਰਾ ਕਰਨ ਉਪਰੰਤ ਗੁਰਦੁਆਰਾ ਪਾਤਸ਼ਾਹੀ ਦਸਵੀਂ ਸ੍ਰੀ ਗੰਗਸਰ ਸਾਹਿਬ ਵਿਖੇ ਦੀਵਾਨ ਸਜਾਇਆ ਗਿਆ ਤੇ ਅਖੰਡ ਪਾਠਾਂ ਦੀ ਲੜੀ ਆਰੰਭ ਕੀਤੀ ਗਈ।

ਜੈਤੋ ਦੇ ਮੋਰਚੇ ਦਾ ਮੁੱਖ ਨਿਸ਼ਾਨਾ ਖੰਡਿਤ ਹੋਏ ਅਖੰਡ ਪਾਠ ਨੂੰ ਮੁੜ ਅਖੰਡਿਤ ਰੂਪ 'ਚ ਚਾਲੂ ਕਰਨਾ ਸੀ। ਸਿੱਖਾਂ ਨੇ ਅੰਮ੍ਰਿਤਸਰ ਤੋਂ ਰੋਜ਼ਾਨਾ 25-25 ਸਿੰਘਾਂ ਦੇ ਜਥੇ ਜੈਤੋ ਵੱਲ ਭੇਜਣੇ ਸ਼ੁਰੂ ਕੀਤੇ। ਰੋਜ਼ਾਨਾ ਇਕ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲ ਕੇ ਜਦੋਂ ਜੈਤੋ ਪਹੁੰਚਦਾ ਤਾਂ ਹਕੂਮਤ ਵੱਲੋਂ ਸਿੰਘਾਂ ਨੂੰ ਗ੍ਰਿਫ਼ਤਾਰ ਕਰਕੇ ਜੰਗਲਾਂ 'ਚ ਲਿਜਾ ਕੇ ਛੱਡ ਦਿੱਤਾ ਜਾਂਦਾ। ਮੋਰਚੇ ਦੀ ਚਰਚਾ ਪੰਜਾਬ ਤੋਂ ਬਾਹਰ ਵੀ ਹੋਣ ਲੱਗੀ। ਕਾਂਗਰਸ ਵੱਲੋਂ ਪੰਡਿਤ ਜਵਾਹਰ ਲਾਲ ਨਹਿਰੂ, ਪ੍ਰਿੰਸੀਪਲ ਗਿਡਵਾਨੀ ਤੇ ਮਿਸਟਰ ਕੇ. ਸਨਾਤਮ ਸਥਿਤੀ ਦਾ ਜਾਇਜ਼ਾ ਲੈਣ ਲਈ ਜੈਤੋ ਮੰਡੀ ਭੇਜਿਆ ਗਿਆ। ਤਿੰਨਾਂ ਆਗੂਆਂ ਨੂੰ ਜੈਤੋ ਪੁੱਜਦੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ ਤੇ ਇਕ ਰਾਤ ਜੈਤੋ ਕਿਲ੍ਹੇ ਦੀ ਇਕ ਕੋਠੜੀ 'ਚ ਬੰਦ ਕਰਨ ਉਪਰੰਤ ਅਗਲੇ ਦਿਨ ਨਾਭਾ ਜੇਲ੍ਹ ਭੇਜ ਦਿੱਤਾ ਗਿਆ। 29 ਸਤੰਬਰ 1923 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖਾਂ ਦੇ ਧਾਰਮਿਕ ਮਾਮਲਿਆਂ 'ਚ ਹਕੂਮਤ ਦੀ ਦਖ਼ਲਅੰਦਾਜ਼ੀ ਨਾ ਸਹਿਣ ਕਰਨ ਦਾ ਮਤਾ ਪਾਸ ਕੀਤਾ ਗਿਆ ਤੇ 25 ਸਿੰਘਾਂ ਦੇ ਜਥੇ ਭੇਜਣ ਨਾਲ ਕੋਈ ਤਸੱਲੀਬਖ਼ਸ਼ ਸਿੱਟਾ ਨਾ ਨਿਕਲਦਾ ਵੇਖ ਕੇ ਮੋਰਚੇ ਨੂੰ ਹੋਰ ਤੇਜ਼ ਕਰਨ ਲਈ 500-500 ਸਿੰਘਾਂ ਦੇ ਜਥੇ ਭੇਜਣ ਦਾ ਫ਼ੈਸਲਾ ਕੀਤਾ ਗਿਆ। ਪਹਿਲੇ ਜੱਥੇ ਨੂੰ 21 ਫਰਵਰੀ, 1924 ਨੂੰ ਜੈਤੋ ਪੁੱਜ ਕੇ ਗੁਰਦੁਆਰਾ ਪਾਤਸ਼ਾਹੀ ਦਸਵੀਂ ਸ੍ਰੀ ਗੰਗਸਰ ਸਾਹਿਬ ਨੂੰ ਕਬਜ਼ੇ ਵਿਚ ਲੈਣ ਅਤੇ ਅਖੰਡ ਪਾਠ ਸ਼ੁਰੂ ਕਰਨ ਦਾ ਆਦੇਸ਼ ਦਿੱਤਾ ਗਿਆ।

ਇਹ ਵਿਸ਼ਾਲ ਜਥਾ 9 ਫਰਵਰੀ 1924 ਨੂੰ ਅਕਾਲ ਤਖ਼ਤ ਤੋਂ ਚੱਲ ਕੇ 20 ਫਰਵਰੀ ਨੂੰ ਫ਼ਰੀਦਕੋਟ ਜ਼ਿਲ੍ਹੇ ਦੇ ਪਿੰਡ ਬਰਗਾੜੀ ਵਿਖੇ ਪੁੱਜਿਆ। 21 ਫਰਵਰੀ ਨੂੰ ਸਵੇਰੇ ਕੀਰਤਨ ਕਰਨ ਉਪਰੰਤ ਇਹ ਜੱਥਾ ਜੈਤੋ ਵੱਲ ਕੂਚ ਕਰਨ ਲੱਗਾ। ਜਥੇ ਨਾਲ ਹਜ਼ਾਰਾਂ ਦੀ ਗਿਣਤੀ ਵਿਚ ਹੋਰ ਸੰਗਤ ਵੀ ਸ਼ਰਧਾਵੱਸ ਨਾਲ ਚੱਲ ਰਹੀ ਸੀ। ਕਾਂਗਰਸੀ ਨੇਤਾ ਡਾ. ਸੈਫ਼-ਉਦ-ਦੀਨ ਕਿਚਲੂ, ਪ੍ਰਿੰਸੀਪਲ ਗਿਡਵਾਨੀ ਤੇ ਨਿਊਯਾਰਕ ਟਾਈਮਜ਼ ਦੇ ਪ੍ਰਤੀਨਿਧ ਮਿਸਟਰ ਜ਼ਿੰਮਦ ਕਾਰ 'ਚ ਸਵਾਰ ਹੋ ਕੇ ਜਥੇ ਦੇ ਨਾਲ ਚੱਲ ਰਹੇ ਸਨ ਪਰ ਇਨ੍ਹਾਂ ਨੇਤਾਵਾਂ ਨੂੰ ਨਾਭਾ ਰਿਆਸਤ ਦੀ ਹੱਦ ਤੋਂ ਅੱਗੇ ਨਹੀਂ ਜਾਣ ਦਿੱਤਾ ਗਿਆ। ਜਥੇ ਦੇ ਅੱਗੇ ਪੰਜ ਸਿੰਘ ਨਿਸ਼ਾਨ ਸਾਹਿਬ ਲੈ ਕੇ ਚੱਲ ਰਹੇ ਸਨ ਤੇ ਵਿਚਾਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਾਲਕੀ ਸੀ। ਅੰਗਰੇਜ਼ ਹਕੂਮਤ ਵੱਲੋਂ ਸੰਗਤ ਨੂੰ ਗੁਰਦੁਆਰਾ ਟਿੱਬੀ ਸਾਹਿਬ ਤੋਂ 150 ਮੀਟਰ ਦੀ ਵਿੱਥ 'ਤੇ ਰੋਕ ਕੇ ਗੋਲੀ ਚਲਾ ਦੇਣ ਦੀ ਧਮਕੀ ਦਿੱਤੀ ਪਰ ਸ਼ਾਂਤਮਈ ਸੰਗਤ ਅੱਗੇ ਵਧਦੀ ਰਹੀ ਜਿਸ 'ਤੇ ਵਿਲਸਨ ਜਾਨਸਟਨ ਨੇ ਪੁਲਿਸ ਨੂੰ ਗੋਲੀ ਚਲਾਉਣ ਦਾ ਹੁਕਮ ਦੇ ਦਿੱਤਾ ਤੇ ਸੈਂਕੜੇ ਸਿੰਘਾਂ ਨੂੰ ਸ਼ਹੀਦ ਕਰ ਦਿੱਤਾ ਗਿਆ। ਇਸ ਘਟਨਾ ਵਿਚ 300 ਸਿੰਘ ਗੋਲੀ ਦਾ ਸ਼ਿਕਾਰ ਹੋਏ, ਜਿਨ੍ਹਾਂ ਵਿੱਚੋਂ 100 ਸਿੰਘ ਸ਼ਹਾਦਤ ਹਾਸਲ ਕਰ ਗਏ। ਇਸ ਘਟਨਾ ਨੇ ਸਿੱਖਾਂ ਅੰਦਰ ਨਵਾਂ ਰੋਹ ਤੇ ਜੋਸ਼ ਭਰ ਦਿੱਤਾ ਤੇ ਉਨ੍ਹਾਂ ਵਿਚ ਇਸ ਮੋਰਚੇ ਵਿਚ ਸ਼ਹਾਦਤ ਪਾਉਣ ਦਾ ਚਾਅ ਠਾਠਾਂ ਮਾਰਨ ਲੱਗਾ। ਲੋਕ ਸ਼ਹੀਦੀ ਜਥਿਆਂ 'ਚ ਵੱਧ ਚੜ੍ਹ ਕੇ ਸ਼ਾਮਲ ਹੋਣ ਲੱਗੇ।

28 ਫਰਵਰੀ 1924 ਨੂੰ ਸਿੰਘਾਂ ਦਾ ਅਗਲਾ ਜਥਾ ਅੰਮ੍ਰਿਤਸਰ ਤੋਂ ਜੈਤੋ ਲਈ ਰਵਾਨਾ ਹੋਇਆ ਜਿਸ ਨੂੰ 14 ਮਾਰਚ 1924 ਨੂੰ ਹਿਰਾਸਤ 'ਚ ਲੈ ਲਿਆ ਗਿਆ। ਇਨ੍ਹਾਂ ਜਥਿਆਂ 'ਚ ਕੈਨੇਡਾ, ਹਾਂਗਕਾਂਗ, ਹੰਗਾਈ ਆਦਿ ਦੇਸ਼ਾਂ ਤੋਂ ਵੀ ਸਿੰਘਾਂ ਨੇ ਹਿੱਸਾ ਲਿਆ। ਇਸ ਤਰ੍ਹਾਂ 500-500 ਦੇ ਜੱਥੇ ਭੇਜਣ ਦਾ ਸਿਲਸਿਲਾ ਲਗਾਤਾਰ ਚੱਲਦਾ ਰਿਹਾ ਤੇ ਉਦੋਂ ਤੱਕ ਜਾਰੀ ਰਿਹਾ ਜਦੋਂ ਤਕ ਅੰਗਰੇਜ਼ੀ ਹਕੂਮਤ ਨੇ ਹੱਥ ਖੜ੍ਹੇ ਨਾ ਕਰ ਦਿੱਤੇ। ਅੰਤ ਹਕੂਮਤ ਨੂੰ ਸਿੱਖ ਸੰਘਰਸ਼ ਅੱਗੇ ਝੁਕਣਾ ਪਿਆ ਤੇ ਇਸ ਇਤਿਹਾਸਕ ਮੋਰਚੇ ਨੂੰ ਸਫ਼ਲਤਾ ਮਿਲੀ। ਸਿੱਖ ਸੰਗਤ ਨੇ ਗੁਰਦੁਆਰਾ ਗੰਗਸਰ ਸਾਹਿਬ ਜੈਤੋ ਵਿਖੇ ਮੁੜ ਆਖੰਡ ਪਾਠ ਸ਼ੁਰੂ ਕਰ ਕੇ ਮੋਰਚੇ ਨੂੰ ਤੋੜ ਚੜ੍ਹਾਇਆ। ਜੈਤੋ ਦੇ ਇਤਿਹਾਸਕ ਗੁਰਦੁਆਰਾ ਸ਼ਹੀਦ ਗੰਜ ਟਿੱਬੀ ਸਾਹਿਬ ਵਿਖੇ ਹਰ ਸਾਲ 21 ਫਰਵਰੀ ਨੂੰ ਸ਼ਹੀਦੀ ਜੋੜ ਮੇਲਾ ਲਗਾਇਆ ਜਾਂਦਾ ਹੈ, ਜਿੱਥੇ ਵੱਡੀ ਗਿਣਤੀ 'ਚ ਸੰਗਤਾਂ ਪਹੁੰਚ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕਰਦੀਆਂ ਹਨ। •

**ਨਾਭਾ ਰਿਆਸਤ ਦੇ ਮਹਾਰਾਜੇ ਰਿਪੁਦਮਨ ਸਿੰਘ ਨੂੰ ਗੱਦੀਓਂ ਲਾਹੇ ਜਾਣ ਨਾਲ ਸ਼ੁਰੂ ਹੋਏ ਇਸ ਮੋਰਚੇ ਦੀ ਵੱਡੀ ਪ੍ਰਾਪਤੀ ਇਹ ਰਹੀ ਕਿ ਅੰਗਰੇਜ਼ ਹਕੂਮਤ ਨੂੰ 'ਗੁਰਦੁਆਰਾ ਐਕਟ' ਬਣਾਉਣ ਲਈ ਮਜਬੂਰ ਹੋਣਾ ਪਿਆ। ਇਸ ਐਕਟ ਦੇ ਅਧੀਨ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੌਜੂਦਾ ਸਰੂਪ ਹੋਂਦ ਵਿਚ ਆਇਆ...**



# ਪਿਆਜ਼ ਦੀ ਬੀਜ ਵਾਲੀ ਫ਼ਸਲ ਦਾ ਬਿਮਾਰੀਆਂ ਤੋਂ ਬਚਾਅ

• ਅਮਰਜੀਤ ਸਿੰਘ, ਅੰਜੂ ਬਾਲਾ
94637-47280

ਪਿਆਜ਼ ਪੰਜਾਬ ਦੀ ਮਹੱਤਵਪੂਰਨ ਫ਼ਸਲ ਹੈ। ਇਸ 'ਚ ਪਾਏ ਜਾਣ ਵਾਲੇ ਐਲੀਸਿਨ, ਐਲੀਨਥਾਇਓ ਸਲਫੇਟ, ਸਲਫਾਈਟ ਤੱਤ ਕੈਂਸਰ, ਸ਼ੂਗਰ, ਕੋਲੈਸਟਰਾਲ ਤੇ ਜਿਗਰ ਦੀਆਂ ਬਿਮਾਰੀਆਂ ਨਾਲ ਲੜਨ ਦੀ ਸਮਰਥਾ ਰੱਖਦੇ ਹਨ। ਪੰਜਾਬ 'ਚ ਪਿਆਜ਼ ਦੀ 450 ਤੋਂ 500 ਕਰੋੜ ਰੁਪਏ ਦੀ ਮੰਗ ਹੈ ਪਰ ਪੰਜਾਬ 'ਚ 100 ਤੋਂ 125 ਕਰੋੜ ਰੁਪਏ ਦਾ ਪਿਆਜ਼ ਪੈਦਾ ਹੁੰਦਾ ਹੈ। ਬਾਕੀ ਪੂਰਤੀ ਮਹਾਂਰਾਸ਼ਟਰ, ਆਂਧਰਾ ਪ੍ਰਦੇਸ਼ ਤੇ ਹੋਰਨਾਂ ਸੂਬਿਆਂ ਤੋਂ ਕੀਤੀ ਜਾਂਦੀ ਹੈ। ਕਿਸਾਨਾਂ ਨੂੰ ਪਿਆਜ਼ ਦੇ ਉੱਤਮ ਬੀਜ ਦੀ ਉਪਲਬਧਤਾ, ਪੌਦ ਸੁਰੱਖਿਆ, ਤਕਨੀਕਾਂ ਦੀ ਜਾਣਕਾਰੀ ਦੀ ਘਾਟ ਪੰਜਾਬ 'ਚ ਪਿਆਜ਼ ਦੀ ਘੱਟ ਪੈਦਾਵਾਰ ਦੇ ਮੁੱਖ ਕਾਰਨ ਹਨ। ਸੰਗਠਿਤ ਖੇਤਰ ਪਿਆਜ਼ ਦੇ ਬੀਜ ਦੀ ਕੇਵਲ 54 ਫ਼ੀਸਦੀ ਲੋੜ ਪੂਰੀ ਕਰਦਾ ਹੈ। ਰਹਿੰਦੀ ਲੋੜ ਕਿਸਾਨ ਆਪ ਪੂਰੀ ਕਰਦੇ ਹਨ।

## ਜਾਮਣੀ ਧੱਬਿਆਂ ਦਾ ਰੋਗ

ਇਹ ਉੱਲੀ ਰੋਗ ਹੈ, ਜੋ ਲਸਣ ਤੇ ਪਿਆਜ਼ ਦੀਆਂ ਫ਼ਸਲਾਂ 'ਤੇ ਹਮਲਾ ਕਰਦਾ ਹੈ। ਬੀਜ ਵਾਲੀ ਫ਼ਸਲ 'ਤੇ ਇਸ ਦਾ ਹਮਲਾ ਜ਼ਿਆਦਾ ਹੁੰਦਾ ਹੈ। ਇਹ ਬਿਮਾਰੀ ਫ਼ਸਲ ਦੇ ਕਿਸੇ ਵੀ ਹਿੱਸੇ 'ਤੇ ਹਮਲਾ ਕਰ ਸਕਦੀ ਹੈ ਪਰ ਫੁੱਲਾਂ ਵਾਲੀਆਂ ਟਹਿਣੀਆਂ 'ਤੇ ਇਸ ਦਾ ਹਮਲਾ ਬਹੁਤ ਨੁਕਸਾਨ ਕਰਦਾ ਹੈ। ਇਸ ਬਿਮਾਰੀ ਦੇ ਸ਼ੁਰੂਆਤੀ ਹਮਲੇ ਨਾਲ ਪੱਤਿਆਂ 'ਤੇ ਪਾਣੀ ਭਿੱਜੇ ਧੱਬੇ ਪੈ ਜਾਂਦੇ ਹਨ। ਬਿਮਾਰੀ ਵੱਧਣ ਨਾਲ ਇਹ ਧੱਬੇ ਅੰਡਾਕਾਰ ਤੇ ਫਿਰ ਅੱਖ ਦੀ ਸ਼ਕਲ ਵਰਗੇ ਹੋ ਕੇ ਜਾਮਣੀ ਹੋ ਜਾਂਦੇ ਹਨ। ਸਿੱਲ੍ਹੇ ਮੌਸਮ 'ਚ ਇਨ੍ਹਾਂ ਧੱਬਿਆਂ ਉੱਪਰ ਕਾਲੀ ਉੱਲੀ ਪੈਦਾ ਹੋ ਜਾਂਦੀ ਹੈ। ਉੱਲੀ ਦੇ ਇਹ ਕਾਲੇ ਕਣ ਬਿਮਾਰੀ ਨੂੰ ਫੁੱਲਾਂ ਵਾਲੀਆਂ ਡੰਡੀਆਂ ਤਕ ਫ਼ੈਲਾਅ ਦਿੰਦੇ ਹਨ। ਫੁੱਲਾਂ ਵਾਲੀਆਂ ਟਹਿਣੀਆਂ ਬੀਜ ਬਣਨ ਤੋਂ ਪਹਿਲਾਂ ਹੀ ਮੁਰਝਾ ਜਾਂਦੀਆਂ ਹਨ।

ਜੇ ਟਹਿਣੀਆਂ 'ਤੇ ਬਿਮਾਰੀ ਦਾ ਹਮਲਾ ਬੀਜ ਬਣਨ ਤੋਂ ਬਾਅਦ ਹੋਵੇ ਤਾਂ ਟਾਹਣੀਆਂ ਟੁੱਟ ਜਾਂਦੀਆਂ ਹਨ। ਬੀਜਾਂ ਵਾਲਾ ਫੁੱਲਾਂ ਦਾ ਗੁੱਛਾ ਬੂਟੇ ਨਾਲੋਂ ਵੱਖ ਹੋ ਜਾਂਦਾ ਹੈ ਤੇ ਬੀਜ ਬੇਜਾਨ ਤੇ ਸੁੰਗੜਿਆ ਹੋਇਆ ਪੈਦਾ ਹੁੰਦਾ ਹੈ। ਥਰਿੱਪ ਦਾ ਹਮਲਾ ਬਿਮਾਰੀ ਨੂੰ ਤੇਜ਼ੀ ਨਾਲ ਵਧਾਉਂਦਾ ਹੈ, ਜਿਸ ਨਾਲ ਬੀਜ ਵਾਲੀ ਫ਼ਸਲ ਦਾ 80-85 ਫ਼ੀਸਦੀ ਨੁਕਸਾਨ ਹੋ ਸਕਦਾ ਹੈ। ਇਸ ਬਿਮਾਰੀ ਦੇ ਵੱਧਣ-ਫੁੱਲਣ ਲਈ 25-28 ਡਿਗਰੀ ਤਾਪਮਾਨ ਤੇ ਸਿੱਲ੍ਹਾ ਮੌਸਮ ਢੁੱਕਵਾਂ ਹੁੰਦਾ ਹੈ। ਬਿਮਾਰੀ ਦੇ ਕੀਟਾਣੂ ਬੀਜ ਵਿਚ ਚਲੇ ਜਾਂਦੇ ਹਨ ਤੇ ਬੀਜ ਬਹੁਤ ਜਲਦੀ ਮਰ ਜਾਂਦੇ ਹਨ।



### ਸਟੈਮਫਿਲੀਅਮ ਬਲਾਈਟ

*ਇਸ ਬਿਮਾਰੀ ਨਾਲ ਪੱਤਿਆਂ ਉੱਪਰ ਪੀਲੇ ਭੂਰੇ ਪਾਣੀ ਭਿੱਜੇ ਲੰਬੂਤਰੇ ਧੱਬੇ ਪੈ ਜਾਂਦੇ ਹਨ, ਜੋ ਬਾਅਦ ਵਿਚ ਗੂੜ੍ਹੇ ਭੂਰੇ ਤੇ ਫਿਰ ਕਾਲੇ ਰੰਗ ਦੇ ਹੋ ਜਾਂਦੇ ਹਨ। ਇਹ ਧੱਬੇ ਆਪਸ 'ਚ ਮਿਲ ਕੇ ਪੱਤੇ ਨੂੰ ਸਾੜ ਦਿੰਦੇ ਹਨ। ਇਹ ਧੱਬੇ ਦੂਰੋਂ ਵੇਖਣ ਨੂੰ ਜਾਮਣੀ ਧੱਬਿਆਂ ਦੇ ਰੋਗ ਵਾਂਗ ਹੀ ਲਗਦੇ ਹਨ। ਇਹ ਬਿਮਾਰੀ ਜ਼ਿਆਦਾਤਰ ਪੱਤਿਆਂ ਤਕ ਹੀ ਸੀਮਿਤ ਰਹਿੰਦੀ ਹੈ। ਲੰਬੇ ਸਮੇਂ ਤਕ ਗਰਮ ਤੇ ਸਲ੍ਹਾਬ ਵਾਲਾ ਮੌਸਮ ਇਸ ਬਿਮਾਰੀ ਦੇ ਹਮਲੇ ਨੂੰ ਹੋਰ ਵਧਾ ਦਿੰਦਾ ਹੈ। ਥਰਿੱਪ ਦਾ ਹਮਲਾ ਅਤੇ 18-32 ਡਿਗਰੀ ਸੈਂਟੀਗ੍ਰੇਡ ਤਾਪਮਾਨ ਵੀ ਇਸ ਬਿਮਾਰੀ 'ਚ ਵਾਧਾ ਕਰਦਾ ਹੈ।*



### ਪੀਲੇ ਧੱਬਿਆਂ ਦਾ ਰੋਗ

*ਇਹ ਇਕ ਉੱਲੀ ਰੋਗ ਹੈ। ਇਹ ਬਿਮਾਰੀ ਧੌੜੀਆਂ 'ਚ ਸ਼ੁਰੂ ਹੁੰਦੀ ਹੈ ਅਤੇ ਠੰਡੇ ਤੇ ਸਲ੍ਹਾਬ ਵਾਲੇ ਮੌਸਮ 'ਚ ਇਸ ਦਾ ਵਾਧਾ ਜ਼ਿਆਦਾ ਹੁੰਦਾ ਹੈ। ਬਿਮਾਰੀ ਦੇ ਹਮਲੇ ਨਾਲ 30-45 ਦਿਨਾਂ 'ਚ ਫ਼ਸਲ ਨਸ਼ਟ ਹੋ ਜਾਂਦੀ ਹੈ। ਪੱਤਿਆਂ ਉੱਪਰ ਜਾਮਣੀ ਸਲੇਟੀ, ਮਖਮਲੀ ਉੱਲੀ ਦਿਖਾਈ ਦਿੰਦੀ ਹੈ। ਬਿਮਾਰੀ ਵਾਲੇ ਪੱਤੇ ਪੀਲੇ ਪੈ ਜਾਂਦੇ ਹਨ। ਇਹ ਧੱਬੇ ਅੰਡਾਕਾਰ ਸ਼ਕਲ ਦੇ ਹੁੰਦੇ ਹਨ ਤੇ ਇਨ੍ਹਾਂ ਧੱਬਿਆਂ ਉੱਪਰ ਜਾਮਣੀ ਧੱਬਿਆਂ ਦਾ ਰੋਗ ਤੇ ਸਟੈਮਫਿਲੀਅਮ ਬਲਾਈਟ ਦਾ ਵੀ ਹਮਲਾ ਹੋ ਜਾਂਦਾ ਹੈ। ਅੰਡਾਕਾਰ ਪੀਲੇ ਧੱਬੇ ਫੁੱਲਾਂ ਦੀਆਂ ਡੰਡੀਆਂ 'ਤੇ ਵੀ ਦਿਖਾਈ ਦਿੰਦੇ ਹਨ। ਡੰਡੀਆਂ 'ਤੇ ਇਹ ਧੱਬੇ ਬਾਅਦ 'ਚ ਭੂਰੇ ਦੇ ਹੋ ਜਾਂਦੇ ਹਨ। ਬਿਮਾਰੀ ਵਾਲੀ ਫੁੱਲਾਂ ਦੀ ਡੰਡੀ ਕਮਜ਼ੋਰ ਪੈ ਕੇ ਟੁੱਟ ਜਾਂਦੀ ਹੈ ਤੇ ਫਸਲ ਸੜੀ ਜਾਪਦੀ ਹੈ।*

## ਰੋਕਥਾਮ

ਇਨ੍ਹਾਂ ਬਿਮਾਰੀਆਂ ਤੋਂ ਬਚਣ ਲਈ ਰੋਗ ਰਹਿਤ ਬੀਜ ਤੇ ਗੰਢਿਆਂ ਦੀ ਵਰਤੋਂ ਕਰੋ। ਬਿਜਾਈ ਤੋਂ ਪਹਿਲਾਂ ਬੀਜ ਨੂੰ ਕੈਪਟਾਨ ਜਾਂ ਥੀਰਮ ਦਵਾਈ ਨਾਲ 3 ਗ੍ਰਾਮ ਪ੍ਰਤੀ ਕਿੱਲੋ ਬੀਜ ਦੇ ਹਿਸਾਬ ਨਾਲ ਸੋਧ ਲਵੋ। ਬਿਮਾਰੀ ਨਜ਼ਰ ਆਉਣ 'ਤੇ ਫ਼ਸਲ ਉੱਪਰ 600 ਗ੍ਰਾਮ ਇੰਡੋਫਿਲ ਐੱਮ-45 ਤੇ 200 ਮਿਲੀਲਿਟਰ ਟਰਾਈਟੋਨ ਜਾਂ ਅਲਸੀ ਦਾ ਤੇਲ 200 ਲਿਟਰ ਪਾਣੀ 'ਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। ਇਸ ਤੋਂ ਬਾਅਦ 10 ਦਿਨਾਂ ਦੇ ਵਕਫੇ 'ਤੇ 3 ਛਿੜਕਾਅ ਹੋਰ ਕਰੋ। ਪਿਆਜ਼ ਦੇ ਪੱਤੇ ਮੋਮੀ ਹੁੰਦੇ ਹਨ, ਜਿਸ 'ਤੇ ਉੱਲੀਨਾਸ਼ਕ ਚੰਗੀ ਤਰ੍ਹਾਂ ਚਿਪਕਦੇ ਨਹੀਂ, ਇਸ ਲਈ ਉੱਲੀਨਾਸ਼ਕਾਂ 'ਚ ਟਰਾਈਟੋਨ ਜਾਂ ਅਲਸੀ ਦਾ ਤੇਲ ਮਿਲਾ ਕੇ ਛਿੜਕਾਅ ਕਰਨਾ ਚਾਹੀਦਾ ਹੈ ਤਾਂ ਜੋ ਇਨ੍ਹਾਂ ਬਿਮਾਰੀਆਂ 'ਤੇ ਚੰਗੀ ਤਰ੍ਹਾਂ ਕਾਬੂ ਪਾਇਆ ਜਾ ਸਕੇ। ਥਰਿੱਪ ਦੇ ਹਮਲੇ ਤੋਂ ਬਚਣ ਲਈ 250 ਮਿਲੀਲਿਟਰ ਮੈਲਾਥਿਓਨ 50 ਈਸੀ ਨੂੰ 80 ਲਿਟਰ ਪਾਣੀ 'ਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। •



# ਖੇਤੀ ਨੂੰ ਨਿਗੂਣੀ ਤਵੱਜੋਂ

• ਬਲਦੇਵ ਸਿੰਘ ਢਿੱਲੋਂ, ਸੁਖਪਾਲ ਸਿੰਘ

ਭਾਰਤੀ ਖੇਤੀ ਖੇਤਰ 130 ਕਰੋੜ ਲੋਕਾਂ ਨੂੰ ਅੰਨ ਸੁਰੱਖਿਆ ਮੁਹੱਈਆ ਕਰਦਾ ਹੈ, ਜਿਸ 'ਚ 54 ਫ਼ੀਸਦੀ ਕਿਰਤ ਸ਼ਕਤੀ ਲੱਗੀ ਹੋਈ ਤੇ ਦੋ-ਤਿਹਾਈ ਪੇਂਡੂ ਲੋਕ ਇਸ 'ਤੇ ਨਿਰਭਰ ਹਨ। ਖੇਤੀਬਾੜੀ ਦੇਸ਼ ਦੇ ਅਰਥਚਾਰੇ ਦੇ ਹੋਰ ਖੇਤਰਾਂ ਦੇ ਵਿਕਾਸ 'ਚ ਵੀ ਵੱਡਾ ਯੋਗਦਾਨ ਪਾਉਂਦੀ ਹੈ। ਖੇਤੀ ਖੇਤਰ ਦੀ ਵਿਕਾਸ ਦਰ 2008-12 ਦੌਰਾਨ 1.40 ਫੀਸਦੀ ਸੀ, ਜੋ ਖਿਸਕ ਕੇ 2.20 ਫ਼ੀਸਦੀ ਸਾਲਾਨਾ ਆ ਗਈ, ਜਦਕਿ ਭਾਰਤੀ ਆਰਥਚਾਰਾ 8 ਫ਼ੀਸਦੀ ਸਾਲਾਨਾ ਦੀ ਦਰ ਨਾਲ ਵਿਕਾਸ ਕਰ ਰਿਹਾ ਹੈ। ਇਸ ਤਰ੍ਹਾਂ ਖੇਤੀ ਖੇਤਰ ਦੂਸਰੇ ਖੇਤਰਾਂ ਨਾਲੋਂ ਕਾਫੀ ਪਿੱਛੇ ਹੈ। ਇਸ ਦੇ ਬਾਵਜੂਦ ਮੌਜੂਦਾ ਬਜਟ 'ਚ ਖੇਤੀ ਖੇਤਰ ਨੂੰ ਬਣਦੀ ਤਰਜੀਹ ਨਹੀਂ ਦਿੱਤੀ ਗਈ।

## ਏ-2 ਅਤੇ ਸੀ-2 ਲਾਗਤਾਂ

ਦੇਸ਼ 'ਚ ਅਨਾਜ ਦੀ ਘਾਟ ਪੂਰੀ ਕਰਨ ਲਈ ਕੇਂਦਰ ਸਰਕਾਰ ਨੇ 1965-66 'ਚ ਕਣਕ ਤੇ ਝੋਨੇ ਦੇ ਘੱਟੋ-ਘੱਟ ਸਮਰਥਨ ਮੁੱਲ 'ਤੇ ਸਰਕਾਰੀ ਖ਼ਰੀਦ ਸ਼ੁਰੂ ਕੀਤੀ। ਫ਼ਸਲਾਂ ਦੀਆਂ ਕੀਮਤਾਂ ਨਿਸ਼ਚਤ ਕਰਨ ਲਈ ਦੋ ਧਾਰਨਾਵਾਂ ਏ-2 ਤੇ ਸੀ-2 ਲਾਗਤ ਦੀ ਵਰਤੋਂ ਕੀਤੀ ਜਾਂਦੀ ਹੈ। ਲਾਗਤ ਏ-2 'ਚ ਕਿਸਾਨਾਂ ਦੁਆਰਾ ਨਕਦ ਭੁਗਤਾਨ ਕੀਤੇ ਗਏ ਖ਼ਰਚੇ ਜਾਂ ਉਤਪਾਦਨ ਲਾਗਤ ਜਿਵੇਂ ਬੀਜ, ਖਾਦ ਕੀਟਨਾਸ਼ਕ, ਲੇਬਰ, ਸਿੰਚਾਈ ਕੀਮਤ, ਰੱਖ-ਰਖਾਓ ਦੀ ਕੀਮਤ ਸ਼ਾਮਿਲ ਹੁੰਦੀ ਹੈ। ਇਸ ਤੋਂ ਇਲਾਵਾ ਇਸ 'ਚ ਜ਼ਮੀਨ ਦਾ ਠੇਕਾ, ਸੰਦਾਂ ਦੀ ਟੁੱਟ-ਭੱਜ, ਵਿਆਜ ਤੇ ਆਪਣੇ ਬੀਜ ਦੀ ਕੀਮਤ, ਆਪਣੀ ਰੂੜ੍ਹੀ ਤੇ ਆਪਣੀ ਮਸ਼ੀਨੀ ਲੇਬਰ ਵੀ ਸ਼ਾਮਿਲ ਹੈ। ਸੀ-2 ਲਾਗਤ 'ਚ ਏ-2 ਲਾਗਤ ਵਾਲੀਆਂ ਸਾਰੀਆਂ ਲਾਗਤਾਂ ਸ਼ਾਮਿਲ ਹੁੰਦੀਆਂ ਹੀ ਹਨ, ਸਗੋਂ ਇਸ 'ਚ ਪਰਿਵਾਰ ਦੀ ਲੇਬਰ, ਸਥਿਰ ਪੂੰਜੀ ਉੱਪਰ ਵਿਆਜ਼ ਤੇ ਆਪਣੀ ਜ਼ਮੀਨ ਦਾ ਠੇਕਾ ਵੀ ਸ਼ਾਮਿਲ ਕੀਤਾ ਜਾਂਦਾ ਹੈ।

## ਸਿਫ਼ਾਰਸ਼ਾਂ ਦਰਕਿਨਾਰ

ਡਾ. ਐੱਮਐੱਸ ਸਵਾਮੀਨਾਥਨ ਕਮੇਟੀ ਨੇ ਕੇਂਦਰ ਸਰਕਾਰ ਨੂੰ 2008 'ਚ ਸੌਂਪੀ ਰਿਪੋਰਟ 'ਚ ਸਿਫ਼ਾਰਸ਼ ਕੀਤੀ ਸੀ ਕਿ ਘੱਟੋ-ਘੱਟ ਸਮਰਥਨ ਮੁੱਲ ਨੂੰ ਸੀ-2 ਲਾਗਤ ਉੱਪਰ 50 ਫ਼ੀਸਦੀ ਮੁਨਾਫ਼ੇ ਦੇ ਆਧਾਰ 'ਤੇ ਤੈਅ ਕੀਤਾ ਜਾਵੇ। ਕੇਂਦਰ ਸਰਕਾਰ ਵੱਲੋਂ ਇਹ ਸਿਫ਼ਾਰਸ਼ ਮੰਨੀ ਨਹੀਂ ਗਈ ਬਲਕਿ ਕੇਂਦਰ ਨੇ ਘੱਟੋ-ਘੱਟ ਸਮਰਥਨ ਮੁੱਲ ਤੈਅ ਕਰਨ ਦੇ ਇਸ ਫਾਰਮੂਲੇ ਵਿਰੁੱਧ ਸੁਪਰੀਮ ਕੋਰਟ 'ਚ ਲਿਖਤੀ ਬਿਆਨ ਦੇ ਦਿੱਤਾ। ਭਾਵੇਂ ਵਿੱਤ ਮੰਤਰੀ ਵੱਲੋਂ ਬਜਟ ਭਾਸ਼ਣ 'ਚ ਘੱਟੋ-ਘੱਟ ਸਮਰਥਨ ਮੁੱਲ ਨੂੰ ਉਤਪਾਦਨ ਲਾਗਤ 'ਚ 50 ਫ਼ੀਸਦੀ ਮੁਨਾਫ਼ਾ ਜੋੜ ਕੇ ਤੈਅ ਕਰਨ ਬਾਰੇ ਕਿਹਾ ਹੈ ਪਰ ਇਹ ਕਿਸ ਧਾਰਨਾਂ 'ਤੇ ਨਿਸ਼ਚਤ ਕਰਨਾ ਹੈ, ਇਸ ਸਬੰਧੀ ਬਜਟ ਚੁੱਪ ਹੈ। ਬਜਟ 'ਚ ਕਿਹਾ ਗਿਆ ਕਿ ਹਾੜ੍ਹੀ 2017-18 ਦੀਆਂ ਫ਼ਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਉਤਪਾਦਨ ਲਾਗਤ ਉੱਪਰ 50 ਫ਼ੀਸਦੀ ਮੁਨਾਫ਼ਾ ਜੋੜ ਕੇ ਤੈਅ ਕੀਤਾ ਗਿਆ ਹੈ। ਇਸ ਤੋਂ ਇੰਜ ਜਾਪਦਾ ਹੈ ਕਿ ਕੇਂਦਰ ਸਰਕਾਰ ਸੀ-2 ਲਾਗਤ ਤੇ ਘੱਟੋ-ਘੱਟ ਸਮਰਥਨ ਮੁੱਲ ਤੈਅ ਕਰਨ ਦੀ ਥਾਂ ਕਿਸੇ ਹੋਰ ਪਰਿਭਾਸ਼ਾ 'ਤੇ ਕੰਮ ਕਰ ਰਹੀ ਹੈ। ਹਾਲਾਂਕਿ ਕਿਸਾਨੀ ਸੰਕਟ ਨਾਲ ਨਜਿੱਠਣ ਤੇ ਉਨਾਂ ਦੇ ਗੁਜ਼ਾਰੇਯੋਗ ਜੀਵਨ ਪੱਧਰ ਲਈ ਮੁਨਾਫ਼ੇ ਵਾਲੀ ਕੀਮਤ ਹੋਣੀ ਚਾਹੀਦੀ ਹੈ।

### 24 ਦੀ ਥਾਂ ਛੇ ਫ਼ਸਲਾਂ ਦੀ ਖ਼ਰੀਦ

*ਡਾ. ਰਮੇਸ਼ ਚੰਦ ਕਮੇਟੀ ਨੇ ਘੱਟੋ-ਘੱਟ ਸਮਰਥਨ ਮੁੱਲ ਨਿਰਧਾਰਤ ਕਰਨ ਲਈ ਕਿਸਾਨ ਪਰਿਵਾਰ ਦੇ ਮੁਖੀ ਨੂੰ ਸਿੱਖਿਅਤ ਕਾਮਾ ਮੰਨਣ, ਵਿਆਜ ਅੱਧੇ ਦੀ ਥਾਂ ਸਾਰੇ ਸੀਜ਼ਨ ਲਈ ਨਿਸਚਤ ਕਰਨ ਤੇ ਜ਼ਮੀਨ ਦਾ ਠੇਕਾ ਇਕ-ਤਿਹਾਈ ਦੀ ਥਾਂ ਪੂਰਾ ਪਾਉਣ ਦੀ ਸਿਫ਼ਾਰਸ਼ ਕੀਤੀ ਹੈ। ਉਨ੍ਹਾਂ ਅਨੁਸਾਰ ਫ਼ਸਲਾਂ ਦੇ ਮੰਡੀਕਰਨ, ਢੋ-ਢੋਆਈ, ਸਫ਼ਾਈ, ਗਰੇਡਿੰਗ ਤੇ ਪੈਕੇਜਿੰਗ ਦੇ ਖ਼ਰਚੇ ਵੀ ਸਮਰਥਨ ਮੁੱਲ 'ਚ ਜੁੜਨੇ ਚਾਹੀਦੇ ਹਨ। ਖੇਤੀ ਸੰਕਟ ਨਾਲ ਨਜਿੱਠਣ ਲਈ ਘੱਟੋ-ਘੱਟ ਸਮਰਥਨ ਮੁੱਲ ਸੀ-2 ਲਾਗਤਾਂ 'ਤੇ ਡਾ. ਰਮੇਸ਼ ਚੰਦ ਕਮੇਟੀ ਦੀ ਰਿਪੋਰਟ ਦੇ ਆਧਾਰ 'ਤੇ ਤੈਅ ਕਰਨਾ ਚਾਹੀਦਾ ਹੈ। ਗੰਨੇ ਸਮੇਤ 24 ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਐਲਾਨ ਕੀਤਾ ਜਾਂਦਾ ਹੈ ਪਰ ਕਣਕ, ਝੋਨੇ ਸਮੇਤ ਸਿਰਫ਼ ਛੇ ਫ਼ਸਲਾਂ ਦੀ ਹੀ ਖ਼ਰੀਦ ਕੀਤੀ ਜਾਂਦੀ ਹੈ। ਇਸ ਬਜਟ ਵਿਚ ਘੱਟੋ-ਘੱਟ ਸਮਰਥਨ ਮੁੱਲ ਵਧਾਉਣ ਦੀ ਗੱਲ ਤਾਂ ਕਹੀ ਗਈ ਪਰ ਇਸ ਦੀ ਖ਼ਰੀਦ ਬਾਰੇ ਬਜਟ ਚੁੱਪ ਹੈ। ਜੇ ਕੁਝ ਫ਼ਸਲਾਂ ਖ਼ਰੀਦਣ ਦਾ ਮੌਜੂਦਾ ਸਿਸਟਮ ਇਸੇ ਤਰ੍ਹਾਂ ਚੱਲਦਾ ਰਿਹਾ ਤਾਂ ਉਤਰ-ਪੱਛਮੀ ਖੇਤਰਾਂ 'ਚ ਫ਼ਸਲੀ ਵਿਭਿੰਨਤਾ ਨੂੰ ਵੱਡੀ ਠੇਸ ਲਗੇਗੀ।*

## ਖੋਜ ਕਾਰਜਾਂ ਲਈ ਫੰਡਾਂ ਦੀ ਘਾਟ

ਖੇਤੀਬਾੜੀ ਗੰਭੀਰ ਸਮੱਸਿਆਵਾਂ ਨਾਲ ਜੂਝ ਰਹੀ ਹੈ ਪਰ ਬਜਟ ਵਿਚ ਖੋਜ ਤੇ ਵਿਕਾਸ ਨੂੰ ਬਹੁਤ ਘੱਟ ਤਵੱਜੋ ਦਿੱਤੀ ਗਈ। 2017-18 ਵਿਚ ਭਾਰਤੀ ਖੇਤੀ ਖੋਜ ਕੌਂਸਲ ਨੂੰ ਬਜਟ ਵਿੱਚੋਂ 6,992 ਕਰੋੜ ਰੁਪਏ ਮਿਲੇ ਸਨ, ਜਿਹੜੇ ਇਸ ਬਜਟ 'ਚ ਵਧ ਕੇ 7,800 ਕਰੋੜ ਰੁਪਏ ਹੋਏ ਹਨ। ਇਹ ਨਿਗੂਣਾ ਵਾਧਾ ਖੇਤੀ ਖੋਜ ਨੂੰ ਵਧਾਉਣ ਲਈ ਕਾਫੀ ਨਹੀਂ। ਭਾਰਤੀ ਖੇਤੀ ਖੋਜ ਕੌਂਸਲ ਕਈ ਸਾਲਾਂ ਤੋਂ ਵਿੱਤੀ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਆਲ ਇੰਡੀਆ ਕੋਆਰਡੀਨੇਟਿਡ ਰਿਸਰਚ ਪ੍ਰਾਜੈਕਟ, ਜਿਸ ਨੇ ਦੇਸ਼ 'ਚ ਖੇਤੀ ਖੋਜ ਪ੍ਰਣਾਲੀ ਨੂੰ ਪੱਕੇ ਪੈਰੀਂ ਕੀਤਾ ਹੈ, ਅਧੀਨ ਆਉਂਦੀਆਂ ਸੂਬਾਈ ਖੇਤੀ ਯੂਨੀਵਰਸਿਟੀਆਂ ਦੀਆਂ ਪੋਸਟਾਂ ਨੂੰ ਵੱਡੀ ਗਿਣਤੀ 'ਚ ਖ਼ਤਮ ਕੀਤਾ ਜਾ ਰਿਹਾ ਹੈ। ਇਸ ਦੇ ਅਧੀਨ ਹੀ ਭਾਰਤੀ ਖੇਤੀ ਖੋਜ ਕੌਂਸਲ ਨੇ ਖੋਜ ਫੰਡਾਂ 'ਚ ਕਟੌਤੀ ਕਰ ਕੇ ਪੀਏਯੂ ਲੁਧਿਆਣਾ ਦੀਆਂ 2014-15 ਤੋਂ ਬਾਅਦ 100 ਤੋਂ ਵੱਧ ਅਸਾਮੀਆਂ ਖ਼ਤਮ ਕਰ ਦਿੱਤੀਆਂ। ਜੇ ਇਹ ਹਾਲਾਤ ਖੇਤੀਬਾੜੀ ਯੂਨੀਵਰਸਟੀਆਂ 'ਚੋਂ ਅੱਵਲ ਦਰਜਾ ਪ੍ਰਾਪਤ ਯੂਨੀਵਰਸਿਟੀ ਪੀਏਯੂ ਦੀ ਹੈ ਤਾਂ ਭਾਰਤ ਵਿਚ ਖੇਤੀ ਖੋਜ ਪ੍ਰਣਾਲੀ ਦੀ ਹਾਲਤ ਬਾਰੇ ਸਹਿਜੇ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਕੇਂਦਰ ਸਰਕਾਰ ਨੂੰ ਭਾਰਤੀ ਖੇਤੀ ਖੋਜ ਕੌਂਸਲ ਨੂੰ ਵਧੇਰੇ ਫੰਡ ਮੁਹੱਈਆ ਕਰਵਾਉਣੇ ਚਾਹੀਦੇ ਸਨ, ਤਾਂ ਕਿ ਖੇਤੀ ਯੂਨੀਵਰਸਿਟੀਆਂ 'ਚ ਖ਼ਤਮ ਕੀਤੀਆਂ ਪੋਸਟਾਂ ਬਹਾਲ ਹੋ ਸਕਣ ਤੇ ਖੇਤੀ ਖੋਜ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਜਲਵਾਯੂ ਤਬਦੀਲੀਆਂ ਕਾਰਨ ਸਮੁੱਚੀ ਖੋਜ ਦਾ ਮੁਹਾਣ ਬਦਲਣ ਤੇ ਖੋਜ ਨੂੰ ਬਹੁ-ਦਿਸ਼ਾਵੀ ਬਣਾਉਣ ਦੀ ਲੋੜ ਹੈ। ਬਜਟ 'ਚ ਇਸ ਲਈ ਕਾਫੀ ਫੰਡ ਰੱਖੇ ਜਾਣੇ ਚਾਹੀਦੇ ਸਨ ਤਾਂ ਕਿ ਖੇਤੀ ਖੋਜ ਜਲਵਾਯੂ ਤਬਦੀਲੀਆਂ ਕਾਰਨ ਪੈਦਾ ਹੋ ਰਹੀਆਂ ਚੁਣੌਤੀਆਂ ਨਾਲ ਨਜਿੱਠਣ ਦੇ ਕਾਬਲ ਹੋ ਸਕੇ।



### ਛੋਟੇ ਕਿਸਾਨਾਂ ਲਈ ਸਹੂਲਤਾਂ ਦੀ ਘਾਟ

*ਘੱਟੋ-ਘੱਟ ਸਮਰਥਨ ਮੁੱਲ ਕਿਸਾਨਾਂ ਲਈ ਕੋਈ ਸੰਜੀਵਨੀ ਬੂਟੀ ਨਹੀਂ ਹੈ ਕਿਉਂਕਿ ਪੰਜਾਬ 'ਚ 34 ਤੇ ਦੇਸ਼ 'ਚ 85 ਫ਼ੀਸਦੀ ਛੋਟੇ ਕਿਸਾਨ ਹਨ, ਜਿਨ੍ਹਾਂ ਕੋਲ ਪੰਜ ਏਕੜ ਤੋਂ ਘੱਟ ਜ਼ਮੀਨ ਹੈ। ਇਸ ਲਈ ਉਨ੍ਹਾਂ ਨੂੰ ਬੀਜ, ਖਾਦਾਂ, ਸਪਰੇਅ ਤੇ ਮਸ਼ੀਨਰੀ ਉੱਪਰ ਸਬਸਿਡੀ ਦੇਣੀ ਚਾਹੀਦੀ ਹੈ। ਇਸ ਤੋਂ ਇਲਾਵਾ ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ 'ਚ ਸਮਾਂਬੱਧ ਵਾਧਾ ਕਰਦੇ ਹੋਏ ਸਾਰਾ ਸਾਲ ਖ਼ਰੀਦ ਹੋਣੀ ਚਾਹੀਦੀ ਹੈ ਤਾਂ ਕਿ ਕਟਾਈ ਸਮੇਂ ਫ਼ਸਲ ਉਤਪਾਦਨ ਦੀ ਭਰਮਾਰ ਨੂੰ ਰੋਕਿਆ ਜਾ ਸਕੇ। ਖ਼ਰੀਦ ਏਜੰਸੀਆਂ ਦੀ ਭੂਮਿਕਾ ਸੁਖਾਲੀ ਹੋ ਸਕੇ ਤੇ ਭੰਡਾਰਨ ਦੌਰਾਨ ਹੋਣ ਵਾਲੇ ਨੁਕਸਾਨ ਨੂੰ ਘਟਾਇਆ ਜਾ ਸਕੇ। ਬਜਟ 'ਚ ਇਨ੍ਹਾਂ ਪੱਖਾਂ ਨੂੰ ਅਣਗੌਲਿਆ ਗਿਆ ਹੈ।*

## ਖੇਤੀ ਕਰਜ਼ਾਂ ਵੀ ਅਣਗੌਲਿਆ

ਅੱਜ ਪੰਜਾਬ ਬੇਹੱਦ ਨਾਜ਼ੁਕ ਮੋੜ 'ਤੇ ਖੜ੍ਹਾ ਹੈ। 2.08 ਲੱਖ ਕਰੋੜ ਰੁਪਏ ਦੇ ਭਾਰੀ ਕਰਜ਼ ਨੇ ਪੰਜਾਬ ਨੂੰ ਵਿੱਤੀ ਸੰਕਟ ਵੱਲ ਧੱਕ ਦਿੱਤਾ ਹੈ। ਖੇਤੀ 'ਤੇ ਨਿਰਭਰ ਪਰਿਵਾਰ ਕਠਿਨਾਈ 'ਚ ਹਨ। ਡੇਢ ਦਹਾਕੇ ਦੌਰਾਨ ਪੰਜਾਬ 'ਚ 16,606 (ਦੇਸ 'ਚ 3 ਲੱਖ ਤੋਂ ਉੱਪਰ) ਕਿਸਾਨ ਤੇ ਖੇਤ ਮਜ਼ਦੂਰ ਆਤਮ ਹੱਤਿਆ ਕਰ ਚੁੱਕੇ ਹਨ। ਬਜਟ 'ਚ ਕਰਜ਼ਾ ਮਾਫ਼ੀ ਤੇ ਆਤਮ ਹੱਤਿਆ ਕਰਨ ਵਾਲੇ ਕਿਸਾਨਾਂ ਦੀ ਕੋਈ ਮਦਦ ਨਹੀਂ ਕੀਤੀ ਗਈ। ਖੇਤ ਮਜ਼ਦੂਰਾਂ ਨੂੰ ਵੀ ਅੱਖੋਂ ਪਰੋਖੇ ਕੀਤਾ ਗਿਆ ਹੈ। ਸੰਸਥਾਗਤ ਕਰਜ਼ੇ ਦੀ ਹੱਦ 10 ਲੱਖ ਕਰੋੜ ਤੋਂ ਵਧਾ ਕੇ 11 ਲੱਖ ਕਰੋੜ ਰੁਪਏ ਕਰ ਦਿੱਤੀ ਗਈ ਪਰ ਵਿਆਜ਼ ਦਰ ਨਹੀਂ ਘਟਾਈ ਗਈ, ਜੋ ਕਿਸਾਨਾਂ ਵੱਲੋਂ ਗ਼ੈਰ-ਸੰਸਥਾਗਤ ਵਸੀਲਿਆਂ ਤੋਂ ਕਰਜ਼ ਲੈਣ ਨੂੰ ਠੱਲ੍ਹ ਪਾਉਣ ਵਾਸਤੇ ਜ਼ਰੂਰੀ ਸੀ। ਪੰਜਾਬ ਦੀ ਖੇਤੀ ਉਤਪਾਦਕਤਾ ਸਾਰੇ ਸੂਬਿਆਂ ਨਾਲੋਂ ਵੱਧ ਹੈ। ਮੌਜੂਦਾ ਹਾਲਾਤ 'ਚ ਇਥੇ ਖੇਤੀ ਆਮਦਨ 'ਚ ਵਾਧਾ ਕਰਨਾ ਮੁਸਕਲ ਹੈ। ਇਥੇ ਖੇਤੀ ਪਰਿਵਾਰਾਂ ਦੀ ਗ਼ੈਰ-ਖੇਤੀ ਖੇਤਰ ਤੋਂ ਆਮਦਨ ਕੁੱਲ ਆਮਦਨ ਦਾ 9.48 ਫ਼ੀਸਦੀ ਹੈ ਜਦਕਿ ਦੇਸ਼ 'ਚ ਇਹ ਦਰ 47.9 ਫ਼ੀਸਦੀ ਹੈ। ਕਿਸਾਨਾਂ ਦੀ ਆਮਦਨ ਵਧਾਉਣ ਵਾਸਤੇ ਗ਼ੈਰ-ਖੇਤੀ ਰੁਜ਼ਗਾਰ ਪੈਦਾ ਕੀਤਾ ਜਾਣਾ ਚਾਹੀਦਾ ਸੀ ਪ੍ਰੰਤੂ ਇਸ ਵੱਲ ਵੀ ਧਿਆਨ ਨਹੀਂ ਦਿੱਤਾ ਗਿਆ।

## ਬਜਟ ਚੁਣੌਤੀਆਂ ਨਾਲ ਲੜਨ ਤੋਂ ਅਸਮਰੱਥ

ਪੰਜਾਬ ਨੂੰ ਵਿਸ਼ੇਸ਼ ਪੈਕੇਜ਼ ਦਿੱਤਾ ਜਾਣਾ ਚਾਹੀਦਾ ਸੀ। ਗੁਆਂਢੀ ਸੂਬਿਆਂ ਨੂੰ ਰਿਆਇਤਾਂ ਦਿੱਤੇ ਜਾਣ ਨਾਲ ਪੰਜਾਬ ਦੀ ਸਨਅਤ ਨੂੰ ਧੱਕਾ ਲੱਗਾ ਹੈ। ਦੂਜੇ ਸੂਬਿਆਂ ਦੇ ਮੁਕਾਬਲੇ ਪੰਜਾਬ 'ਚ ਖੇਤੀ ਆਧਾਰਿਤ ਸਨਅਤਾਂ ਲਗਾਉਣਾ ਜ਼ਿਆਦਾ ਫ਼ਾਇਦੇਮੰਦ ਹੈ। ਪੰਜਾਬ 'ਚ ਖੇਤੀ-ਆਧਾਰਿਤ ਸਨਅਤਾਂ ਲਗਾਉਣ ਲਈ ਖ਼ਾਸ ਕਰਕੇ ਸਰਹੱਦੀ ਜ਼ਿਲ੍ਹਿਆਂ ਵਿਚ ਜ਼ਰੂਰ ਰਿਆਇਤਾਂ ਮਿਲਣੀਆਂ ਚਾਹੀਦੀਆਂ ਸਨ। ਖੇਤੀ ਉਦਯੋਗ ਵਸਤਾਂ ਦੀ ਬਰਾਮਦ ਲਈ ਜ਼ਮੀਨੀ ਰਸਤੇ ਰਾਹੀਂ ਵਪਾਰ ਵਧਾਉਣ ਲਈ ਵੀ ਬਜਟ 'ਚ ਕੁਝ ਨਹੀਂ ਕੀਤਾ ਗਿਆ। ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਕੇਂਦਰੀ ਬਜਟ ਖੇਤੀ ਤੇ ਕਿਸਾਨਾਂ ਨੂੰ ਦਰਪੇਸ਼ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਸਮਰੱਥ ਨਹੀਂ ਹੈ। •

*ਸ਼ਹਿਦ ਸਿਹਤ ਵਾਸਤੇ ਗੁਣਕਾਰੀ ਹੈ, ਜਿਸ ਕਾਰਨ ਰੋਜ਼ਾਨਾ ਖ਼ੁਰਾਕ 'ਚ ਮਿੱਠੇ ਦੀ ਪੂਰਤੀ ਲਈ ਇਸ ਦੀ ਵਰਤੋਂ ਵਧੇਰੇ ਹੋਣ ਲੱਗੀ ਹੈ। ਸ਼ਹਿਦ ਨੂੰ ਮਿਆਰੀ ਤੇ ਸਾਫ਼-ਸੁਥਰਾ ਬਣਾਉਣ ਲਈ ਇਸ ਨੂੰ ਪ੍ਰੋਸੈੱਸ ਕੀਤਾ ਜਾਣਾ ਲਾਜ਼ਮੀ ਹੈ...*



# ਸ਼ਹਿਦ ਦੀ ਪ੍ਰੋਸੈਸਿੰਗ ਸਮੇਂ ਦੀ ਮੁੱਖ ਲੋੜ

• ਗਗਨਜੋਤ ਕੌਰ, ਏ.ਕੇ ਸਿੰਘ
98781-14400

ਭਾਰਤ ਦਾਣਿਆਂ, ਫਲਾਂ, ਸਬਜ਼ੀਆਂ, ਦੁੱਧ ਤੇ ਮੱਛੀ ਦੀ ਪੈਦਾਵਾਰ 'ਚ ਵਿਸ਼ਵ ਦੇ ਪਹਿਲੇ ਪੰਜ ਦੇਸ਼ਾਂ ਵਿਚ ਆਉਂਦਾ ਹੈ। ਬੀਤੇ ਕੁਝ ਸਾਲਾਂ ਤੋਂ ਕਿਸਾਨਾਂ ਨੇ ਸਹਾਇਕ ਧੰਦਿਆਂ ਨੂੰ ਤੇਜ਼ੀ ਨਾਲ ਅਪਣਾਇਆ ਹੈ।

ਸ਼ਹਿਦ ਮੱਖੀ ਪਾਲਣ 'ਚ ਛੋਟੇ ਕਿਸਾਨਾਂ ਦਾ ਰੁਝਾਨ ਵਧੇਰੇ ਹੈ। 70 ਫ਼ੀਸਦੀ ਤੋ ਵੱਧ ਸ਼ਹਿਦ ਦੀ ਪ੍ਰਾਪਤੀ ਛੋਟੇ ਤੇ ਵੱਡੇ ਮੱਖੀ ਪਾਲਕਾਂ ਤੋਂ ਹੋ ਰਹੀ ਹੈ। ਐਪਿਸਮੈਲੀਫੇਰਾ ਕਿਸਮ ਦੀ ਮੱਖੀ ਪੰਜਾਬ ਦੇ ਵਾਤਾਵਰਨ ਵਾਸਤੇ ਅਨੁਕੂਲ ਹੈ। ਸ਼ਹਿਦ ਸਿਹਤ ਵਾਸਤੇ ਗੁਣਕਾਰੀ ਹੈ, ਜਿਸ ਕਾਰਨ ਲੋਕ ਅਪਣੀ ਖ਼ੁਰਾਕ 'ਚ ਮਿੱਠੇ ਦੀ ਲੋੜ ਪੂਰੀ ਕਰਨ ਲਈ ਸ਼ੱਕਰ, ਗੁੜ੍ਹ ਤੇ ਸ਼ਹਿਦ ਦੀ ਵਰਤੋਂ ਵਧੇਰੇ ਕਰਨ ਲਗੇ ਹਨ। ਸ਼ਹਿਦ ਨੂੰ ਵਧੀਆ, ਸਾਫ਼-ਸੁਧਰੇ ਤੇ ਸੁਚੱਜੇ ਤਰੀਕੇ ਨਾਲ ਪ੍ਰੋਸੈੱਸ ਕਰਨਾ ਜ਼ਰਰੀ ਹੈ।

## ਮੋਮ ਉਤਾਰਨਾ (ਅਨਕੈਪਿੰਗ)

ਲੱਕੜ ਦੇ ਬਕਸੇ 'ਚ ਫਰੇਮਾਂ 'ਤੇ ਮੋਮੀ ਸ਼ੀਟਾਂ ਉੱਪਰ ਸੈੱਲ ਬਣਾ ਕੇ ਮੱਖੀ ਸ਼ਹਿਦ ਇੱਕਠਾ ਕਰਦੀ ਹੈ। ਜਦੋਂ ਸੈੱਲ ਸ਼ਹਿਦ ਨਾਲ ਭਰ ਜਾਂਦਾ ਹੈ ਤਾਂ ਮੱਖੀ ਸੈੱਲ ਨੂੰ ਮੋਮ ਨਾਲ ਸੀਲ ਕਰ ਦਿੰਦੀ ਹੈ। ਚਾਕੂ ਨਾਲ ਮੋਮ ਨੂੰ ਉਤਾਰ ਦਿੱਤਾ ਜਾਂਦਾ ਹੈ। ਸ਼ਹਿਦ ਦੀ ਤਰਲਤਾ ਘੱਟ ਹੋਣ ਕਰਕੇ ਸ਼ਹਿਦ ਚਾਕੂ ਨਾਲ ਚਿਪਕਦਾ ਹੈ ਜਿਸ ਕਰਕੇ ਕੰਮ ਦੀ ਗਤੀ 'ਚ ਵਿਘਨ ਪੈਂਦਾ ਹੈ। ਇਸ ਨੂੰ ਸੁਖਾਵਾਂ ਕਰਨ ਲਈ ਪੀਏਯੂ ਦੇ ਵਿਗਿਆਨੀਆਂ ਨੇ ਚਾਕੂ ਦੀ ਧਾਰ ਨੂੰ ਗਰਮ ਕਰਨ ਲਈ ਬਿਜਲੀ ਜਾਂ ਬੈਟਰੀ ਦੀ ਸਹਾਇਤਾ ਨਾਲ ਗਰਮ ਹੋਣ ਵਾਲਾ ਚਾਕੂ ਤਿਆਰ ਕੀਤਾ ਹੈ।

## ਗਰਮ ਕਰਨਾ ਤੇ ਨਿਤਾਰਨਾ

ਸ਼ਹਿਦ ਨੂੰ ਸਿੱਧੀ ਅੱਗ 'ਤੇ ਗਰਮ ਨਹੀਂ ਕਰਨਾ ਚਾਹੀਦਾ। ਇਸ ਨਾਲ ਗੁਣਵੱਤਾ ਘਟਦੀ ਹੈ। ਪੀਏਯੂ ਦੇ ਫੂਡ ਪ੍ਰੋਸੈਸਿੰਗ ਤੇ ਇੰਜੀਨਿਅਰਿੰਗ ਵਿਭਾਗ ਵੱਲੋਂ ਸ਼ਹਿਦ ਨੂੰ ਗਰਮ ਕਰਨ ਤੇ ਨਿਤਾਰਨ ਵਾਲੀ ਮਸ਼ੀਨ ਤਿਆਰ ਕੀਤੀ ਗਈ ਹੈ। ਇਸ ਵਿਚ ਸ਼ਹਿਦ ਨੂੰ 40 ਮਿੰਟ ਗਰਮ ਕਰਨ ਨਾਲ ਸ਼ਹਿਦ ਦੀ ਗੁਣਵੱਤਾ ਤੇ ਤਰਲਤਾ 'ਚ ਵਾਧਾ ਹੁੰਦਾ ਹੈ। ਤਰਲਤਾ ਵਧਣ ਨਾਲ ਸ਼ਹਿਦ ਨੂੰ ਨਿਤਾਰਨਾ ਸੌਖਾ ਹੋ ਜਾਂਦਾ ਹੈ।

## ਐਕਸਟ੍ਰੈਕਸ਼ਨ

ਸ਼ੀਟਾਂ ਤੋਂ ਮੋਮ ਉਤਾਰਨ ਤੋਂ ਬਾਅਦ ਇਹ ਫਰੇਮ ਐਕਸਟ੍ਰੈਕਟਰ 'ਚ ਘੁਮਾਏ ਜਾਂਦੇ ਹਨ। ਇਸ ਰਾਹੀ ਸੈੱਲਾਂ 'ਚ ਪਿਆ ਸ਼ਹਿਦ ਬਾਹਰ ਆ ਜਾਂਦਾ ਹੈ। ਮਾਰਕੀਟ 'ਚ ਹੱਥ ਨਾਲ ਚਲਾਉਣ ਵਾਲਾ ਤੇ ਮੋਟਰ ਨਾਲ ਚੱਲਣ ਵਾਲੇ ਐਕਸਟ੍ਰੈਕਟਰ ਉਪਲਬਧ ਹਨ। ਇਸ 'ਚ ਫਰੇਮਾਂ ਦੀ ਗਿਣਤੀ 2 ਤੋਂ 120 ਤਕ ਹੋ ਸਕਦੀ ਹੈ। ਛੋਟੇ ਕਿਸਾਨਾਂ ਦੀ ਲੋੜ 4-10 ਫਰੇਮਾਂ ਵਾਲੇ ਐਕਸਟ੍ਰੈਕਟਰ ਰਾਹੀਂ ਪੂਰੀ ਹੋ ਸਕਦੀ ਹੈ।

## ਪੈਕਿੰਗ

ਆਕਰਸ਼ਕ ਪੈਕਿੰਗ ਮੰਡੀਕਰਨ ਦਾ ਅਨਿੱਖੜਵਾਂ ਅੰਗ ਹੈ। ਪੈਕਿੰਗ ਮੈਟੀਰਿਅਲ ਟਿਕਾਊ, ਕਿਫ਼ਾਇਤੀ, ਭੋਜਨ ਭੰਡਾਰਨ ਵਾਸਤੇ ਸੁਰੱਖਿਅਤ ਤੇ ਮਿਲਾਵਟ ਨੂੰ ਰੋਕਣ ਵਾਲਾ ਹੋਣਾ



ਚਾਹੀਦਾ ਹੈ। ਵੱਖ-ਵੱਖ ਆਕਾਰ ਤੇ ਮਾਪ ਦੀਆਂ ਬੋਤਲਾਂ 'ਚ ਸ਼ਹਿਦ ਪਾ ਕੇ ਇਸ 'ਤੇ ਲੇਬਲ ਲਗਾਉਣਾ ਵੀ ਜ਼ਰੂਰੀ ਹੈ। ਲੇਬਲ ਦੀ ਮਹੱਤਤਾ ਦਿਨੋਂ ਦਿਨ ਵੱਧ ਰਹੀ ਹੈ। ਇਸ ਰਾਹੀਂ ਗਾਹਕ ਨੂੰ ਖਾਣ ਵਾਲੇ ਪਦਾਰਥ ਦੀ ਪੂਰੀ ਜਾਣਕਾਰੀ ਦਿੱਤੀ ਜਾਂਦੀ ਹੈ। ਲੇਬਲ ਉੱਪਰ ਕੰਪਨੀ ਦਾ ਨਾਂ, ਪਤਾ, ਡੱਬਾ ਬੰਦ ਕਰਨ ਦੀ ਤਰੀਕ, ਇਸ 'ਚ ਪਾਏ ਜਾਣ ਵਾਲੇ ਪਦਾਰਥ, ਉਨ੍ਹਾਂ ਦੀ ਮਾਤਰਾ, ਰਜਿਸਟ੍ਰੇਸ਼ਨ, ਕੁਆਲਿਟੀ ਪ੍ਰਮਾਣ, ਭਾਰ, ਰੇਟ ਆਦਿ ਦਰਜ ਹੁੰਦਾ ਹੈ। ਲੇਬਲ ਤੇ ਦਿੱਤੀ ਜਾਣਕਾਰੀ ਦੁਆਰਾ ਕੋਈ ਵੀ ਖਪਤਕਾਰ ਉਤਪਾਦਕ ਨਾਲ ਸੰਪਰਕ ਕਰ ਸਕਦਾ ਹੈ।

ਸ਼ਹਿਦ ਦੀ ਪ੍ਰੋਸੈਸਿੰਗ ਇਕ ਲਾਹੇਵੰਦ ਧੰਦਾ ਹੈ। ਕਿਸਾਨ ਸ਼ਹਿਦ ਮੱਖੀਆਂ ਦੀ ਸਾਂਭ ਸੰਭਾਲ ਤੇ ਪ੍ਰੋਸੈਸਿੰਗ ਨੂੰ ਅਪਣਾ ਕੇ ਮੁਨਾਫ਼ੇ 'ਚ ਵਾਧਾ ਕਰ ਸਕਦੇ ਹਨ। •

# ਬਸੰਤ ਰੁੱਤ ਦੇ ਕਮਾਦ ਦੀ ਕਾਸ਼ਤ



• ਰਾਜਿੰਦਰਪਾਲ, ਓਂਕਾਰ ਸਿੰਘ

ਕਮਾਦ ਇਕ ਮਹੱਤਵਪੂਰਨ ਵਪਾਰਕ ਫ਼ਸਲ ਹੈ, ਜਿਸ ਦੀ ਕਾਸ਼ਤ ਵੱਖ-ਵੱਖ ਮੌਸਮਾਂ 'ਚ ਕੀਤੀ ਜਾ ਸਕਦੀ ਹੈ। ਪੰਜਾਬ 'ਚ 2016-17 ਵਿਚ 92 ਹਜ਼ਾਰ ਹੈਕਟੇਅਰ ਰਕਬੇ 'ਚ ਕਮਾਦ ਦੀ ਕਾਸ਼ਤ ਕੀਤੀ ਗਈ। ਪੰਜਾਬ 'ਚ ਇਸ ਦੀ ਕਾਸ਼ਤ ਪੱਤਝੜ ਤੇ ਬਹਾਰ ਰੁੱਤ ਦੌਰਾਨ ਕੀਤੀ ਜਾਂਦੀ ਹੈ। ਪੱਤਝੜ ਦੀ ਫ਼ਸਲ ਦਾ ਸਮਾਂ ਵੱਧ ਹੋਣ ਕਾਰਨ ਇਸ ਦਾ ਝਾੜ ਬਹਾਰ ਰੁੱਤ ਦੀ ਫ਼ਸਲ ਨਾਲੋਂ 15-20 ਫ਼ੀਸਦੀ ਵੱਧ ਮਿਲਦਾ ਹੈ ਤੇ ਇਸ 'ਚ ਖੰਡ ਦੀ ਮਾਤਰਾ ਵੀ ਵੱਧ ਹੁੰਦੀ ਹੈ। ਪੱਤਝੜ ਦੀ ਫ਼ਸਲ ਦਾ ਵਾਧਾ ਨਵੰਬਰ ਤੋਂ ਫਰਵਰੀ ਤਕ ਹੌਲੀ ਹੋਣ ਕਾਰਨ ਇਸ ਵਿਚ ਅੰਤਰ-ਫਸਲਾਂ ਦੀ ਕਾਸ਼ਤ ਵੀ ਕੀਤੀ ਜਾ ਸਕਦੀ ਹੈ। ਬਹਾਰ ਰੁੱਤ ਦੀ ਫ਼ਸਲ ਦੀ ਬਿਜਾਈ ਅੱਧ ਫਰਵਰੀ ਤੋਂ ਸ਼ੁਰੂ ਕੀਤੀ ਜਾਂਦੀ ਹੈ।

ਕਮਾਦ ਦੀ ਵੱਧ ਪੈਦਾਵਾਰ ਲਈ ਉੱਤਮ ਖੇਤੀ ਤਕਨੀਕਾਂ ਤੇ ਉੱਤਮ ਕਿਸਮਾਂ ਨੂੰ ਅਪਨਾਉਣਾ ਬੇਹੱਦ ਜ਼ਰੂਰੀ ਹੈ। ਕਿਸਮਾਂ ਦੇ ਪੱਕਣ ਦੇ ਸਮੇਂ ਅਨੁਸਾਰ ਕਿਸਮਾਂ ਦੀ ਵੰਡ ਅਗੇਤੀਆਂ ਤੇ ਦਰਮਿਆਨੀਆਂ-ਪਛੇਤੀਆਂ ਵਜੋਂ ਕੀਤੀ ਜਾਂਦੀ ਹੈ। ਅਗੇਤੀਆਂ ਕਿਸਮਾਂ ਨਵੰਬਰ ਤੋਂ ਦਸੰਬਰ ਦਰਮਿਆਨ ਪੱਕਦੀਆਂ ਹਨ ਜੋ 8-10 ਮਹੀਨੇ ਦਾ ਸਮਾਂ ਲੈਂਦੀਆਂ ਹਨ, ਪ੍ਰੰਤੂ ਦਰਮਿਆਨੀਆਂ-ਪਛੇਤੀਆਂ ਕਿਸਮਾਂ ਜਨਵਰੀ ਤੋਂ ਮਾਰਚ ਦਰਮਿਆਨ ਪੱਕਦੀਆਂ ਹਨ, ਜੋ ਕਿ ਪੱਕਣ ਲਈ 10-12 ਮਹੀਨੇ ਦਾ ਸਮਾਂ ਲੈਂਦੀਆਂ ਹਨ।

## ਅਗੇਤੀਆਂ ਕਿਸਮਾਂ

**ਸੀਓਪੀਬੀ-92** : ਇਸ ਕਿਸਮ ਦੇ ਗੰਨੇ ਲੰਬੇ, ਦਰਮਿਆਨੇ ਮੋਟੇ ਤੇ ਜਾਮਣੀ ਰੰਗ ਦੀ ਭਾਅ ਮਾਰਦੇ ਹਨ। ਇਸ ਦਾ ਮੋਢਾ ਵਧੀਆ ਹੁੰਦਾ ਹੈ। ਇਹ ਕਿਸਮ ਰੱਤਾ ਰੋਗ ਅਤੇ ਕੋਰੇ ਪ੍ਰਤੀ ਸਹਿਣਸ਼ੀਲ ਹੈ। ਇਸ ਦਾ ਔਸਤ ਝਾੜ 335 ਕੁਇੰਟਲ ਪ੍ਰਤੀ ਏਕੜ ਹੈ।

**ਸੀਓ-118** : ਇਸ ਕਿਸਮ ਦੇ ਗੰਨੇ ਮੋਟੇ ਤੇ ਗੂੜ੍ਹੇ ਜਾਮਣੀ ਹਰੇ ਰੰਗ ਦੇ ਹੁੰਦੇ ਹਨ। ਇਹ ਕਿਸਮ ਰੱਤਾ ਰੋਗ ਪ੍ਰਤੀ ਸਹਿਣਸ਼ੀਲ ਹੈ ਤੇ ਔਸਤ ਝਾੜ 320 ਕੁਇੰਟਲ ਪ੍ਰਤੀ ਏਕੜ ਹੈ।

**ਸੀਓਜੇ-85** : ਇਸ ਕਿਸਮ ਦੇ ਗੰਨੇ ਮੋਟੇ, ਹਰੇ ਰੰਗ ਦੇ ਹੁੰਦੇ ਹਨ। ਇਹ ਕਿਸਮ ਘੱਟ ਤਾਪਮਾਨ ਤੇ ਰੱਤਾ ਰੋਗ ਦਾ ਟਾਕਰਾ ਕਰਨ ਦੇ ਸਮਰੱਥ ਹੈ। ਇਸ ਕਿਸਮ ਦੇ ਗੰਨੇ ਮੋਟੇ ਤੇ ਭਾਰੇ ਹੋਣ ਕਾਰਨ ਡਿੱਗ ਜਾਂਦੇ ਹਨ, ਜਿਸ ਕਰਕੇ ਇਸ ਦੀ ਸਮੇਂ ਸਿਰ ਬੰਨ੍ਹਾਈ ਦਾ ਖ਼ਾਸ ਖ਼ਿਆਲ ਰੱਖਣਾ ਜ਼ਰੂਰੀ ਹੈ। ਔਸਤਨ ਝਾੜ 305 ਕੁਇੰਟਲ ਪ੍ਰਤੀ ਏਕੜ ਹੈ।

**ਸੀਓਜੇ-64** : ਇਹ ਕਿਸਮ ਜ਼ਿਆਦਾ ਬੂਝਾ ਮਾਰਦੀ ਹੈ। ਇਸ ਕਿਸਮ ਦੇ ਗੰਨੇ ਦਰਮਿਆਨੇ ਮੋਟੇ, ਹਰੇ ਪੀਲੇ ਰੰਗ ਦਾ ਭਾਅ ਮਾਰਦੇ ਹਨ। ਇਸ ਕਿਸਮ 'ਤੇ ਰੱਤਾ ਰੋਗ ਤੇ ਗੜ੍ਹੂੰਏਂ ਦਾ ਜ਼ਿਆਦਾ ਹਮਲਾ ਹੁੰਦਾ ਹੈ ਪ੍ਰੰਤੂ ਇਸ ਦਾ ਗੁੜ ਮਿਆਰੀ ਹੁੰਦਾ ਹੈ। ਔਸਤ ਝਾੜ 300 ਕੁਇੰਟਲ ਪ੍ਰਤੀ ਏਕੜ ਹੈ।

## ਦਰਮਿਆਨੀਆਂ-ਪਛੇਤੀਆਂ ਕਿਸਮਾਂ

**ਸੀਓਪੀਬੀ-93** : ਇਸ ਕਿਸਮ ਦੇ ਗੰਨੇ ਮੋਟੇ, ਲੰਬੇ ਤੇ ਪੀਲੀ ਭਾਅ ਮਾਰਦੇ ਹਨ। ਇਹ ਕਿਸਮ ਮੂਢੇ ਲਈ ਵਧੀਆ ਤੇ ਰੱਤਾ ਰੋਗ ਦਾ ਟਾਕਰਾ ਕਰਨ ਦੇ ਸਮਰੱਥ ਹੈ। ਇਸ ਦਾ ਔਸਤ ਝਾੜ 390 ਕੁਇੰਟਲ ਪ੍ਰਤੀ ਏਕੜ ਹੈ।

**ਸੀਓਪੀਬੀ-94** : ਇਹ ਕਿਸਮ ਕੱਦ ਵਿਚ ਲੰਬੀ ਅਤੇ ਇਸ ਦੇ ਗੰਨੇ ਮੋਟੇ, ਗੋਲ ਤੇ ਪੀਲੇ ਹਰੇ ਰੰਗ ਦੀ ਭਾਅ ਮਾਰਦੇ ਹਨ। ਇਹ ਕਿਸਮ ਰੱਤਾ ਰੋਗ ਤੇ ਕਾਂਗਿਆਰੀ ਰੋਗ ਪ੍ਰਤੀ ਸਹਿਣਸ਼ੀਲ ਹੈ। ਇਸ ਦਾ ਝਾੜ 400 ਕੁਇੰਟਲ ਪ੍ਰਤੀ ਏਕੜ ਹੈ।

**ਸੀਓ-238** : ਇਹ ਲੰਬੇ ਕੱਦ, ਦਰਮਿਆਨੇ ਮੋਟੇ ਤੇ ਪੀਲੇ ਰੰਗ ਦੇ ਗੰਨਿਆਂ ਵਾਲੀ ਕਿਸਮ ਹੈ। ਇਸ ਕਿਸਮ 'ਤੇ ਆਗ ਦੇ ਗੜ੍ਹੂੰਏਂ ਦਾ ਹਮਲਾ ਜ਼ਿਆਦਾ ਹੁੰਦਾ ਹੈ ਪ੍ਰੰਤੂ ਇਹ ਰੱਤਾ ਰੋਗ ਦਾ ਟਾਕਰਾ ਕਰਨ ਦੇ ਸਮਰੱਥ ਹੈ। ਔਸਤ ਝਾੜ 365 ਕੁਇੰਟਲ ਪ੍ਰਤੀ ਏਕੜ ਹੈ ਤੇ ਮੋਢਾ ਰੱਖਣ ਲਈ ਵੀ ਢੁੱਕਵੀਂ ਹੈ।

**ਸੀਓਪੀਬੀ-91** : ਇਹ ਕਿਸਮ ਕੱਦ 'ਚ ਲੰਬੀ, ਗੰਨੇ ਮੋਟੇ ਤੇ ਹਰੇ ਰੰਗ ਦੇ ਹੁੰਦੇ ਹਨ। ਇਸ ਕਿਸਮ ਕੋਰ੍ਹੇ ਤੇ ਰੱਤਾ ਰੋਗ ਪ੍ਰਤੀ ਸਹਿਣਸ਼ੀਲ ਹੈ। ਔਸਤ ਝਾੜ 410 ਕੁਇੰਟਲ ਪ੍ਰਤੀ ਏਕੜ ਹੈ।

**ਸੀਓਜੇ-88** : ਇਹ ਕਿਸਮ ਆਮ ਹਾਲਾਤ ਤੇ ਲੂਣੇ ਪਾਣੀ ਵਾਲੀਆਂ ਜ਼ਮੀਨਾਂ ਲਈ ਵੀ ਢੁੱਕਵੀਂ ਹੈ। ਇਸ ਦਾ ਮੂਢਾ ਵਧੀਆ ਹੁੰਦਾ ਹੈ। ਇਹ ਰੱਤਾ ਰੋਗ ਪ੍ਰਤੀ ਸਹਿਣਸ਼ੀਲ ਤੇ ਗੁੜ ਬਣਾਉਣ ਲਈ ਸਭ ਤੋਂ ਢੁੱਕਵੀਂ ਹੈ। ਔਸਤ ਝਾੜ 335 ਕੁਇੰਟਲ ਪ੍ਰਤੀ ਏਕੜ ਹੈ।

## ਡੂੰਘੀ ਵਹਾਈ

ਕਮਾਦ ਵਾਲੇ ਖੇਤ ਨੂੰ ਤਿੰਨ ਤੋਂ ਚਾਰ ਸਾਲ ਬਾਅਦ ਇਕ ਮੀਟਰ ਦੀ ਦੂਰੀ 'ਤੇ ਦੋ ਤਰਫ਼ਾ 40-45 ਸੈਂਟੀਮੀਟਰ ਡੂੰਘੀ ਵਹਾਈ ਕਰਨ ਨਾਲ ਜ਼ਮੀਨ ਦੇ ਹੇਠ ਬਣੀ ਸਖ਼ਤ ਤਹਿ ਟੁੱਟ ਜਾਂਦੀ ਹੈ, ਜੋ ਜ਼ਮੀਨ ਦੀ ਪਾਣੀ ਨੂੰ ਜ਼ੀਰਨ ਦੀ ਸ਼ਕਤੀ ਤੇ ਗੰਨੇ ਦੀ ਜੜ੍ਹ ਦੇ ਵਾਧੇ ਲਈ ਲਾਹੇਵੰਦ ਸਿੱਧ ਹੁੰਦੀ ਹੈ।

### ਬਿਜਾਈ ਦਾ ਸਮਾਂ

*ਅੱਧ ਫਰਵਰੀ ਤੋਂ ਮਾਰਚ ਦੇ ਅਖੀਰ ਤਕ ਦਾ ਸਮਾਂ ਬਿਜਾਈ ਲਈ ਢੁੱਕਵਾਂ ਹੈ। ਜੇ ਕਿਸੇ ਕਾਰਨ ਬਿਜਾਈ ਲੇਟ ਹੋ ਜਾਵੇ ਤਾਂ ਧਿਆਨ ਰੱਖੋ ਕਿ ਕੇਵਲ ਪਛੇਤੀ ਕਿਸਮ ਦੀ ਹੀ ਬਿਜਾਈ ਕਰੋ। ਬੀਜ ਦੀ ਮਾਤਰਾ 20 ਹਜ਼ਾਰ ਬਰੋਟਿਆਂ ਤੋਂ 30 ਹਜ਼ਾਰ ਬਰੋਟੇ ਤਕ ਵਧਾ ਦਿਓ। ਅਗੇਤੀ ਫੋਟ ਦੇ ਗੜ੍ਹੂੰਏ ਦੇ ਹਮਲੇ ਦਾ ਪ੍ਰਬੰਧਨ ਸੁਚੱਜੇ ਢੰਗ ਨਾਲ ਕਰੋ।*



### ਸਿੰਚਾਈ ਤੇ ਜਲ ਨਿਕਾਸੀ

*ਅਪ੍ਰੈਲ ਤੋਂ ਜੂਨ ਮਹੀਨਿਆਂ ਦੌਰਾਨ ਮੌਸਮ ਖੁਸ਼ਕ ਹੋਣ ਕਰਕੇ ਕਮਾਦ ਦੀ ਫ਼ਸਲ ਦੀ ਸਿੰਚਾਈ 7-12 ਦਿਨਾਂ ਦੇ ਵਕਫ਼ੇ 'ਤੇ ਕਰੋ। ਸਰਦੀਆਂ ਦੌਰਾਨ ਸਿੰਚਾਈ ਦਾ ਵਕਫ਼ਾ ਇਕ ਮਹੀਨੇ ਤਕ ਵਧਾਇਆ ਜਾ ਸਕਦਾ ਹੈ। ਜੇ ਬਰਸਾਤਾਂ ਦੌਰਾਨ ਫ਼ਸਲ 'ਚ ਪਾਣੀ ਖੜ੍ਹਾ ਹੋ ਜਾਵੇ ਉਸ ਦਾ ਨਿਕਾਸ ਕਰ ਦਿਓ।*

### ਬੀਜ ਦੀ ਚੋਣ ਤੇ ਮਾਤਰਾ

*ਬੀਜ ਲਈ ਵਰਤਿਆ ਜਾਣ ਵਾਲਾ ਗੰਨਾ ਹਮੇਸ਼ਾ ਰੱਤਾ ਰੋਗ, ਛੋਟੀਆਂ ਪੋਰੀਆਂ ਤੇ ਕਾਂਗਿਆਰੀ ਆਦਿ ਰੋਗਾਂ ਤੋਂ ਰਹਿਤ ਹੋਣਾ ਚਾਹੀਦਾ ਹੈ। ਬਿਜਾਈ ਲਈ ਗੰਨੇ ਦਾ ਉਪਰਲਾ ਦੋ ਤਿਹਾਈ ਭਾਗ ਹੀ ਬੀਜ ਦੇ ਤੌਰ 'ਤੇ ਵਰਤੋ। ਇਕ ਏਕੜ ਦੀ ਬਿਜਾਈ ਲਈ 20 ਹਜ਼ਾਰ ਗੁੱਲੀਆਂ ਜਾਂ ਚਾਰ ਅੱਖਾਂ ਵਾਲੀਆਂ 15 ਹਜਾਰ ਗੁੱਲੀਆਂ ਜਾਂ 5 ਅੱਖਾਂ ਵਾਲੀਆਂ 12 ਹਜ਼ਾਰ ਗੁੱਲੀਆਂ ਕਾਫੀ ਹਨ। ਸੀਓ-118 ਤੇ ਸੀਓਜੇ-85 ਕਿਸਮ ਲਈ 10 ਫ਼ੀਸਦੀ ਵਧੇਰੇ ਗੁੱਲੀਆਂ ਵਰਤੋ।*

## ਬਿਜਾਈ ਦਾ ਢੰਗ

ਕਮਾਦ ਦੀ ਬਿਜਾਈ ਹੇਠ ਲਿਖੇ ਢੰਗਾਂ ਅਨੁਸਾਰ ਕੀਤੀ ਜਾ ਸਕਦੀ ਹੈ :

**ਪੱਧਰੀ ਬਿਜਾਈ** : ਕਮਾਦ ਦੀ ਬਿਜਾਈ 75 ਸੈਂਟੀਮੀਟਰ ਦੀ ਵਿੱਥ 'ਤੇ ਕਤਾਰਾਂ ਵਿਚ 20-25 ਸੈਂਟੀਮੀਟਰ ਡੂੰਘੀਆਂ ਖਾਲ਼ੀਆਂ 'ਚ ਕੀਤੀ ਜਾ ਸਕਦੀ ਹੈ। ਬਰੋਟਿਆਂ ਨੂੰ ਜ਼ਮੀਨ 'ਤੇ ਰੱਖਣ ਉਪਰੰਤ 5 ਸੈਂਟੀਮੀਟਰ ਮਿੱਟੀ ਦੀ ਤਹਿ ਨਾਲ ਢਕ ਦਿਓ।

**ਦੋ ਕਤਾਰੀ ਖਾਲ਼ੀ ਵਿਧੀ** : ਇਸ ਢੰਗ ਨਾਲ ਬਿਜਾਈ ਕਰਨ ਲਈ ਬਰੋਟਿਆਂ ਨੂੰ ਦੋ ਕਤਾਰਾਂ, ਜੋ ਇਕ ਫੁੱਟ ਚੌੜੀਆਂ ਤੇ 20-25 ਸੈਂਟੀਮੀਟਰ ਡੂੰਘੀਆਂ ਹੋਣ, ਵਿਚ ਰੱਖਣ ਉਪਰੰਤ ਕਤਾਰਾਂ ਵਿਚਲੀ ਮਿੱਟੀ ਨਾਲ ਢਕ ਦਿਓ। ਖਾਲ਼ੀ ਤੋਂ ਖਾਲ਼ੀ ਦਰਮਿਆਨ ਫ਼ਾਸਲਾ ਤਿੰਨ ਫੁੱਟ ਤਕ ਰੱਖੋ। ਜੇ ਕਮਾਦ ਦੀ ਕਟਾਈ ਮਸ਼ੀਨ ਨਾਲ ਕਰਨੀ ਹੋਵੇ ਤਾਂ ਖਾਲ਼ੀਆਂ ਵਿਚਕਾਰ ਫ਼ਾਸਲਾ 4 ਫੁੱਟ ਤਕ ਵਧਾਇਆ ਜਾ ਸਕਦਾ ਹੈ।

**ਖੜ੍ਹੀ ਕਣਕ 'ਚ ਗੰਨੇ ਦੀ ਬਿਜਾਈ** : ਇਸ ਤਕਨੀਕ ਰਾਹੀਂ ਕਮਾਦ ਦੀ ਬਿਜਾਈ ਬੈੱਡ ਪਲਾਂਟਰ ਦੁਆਰਾ ਬੀਜੀ ਗਈ ਕਣਕ ਦੀ ਫ਼ਸਲ 'ਚ ਵੀ ਕੀਤੀ ਜਾ ਸਕਦੀ ਹੈ। ਬਿਜਾਈ ਦਾ ਢੁੱਕਵਾਂ ਸਮਾਂ ਅੱਧ ਫਰਵਰੀ ਤੋਂ ਅਖ਼ੀਰ ਮਾਰਚ ਤਕ ਦਾ ਹੈ। ਇਸ ਤਕਨੀਕ ਨਾਲ ਬਿਜਾਈ ਲਈ ਕਣਕ ਦੀ ਖੜ੍ਹੀ ਫ਼ਸਲ ਵਿਚ ਜਨਵਰੀ ਮਹੀਨੇ ਪਲਾਂਟਰ ਫੇਰ ਕੇ ਖਾਲ਼ਾਂ ਦੀ ਬਣਤਰ ਸੋਧ ਲੈਣੀ ਚਾਹੀਦੀ ਹੈ। ਬਿਜਾਈ ਤੋਂ ਇਕ ਦਿਨ ਪਹਿਲਾਂ ਸ਼ਾਮ ਵੇਲੇ ਪਾਣੀ ਲਗਾਉਣ ਤੋਂ ਬਾਅਦ ਅਗਲੇ ਦਿਨ ਦਵਾਈ ਨਾਲ ਸੋਧੇ ਹੋਏ ਬਰੋਟੇ ਖਾਲ਼ਾਂ 'ਚ ਰੱਖਣ ਉਪਰੰਤ ਪੈਰਾਂ ਨਾਲ ਦਬਾ ਦਿਓ।

**ਸ਼ੂਗਰਕੇਨ ਕਟਰ ਪਲਾਂਟਰ ਨਾਲ ਬਿਜਾਈ** : ਇਸ ਤਕਨੀਕ ਨਾਲ ਬਿਜਾਈ ਕਰਨ ਨਾਲ ਬਿਜਾਈ ਦਾ ਖ਼ਰਚ 25 ਫ਼ੀਸਦੀ ਘੱਟ ਕੀਤਾ ਜਾ ਸਕਦਾ ਹੈ। ਇਸ ਵਿਧੀ ਰਾਹੀਂ ਮਸ਼ੀਨ ਦੀ ਸੀਟ 'ਤੇ ਬੈਠੇ ਆਦਮੀ ਸਾਬਤ ਗੰਨਾ ਮਸ਼ੀਨ ਵਿਚ ਪਾਉਂਦੇ ਹਨ ਤੇ ਮਸ਼ੀਨ ਆਪਣੇ ਆਪ ਬਰੋਟੇ ਕੱਟ ਕੇ ਸਿਆੜਾਂ ਵਿਚ ਪਾਉਂਦੀ ਹੈ। ਇਸ ਤਕਨੀਕ ਨਾਲ ਖਾਦਾਂ ਤੇ ਦਵਾਈਆਂ ਵੀ ਬਿਜਾਈ ਦੇ ਨਾਲ ਹੀ ਪਾਈਆਂ ਜਾ ਸਕਦੀਆਂ ਹਨ।

## ਖਾਦਾਂ ਦੀ ਮਾਤਰਾ

ਬੀਜੜ ਕਮਾਦ ਲਈ 60 ਕਿੱਲੋ ਅਤੇ ਮੋਢੇ ਦੀ ਫ਼ਸਲ ਲਈ 90 ਕਿੱਲੋ ਨਾਈਟਰੋਜਨ ਖਾਦ ਪ੍ਰਤੀ ਏਕੜ ਵਰਤੋ। ਇਸ ਵਾਸਤੇ ਬੀਜੜ ਕਮਾਦ ਲਈ 130 ਕਿੱਲੋ ਯੂਰੀਆ ਪ੍ਰਤੀ ਏਕੜ ਦੋ ਬਰਾਬਰ ਕਿਸ਼ਤਾਂ ਵਿਚ ਛੱਟੇ/ਸਿਆੜਾਂ ਦੇ ਨਾਲ ਪਹਿਲੇ ਪਾਣੀ ਸਮੇਂ ਅਤੇ ਫਿਰ ਮਈ/ਜੂਨ ਵਿਚ ਪਾਵੋ। ਮੋਢੇ ਕਮਾਦ ਲਈ 195 ਕਿੱਲੋ ਯੂਰੀਆ ਤਿੰਨ ਬਰਾਬਰ ਕਿਸ਼ਤਾਂ 'ਚ ਪਾਓ। ਪਹਿਲੀ ਕਿਸ਼ਤ ਫਰਵਰੀ ਦੌਰਾਨ ਗੁਡਾਈ ਸਮੇਂ, ਦੂਸਰੀ ਕਿਸ਼ਤ ਅਪ੍ਰੈਲ ਤੇ ਤੀਸਰੀ ਕਿਸ਼ਤ ਮਈ ਮਹੀਨੇ ਦੌਰਾਨ ਪਾਓ। ਕਮਾਦ 'ਚ ਫਾਸਫੋਰਸ ਖਾਦ ਦੀ ਵਰਤੋਂ ਮਿੱਟੀ ਦੀ ਪਰਖ ਅਨੁਸਾਰ ਹੀ ਕਰੋ। •

*ਕਮਾਦ ਦੀ ਵਧੇਰੇ ਪੈਦਾਵਾਰ ਲਈ ਉੱਤਮ ਖੇਤੀ ਤਕਨੀਕਾਂ ਤੇ ਉੱਤਮ ਕਿਸਮਾਂ ਨੂੰ ਅਪਣਾਉਣਾ ਬੇਹੱਦ ਜ਼ਰੂਰੀ ਹੈ। ਬਹਾਰ ਰੁੱਤ ਦੀ ਫ਼ਸਲ ਦੀ ਬਿਜਾਈ ਅੱਧ ਫਰਵਰੀ ਤੋਂ ਸ਼ੁਰੂ ਕੀਤੀ ਜਾਂਦੀ ਹੈ। ਬਿਜਾਈ ਲਈ ਅੱਖਾਂ ਵਾਰੀਆਂ ਪੋਰੀਆਂ ਰੋਗਾਂ ਤੋਂ ਰਹਿਤ ਹੋਣੀਆਂ ਚਾਹੀਦੀਆਂ ਹਨ...*



### ਬੀਜ ਦੀ ਸੋਧ

*ਬੀਜ ਦੀ ਸੋਧ ਲਈ ਬਰੋਟਿਆਂ ਨੂੰ 0.25 ਫ਼ੀਸਦੀ ਐਮੀਸਾਨ ਜਾਂ ਟਿਲਟ 25 ਈਸੀ ਦੇ ਘੋਲ 'ਚ ਡੋਬਣ ਉਪਰੰਤ ਉਸੇ ਵੇਲੇ ਬਾਹਰ ਕੱਢ ਲਵੋ। ਘੋਲ ਤਿਆਰ ਕਾਰਨ ਵਾਸਤੇ 250 ਮਿਲੀਲਿਟਰ ਟਿਲਟ 25 ਈਸੀ ਨੂੰ 100 ਲਿਟਰ ਪਾਣੀ 'ਚ ਪਾਓ। ਇਹ ਘੋਲ ਇਕ ਏਕੜ ਦੇ ਬੀਜ ਲਈ ਕਾਫੀ ਹੈ। ਫ਼ਸਲ ਦੇ ਚੰਗੇ ਜੰਮ ਲਈ ਬਰੋਟਿਆਂ ਨੂੰ 24 ਘੰਟੇ ਪਾਣੀ 'ਚ ਡੂ ਕੇ ਰੱਖੋ।*

### ਉਤਪਾਦਨ 'ਚ ਵਾਧੇ ਲਈ ਖ਼ਾਸ ਪ੍ਰਬੰਧ

*ਉਤਪਾਦਨ ਵਧਾਉਣ ਲਈ ਕਮਾਦ ਦੀ ਫ਼ਸਲ ਨੂੰ ਡਿੱਗਣ ਤੋਂ ਬਚਾਉ। ਕਮਾਦ ਨੂੰ ਸਮੇਂ ਸਿਰ ਮਿੱਟੀ ਚੜ੍ਹਾ ਦੇਵੋ। ਅਗਸਤ ਤੇ ਸਤੰਬਰ ਮਹੀਨੇ ਵਿਚ ਸਿੰਚਾਈ ਘੱਟ ਕਰ ਦੇਵੋ। ਡਿੱਗੇ ਹੋਏ ਕਮਾਦ 'ਤੇ ਚੂਹਿਆਂ ਦਾ ਵਧੇਰੇ ਹਮਲਾ ਹੁੰਦਾ ਹੈ। ਕਮਾਦ ਡਿਗਣ ਨਾਲ ਅੱਖਾਂ ਤੇ ਜੜ੍ਹਾਂ ਫੁੱਟ ਜਾਂਦੀਆਂ ਹਨ। ਫ਼ਸਲ ਨੂੰ ਕੋਰ੍ਹੇ ਤੋਂ ਬਚਾਉਣਾ ਵੀ ਲਾਜ਼ਮੀ ਹੈ। ਕੋਰ੍ਹੇ ਦੇ ਦਿਨਾਂ ਵਿਚ ਹਲਕੀ ਸਿੰਚਾਈ ਕਰੋ। ਗੰਨੇ ਦੀ ਕਟਾਈ ਜ਼ਮੀਨ ਦੇ ਬਿਲਕੁਲ ਨਾਲੋਂ ਕਰਨੀ ਚਾਹੀਦੀ ਹੈ। ਜਿਹੜਾ ਗੰਨਾ ਮਿਲ ਨੂੰ ਭੇਜਣਾ ਹੋਵੇ, ਉਹ ਜੜ੍ਹਾਂ, ਮਿੱਟੀ, ਖੋਗੀ, ਆਗ ਅਤੇ ਘੋਗਿਆਂ ਤੋਂ ਰਹਿਤ ਹੋਵੇ। ਅਗੇਤੀਆਂ ਪੱਕਣ ਵਾਲੀਆਂ ਕਿਸਮਾਂ ਦਾ ਜਾਇਜ਼ਾ ਹੈਂਡ ਰਿਫਰੈਕਟੋਮੀਟਰ ਨਾਲ ਲਿਆ ਜਾ ਸਕਦਾ ਹੈ। ਇਹ ਯੰਤਰ ਮਿਲ ਦੇ ਸਰਵੇਅਰਾਂ ਕੋਲ ਹੁੰਦਾ ਹੈ। ਇਸ ਦੀ ਵਰਤੋਂ ਨਾਲ ਫ਼ਸਲ ਤੋਂ 0.5 ਤੋਂ 0.8 ਫ਼ੀਸਦੀ ਵਧੇਰੇ ਖੰਡ ਦੀ ਪ੍ਰਾਪਤੀ ਹੋ ਸਕਦੀ ਹੈ। ਜੇ ਗੰਨੇ ਦੀ ਕਟਾਈ ਤੇ ਪਿੜਾਈ ਵਿਚ ਵਕਤ ਵਧ ਜਾਵੇ ਤਾਂ ਖੰਡ ਦੀ ਪ੍ਰਾਪਤੀ ਘੱਟ ਜਾਂਦੀ ਹੈ।*

# ਪਟਿਆਲਾ ਕੈਨਲ ਕਲੱਬ ਦੇ 64ਵੇਂ ਤੇ 65ਵੇਂ ਆਲ ਬਰੀਡ ਚੈਂਪੀਅਨਸ਼ਿਪ ਡੌਗ ਸ਼ੋਅ ਨੇ ਮੇਲਾ ਲੁੱਟਿਆ

➢ਸ਼ੋਅ ਵਿਚ ਪੰਜਾਬ ਸਮੇਤ ਦੇਸ਼ ਭਰ ਤੋਂ ਲਗਭਗ 32 ਨਸਲਾਂ ਦੇ 233 ਕੁੱਤਿਆਂ ਨੇ ਹਿੱਸਾ ਲਿਆ ➢ ਡਾਬਰਮੈਨ, ਅਫਗਾਨ ਹਾਊਂਡ, ਬਾਕਸਰ, ਰੋਟ ਵਿਲਰ, ਲੈਬਰੇਡਾਰ, ਬੀਗਲ, ਜੀ ਐਸ ਡੀ ਸਾਈਬੇਰੀਅਨ ਹਸਕੀ, ਕੈਰਾਵਨ ਹਾਊਂਡ, ਰਾਜ ਪਾਲਯਨ, ਬਿਚੋਨ ਫਰਾਈਜਮ ਡੱਚ ਸ਼ੈਡ (ਵਾਇਰ ਹੇਅਰਡ) ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ







ਪਟਿਆਲਾ, 17 ਫਰਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਹੈਰੀਟੇਜ ਫੈਸਟੀਵਲ-2026 ਦੇ ਚੌਥੇ ਦਿਨ ਅੱਜ ਇੱਥੇ ਪੋਲੋ ਗਰਾਊਂਡ ਵਿਖੇ ਜ਼ਿਲ੍ਹਾ ਪ੍ਰਸਾਸਨ ਦੇ ਸਹਿਯੋਗ ਨਾਲ ਕਰਵਾਏ ਗਏ ਪਟਿਆਲਾ ਕੈਨਲ ਕਲੱਬ ਦੇ 64ਵੇਂ ਤੇ 65ਵੇਂ ਆਲ ਬਰੀਡ ਚੈਂਪੀਅਨਸ਼ਿਪ ਡੌਗ ਸ਼ੋਅ ਨੇ ਮੇਲਾ ਲੁੱਟਿਆ। ਇਸ ਸ਼ੋਅ ਵਿਚ ਲਗਭਗ 32 ਨਸਲਾਂ ਦੇ 233 ਕੁੱਤਿਆਂ ਨੇ ਹਿੱਸਾ ਲਿਆ। ਇਨ੍ਹਾਂ ਵਿੱਚ ਡੌਬਰਮੈਨ ਨਸਲ ਦੇ 26, ਬੀਗੇਅਲ ਦੇ 16, ਜਰਮਨ ਸ਼ੈਫਰਡ ਨਸਲ ਦੇ 25, ਸ਼ੈਫ ਨਸਲ ਦੇ 22, ਗੋਲਡਨ ਰਿਟਰੀਵਰ ਦੇ 18 ਅਤੇ ਬੀਗਲ ਨਸਲ ਦੇ 15 ਕੁੱਤੇ ਵੀ ਸ਼ਾਮਲ ਸਨ।

ਇਸ ਦੌਰਾਨ ਵਿਸ਼ੇਸ਼ ਤੌਰ ਉਤੇ ਪਟਿਆਲਾ ਦੇ ਜ਼ਿਲ੍ਹਾ ਅਤੇ ਸੈਸ਼ਨਜ ਜੱਜ ਅਵਤਾਰ ਸਿੰਘ, ਲੁਧਿਆਣਾ ਦੇ ਵਧੀਕ ਜ਼ਿਲ੍ਹਾ ਤੇ ਸੈਸ਼ਨਜ ਗੁਰਪ੍ਰਤਾਪ ਸਿੰਘ, ਏ.ਡੀ.ਸੀ. (ਸ਼ਹਿਰੀ ਵਿਕਾਸ) ਡਾ. ਇਸਮਤ ਵਿਜੇ ਸਿੰਘ ਤੇ ਐਸ.ਡੀ.ਐਮ ਹਰਜੋਤ ਕੌਰ ਮਾਵੀ ਸਮੇਤ ਕੌਮੀ ਤੇ ਕੌਮਾਂਤਰੀ ਪ੍ਰਸਿੱਧੀ ਵਾਲੇ ਡੌਗ ਸ਼ੋਅ ਦੇ ਜੱਜ ਵੀ ਸ਼ਾਮਲ ਹੋਏ।

ਡਾ. ਇਸਮਤ ਵਿਜੇ ਸਿੰਘ ਨੇ ਦੱਸਿਆ ਕਿ ਪਟਿਆਲਾ ਕੈਨਲ ਕਲੱਬ ਪਿਛਲੇ 35 ਸਾਲਾਂ ਤੋਂ ਲਗਾਤਾਰ ਹਰ ਸਾਲ ਇਹ ਸ਼ੋਅ ਕਰਵਾ ਰਿਹਾ ਹੈ, ਇਹਨਾਂ 65 ਆਲ ਬਰੀਡ ਸ਼ੋਅ ਤੋਂ ਇਲਾਵਾ ਪਟਿਆਲਾ ਕੈਨਲ ਕਲੱਬ ਵੱਲੋਂ ਹੁਣ ਤੱਕ ਪੰਜ ਜੀ.ਐਸ.ਡੀ. ਸਪੈਸ਼ਲਟੀ ਸ਼ੋਅ ਜਿਹਨਾਂ ਵਿੱਚ ਇੱਕ ਦਿਨ-ਰਾਤ ਦਾ ਸ਼ੋਅ ਵੀ ਕਰਵਾਏ ਗਏ ਸਨ ਜਿਹੜੇ ਕਿ ਅੰਤਰ ਰਾਸ਼ਟਰੀ ਪੱਧਰ ਜੱਜਾਂ ਵੱਲੋਂ ਜੱਜ ਕੀਤੇ ਗਏ ਸਨ।

ਜਿਕਰਯੋਗ ਹੈ ਕਿ ਕੈਨਲ ਕਲੱਬ ਆਫ਼ ਇੰਡੀਆ ਦੁਆਰਾ ਪਟਿਆਲਾ ਕੈਨਲ ਕਲੱਬ ਨੂੰ ਉਨ੍ਹਾਂ ਦੇ ਦਸ ਕਲੱਬਾਂ ਵਿਚ ਚੁਣਿਆ ਗਿਆ ਹੈ ਜਿੱਥੇ ਦੇਸ਼ ਭਰ ਦੇ ਸ਼ੋਆਂ ਵਿਚ ਦੋ ਡੌਗ ਆਫ਼ ਦੀ ਈਅਰ, ਰਿਜ਼ਰਵ ਡੌਗ ਆਫ਼ ਈਅਰ, ਬੈਸਟ ਪੱਪੀ ਆਫ਼ ਦਾ ਈਅਰ ਅਤੇ ਬੈਸਟ ਬਰੀਡ ਇਨ ਇੰਡੀਆ ਡੌਗ ਆਫ਼ ਦਾ ਈਅਰ ਚੁਣਨ ਵਾਸਤੇ ਨੰਬਰ ਦਿੱਤੇ ਜਾਂਦੇ ਹਨ।ਪਟਿਆਲਾ ਦੇ ਪੋਲੋ ਗਰਾਊਂਡ ਵਿਚ ਕਰਵਾਏ ਗਏ ਇਸ ਸ਼ੋਅ ਨੂੰ ਜੱਜ ਕਰਨ ਲਈ ਅੰਤਰਰਾਸ਼ਟਰੀ ਪੱਧਰ ਦੇ ਜੱਜ ਦਿੱਲੀ ਤੋਂ ਅੰਜਲੀ ਵੈਦ ਤੇ ਕੋਇੰਬਟੂਰ ਤੋਂ ਐਸ. ਕ੍ਰਿਸ਼ਨਾਮੂਰਤੀ ਆਏ ਹੋਏ ਸਨ।

ਇਸ ਸ਼ੋਅ ਵਿਚ ਪੰਜਾਬ ਤੋਂ ਇਲਾਵਾ ਦੇਸ਼ ਭਰ ਤੋਂ ਜਿਵੇਂ ਕਿ, ਕੰਨਿਆ ਕੁਮਾਰੀ, ਕੋਇੰਬਟੋਰ, ਚੇਨਈ, ਹੈਦਰਾਬਾਦ, ਕਲਕੱਤਾ, ਦਿੱਲੀ, ਹਰਿਆਣਾ, ਗੁਜਰਾਤ ਅਤੇ ਹੋਰ ਰਾਜਾਂ ਤੋਂ ਕੁੱਤਿਆਂ ਦੇ ਮਾਲਕ ਆਪਣੇ ਪਾਲੇ ਹੋਏ ਕੁੱਤੇ ਲੈਕੇ ਪੁੱਜੇ ਹੋਏ ਸਨ। ਇਸ ਸ਼ੋਅ ਵਿਚ ਡਾਬਰਮੈਨ, ਅਫਗਾਨ ਹਾਊਂਡ, ਬਾਕਸਰ, ਰੋਟ ਵਿਲਰ, ਲੈਬਰੇਡਾਰ, ਬੀਗਲ, ਜੀ.ਐਸ.ਡੀ. ਸਾਈਬੇਰੀਅਨ ਹਸਕੀ, ਕੈਰਾਵਨ ਹਾਊਂਡ, ਰਾਜ ਪਾਲਯਨ ਤੇ ਬਿਚੋਨ ਫਰਾਈਜਮ ਡੱਚ ਸ਼ੈਡ (ਵਾਇਰ ਹੇਅਰਡ) ਆਦਿ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ।ਇਸ ਮੌਕੇ ਸ਼ੋਅ ਲਈ ਇੱਕ ਸੁੰਦਰ ਸੋਵੀਨੀਅਰ ਵੀ ਜਾਰੀ ਕੀਤਾ ਗਿਆ।

# ਹੁਣ ਹੋਰ ਵੀ ਤੇਜ਼ ਦੌੜੇਗੀ ਪੀ.ਆਰ.ਟੀ.ਸੀ : ਹਰਪਾਲ ਜੁਨੇਜਾ

## ਪੀ.ਆਰ.ਟੀ.ਸੀ ਦੇ ਚੇਅਰਮੈਨ ਵੱਲੋਂ ਵਿਭਾਗ ਦੀ ਕਾਰਗੁਜ਼ਾਰੀ ਦੀ ਸਮੀਖਿਆ ਤੇ ਅਧਿਕਾਰੀਆਂ ਨੂੰ ਹਦਾਇਤਾਂ



ਪਟਿਆਲਾ, 17 ਫਰਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ) ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਵਿਭਾਗ ਦੀਆਂ ਚੱਲ ਰਹੀਆਂ ਗਤੀਵਿਧੀਆਂ ਦੀ ਸਮੀਖਿਆ ਕੀਤੀ। ਉਨ੍ਹਾਂ ਇਸ ਦੌਰਾਨ ਨਵੀਆਂ ਬੱਸਾਂ ਦੀ ਖਰੀਦ, ਈ ਟੀ ਐਮ (ਇਲੈਕਟ੍ਰਾਨਿਕ ਟਿਕਟ ਮਸ਼ੀਨ) ਤੇ ਬੱਸਾਂ ਦੇ ਸਪੇਅਰ ਪਾਰਟਸ, ਕਲਪੁਰਜਿਆਂ ਦੀ ਖਰੀਦ ਲਈ ਚੱਲ ਰਹੀਆਂ ਪ੍ਰਕਿਰਿਆਵਾਂ ਦਾ ਜਾਇਜ਼ਾ ਲਿਆ ਅਤੇ ਇਸ ਨੂੰ ਹੋਰ ਤੇਜ਼ੀ ਨਾਲ ਨੇਪਰੇ ਚੜਾਉਣ ਦੇ ਨਿਰਦੇਸ਼ ਦਿੱਤੇ।

ਚੇਅਰਮੈਨ ਜੁਨੇਜਾ ਨੇ ਵਿਭਾਗ ਦੇ ਕੰਮਕਾਜ ਵਿੱਚ ਹੋਰ ਕੁਸ਼ਲਤਾ ਲਿਆਉਣ ਲਈ ਸੁਝਾਅ ਅਤੇ ਵਿਭਾਗ ਦੀ ਅੰਦਰੂਨੀ ਦਫ਼ਤਰ ਵਿੱਚ ਆਧੁਨਿਕਰਨ ਲਈ ਉਚਿਤ ਕਦਮਾਂ ਸਬੰਧੀ ਵਿਚਾਰ ਵਟਾਂਦਰਾ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਵਿਭਾਗ ਦੇ ਕਰਮਚਾਰੀਆਂ ਦੀ ਤਨਖਾਹ ਅਤੇ ਪੈਨਸ਼ਨ ਨੂੰ ਸਮੇਂ ਸਿਰ ਦੇਣ ਸਬੰਧੀ ਹਰ ਸੰਭਵ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ। ਐਡਵੋਕੇਟ ਹਰਪਾਲ ਜੁਨੇਜਾ ਨੇ ਸਮੂਹ ਡਿਪੂਆਂ ਦੇ ਜਨਰਲ ਮੈਨੇਜਰਾਂ ਨੂੰ ਉਨ੍ਹਾਂ ਅਧੀਨ ਆਉਂਦੇ ਡਿਪੂਆਂ ਵਿੱਚ ਮੁਰੰਮਤ ਲਈ ਆਉਂਦੀਆਂ ਬੱਸਾਂ ਨੂੰ ਤੁਰੰਤ ਮੁਰੰਮਤ ਕਰਵਾਉਣ ਉਪਰੰਤ ਰੂਟਾਂ 'ਤੇ ਭੇਜਣ ਸਬੰਧੀ ਵਰਕਸ਼ਾਪ ਸਟਾਫ਼ ਨੂੰ ਹਦਾਇਤ ਕਰਨ ਲਈ ਕਿਹਾ ਤਾਂ ਜੋ ਰੂਟ ਸੇਵਾ ਪ੍ਰਭਾਵਿਤ ਨਾ ਹੋਵੇ ਵਿਭਾਗ ਨੂੰ ਵਿੱਤੀ ਨੁਕਸਾਨ ਤੋਂ ਬਚਾਉਣ ਦੇ ਨਾਲ-ਨਾਲ ਯਾਤਰੀਆਂ ਨੂੰ ਵੀ ਨਿਰੰਤਰ ਸੁਚਾਰੂ ਸੇਵਾ ਪ੍ਰਦਾਨ ਕੀਤੀ ਜਾ ਸਕੇ। ਉਨ੍ਹਾਂ ਹਦਾਇਤ ਕੀਤੀ ਕਿ ਬੱਸਾਂ ਵਿੱਚ ਉੱਚੀ ਆਵਾਜ਼ ਗਾਣੇ ਚਲਾਉਣ ਤੋਂ ਗੁਰੇਜ਼ ਕਰਨ, ਸੀਟਾਂ ਅਤੇ ਬੱਸਾਂ ਨੂੰ ਹਰ ਪੱਖੋਂ ਸਾਫ਼ ਸੁਥਰਾ ਰੱਖਣ ਲਈ ਵੀ ਹੁਕਮ ਜਾਰੀ ਕੀਤੇ ਜਾਣ। ਇਸ ਤੋਂ ਇਲਾਵਾ ਜਨਰਲ ਮੈਨੇਜਰਾਂ ਨੂੰ ਬੱਸ ਸਟੈਂਡ ਅਤੇ ਡਿਪੂ ਸਾਫ਼ ਸੁਥਰੇ ਅਤੇ ਹਰੇ-ਭਰੇ ਬਣਾਉਣ ਲਈ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਦਿੱਤੇ। ਐਡਵੋਕੇਟ ਹਰਪਾਲ ਜੁਨੇਜਾ, ਚੇਅਰਮੈਨ ਨੇ ਅਧਿਕਾਰੀਆਂ ਨੂੰ ਵਿਭਾਗੀ ਕਾਰਜਕੁਸ਼ਲਤਾ ਵਿੱਚ ਹੋਰ ਸੁਧਾਰ ਲਿਆਉਣ ਅਤੇ ਲੋਕਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਸੰਯੁਕਤ ਯਤਨ ਕਰਨੇ ਦੇ ਨਿਰਦੇਸ਼ ਦਿੱਤੇ ਗਏ। ਬੈਠਕ ਦੌਰਾਨ ਵਧੀਕ ਮੈਨੇਜਿੰਗ ਡਾਇਰੈਕਟਰ ਨਵਦੀਪ ਕੁਮਾਰ, ਚੀਫ ਅਕਾਊਂਟਸ ਅਫ਼ਸਰ ਜਸਪਾਲ ਸਿੰਘ ਵਾਲੀਆ, ਜੀ ਐਮ ਪਟਿਆਲਾ ਡਿਪੂ ਕਾਰਜਕਾਰੀ ਇੰਜੀਨੀਅਰ ਜਤਿੰਦਰਪਾਲ ਸਿੰਘ ਗਰੇਵਾਲ, ਜਨਰਲ ਮੈਨੇਜਰ ਸੰਗਰੂਰ ਡਿਪੂ, ਪ੍ਰਸਾਸਨ, ਇਨਫੋਰਸਮੈਂਟ ਮਨਿੰਦਰਪਾਲ ਸਿੰਘ ਸਿੱਧੂ, ਜਨਰਲ ਮੈਨੇਜਰ ਲੁਧਿਆਣਾ ਡਿਪੂ, ਖਰੀਦ ਮਹਿੰਦਰਪਾਲ ਸਿੰਘ, ਜਨਰਲ ਮੈਨੇਜਰ ਚੰਡੀਗੜ੍ਹ ਡਿਪੂ, ਓਪਰੇਸ਼ਨ ਅਮਨਵੀਰ ਸਿੰਘ ਟਿਵਾਣਾ, ਜਨਰਲ ਮੈਨੇਜਰ ਕਪੂਰਥਲਾ ਡਿਪੂ, ਸਟੋਰ ਪਰਵੀਨ ਕੁਮਾਰ, ਜਨਰਲ ਮੈਨੇਜਰ ਬਰਨਾਲਾ ਡਿਪੂ, ਕੰਪਿਊਟਰਾਈਜ਼ੇਸ਼ਨ ਅਮਨ ਸ਼ਰਮਾ, ਜਨਰਲ ਮੈਨੇਜਰ ਬਠਿੰਡਾ ਡਿਪੂ, ਕੇਂਦਰੀ ਵਰਕਸ਼ਾਪ ਪਰਵੀਨ ਸ਼ਰਮਾ, ਜਨਰਲ ਮੈਨੇਜਰ ਫ਼ਰੀਦਕੋਟ ਡਿਪੂ ਸੀਤਾ ਰਾਮ ਸਮੇਤ ਹੋਰ ਅਧਿਕਾਰੀ ਹਾਜ਼ਰ ਰਹੇ।

# ਅੱਜ ਪੋਲੋ ਗਰਾਊਂਡ ਵਿਖੇ ਮਾਣਕ ਅਲੀ, ਕਮਲ ਹੀਰ ਤੇ ਮਨਮੋਹਨ ਵਾਰਿਸ ਲਾਉਣਗੇ ਰੌਣਕਾਂ-ਹਰਜੋਤ ਕੌਰ ਮਾਵੀ



ਪਟਿਆਲਾ, 17 ਫਰਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਹੈਰੀਟੇਜ ਫੈਸਟੀਵਲ-2026 ਦੀ ਪੰਜਵੀਂ ਸ਼ਾਮ ਹਰਪਾਲ ਟਿਵਾਣਾ ਕਲਾ ਕੇਂਦਰ ਵਿਖੇ ਸ੍ਰੀਮਤੀ ਰੰਗਲਕਸ਼ਮੀ ਕੇਵਲ ਧਾਲੀਵਾਲ ਦੀ ਨਿਰਦੇਸ਼ਨਾ ਹੇਠ ਡਾ. ਅਮਰਜੀਤ ਗਰੇਵਾਲ ਵੱਲੋਂ ਲਿਖੇ ਪੰਜਾਬੀ ਨਾਟਕ 1675 ਦੀ ਪੇਸ਼ਕਾਰੀ ਕੀਤੀ ਜਾਵੇਗੀ।

ਇਸ ਮੰਚਨ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਨੋਡਲ ਅਫ਼ਸਰ ਤੇ ਐਸ.ਡੀ.ਐਮ. ਰਾਜਪੁਰਾ ਨਮਨ ਮਾਰਕੰਨ ਨੇ ਰੰਗ-ਮੰਚ ਪ੍ਰੇਮੀਆਂ ਨੂੰ ਇਹ ਨਾਟਕ ਦੇਖਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਨਾਟਕ ਲਈ ਕੋਈ ਟਿਕਟ ਨਹੀਂ ਪਰੰਤੂ ਜਿਹੜੇ ਦਰਸ਼ਕ ਪਹਿਲਾਂ ਆਉਣਗੇ ਉਹ ਪਹਿਲਾਂ ਸੀਟ ਲੈ ਸਕਣਗੇ।

ਨਮਨ ਮਾਰਕੰਨ ਨੇ ਕਿਹਾ ਕਿ ਦਰਸ਼ਕ ਸ਼ਾਮ 5.30 ਵਜੇ ਤੱਕ ਆਪਣੀਆਂ ਸੀਟਾਂ ਲੈ ਲੈਣ ਤਾਂ ਕਿ ਸਹੀ ਸਮੇਂ 'ਤੇ ਇਸ ਨਾਟਕ ਦੀ ਪੇਸ਼ਕਾਰੀ ਨੂੰ ਸ਼ੁਰੂ ਕੀਤਾ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਵਿਧਾਇਕ ਰਾਜਪੁਰਾ ਸ੍ਰੀਮਤੀ ਨੀਨਾ ਮਿੱਤਲ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਸਮੇਤ ਹੋਰ ਸ਼ਖਸੀਅਤਾਂ ਵੀ ਸ਼ਿਰਕਤ ਕਰਨਗੀਆਂ।

ਇਸੇ ਦੌਰਾਨ ਪੋਲੋ ਗਰਾਊਂਡ ਵਿਖੇ ਅੱਜੇ ਕਰਵਾਏ ਜਾ ਰਹੇ ਲੋਕ ਗਾਇਕੀ ਤੇ ਪੌਪ ਸ਼ੋਅ ਦੇ ਨੋਡਲ ਅਫ਼ਸਰ ਤੇ ਐਸ.ਡੀ.ਐਮ ਪਟਿਆਲਾ ਹਰਜੋਤ ਕੌਰ ਮਾਵੀ ਨੇ ਦੱਸਿਆ ਕਿ ਇਸ ਪਟਿਆਲਾ ਹੈਰੀਟੇਜ ਦੀ ਛੇਵੀਂ ਸ਼ਾਮ ਉੱਘੇ ਗਾਇਕ ਮਾਣਕ ਅਲੀ ਆਪਣੀ ਪੇਸ਼ਕਾਰੀ ਸ਼ਾਮ 6 ਵਜੇ ਸ਼ੁਰੂ ਕਰਨਗੇ।

ਐਸ.ਡੀ.ਐਮ ਨੇ ਦੱਸਿਆ ਕਿ ਇਸ ਉਪਰੰਤ ਕਮਲ ਹੀਰ ਅਤੇ ਮਨਮੋਹਨ ਵਾਰਿਸ ਪੰਜਾਬੀ ਲੋਕ ਗਾਇਕੀ ਸਮੇਤ ਪੌਪ ਗਾਇਕੀ ਨਾਲ ਰੌਣਕਾਂ ਲਾਉਣਗੇ।ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਤੇ ਕਲਾ ਪ੍ਰੇਮੀਆਂ ਨੂੰ ਇਸ ਪ੍ਰੋਗਰਾਮ ਦਾ ਅਨੰਦ ਮਾਨਣ ਲਈ ਖੁੱਲ੍ਹਾ ਸੱਦਾ ਦਿੰਦਿਆਂ ਕਿਹਾ ਕਿ ਇਸ ਲਈ ਕੋਈ ਟਿਕਟ ਜਾਂ ਪਾਸ ਦੀ ਲੋੜ ਨਹੀਂ ਹੈ, ਬਲਕਿ ਜਿਹੜੇ ਦਰਸ਼ਕ ਸਮੇਂ ਸਿਰ ਆਉਣਗੇ ਉਹ ਅੱਗੇ ਬੈਠ ਸਕਣਗੇ।

ਐਸ.ਡੀ.ਐਮ ਨੇ ਦੱਸਿਆ ਕਿ ਇਸ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਲਈ ਸਾਰੀਆਂ ਤਿਆਰੀਆਂ ਸਮੇਂ ਸਿਰ ਮੁਕੰਮਲ ਕਰ ਲਈਆਂ ਜਾਣਗੀਆਂ।

## ਦਿਹਾਤੀ ਖੇਤਰਾਂ ਦੇ ਸ਼ਿਵ ਮੰਦਰਾਂ 'ਚ ਗੂੰਜੇ ਜੈ ਭੋਲੇਨਾਥ ਦੇ ਜੈਕਾਰੇ

# ਪ੍ਰਾਚੀਨ ਸ਼ਿਵ ਮੰਦਰ ਮੰਡੌੜ ਵਿਖੇ ਮੱਥਾ ਟੇਕਣ ਵਾਲੇ ਸ਼ਰਧਾਲੂਆਂ ਦਾ ਲੱਗਾ ਤਾਂਤਾ



ਪਟਿਆਲਾ, 17 ਫਰਵਰੀ
-ਅਮਰਜੀਤ ਸਿੰਘ-
-ਕੌਮੀ ਪੱਤ੍ਰਿਕਾ ਬਿਊਰੋ-

ਮਹਾਂਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ ਮੌਕੇ ਦਿਹਾਤੀ ਖੇਤਰਾਂ ਦੇ ਸ਼ਿਵ ਮੰਦਰਾਂ ਵਿਚ ਵੀ ਬੀਤੀ ਰਾਤ ਤੋਂ ਜੈ ਭੋਲੇਨਾਥ ਦੇ ਜੈਕਾਰੇ ਖੂਬ ਗੂੰਜ ਰਹੇ ਹਨ। ਇਸ ਦਿਹਾੜੇ ਨੂੰ ਸ਼ਰਧਾ ਨਾਲ ਮਨਾਉਣ ਲਈ ਪਿਛਲੇ 2 ਦਿਨਾਂ ਤੋਂ ਸ਼ਿਵ ਭਗਤਾਂ ਵਲੋਂ ਮੰਦਰਾਂ ਨੂੰ ਰੰਗ ਬਿਰੰਗੀਆਂ ਲਾਈਟਾਂ ਨਾਲ ਸਜਾਇਆ ਗਿਆ ਸੀ। ਪਟਿਆਲਾ ਦਿਹਾਤੀ ਦੇ ਸਭ ਤੋਂ ਵੱਧ ਵਸੋਂ ਵਾਲੇ ਪਿੰਡ ਮੰਡੌੜ ਦੇ ਪ੍ਰਾਚੀਨ ਸ਼ਿਵ ਮੰਦਰ ਵਿਖੇ ਸਵੇਰ ਤੋਂ ਹੀ ਸੰਗਤਾਂ ਨਤਮਸਤਕ ਹੋਣ ਲਈ ਆ ਰਹੀਆਂ ਸੰਗਤਾਂ ਦਾ ਸਵੇਰ ਤੋਂ ਹੀ ਤਾਂਤਾ ਲੱਗਿਆ ਹੋਇਆ ਸੀ। ਸੰਗਤਾਂ ਦੇ ਪ੍ਰਬੰਧ ਲਈ ਪ੍ਰਾਚੀਨ ਸ਼ਿਵ ਮੰਦਰ ਕਮੇਟੀ ਮੰਡੌੜ ਦੇ ਆਗੂਆਂ ਵਲੋਂ ਪੁਖਤਾ ਪ੍ਰਬੰਧ ਕੀਤੇ ਗਏ ਸਨ, ਜਿੱਥੇ ਸੰਗਤਾਂ ਲਈ ਸਵੇਰ ਤੋਂ ਹੀ ਵੱਖ ਵੱਖ ਪਕਵਾਨਾਂ ਦੇ ਲੰਗਰ ਵੀ ਚਲਾਏ ਗਏ ਸਨ। ਇਸ ਸੰਬੰਧੀ ਗੱਲਬਾਤ ਕਰਦਿਆਂ ਸ਼ਿਵ ਮੰਦਰ ਕਮੇਟੀ ਦੇ ਪ੍ਰਧਾਨ ਭੀਮ ਸਿੰਘ, ਹੰਸ ਰਾਜ, ਕਾਹਨ ਸਿੰਘ, ਬੇਅੰਤ ਸਿੰਘ, ਹਰਦੇਵ ਸਿੰਘ, ਸਨੀ, ਪਰਮਿੰਦਰ ਸਿੰਘ, ਗੁਰਦੀਪ ਸਿੰਘ, ਮਨਦੀਪ ਸ਼ਰਮਾ, ਕਾਲੀ ਪੰਡਤ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮੰਦਰ ਵਿਖੇ ਸੰਗਤਾਂ ਦਾ ਠਾਠਾਂ ਮਾਰਦਾ ਇਕੱਠ ਹੋਇਆ ਹੈ। ਜਿੱਥੇ ਪਹਿਲਾਂ ਹੀ ਪ੍ਰਬੰਧਕਾਂ ਵਲੋਂ ਤਿਆਰੀਆਂ ਨੂੰ ਮੁਕੰਮਲ ਕਰ ਲਿਆ ਗਿਆ ਸੀ। ਇਸ ਮੌਕੇ ਪਿੰਡ ਮੰਡੌੜ ਵਾਸੀ ਪੰਡਿਤ ਸੁਰੇਸ਼ ਕੁਮਾਰ ਗੋਇਲ, ਕਾਲਾ ਮਿਸਤਰੀ ਅਤੇ ਗੰਨੇ ਦੇ ਰਸ ਦਾ ਲੰਗਰ ਚਲਾਉਣ ਵਾਲੇ ਗੁਰਮੀਤ ਸਿੰਘ ਧਾਲੀਵਾਲ, ਦਲਵੀਰ ਸਿੰਘ, ਬਾਬਾ ਸੁਰਿੰਦਰ ਪੁਰੀ, ਗੁਰਪ੍ਰੀਤ ਸਿੰਘ ਨੰਬਰਦਾਰ, ਕੁਲਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਕਿਰਤ ਸਿੰਘ ਤੋਂ ਇਲਾਵਾ ਮੰਦਰ ਵਿਖੇ ਨਤਮਸਤਕ ਹੋਣ ਲਈ ਵਿਸ਼ੇਸ਼ ਤੌਰ 'ਤੇ ਪੁੱਜੇ ਸ਼੍ਰੋਮਣੀ ਅਕਾਲੀ ਦਲ ਪਟਿਆਲਾ ਦਿਹਾਤੀ ਦੇ ਸੀਨੀਅਰ ਆਗੂ ਜਸਪਾਲ ਸਿੰਘ ਬਿੱਟੂ ਚੱਠਾ, ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ, ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਸਤਬੀਰ ਸਿੰਘ ਖੱਟੜਾ ਤੋਂ ਇਲਾਵਾ ਰਘਬੀਰ ਸਿੰਘ ਖੱਟੜਾ ਹਰਭਜਨ ਸਿੰਘ ਲਚਕਾਣੀ, ਐਡਵੋਕੇਟ ਹਰਜਸਪਾਲ ਸਿੰਘ, ਸਰਪੰਚ ਹਰਪ੍ਰੀਤ ਸਿੰਘ ਮੰਡੌੜ, ਲਖਬੀਰ ਸਿੰਘ, ਬਿੰਦਰ ਬਾਜਿਸ, ਬਲਜਿੰਦਰ ਸਿੰਘ ਭੋਲਾ ਸਾਬਕਾ ਸਰਪੰਚ ਆਦਿ ਵੀ ਹਾਜ਼ਰ ਸਨ। ਇਸ ਮੌਕੇ ਆਏ ਆਗੂਆਂ ਨੇ ਸਮੁੱਚੇ ਭਾਈਚਾਰੇ ਨੂੰ ਆਪਸੀ ਭਾਈਚਾਰਕ ਸਾਂਝ ਕਾਇਮ ਰੱਖਣ ਲਈ ਕਿਹਾ ਅਤੇ ਸ਼ਿਵਰਾਤਰੀ ਦੀਆਂ ਵਧਾਈਆਂ ਦਿੱਤੀਆਂ

### ਪਿੰਡ ਰੱਖੜਾ ਦੇ ਸ਼ਿਵ ਮੰਦਰ ਵਿਖੇ ਵੀ ਕਰਵਾਇਆ ਗਿਆ ਹਵਨ, ਰੱਖੜਾ ਭਰਾ ਹੋਏ ਨਤਮਸਤਕ

ਪਿੰਡ ਰੱਖੜਾ ਦੇ ਸ਼ਿਵ ਮੰਦਰ ਵਿਖੇ ਸੇਵਾਦਾਰਾਂ ਵਲੋਂ ਪਿਛਲੇ 2 ਦਿਨਾਂ ਤੋਂ ਸ਼ਿਵਰਾਤਰੀ ਦੇ ਸ਼ੁਭ ਦਿਹਾੜੇ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਚਲ ਰਹੀਆਂ ਸਨ। ਜਿੱਥੇ ਮੰਦਰ ਨੂੰ ਲਾਈਆਂ ਨਾਲ ਸਜਾਇਆ ਗਿਆ, ਉੱਥੇ ਹੀ ਸੰਗਤਾਂ ਲਈ ਲੰਗਰ ਦੇ ਪ੍ਰਬੰਧ ਵੀ ਕੀਤੇ ਗਏ। ਅੱਜ ਸੰਗਤਾਂ ਨੇ ਮੰਦਰ ਵਿਖੇ ਸ਼ਿਵਲਿੰਗ 'ਤੇ ਦੁੱਧ ਅਤੇ ਪਾਣੀ ਚੜ੍ਹਾਇਆ ਅਤੇ ਮੱਥਾ ਟੇਕਿਆ। ਇਸ ਉਪਰੰਤ ਸ਼ਿਵ ਮੰਦਰ ਕਮੇਟੀ ਰੱਖੜਾ ਵੱਲੋਂ ਹਵਨ ਕਰਵਾਇਆ ਗਿਆ, ਜਿੱਥੇ ਸੁਰਜੀਤ ਸਿੰਘ ਰੱਖੜਾ ਸਾਬਕਾ ਮੰਤਰੀ ਅਤੇ ਚਰਨਜੀਤ ਸਿੰਘ ਰੱਖੜਾ, ਰਣਧੀਰ ਸਿੰਘ ਰੱਖੜਾ, ਸਰਪੰਚ ਤਰਲੋਚਨ ਸਿੰਘ ਵਲੋਂ ਹਵਨ ਵਿਚ ਆਹੂਤੀ ਪਾ ਕੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਗਈ।

ਇਸ ਮੌਕੇ ਮੰਦਰ ਕਮੇਟੀ ਦੇ ਆਗੂ ਡਾ. ਕੁਲਵਿੰਦਰ ਸਿੰਘ, ਪੰਡਤ ਛੋਟਾ ਸਿੰਘ, ਨੰਬਰਦਾਰ ਭੋਲਾ, ਇੰਦਰਜੀਤ ਸਿੰਘ, ਪੰਡਤ ਰਾਜ ਕੁਮਾਰ, ਮਾਸਟਰ ਹਾਂਡਾ ਸਮੇਤ ਹੋਰ ਪਤਵੰਤੇ ਮੌਜੂਦ ਸਨ।

# ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਕੇਂਦਰੀ ਰੱਖਿਆ ਮੰਤਰੀ ਨਾਲ ਮੁਲਾਕਾਤ ਕੀਤੀ



ਨਵੀਂ ਦਿੱਲੀ, 17 ਫਰਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਨਵੀਂ ਦਿੱਲੀ ਵਿੱਚ ਭਾਰਤ ਦੇ ਕੇਂਦਰੀ ਰੱਖਿਆ ਮੰਤਰੀ, ਸ੍ਰੀ ਰਾਜਨਾਥ ਸਿੰਘ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ।

ਇਸ ਮੀਟਿੰਗ ਦੇ ਦੌਰਾਨ ਚੰਡੀਗੜ੍ਹ ਵਿੱਚ ਇੱਕ ਸੈਨਿਕ ਸਕੂਲ ਸਥਾਪਿਤ ਕਰਨ ਦੇ ਪ੍ਰਸਤਾਵ ਬਾਰੇ ਸਾਰਥਕ ਅਤੇ ਵਿਸਤ੍ਰਿਤ ਚਰਚਾ ਹੋਈ। ਰਾਜਪਾਲ ਨੇ ਕਿਹਾ ਕਿ ਸੈਨਿਕ ਸਕੂਲ ਦੀ ਸਥਾਪਨਾ ਨਾਲ ਨੌਜਵਾਨਾਂ ਵਿੱਚ ਅਨੁਸ਼ਾਸਨ, ਲੀਡਰਸ਼ਿਪ ਗੁਣਾਂ ਅਤੇ ਰਾਸ਼ਟਰੀ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਮਿਲੇਗਾ।

ਮੀਟਿੰਗ ਵਿੱਚ ਸਰਹੱਦੀ ਖੇਤਰਾਂ ਵਿੱਚ ਡਰੋਨਾਂ ਦੇ ਜ਼ਰੀਏ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ 'ਤੇ ਪ੍ਰਭਾਵੀ ਨਿਯੰਤਰਣ ਸੁਨਿਸ਼ਚਿਤ ਕਰਨ ਦੇ ਵਿਸ਼ੇ 'ਤੇ ਵੀ ਗਹਿਨ ਵਿਚਾਰ-ਵਟਾਂਦਰਾ ਕੀਤਾ ਗਿਆ।
ਰਾਸ਼ਟਰੀ ਸੁਰੱਖਿਆ ਨੂੰ ਹੋਰ ਮਜ਼ਬੂਤ ??ਕਰਨ ਹਿਤ ਐਂਟੀ-ਡ੍ਰੋਨ ਪ੍ਰਣਾਲੀ ਨੂੰ ਮਜ਼ਬੂਤ ??ਅਤੇ ਆਧੁਨਿਕ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਰਾਜਪਾਲ ਨੇ ਇਸ ਸਬੰਧ ਵਿੱਚ ਕੇਂਦਰ ਸਰਕਾਰ ਦੇ ਸਹਿਯੋਗ ਲਈ ਆਭਾਰ ਵਿਅਕਤ ਕੀਤਾ।

# 13 ਮੋਬਾਈਲ ਫੋਨਾਂ ਸਣੇ ਦੋ ਝਪਟਮਾਰ ਕਾਬੂ



ਪਟਿਆਲਾ, 17 ਫਰਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਥਾਣਾ ਤ੍ਰਿਪੜੀ ਦੀ ਪੁਲੀਸ ਨੇ ਐਸ.ਐਚ.ਓ ਇੰਸਪੈਕਟਰ ਸੁਖਵਿੰਦਰ ਸਿੰਘ ਚੌਹਾਨ ਦੀ ਅਗਵਾਈ ਹੇਠ ਅਮਲ 'ਚ ਲਿਆਂਦੀ ਗਈ ਇੱਕ ਕਾਰਵਾਈ ਦੌਰਾਨ ਦੋ ਝਪਟਮਾਰਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ ਖੋਹੇ ਗਏ 13 ਟੱਚ ਮੋਬਾਈਲ ਫੋਨ ਬਰਾਮਦ ਕੀਤੇ ਹਨ। ਇਹ ਜਾਣਕਾਰੀ ਅੱਜ ਇੱਥੇ ਥਾਣਾ ਤ੍ਰਿਪੜੀ ਵਿਖੇ ਇਲਾਕੇ ਦੇ ਡੀਐਸਪੀ ਸੰਗਜੀਤ ਸਿੰਘ ਨੇ ਦਿਤੀ। ਉਨ੍ਹਾਂ ਦਾ ਕਹਿਣਾ ਸੀ ਕਿ ਇੰਸਪੈਕਟਰ ਸੁਖਵਿੰਦਰ ਸਿੰਘ ਤੇ ਟੀਮ ਵਲੋਂ ਕਾਬੂ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਗੁਰਪ੍ਰੀਤ ਸਿੰਘ ਰਿੰਕੂ ਪੁੱਤਰ ਮੱਖਣ ਸਿੰਘ ਵਾਸੀ ਕਲੋਨੀ ਅਨਾਜ ਮੰਡੀ ਪਟਿਆਲਾ ਅਤੇ ਮਨਜੀਤ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਅਬਚਲ ਨਗਰ ਅਨਾਜ ਮੰਡੀ ਪਟਿਆਲਾ ਵਜੋਂ ਹੋਈ ਹੈ।

# ਪੰਚਾਇਤ ਸਮਿਤੀਆਂ ਦੇ ਚੇਅਰਮੈਨਾਂ ਲਈ ਰਾਖਵਾਂਕਰਨ ਜਾਰੀ

## ਜ਼ਿਲ੍ਹਾ ਪਰਿਸ਼ਦ ਦੇ ਚੇਅਰਮੈਨਾਂ ਦੇ ਰਾਖਵੇਂਕਰਨ ਦਾ ਨੋਟੀਫਿਕੇਸ਼ਨ ਅਗਲੇ ਹਫ਼ਤੇ

ਚੰਡੀਗੜ੍ਹ, 17 ਫਰਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਨੇ ਚੋਣ ਨਤੀਜਿਆਂ ਤੋਂ ਦੋ ਮਹੀਨੇ ਬਾਅਦ ਪੰਚਾਇਤ ਸਮਿਤੀਆਂ ਦੇ ਚੇਅਰਮੈਨਾਂ ਅਤੇ ਵਾਈਸ ਚੇਅਰਮੈਨਾਂ ਦਾ ਰਾਖਵਾਂਕਰਨ ਜਾਰੀ ਕਰ ਦਿੱਤਾ ਹੈ; ਜ਼ਿਲ੍ਹਾ ਪਰਿਸ਼ਦ ਦੇ ਚੇਅਰਮੈਨਾਂ ਅਤੇ ਵਾਈਸ ਚੇਅਰਮੈਨਾਂ ਦਾ ਰਾਖਵਾਂਕਰਨ ਅਗਲੇ ਹਫ਼ਤੇ ਐਲਾਨੇ ਜਾਣ ਦੀ ਸੰਭਾਵਨਾ ਹੈ। ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਨੇ 154 ਪੰਚਾਇਤ ਸਮਿਤੀਆਂ ਦੇ ਚੇਅਰਮੈਨਾਂ ਅਤੇ ਵਾਈਸ ਚੇਅਰਮੈਨਾਂ ਦੇ ਰਾਖਵੇਂਕਰਨ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਨੋਟੀਫਿਕੇਸ਼ਨ ਦੇ ਨਾਲ ਹੀ ਹੁਣ ਚੇਅਰਮੈਨੀ ਦੇ ਚਾਹਵਾਨਾਂ ਲਈ ਰਾਹ ਖੁੱਲ੍ਹ ਗਿਆ ਹੈ। ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ 35 ਪੰਚਾਇਤ ਸਮਿਤੀਆਂ ਦੀ ਚੇਅਰਮੈਨੀ ਐੱਸ ਸੀ ਵਰਗ ਲਈ ਅਤੇ 22 ਸਮਿਤੀਆਂ ਦੀ ਚੇਅਰਮੈਨੀ ਐੱਸ ਸੀ (ਔਰਤਾਂ) ਲਈ ਰਾਖਵੀਂ ਕੀਤੀ ਗਈ ਹੈ। ਇਸੇ ਤਰ੍ਹਾਂ 47 ਸਮਿਤੀਆਂ ਦੀ ਚੇਅਰਮੈਨੀ ਜਨਰਲ ਵਰਗ ਲਈ ਅਤੇ 30 ਸਮਿਤੀਆਂ ਦੀ ਚੇਅਰਮੈਨੀ ਜਨਰਲ (ਔਰਤਾਂ) ਲਈ ਰਾਖਵੀਂ ਹੋਵੇਗੀ। ਇਸ ਲਿਹਾਜ਼ ਨਾਲ 72 ਸਮਿਤੀਆਂ ਦੀ ਚੇਅਰਮੈਨੀ ਦੀ ਕੁਰਸੀ 'ਤੇ ਔਰਤਾਂ ਬੈਠਣਗੀਆਂ।

ਪੰਚਾਇਤ ਵਿਭਾਗ ਨੇ ਵਾਈਸ ਚੇਅਰਮੈਨੀ ਲਈ ਵੀ ਰਾਖਵਾਂਕਰਨ ਜਾਰੀ ਕੀਤਾ ਹੈ। ਪੰਜਾਬ ਸਰਕਾਰ ਵੱਲੋਂ ਐਤਕੀਂ ਬਲਾਕਾਂ ਦਾ ਪੁਨਰਗਠਨ ਕੀਤਾ ਗਿਆ ਸੀ ਅਤੇ ਜ਼ਿਆਦਾ ਬਲਾਕ ਵਿਧਾਨ ਸਭਾ ਹਲਕਾ ਵਾਈਜ਼ ਬਣ ਗਏ ਹਨ। ਜਦੋਂ ਬਲਾਕਾਂ ਦਾ ਪੁਨਰਗਠਨ ਹੋ ਗਿਆ ਹੈ ਤਾਂ ਸੂਬਾ ਸਰਕਾਰ ਨੂੰ ਸਮਿਤੀਆਂ ਦੇ ਚੇਅਰਮੈਨਾਂ ਦਾ ਰਾਖਵਾਂਕਰਨ ਨਵੇਂ ਸਿਰਿਓਂ ਕਰਨ ਦਾ ਮੌਕਾ ਮਿਲ ਗਿਆ ਹੈ। ਇਸ ਦੇ ਨਾਲ ਹੀ ਚੇਅਰਮੈਨੀ ਲਈ ਰੋਟੇਸ਼ਨ ਦਾ ਸਿਧਾਂਤ ਅਪਨਾਉਣ ਦੀ ਕਾਨੂੰਨੀ ਬੰਦਿਸ਼ ਵੀ ਖ਼ਤਮ ਹੋ ਗਈ ਹੈ।

ਪੰਜਾਬ ਸਰਕਾਰ ਨੇ ਆਪਣੇ ਸਿਆਸੀ ਲਾਹੇ ਦੇ ਲਿਹਾਜ਼ ਨਾਲ ਸਮਿਤੀਆਂ ਦੀ ਚੇਅਰਮੈਨੀ ਦਾ ਰਾਖਵਾਂਕਰਨ ਕੀਤਾ ਹੈ। ਰਾਖਵੇਂਕਰਨ ਨਾਲ ਚਾਹਵਾਨਾਂ ਦੇ ਸਿਰ ਚੇਅਰਮੈਨੀ ਦਾ ਤਾਜ ਸਜਣ ਦਾ ਰਸਤਾ ਖੁੱਲ੍ਹ ਗਿਆ ਹੈ। ਪੰਜਾਬ ਦੇ ਵੀ ਆਈ ਪੀ ਹਲਕਿਆਂ ਦੀ ਚੇਅਰਮੈਨੀ ਨੂੰ ਐੱਸ ਸੀ ਵਰਗ ਲਈ ਰਾਖਵਾਂ ਕੀਤਾ ਗਿਆ ਹੈ।

ਬਠਿੰਡਾ 'ਚ ਐੱਸ ਸੀ (ਪੁਰਸ਼) ਲਈ ਮੌੜ ਤੇ ਤਲਵੰਡੀ ਸਾਬੋ, ਐੱਸ ਸੀ (ਔਰਤ) ਲਈ ਨਥਾਣਾ, ਜਨਰਲ ਵਰਗ ਦੀ ਔਰਤ ਲਈ ਬਠਿੰਡਾ, ਸੰਗਤ ਤੇ ਗੋਨਿਆਣਾ ਅਤੇ ਜਨਰਲ ਵਰਗ ਦੇ ਪੁਰਸ਼ ਲਈ ਫੂਲ ਤੇ ਰਾਮਪੁਰਾ ਸਮਿਤੀ ਦੀ ਚੇਅਰਮੈਨੀ ਜਨਰਲ ਰੱਖੀ ਗਈ ਹੈ। ਮਾਨਸਾ 'ਚ ਐੱਸ ਸੀ (ਪੁਰਸ਼) ਲਈ ਬੁਢਲਾਡਾ, ਜਨਰਲ ਵਰਗ (ਮਹਿਲਾ) ਲਈ ਮਾਨਸਾ ਤੇ ਸਰਦੂਲਗੜ੍ਹ ਅਤੇ ਜਨਰਲ ਵਰਗ (ਪੁਰਸ਼) ਲਈ ਝੁਨੀਰ, ਬਰੇਟਾ ਸਮਿਤੀ ਦੀ ਚੇਅਰਮੈਨੀ ਜਨਰਲ ਰੱਖੀ ਗਈ ਹੈ।

ਮੋਗਾ 'ਚ ਐੱਸ ਸੀ (ਪੁਰਸ਼) ਲਈ ਕੋਟ ਈਸੇ ਖਾਂ, ਐੱਸ ਸੀ (ਔਰਤ) ਲਈ ਬਾਘਾ ਪੁਰਾਣਾ, ਅਤੇ ਜਨਰਲ ਵਰਗ (ਪੁਰਸ਼) ਲਈ ਨਿਹਾਲ ਸਿੰਘ ਵਾਲਾ ਤੇ ਧਰਮਕੋਟ ਸਮਿਤੀ ਦੀ ਚੇਅਰਮੈਨੀ ਜਨਰਲ ਰੱਖੀ ਗਈ ਹੈ। ਫ਼ਾਜ਼ਿਲਕਾ 'ਚ ਐੱਸ ਸੀ (ਪੁਰਸ਼) ਲਈ ਜਲਾਲਾਬਾਦ, ਐੱਸ ਸੀ (ਔਰਤ) ਲਈ ਫ਼ਾਜ਼ਿਲਕਾ, ਜਨਰਲ ਵਰਗ (ਮਹਿਲਾ) ਲਈ ਅਰਨੀਵਾਲਾ ਅਤੇ ਜਨਰਲ ਵਰਗ (ਪੁਰਸ਼) ਲਈ ਖੂੰਈਆਂ ਸਰਵਰ ਸਮਿਤੀ ਦੀ ਚੇਅਰਮੈਨੀ ਜਨਰਲ ਰੱਖੀ ਗਈ ਹੈ।

# ਪੰਜਾਬ ਵਿੱਚ ਸਾਰੀਆਂ 85 ਥਾਵਾਂ 'ਤੇ ਖਣਨ 'ਤੇ ਰੋਕ ਲਾਈ; ਟੈਂਡਰ ਪ੍ਰਕਿਰਿਆ ਜਾਰੀ ਰਹੇਗੀ

ਚੰਡੀਗੜ੍ਹ, 17 ਫਰਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਗਾਹਲੜੀ ਦੀ ਪੰਚਾਇਤ ਵੱਲੋਂ ਦਾਇਰ ਅਰਜ਼ੀ 'ਤੇ ਸੁਣਵਾਈ ਕਰਦਿਆਂ ਕੌਮੀ ਗਰੀਨ ਟ੍ਰਿਬਿਊਨਲ (ਐੱਨ ਜੀ ਟੀ) ਨੇ ਸੂਬੇ ਭਰ ਦੀਆਂ ਸਾਰੀਆਂ 85 ਥਾਵਾਂ 'ਤੇ ਖਣਨ ਕਰਨ 'ਤੇ ਪਾਬੰਦੀ ਲਗਾ ਦਿੱਤੀ ਹੈ। ਐੱਨ ਜੀ ਟੀ ਦੇ ਨਵੀਂ ਦਿੱਲੀ ਸਥਿਤ ਪ੍ਰਮੁੱਖ ਬੈਂਚ ਨੇ ਇਹ ਹੁਕਮ ਜਾਰੀ ਕੀਤੇ ਹਨ। ਇਹ ਪਾਬੰਦੀ ਅਗਲੇ ਹੁਕਮਾਂ ਤੱਕ ਜਾਰੀ ਰਹੇਗੀ। ਉੱਧਰ, ਇਸ ਸਬੰਧੀ ਖਣਨ ਵਿਭਾਗ ਦੇ ਅਧਿਕਾਰੀ ਨੇ ਕਿਹਾ ਕਿ ਵਿਭਾਗ ਇਸ ਮਾਮਲੇ ਵਿੱਚ ਕੋਈ ਵੀ ਟਿੱਪਣੀ ਸਿਰਫ਼ ਐੱਨ ਜੀ ਟੀ ਦੇ ਲਿਖਤੀ ਹੁਕਮਾਂ ਨੂੰ ਚੰਗੀ ਤਰ੍ਹਾਂ ਪੜ੍ਹਨ ਅਤੇ ਸਮਝਣ ਤੋਂ ਬਾਅਦ ਹੀ ਕਰੇਗਾ।

ਪੰਜਾਬ ਸਰਕਾਰ ਦੇ ਜਲ ਸਰੋਤ ਵਿਭਾਗ ਨੇ ਪਿਛਲੇ ਸਾਲ ਇਨ੍ਹਾਂ 85 ਥਾਵਾਂ ਦੀ ਨਿਸ਼ਾਨਦੇਹੀ ਕੀਤੀ ਸੀ ਅਤੇ ਹਾਲ ਹੀ ਵਿੱਚ ਇਨ੍ਹਾਂ ਥਾਵਾਂ ਤੋਂ ਰੇਤਾ-ਬਜਰੀ ਕੱਢਣ ਲਈ ਟੈਂਡਰ ਨੋਟਿਸ ਜਾਰੀ ਕੀਤੇ ਸਨ। ਗਾਹਲੜੀ ਦੀ ਪੰਚਾਇਤ ਦੇ ਵਕੀਲ ਨੇ ਦਲੀਲ ਦਿੱਤੀ ਕਿ ਕਿਉਂਕਿ ਇਹ ਸਾਰਾ ਕੰਮ ਵਪਾਰਕ ਉਦੇਸ਼ਾਂ ਲਈ ਕੀਤਾ ਜਾ ਰਿਹਾ ਹੈ, ਇਸ ਲਈ ਕਾਨੂੰਨ ਅਨੁਸਾਰ ਵਾਤਾਵਰਨ ਸਬੰਧੀ ਮਨਜ਼ੂਰੀਆਂ ਲੈਣੀਆਂ ਲਾਜ਼ਮੀ ਹਨ। ਪੰਚਾਇਤ ਨੇ ਇਹ ਵੀ ਕਿਹਾ ਕਿ ਉਨ੍ਹਾਂ ਦਾ ਪਿੰਡ ਦਰਿਆ ਦੇ ਹੇਠਲੇ ਪਾਸੇ ਸਥਿਤ ਹੈ ਅਤੇ ਜੇਕਰ ਉੱਥੇ ਖੁਦਾਈ ਕੀਤੀ ਗਈ ਤਾਂ ਪਿੰਡ ਵਾਸੀਆਂ ਦੀਆਂ ਜ਼ਮੀਨਾਂ 'ਤੇ ਮਾੜਾ ਅਸਰ ਪਵੇਗਾ। ਐੱਨ ਜੀ ਟੀ ਨੇ ਬਹੁਤ ਹੀ ਸੰਤੁਲਿਤ ਪਰ ਸਖ਼ਤ ਰੁਖ਼ ਅਪਣਾਉਂਦੇ ਹੋਏ ਕਿਹਾ, "ਭਾਵੇਂ ਟੈਂਡਰ ਦਾ ਕੰਮ ਅੱਗੇ ਵਧੇਗਾ, ਪਰ ਦਰਿਆਈ ਸਮੱਗਰੀ ਕੱਢਣ ਦਾ ਕੰਮ ਸ਼ੁਰੂ ਨਹੀਂ ਹੋਵੇਗਾ।" ਪੰਚਾਇਤ ਦੇ ਵਕੀਲ ਨੇ ਅਦਾਲਤ ਵਿੱਚ ਜ਼ੋਰ ਦੇ ਕੇ ਕਿਹਾ ਕਿ ਖਣਨ ਦੀ ਆੜ ਹੇਠ ਵਾਤਾਵਰਨ ਨੇਮਾਂ ਦੀ ਅਣਦੇਖੀ ਕੀਤੀ ਜਾ ਰਹੀ ਹੈ। ਵਪਾਰਕ ਪੱਧਰ 'ਤੇ ਕੀਤੀ ਜਾਣ ਵਾਲੀ ਖੁਦਾਈ ਲਈ ਜ਼ਰੂਰੀ ਮਨਜ਼ੂਰੀਆਂ ਲੈਣੀਆਂ ਲਾਜ਼ਮੀ ਹਨ। ਇਹ ਹੁਕਮ ਪਿੰਡ ਵਾਸੀਆਂ ਲਈ ਬਹੁਤ ਮਹੱਤਵ ਰੱਖਦਾ ਹੈ। ਪਿਛਲੇ ਸਾਲ (ਅਗਸਤ ਤੇ ਸਤੰਬਰ 2025) ਵਿੱਚ ਪੰਜਾਬ ਦੇ ਕਈ ਇਲਾਕਿਆਂ 'ਚ ਆਏ ਭਿਆਨਕ ਹੜ੍ਹਾਂ ਕਾਰਨ ਵੱਡੇ ਪੱਧਰ 'ਤੇ ਜ਼ਮੀਨਾਂ ਬਰਬਾਦ ਹੋ ਗਈਆਂ ਸਨ। ਪਿੰਡ ਵਾਸੀਆਂ ਦਾ ਮੰਨਣਾ ਹੈ ਕਿ ਕੁਝ ਸਰਾਰਤੀ ਅਨਸਰਾਂ ਵੱਲੋਂ ਕੀਤੀ ਗੈਰ-ਕਾਨੂੰਨੀ ਮਾਈਨਿੰਗ ਕਾਰਨ ਦਰਿਆਵਾਂ ਦੇ ਬੰਨ੍ਹ ਕਮਜ਼ੋਰ ਹੋ ਗਏ ਸਨ, ਜਿਸ ਕਾਰਨ ਹੜ੍ਹਾਂ ਨੇ ਭਾਰੀ ਤਬਾਹੀ ਮਚਾਈ ਸੀ।

# ਮਹਾਂਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ ਤੇ ਹਰਚੰਦ ਸਿੰਘ ਬਰਸਟ ਅਨਾਜ ਮੰਡੀ ਸਥਿਤ ਸ਼ਿਵ ਮੰਦਰ ਵਿੱਚ ਹੋਏ ਨਤਮਸਤਕ



ਪਟਿਆਲਾ, 17 ਫਰਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਨੇ ਮਹਾਂਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ ਮੌਕੇ ਪਟਿਆਲਾ ਦੀ ਅਨਾਜ ਮੰਡੀ ਸਥਿਤ ਸ਼ਿਵ ਮੰਦਰ ਵਿੱਚ ਮੱਥਾ ਟੇਕਿਆ ਅਤੇ ਭਗਵਾਨ ਸ਼ਿਵ ਦੀ ਪੂਜਾ ਕੀਤੀ।
ਚੇਅਰਮੈਨ ਵੱਲੋਂ ਭਗਵਾਨ ਸ਼ਿਵ ਦਾ ਅਭਿਸ਼ੇਕ ਕੀਤਾ ਗਿਆ ਅਤੇ ਪੰਜਾਬ ਤੇ ਦੇਸ਼ ਦੀ ਤਰੱਕੀ, ਖੁਸ਼ਹਾਲੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਮੰਦਰ ਵਿੱਚ ਸਵੇਰ ਤੋਂ ਹੀ ਸ਼ਰਧਾਲੂਆਂ ਦੀ ਭੀੜ ਲੱਗੀ ਰਹੀ ਅਤੇ ਪੂਰਾ ਮਾਹੌਲ ਭਗਤੀ ਰੰਗ ਵਿੱਚ ਰੰਗਿਆ ਰਿਹਾ।

ਇਸ ਦੌਰਾਨ ਚੇਅਰਮੈਨ ਸ. ਬਰਸਟ ਨੇ ਸਭ ਨੂੰ ਮਹਾਂਸ਼ਿਵਰਾਤਰੀ ਦੀਆਂ ਵਧਾਈਆਂ ਦਿੰਦਿਆਂ ਇੱਕਜੁੱਟ ਹੋ ਕੇ ਰਹਿਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਇਹ ਪਵਿੱਤਰ ਤਿਉਹਾਰ ਸਾਡੀ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਦਾ ਅਹਿਮ ਹਿੱਸਾ ਹਨ, ਜੋ ਸਾਨੂੰ ਜੀਵਨ ਵਿੱਚ ਸਹੀ ਰਾਹ ਤੇ ਚੱਲਣ ਵੱਲ ਪ੍ਰੇਰਿਤ ਕਰਦੇ ਹਨ। ਅਜਿਹੇ ਤਿਉਹਾਰ ਸਾਨੂੰ ਆਪਸੀ ਭਾਈਚਾਰੇ, ਏਕਤਾ ਅਤੇ ਸਹਿਯੋਗ ਦਾ ਸੰਦੇਸ਼ ਦਿੰਦੇ ਹਨ ਅਤੇ ਸਮਾਜ ਵਿੱਚ ਸ਼ਾਂਤੀ ਤੇ ਸਾਂਝ ਨੂੰ ਮਜ਼ਬੂਤ ਕਰਦੇ ਹਨ।

ਉਨ੍ਹਾਂ ਕਿਹਾ ਕਿ ਪਟਿਆਲਾ ਵਿੱਚ ਮਹਾਂਸ਼ਿਵਰਾਤਰੀ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ ਅਤੇ ਸ਼ਰਧਾਲੂਆਂ ਵਿੱਚ ਵੀ ਪੂਰਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਮੰਦਰ ਕਮੇਟੀ ਵੱਲੋਂ ਸ. ਹਰਚੰਦ ਸਿੰਘ ਬਰਸਟ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ, ਮਾਰਕਿਟ ਕਮੇਟੀ ਪਟਿਆਲਾ ਦੇ ਚੇਅਰਮੈਨ ਅਸ਼ੋਕ ਕੁਮਾਰ ਸਿਰਸਵਾਲ, ਹਰਿੰਦਰ ਸਿੰਘ ਧਬਲਾਨ, ਨਵੀਂ ਅਨਾਜ ਮੰਡੀ ਪਟਿਆਲਾ ਦੇ ਪ੍ਰਧਾਨ ਇੰਜੀਨੀਅਰ ਸਤਵਿੰਦਰ ਸਿੰਘ ਸੈਣੀ, ਜਨਰਲ ਸਕੱਤਰ ਨਰੇਸ਼ ਮਿੱਤਲ ਭੋਲਾ, ਅਸ਼ੋਕ ਕੁਮਾਰ, ਚਰਨ ਦਾਸ ਗੋਇਲ, ਖਰਦਮਣ ਰਾਏ ਗੁਪਤਾ, ਰਣਧੀਰ ਸਿੰਘ ਨਲੀਨਾ, ਪਰਮਜੀਤ ਸਿੰਘ ਮਿਰਜਾਪੁਰ, ਸ਼ਿਵ ਗੋਇਲ ਕਾਲੂ, ਗੁਲਨਾਮ ਸਿੰਘ ਲਚਕਾਣੀ, ਸ਼ਿਵ ਮੰਦਰ ਕਮੇਟੀ ਦੇ ਪ੍ਰਧਾਨ ਸੁਰੇਸ਼ ਬਾਂਸਲ ਡਕਾਲਾ, ਸ਼ਿਵ ਮੰਦਰ ਕਮੇਟੀ ਦੇ ਚੇਅਰਮੈਨ ਕਮਲ ਗੋਇਲ, ਜਨਰਲ ਸਕੱਤਰ ਸੰਜੀਵਨ ਮਿੱਤਲ ਸਮੇਤ ਹੋਰ ਲੋਕ ਵੀ ਮੌਜੂਦ ਰਹੇ।

# ਮਹਾਂ-ਸ਼ਿਵਰਾਤਰੀ ਮੌਕੇ ਸੂਲਰ 'ਚ ਲੰਗਰ ਲਗਾਇਆ



ਪਟਿਆਲਾ, 17 ਫਰਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੀ. ਐਸ. ਪ੍ਰਾਪਰਟੀ ਵਲੋਂ ਮਹਾਂਸ਼ਿਵਰਾਤਰੀ ਦਾ ਸ਼ੁੱਭ ਦਿਹਾੜਾ ਪੂਰੀ ਸ਼ਰਧਾ ਨਾਲ ਮਨਾਇਆ ਅਤੇ ਨਾਲ ਹੀ ਸੂਲਰ ਰੋਡ 'ਤੇ ਛੋਲੇ-ਪੂਰੀਆਂ, ਖੀਰ, ਪਕੌੜਿਆਂ ਦਾ ਲੰਗਰ ਲਗਾਇਆ ਗਿਆ, ਜਿਸ ਦੀ ਸ਼ੁਰੂਆਤ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਪੁੱਜੇ 'ਆਪ' ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਵਲੋਂ ਕੀਤੀ ਗਈ।

ਇਸ ਮੌਕੇ ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਨੇ ਵੀ ਸ਼ਿਰਕਤ ਕੀਤੀ। ਗੁਰਵਿੰਦਰਪਾਲ ਸਿੰਘ ਨੇ ਕਿਹਾ ਕਿ ਮਹਾਂ ਸ਼ਿਵਰਾਤਰੀ ਦਾ ਸ਼ੁੱਭ ਦਿਹਾੜਾ ਹਰ ਥਾਂ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਵਲੋਂ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਸ਼ਿਵਰਾਤਰੀ ਮੌਕੇ ਲੰਗਰ ਲਗਾਇਆ ਜਾ ਰਿਹਾ ਹੈ। ਅੰਤ ਵਿਚ ਗੁਰਵਿੰਦਰਪਾਲ ਸਿੰਘ ਨੇ ਪਹੁੰਚੀਆਂ ਅਹਿਮ ਸਖਸ਼ੀਅਤਾਂ ਦਾ ਧੰਨਵਾਦ ਕੀਤਾ।

ਇਸ ਮੌਕੇ ਜਤਿੰਦਰ ਬਠੋਈ, ਗੁਰਵਿੰਦਰਪਾਲ ਸਿੰਘ ਬੀ. ਐਸ. ਪ੍ਰਾਪਰਟੀ, ਨਵਜੋਤ ਸਿੰਘ, ਅਨਮੋਲ ਸਿੰਘ, ਡਾ. ਅਰਵਿੰਦ ਕੁਮਾਰ, ਡੀ. ਐਸ. ਪੀ. ਗੁਰਧੀਰ ਸਿੰਘ, ਸਾਬਕਾ ਸਰਪੰਚ ਹਰਮੇਸ਼ ਸਿੰਘ, ਜਗਮਿੰਦਰ ਸਵਾਜਪੁਰ, ਮਿਲਖਾ ਮੰਟੀ, ਬਿਕਰਮਜੀਤ ਸਿੰਘ, ਵਿਨੋਦ ਰਹਿਮ, ਬਹਾਦਰ ਸਿੰਘ, ਅਜੈ ਨਾਇਕ, ਗੋਲਡੀ ਸੂਲਰ, ਪਰਮਜੀਤ ਸਿੰਘ, ਗਿਆਨਵੀਰ ਕੰਬੋਜ, ਕਰਮਜੀਤ ਸਿੰਘ ਚੀਮਾ ਤੋਰੋਂ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਸਰਕਾਰੀ ਤੇ ਸੁਖਬੀਰ ਬਾਦਲ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਬੇਸ਼ ਕੀਮਤੀ ਜ਼ਮੀਨਾਂ ਵੇਚ ਕੇ 2027 ਦੀਆਂ ਚੋਣਾਂ ਜਿੱਤਣਾ ਚਾਹੁੰਦੇ ਹਨ : ਗਿਆਨੀ ਹਰਪ੍ਰੀਤ ਸਿੰਘ

**ਕੌਮੀ ਪਤ੍ਰਿਕਾ**
**ਕ੍ਰਿਸ਼ਨ ਸਿੰਘ ਦੁਸਾਂਝ**

ਅੰਮ੍ਰਿਤਸਰ, 17 ਫਰਵਰੀ: ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਅਹਿਮ ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਦੀ ਪਾਰਟੀ ਵੱਲੋਂ ਹੋਲਾ-ਮਹੱਲਾ ਪੁਰਬ ਮੌਕੇ 3 ਮਾਰਚ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੰਥਕ ਕਾਨਫਰੰਸ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਦੌਰਾਨ ਪਾਰਟੀ ਦੇ ਵਰਕਿੰਗ ਕਮੇਟੀ ਮੈਂਬਰਾਂ ਅਤੇ ਜ਼ਿਲ੍ਹਾ ਪ੍ਰਧਾਨਾਂ ਨਾਲ ਮੁਲਾਕਾਤ ਲਈ ਪੁੱਜੇ ਗਿਆਨੀ ਹਰਪ੍ਰੀਤ ਸਿੰਘ ਨੇ ਵਰਕਿੰਗ ਕਮੇਟੀ ਮੈਂਬਰਾਂ ਅਤੇ ਜ਼ਿਲ੍ਹਾ ਪ੍ਰਧਾਨਾਂ ਨੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਕਈ ਸੁਝਾਅ ਦਿੱਤੇ। ਉਨ੍ਹਾਂ ਇਸਤਰੀ ਅਕਾਲੀ ਦਲ (ਮਹਿਲਾ ਵਿੰਗ) ਬਣਾਉਣਾ ਅਤੇ ਫੈਡਰੇਸ਼ਨਾ ਵਿੰਗ ਨੂੰ ਮਜ਼ਬੂਤ ਕਰਨ ਦਾ ਸੁਝਆ ਦਿੰਦਿਆ ਪੰਜਾਬ ਅਤੇ ਪੰਥ ਨਾਲ ਸਬੰਧੰਤ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ। ਉਨ੍ਹਾਂ ਇਸ ਮੌਕੇ ਪੰਜਾਬ ਪੁਲਿਸ ਮੁਖੀ ਵੱਲੋਂ ਆਪ ਦੀ ਰਾਜਨੀਤਿਕ ਰੈਲੀ 'ਚ ਸ਼ਾਮਲ ਹੋਣ 'ਤੇ ਚਿੰਤਾ ਜਤਾਉਂਦਿਆ ਕਿਹਾ ਕਿ ਕਰਦਿਆ ਕਿਹਾ ਕਿ ਇਸ ਨਾਲ ਪੰਜਾਬੀਆਂ 'ਚ ਚਿੰਤਾ ਦਾ ਮਾਹੌਲ਼ ਪੈਦਾ ਹੋ ਗਿਆ ਹੈ। ਗੁਰਦੁਆਰਾ ਅੰਬ ਸਾਹਿਬ ਦੀ ਬੇਸ਼ਕੀਮਤੀ ਜਮੀਨ ਦੇ ਘਪਲੇ ਬਾਰੇ ਬੋਲਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਦੋਸ਼ ਲਾਇਆ ਕਿ ਸੁਖਬੀਰ ਸਿੰਘ ਬਾਦਲ ਸ਼੍ਰੋਮਣੀ ਕਮੇਟੀ ਦੀ ਜ਼ਮੀਨਾਂ ਵਿਕਰੀ ਕਰਨ ਨੂੰ ਉਤਸ਼ਾਹਿਤ ਕਰ ਰਹੇ ਹਨ। ਉਨ੍ਹਾਂ ਅੱਗੇ ਦੋਸ਼ ਲਗਾਉਂਦਿਆਂ ਕਿਹਾ ਕਿ ਪਹਿਲਾਂ ਹੀ ਪੰਜਾਬ ਸਰਕਾਰ ਵੱਲੋਂ ਜਮੀਨਾਂ ਵੇਚੀਆਂ




ਜਾ ਰਹੀਆਂ ਹਨ ਤੇ ਹੁਣ ਦੂਜੇ ਪਾਸੇ ਅਕਾਲੀ ਦਲ ਵੱਲੋਂ ਕਥਿਤ ਤੌਰ 'ਤੇ ਚੋਣ ਫੰਡ ਇਕੱਠਾ ਕਰਨ ਲਈ ਸ਼੍ਰੋਮਣੀ ਕਮੇਟੀ ਦੀਆਂ ਜਮੀਨਾਂ ਸੱਸਤੀ ਕੀਮਤ ਤੇ ਵੇਚੀਆਂ ਜਾ ਰਹੀਆਂ ਹਨ ਤੇ ਸੁਖਬੀਰ ਬਾਦਲ ਦਾ ਮੰਤਵ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਕੀਮਤੀ ਜ਼ਮੀਨਾਂ ਵੇਚ ਕੇ ਕਰੋੜਾਂ ਰੁਪਿਆ ਇਕੱਠਾ ਕਰਕੇ 2027 ਦੀਆਂ ਚੋਣਾਂ ਵਿਚ ਪਰਚਣ ਦਾ ਹੈ। ਉਨ੍ਹਾਂ ਆਉਣ ਵਾਲੇ ਸਮੇਂ ਵਿਚ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀਦ ਦੀਆਂ ਜਨਰਲ ਚੋਣਾਂ ਕਰਵਾਉਣ ਸੰਬੰਧੀ ਅਤੇ ਇਸ ਵਿਚ ਹੋ ਰਹੇ ਨਿਤ ਦਿਹਾੜੇ ਬੇਨਿਯਮੀਆਂ ਸੰਬੰਧੀ ਸੰਘਰਸ਼ ਵਿੱਢਣ ਦੀ ਗੱਲ ਉੱਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਅਲੀ ਦਲ ਪੁਨਰ ਸੁਰਜੀਤ ਵਲੋ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ ਮੁਹੱਲੇ ਤੇ ਵਿਸ਼ਾਲ ਅਕਾਲੀ ਕਾਨਫਰੰਸ ਕੀਤੀ ਜਾਵੇਗੀ। ਉਨ੍ਹਾਂ ਸਮੁੱਚੇ ਆਗੂਆਂ ਅਤੇ ਸੰਗਤਾਂ ਨੂੰ ਹੁੰਮ ਹੁੰਮਾ ਕੇ ਪਹੁਚਣ ਲਈ ਸੱਦਾ ਦਿੱਤਾ। 21 ਫਰਵਰੀ ਨੂੰ ਪਾਰਟੀ ਦੇ ਸੀਨੀਅਰ ਲੀਡਰ ਕਰਨੈਲ ਸਿੰਘ ਪੰਜੋਲੀ ਅਤੇ ਪੰਥਕ ਸੰਸਥਾਵਾਂ ਵਲੋਂ ਪਿੰਡ ਹਵਾਰਾ ਵਿਖੇ ਹੋ ਰਹੇ ਪੰਥਕ ਇਕੱਠ ਵਿਚ ਪੁੱਜਣ ਲਈ ਵੀ ਸਮੁੱਚੇ ਆਗੂਆਂ ਨੂੰ ਅਪੀਲ ਕੀਤੀ ਤਾਂ ਕਿ ਜਥੇਦਾਰ ਹਵਾਰਾ ਨੂੰ ਆਪਣੀ ਬਜ਼ੁਰਗ ਮਾਤਾ ਨੂੰ ਮਿਲਣ ਲਈ ਪੈਰੋਲ ਦੇਣ ਸੰਬੰਧੀ ਸਰਕਾਰ 'ਤੇ ਦਬਾਅ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਸਿੱਖ ਸਿਧਾਂਤਾਂ ਅਤੇ ਮਰਿਆਦਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਅੰਤ ਵਿਚ ਉਨ੍ਹਾਂ ਸ਼ਪੱਸ਼ਟ ਸ਼ਬਦਾਂ ਵਿਚ ਕਿਹਾ ਕਿ ਇਸ ਸਮੇਂ ਪਾਰਟੀ ਦਾ ਭਾਜਪਾ ਨਾਲ ਕੋਈ ਸਿਆਸੀ ਗੱਠਜੋੜ ਨਹੀਂ ਹੈ। ਇਸ ਮੌਕੇ ਅਜੇਪਾਲ ਸਿੰਘ ਮੀਰਾਂਕੋਟ, ਮਨਿੰਦਰ ਸਿੰਘ ਧੁੰਨਾ, ਮਲਕੀਤ ਸਿੰਘ ਸਨੌਰ, ਕਰਨੈਲ ਸਿੰਘ ਪੀਰ ਮੁਹੰਮਦ, ਗੁਰਵਿੰਦਰ ਸਿੰਘ ਸ਼ਾਮਪੁਰਾ, ਮਲਕੀਤ ਸਿੰਘ ਚਿੰਗਾਲ, ਗੁਰਜੀਤ ਸਿੰਘ ਤਲਵੰਡੀ, ਜਰਨੈਲ ਸਿੰਘ ਗਰਦੀਵਾਲ, ਅਮਿਤ ਸੇਠੀ, ਅਮਰਿੰਦਰ ਸਿੰਘ ਬਰਾੜ, ਸੁਰਜੀਤ ਸਿੰਘ ਬੋਪਾਰਾਏ, ਭੁਪਿੰਦਰ ਸਿੰਘ ਸੇਮਾ, ਸਤਪਾਲ ਸਿੰਘ ਵਡਾਲੀ, ਮਧੂਪਾਲ ਗੋਗਾ, ਡਾ. ਮੁਖਤਿਆਰ ਸਿੰਘ ਭੁੱਲਰ, ਜਸਪਾਲ ਸਿੰਘ, ਬੀਬੀ ਹਰਜੀਤ ਕੌਰ ਤਲਵੰਡੀ, ਵਿਕਰਮਜੀਤ ਸਿੰਘ ਨਵਾਂ ਪਿੰਡ, ਗੁਰਵਿੰਦਰ ਸਿੰਘ ਡੂਮਛੇੜੀ, ਸ਼ਵਿੰਦਰ ਸਿੰਘ ਦੋਬਲੀਆ, ਬਲਵਿੰਦਰ ਸਿੰਘ ਜੋੜਾ ਸਿੰਘਾ, ਕੁਲਜੀਤ ਸਿੰਘ ਸਿੰਘ ਬ੍ਰਦਰਜ਼, ਹਰਬੰਸ ਸਿੰਘ ਮੰਝਪੁਰ, ਜਗਤਾਰ ਸਿੰਘ ਅੰਮ੍ਰਿਤਸਰ, ਪਰਮਪਾਲ ਸਿੰਘ ਸਬਰਾ, ਸੁਖਦੇਵ ਸਿੰਘ ਫਗਵਾੜਾ ਸਮੇਤ ਸਮੁੱਚੀ ਵਰਕਿੰਗ ਕਮੇਟੀ ਦੇ ਮੈਂਬਰ ਹਾਜ਼ਰ ਸਨ।

## ਪਾਵਰਕਾਮ ਦਾ ਨਵਾਂ ਫਰਮਾਨ, 50 ਏਕੜ ਜ਼ਮੀਨ ਪੁੱਡਾ ਨੂੰ ਤਬਦੀਲ ਕਰਨ ਨੂੰ ਪ੍ਰਵਾਨਗੀ ਦਿੱਤੀ

ਪਟਿਆਲਾ 17 ਫਰਵਰੀ। ਪਾਵਰਕਾਮ ਨੇ ਪਟਿਆਲਾ ਦੇ ਬਡੂੰਗਰ ਵਿਚਲੀ 50 ਏਕੜ ਜ਼ਮੀਨ ਪੁੱਡਾ () ਨੂੰ ਤਬਦੀਲ ਕਰਨ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਪਹਿਲਾਂ ਮੁਲਾਜ਼ਮਾਂ ਦੇ ਵਿਰੋਧ ਕਾਰਨ ਇਹ ਮਾਮਲਾ ਲਟਕਿਆ ਹੋਇਆ ਸੀ ਪਰ ਹੁਣ ਪਾਵਰਕਾਮ ਨੇ ਇਸ 50 ਏਕੜ ਜ਼ਮੀਨ ਵੇਚਣ ਨੂੰ ਹਰੀ ਝੰਡੀ ਦੇ ਦਿੱਤੀ ਹੈ। ਸੂਤਰਾਂ ਮੁਤਾਬਕ ਇਹ ਫੈਸਲਾ ਪਾਵਰਕਾਮ ਦੇ ਬੋਰਡ ਆਫ ਡਾਇਰੈਕਟਰਜ਼ ਨੇ 28 ਜਨਵਰੀ ਦੀ 121ਵੀਂ ਮੀਟਿੰਗ 'ਚ ਲਿਆ ਗਿਆ ਹੈ। ਕਾਫੀ ਦਹਾਕੇ ਪਹਿਲਾਂ



ਬਣੀ ਸਕੀਮ ਓ ਯੂ ਵੀ ਜੀ ਐੱਲ (ਖਾਲੀ ਸਰਕਾਰੀ ਜ਼ਮੀਨਾਂ ਦੀ ਸਰਵੋਤਮ ਵਰਤੋਂ) ਤਹਿਤ ਇਹ ਫੈਸਲਾ ਕੀਤਾ ਗਿਆ ਹੈ ਅਤੇ 80:20 ਪਾਲਿਸੀ ਤਹਿਤ ਇਹ ਜ਼ਮੀਨ ਤਬਦੀਲ ਕੀਤੀ ਗਈ ਹੈ। ਪਾਵਰਕਾਮ ਦੀ ਇਸ ਮੀਟਿੰਗ 'ਚ ਦਿੱਤੀ ਪ੍ਰਵਾਨਗੀ ਮੁਤਾਬਿਕ ਪਿੰਡ ਬਡੂੰਗਰ ਵਿਚਲੀ ਇਸ ਜ਼ਮੀਨ 'ਚੋਂ 66 ਕੇ ਵੀ ਪਾਵਰ ਲਾਈਨਾਂ ਅਤੇ 11 ਕੇ ਵੀ ਐੱਲ ਟੀ ਲਾਈਨਾਂ ਨੂੰ ਸਣੇ ਟਰਾਂਸਫਾਰਮਰ ਹਟਾਉਣ ਦਾ ਖਰਚਾ ਪੁੱਡਾ ਚੁੱਕੇਗਾ। ਪਹਿਲਾਂ ਪਟਿਆਲਾ ਦੀ ਬਡੂੰਗਰ ਸਾਈਟ ਦੀ 68.92 ਏਕੜ ਜ਼ਮੀਨ ਸਨਾਖਤ ਕੀਤੀ ਗਈ ਸੀ, ਜਿਸ ਤੋਂ 213.92 ਕਰੋੜ ਦੀ ਆਮਦਨ ਹੋਣ ਦਾ ਅਨੁਮਾਨ ਲਾਇਆ ਗਿਆ ਸੀ। ਇਸ ਤੋਂ ਪਹਿਲਾਂ ਬਠਿੰਡਾ ਦੀ ਥਰਮਲ ਕਲੋਨੀ ਦੀ ਜ਼ਮੀਨ ਦਾ ਫੈਸਲਾ ਹੋਇਆ ਸੀ ਅਤੇ ਕਰੀਬ 91 ਏਕੜ ਜ਼ਮੀਨ ਨੂੰ ਤਾਂ ਖਾਲੀ ਕਰਾਉਣਾ ਵੀ ਸ਼ੁਰੂ ਕਰ ਦਿੱਤਾ ਗਿਆ ਹੈ। ਸੂਤਰ ਇਹ ਵੀ ਦੱਸਦੇ ਹਨ ਕਿ ਪੰਜਾਬ ਸਰਕਾਰ ਵੱਲੋਂ ਪੰਜ ਵੱਡੇ ਸ਼ਹਿਰਾਂ ਵਿਚਲੀਆਂ ਅਹਿਮ 15 ਸੰਪਤੀਆਂ ਦੀ ਸਨਾਖਤ ਕੀਤੀ ਗਈ ਹੈ, ਜਿਸ ਤੋਂ ਕਰੀਬ ਤਿੰਨ ਹਜ਼ਾਰ ਕਰੋੜ ਦੀ ਆਮਦਨ ਦਾ ਅਨੁਮਾਨ ਲਗਾਇਆ ਹੈ ਜਿਸ 'ਚ 50 ਫੀਸਦੀ ਸੰਪਤੀ ਪਾਵਰਕਾਮ ਦੀ ਹੀ ਹੈ। ਪਟਿਆਲਾ ਦੀ ਬਡੂੰਗਰ ਸਾਈਟ ਦਾ ਏਜੰਡਾ ਪਿਛਲੀਆਂ ਮੀਟਿੰਗਾਂ 'ਚ ਤਾਂ ਮੁਲਤਵੀ ਕਰ ਦਿੱਤਾ ਗਿਆ ਸੀ ਪਰ 28 ਜਨਵਰੀ ਦੀ ਮੀਟਿੰਗ 'ਚ ਇਸ ਨੂੰ ਹਰੀ ਝੰਡੀ ਦੇ ਦਿੱਤੀ ਹੈ।

## ਫਿਰੋਜ਼ਪੁਰ ਰੇਲਵੇ ਮੰਡਲ ਨੇ ਬਿਨਾਂ ਟਿਕਟ ਯਾਤਰਾ ਵਿਰੁੱਧ ਮੁਹਿੰਮ ਚਲਾਈ

ਜੈਤੋ/ਜਲੰਧਰ, 17 ਫਰਵਰੀ। ਉੱਤਰ ਰੇਲਵੇ ਦੇ ਫਿਰੋਜ਼ਪੁਰ ਰੇਲਵੇ ਮੰਡਲ ਵੱਲੋਂ ਬਿਨਾਂ ਟਿਕਟ ਯਾਤਰਾ 'ਤੇ ਰੋਕ ਲਗਾਉਣ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਰੇਲਵੇ ਮੰਡਲ ਵੱਲੋਂ ਜਾਰੀ ਪ੍ਰੈੱਸ ਨੋਟ ਅਨੁਸਾਰ 14 ਫਰਵਰੀ 2026 ਨੂੰ ਜਲੰਧਰ ਸਿਟੀ ਰੇਲਵੇ ਸਟੇਸ਼ਨ 'ਤੇ ਵਿਸ਼ੇਸ਼ ਟਿਕਟ ਜਾਂਚ ਅਭਿਆਨ 'ਫੋਰਟਰੈੱਸ ਚੈੱਕ' ਚਲਾਇਆ ਗਿਆ, ਜਿਸ ਦੌਰਾਨ ਬਿਨਾਂ ਟਿਕਟ ਸਫ਼ਰ ਕਰਨ ਵਾਲੇ ਯਾਤਰੀਆਂ 'ਤੇ ਸ਼ਿਕੰਜਾ ਕੱਸਿਆ ਗਿਆ। ਇਹ ਜਾਂਚ ਮੁਹਿੰਮ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਲਗਾਤਾਰ ਚਲਾਈ ਗਈ। ਇਸ ਦੌਰਾਨ ਰੇਲਵੇ ਦੇ 14 ਟਿਕਟ ਜਾਂਚ ਕਰਮਚਾਰੀਆਂ ਅਤੇ ਰੇਲਵੇ ਸੁਰੱਖਿਆ ਬਲ ਦੇ ਜਵਾਨਾਂ ਨੇ ਸਾਂਝੇ ਤੌਰ 'ਤੇ ਸਟੇਸ਼ਨ 'ਤੇ ਆਉਣ-ਜਾਣ ਵਾਲੇ ਯਾਤਰੀਆਂ ਦੇ ਟਿਕਟਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ। ਇਸ ਪੂਰੀ ਕਾਰਵਾਈ ਦੌਰਾਨ ਕੁੱਲ 243 ਅਜਿਹੇ ਯਾਤਰੀ ਫੜੇ ਗਏ, ਜੋ ਬਿਨਾਂ ਟਿਕਟ ਜਾਂ ਨਿਯਮਾਂ ਦੇ ਉਲਟ ਯਾਤਰਾ ਕਰ ਰਹੇ ਸਨ। ਇਨ੍ਹਾਂ ਯਾਤਰੀਆਂ ਤੋਂ ਮੌਕੇ 'ਤੇ ਹੀ ਲਗਭਗ 1.67 ਲੱਖ ਰੁਪਏ ਦਾ ਮਾਲੀਆ ਜੁਰਮਾਨੇ ਵਜੋਂ ਵਸੂਲਿਆ ਗਿਆ। ਰੇਲਵੇ ਅਧਿਕਾਰੀਆਂ ਅਨੁਸਾਰ 'ਫੋਰਟਰੈੱਸ ਚੈੱਕ' ਦੇ ਅਧੀਨ ਸਟੇਸ਼ਨ ਕੰਪਲੈਕਸ ਦੀ ਬਿਨਾਂ ਕਿਸੇ ਪੂਰਵ ਸੂਚਨਾ ਦੇ ਘੇਰਾਬੰਦੀ ਕਰਕੇ ਸਖ਼ਤ ਟਿਕਟ ਜਾਂਚ ਕੀਤੀ ਜਾਂਦੀ ਹੈ। ਇਸ ਅਭਿਆਨ ਦਾ ਮੁੱਖ ਉਦੇਸ਼ ਰੇਲਵੇ ਦੇ ਮਾਲੀਏ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਅਤੇ ਆਮ ਜਨਤਾ ਵਿੱਚ ਟਿਕਟ ਲੈ ਕੇ ਸਫ਼ਰ ਕਰਨ ਦੀ ਆਦਤ ਨੂੰ ਵਧਾਵਾ ਦੇਣਾ ਹੈ। ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਸ੍ਰੀ ਪਰਮਦੀਪ ਸਿੰਘ ਸੈਣੀ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਹਮੇਸ਼ਾ ਜਾਇਜ਼ ਟਿਕਟ ਲੈ ਕੇ ਹੀ ਸਫ਼ਰ ਕਰਨ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਯਾਤਰੀਆਂ ਦੀ ਸਹੂਲਤ ਅਤੇ ਰੇਲਵੇ ਦੇ ਮਾਲੀਏ ਨੂੰ ਬਚਾਉਣ ਲਈ ਭਵਿੱਖ ਵਿੱਚ ਵੀ ਅਜਿਹੇ ਵਿਸ਼ੇਸ਼ ਟਿਕਟ ਜਾਂਚ ਅਭਿਆਨ ਲਗਾਤਾਰ ਜਾਰੀ ਰਹਿਣਗੇ।

## 100 ਅਤੇ 500 ਰੁਪਏ ਦੇ ਆਉਣਗੇ ਨਵੇਂ ਨੋਟ ! ਪੁਰਾਣੇ ਹੋਣਗੇ ਬੰਦ ਜਾਂ....

ਨਵੀਂ ਦਿੱਲੀ 17 ਫਰਵਰੀ। ਭਾਰਤੀ ਰਿਜਰਵ ਬੈਂਕ ਨੇ ਸਭ ਤੋਂ ਵੱਧ ਵਰਤੀ ਜਾਣ ਵਾਲੀ ਕਰੰਸੀ, 100 ਅਤੇ 500 ਰੁਪਏ ਦੇ ਨੋਟਾਂ ਵਿੱਚ ਕਈ ਅਹਿਮ ਬਦਲਾਅ ਕਰਨ ਦਾ ਫੈਸਲਾ ਕੀਤਾ ਹੈ। ਰਿਜਰਵ ਬੈਂਕ ਦਾ ਮੁੱਖ ਉਦੇਸ਼ ਇਨ੍ਹਾਂ ਨੋਟਾਂ ਵਿੱਚ ਸੁਰੱਖਿਆ ਫੀਚਰ ਵਧਾ ਕੇ ਇਨ੍ਹਾਂ ਨੂੰ ਨਕਲੀ ਨੋਟਾਂ ਤੋਂ ਬਚਾਉਣਾ ਹੈ। ਇਸ ਦੇ ਨਾਲ ਹੀ ਨੋਟਾਂ ਦੀ ਛਪਾਈ ਲਈ ਵਰਤੇ ਜਾਣ ਵਾਲੇ ਕਾਗਜ ਦੀ ਗੁਣਵੱਤਾ ਵਿੱਚ ਵੀ ਸੁਧਾਰ ਕੀਤਾ ਗਿਆ ਹੈ ਤਾਂ ਜੋ ਇਹ ਜਲਦੀ ਖਰਾਬ ਨਾ ਹੋਣ। ਆਰ.ਬੀ.ਆਈ. ਅਨੁਸਾਰ ਭਾਵੇਂ ਡਿਜੀਟਲ ਭੁਗਤਾਨ ਦੀ ਪ੍ਰਸਿੱਧੀ ਵਧੀ ਹੈ, ਪਰ ਅਜੇ ਵੀ ਪੇਂਡੂ ਇਲਾਕਿਆਂ, ਟਰਾਂਸਪੋਰਟ ਅਤੇ ਛੋਟੇ ਕਾਰੋਬਾਰਾਂ ਵਿੱਚ ਨਕਦੀ ਦੀ ਵਰਤੋਂ ਕਾਫੀ ਜ਼?ਆਦਾ ਹੁੰਦੀ ਹੈ। ਰੋਜਾਨਾ ਲੈਣ-ਦੇਣ ਵਿੱਚ ਸਭ ਤੋਂ ਵੱਧ ਵਰਤੋਂ 100 ਅਤੇ 500 ਦੇ ਨੋਟਾਂ ਦੀ ਹੀ ਹੁੰਦੀ ਹੈ। ਇਸ ਲਈ ਇਨ੍ਹਾਂ ਨੋਟਾਂ ਨੂੰ ਲੰਬੇ ਸਮੇਂ ਤੱਕ ਚੱਲਣਯੋਗ ਬਣਾਉਣ ਅਤੇ ਨਕਲੀ ਨੋਟਾਂ 'ਤੇ ਲਗਾਮ ਕੱਸਣ ਲਈ ਵਾਟਰਮਾਰਕ, ਮਾਈਕਰੋ-ਪ੍ਰਿੰਟਿੰਗ ਅਤੇ ਸਿਆਹੀ ਵਿੱਚ ਸੁਧਾਰ ਕੀਤਾ ਗਿਆ ਹੈ। 100 ਰੁਪਏ ਦਾ ਨੋਟ: ਇਸ ਦੇ ਡਿਜਾਈਨ ਵਿੱਚ ਕੋਈ ਵੱਡਾ ਬਦਲਾਅ ਨਹੀਂ ਕੀਤਾ ਗਿਆ, ਪਰ ਸਿਆਹੀ ਦੀ ਮਜਬੂਤੀ ਅਤੇ ਕੰਟਰਾਸਟ ਨੂੰ ਵਧਾਇਆ ਗਿਆ ਹੈ ਤਾਂ ਜੋ ਵਾਰ-ਵਾਰ ਮੋੜਨ 'ਤੇ ਵੀ ਨੋਟ ਜਲਦੀ ਨਾ ਫਟੇ। ਪੇਂਡੂ ਅਤੇ ਅਰਧ-ਸਹਿਰੀ ਖੇਤਰਾਂ ਵਿੱਚ ਅਸਲੀ ਨੋਟ ਦੀ ਪਛਾਣ ਸੌਖੀ ਬਣਾਉਣ ਲਈ ਵਾਟਰਮਾਰਕ ਅਤੇ ਸੁਰੱਖਿਆ ਧਾਗੇ ਦੀ ਸਪਸਟਤਾ ਵਿੱਚ ਸੁਧਾਰ ਕੀਤਾ ਗਿਆ ਹੈ। 500 ਰੁਪਏ ਦਾ ਨੋਟ: ਇਹ ਨੋਟ ਵੱਡੇ ਲੈਣ-ਦੇਣ ਲਈ ਵਰਤਿਆ ਜਾਂਦਾ ਹੈ, ਇਸ ਲਈ ਇਹ ਜਾਲਸਾਜਾਂ ਦਾ ਮਨਪਸੰਦ ਰਿਹਾ ਹੈ। ਹੁਣ ਇਸ ਵਿੱਚ ਡਿਜਾਈਨ ਤੱਤਾਂ ਨੂੰ ਬਿਹਤਰ ਤਰੀਕੇ ਨਾਲ ਮਿਲਾਇਆ ਗਿਆ ਹੈ ਅਤੇ ਮਾਈਕਰੋ-ਪ੍ਰਿੰਟਿੰਗ ਨੂੰ ਹੋਰ ਤੇਜ ਕੀਤਾ ਗਿਆ ਹੈ। ਸਭ ਤੋਂ ਅਹਿਮ ਗੱਲ ਇਹ ਹੈ ਕਿ ਰਿਜਰਵ ਬੈਂਕ ਨੇ ਮੌਜੂਦਾ (ਪੁਰਾਣੇ) ਨੋਟਾਂ ਨੂੰ ਬੰਦ ਕਰਨ ਬਾਰੇ ਕੁਝ ਨਹੀਂ ਕਿਹਾ ਹੈ, ਭਾਵ ਪੁਰਾਣੇ ਨੋਟ ਪਹਿਲਾਂ ਵਾਂਗ ਹੀ ਚੱਲਦੇ ਰਹਿਣਗੇ। ਬੈਂਕ ਅਧਿਕਾਰੀਆਂ ਅਨੁਸਾਰ ਏ.ਟੀ.ਐੱਮ. ਅਤੇ ਨਕਦੀ ਲੈਣ-ਦੇਣ ਵਾਲੀਆਂ ਮਸੀਨਾਂ ਪੁਰਾਣੇ ਅਤੇ ਨਵੇਂ ਦੋਵੇਂ ਤਰ੍ਹਾਂ ਦੇ ਨੋਟਾਂ ਨੂੰ ਸਵੀਕਾਰ ਕਰਨ ਲਈ ਤਿਆਰ ਹਨ।ਨਵੇਂ ਨੋਟ ਜਲਦੀ ਹੀ ਬਾਜਾਰ ਵਿੱਚ ਉਪਲਬਧ ਹੋਣਗੇ।

## ਬਾਹੂਬਲੀ ਮੁਖਤਾਰ ਅੰਸਾਰੀ ਦੇ ਕਰੀਬੀ ਵਕੀਲ ਦਾ ਤਾੜ-ਤਾੜ ਗੋਲੀਆਂ ਮਾਰ ਕੇ ਕਤਲ, ਕੰਬਿਆਂ ਇਲਾਕਾ

**ਕੌਮੀ ਪਤ੍ਰਿਕਾ**

ਬਾਰਾਬੰਕੀ 17 ਫਰਵਰੀ। ਉੱਤਰ ਪ੍ਰਦੇਸ ਦੇ ਬਾਰਾਬੰਕੀ ਜ਼?ਲ੍ਹੇ ਵਿੱਚ ਦਿਨ-ਦਿਹਾੜੇ ਵਾਪਰੀ ਅੰਨ੍ਹੇਵਾਹ ਗੋਲੀਬਾਰੀ ਦੀ ਇੱਕ ਘਟਨਾ ਨੇ ਪੂਰੇ ਇਲਾਕੇ ਵਿੱਚ ਦਹਿਸਤ ਫੈਲਾ ਦਿੱਤੀ। ਲਖਨਊ-ਅਯੁੱਧਿਆ ਹਾਈਵੇਅ 'ਤੇ ਸਹਿਰ ਕੋਤਵਾਲੀ ਖੇਤਰ ਵਿੱਚ ਅਸੇਨੀ ਮੋੜ ਨੇੜੇ ਅਣਪਛਾਤੇ ਹਮਲਾਵਰਾਂ ਨੇ ਦਿਨ-ਦਿਹਾੜੇ ਇੱਕ ਵਕੀਲ ਦਾ ਤਾੜ-ਤਾੜ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ। ਮ੍ਰਿਤਕ ਦੀ ਪਛਾਣ ਸੋਏਬ ਕਿਦਵਈ ਉਰਫ ਬੌਬੀ ਵਜੋਂ ਹੋਈ ਹੈ, ਜੋ ਬਾਹੂਬਲੀ ਮੁਖਤਾਰ ਅੰਸਾਰੀ ਦਾ ਕਰੀਬੀ ਵਕੀਲ ਅਤੇ ਇੱਕ ਸਾਰਪ ਸੂਟਰ ਸੀ। ਚਸਮਦੀਦਾਂ ਦੇ ਅਨੁਸਾਰ ਹਮਲਾਵਰਾਂ ਨੇ ਲਖਨਊ ਤੋਂ ਆ ਰਹੀ ਇੱਕ ਸਵਿਫਟ ਕਾਰ ਨੂੰ ਘੇਰ ਲਿਆ ਅਤੇ ਉਸ 'ਤੇ ਅੰਨ੍ਹੇਵਾਹ ਗੋਲੀਆਂ ਚਲਾਉਣੀਆਂ ਸੁਰੂ ਕਰ ਦਿੱਤੀਆਂ। ਅਚਾਨਕ ਹੋਈ ਗੋਲੀਬਾਰੀ ਦੀ ਆਵਾਜ ਨਾਲ ਹਾਈਵੇਅ 'ਤੇ ਸਨਸਨੀ ਫੈਲ ਗਈ। ਸੂਤਰਾਂ ਅਨੁਸਾਰ ਲਗਭਗ 15 ਰਾਊਂਡ ਫਾਇਰ ਕੀਤੇ ਗਏ, ਜਿਸ ਨਾਲ ਘਟਨਾ ਸਥਾਨ 'ਤੇ ਦਹਿਸਤ ਫੈਲ ਗਈ। ਅੰਨ੍ਹੇਵਾਹ ਗੋਲੀਆਂ ਲੱਗਣ ਕਾਰਨ ਸੋਏਬ ਕਿਦਵਈ ਦੀ ਮੌਕੇ 'ਤੇ ਹੀ ਦਰਦਨਾਕ ਮੌਤ ਹੋ ਗਈ।ਘਟਨਾ ਦੀ ਜਾਣਕਾਰੀ ਮਿਲਦੇ ਹੀ ਪੁਲਸ ਵਿਭਾਗ ਹਿੱਲ ਗਿਆ। ਸਹਿਰ ਦੀ ਪੁਲਸ ਸਟੇਸਨ, ਸੀਨੀਅਰ ਜ਼?ਲ੍ਹਾ ਅਧਿਕਾਰੀਆਂ ਦੇ ਨਾਲ ਭਾਰੀ ਪੁਲਸ ਫੋਰਸ ਨਾਲ ਘਟਨਾ ਸਥਾਨ 'ਤੇ ਪਹੁੰਚ ਗਈ। ਫੋਰੈਂਸਿਕ ਟੀਮ ਨੇ ਘਟਨਾ ਸਥਾਨ ਦੀ ਬਾਰੀਕੀ ਨਾਲ ਜਾਂਚ



ਕਰਨੀ ਸੁਰੂ ਕਰ ਦਿੱਤੀ ਹੈ। ਪੁਲਸ ਨੇ ਮੌਕੇ ਤੋਂ ਪੰਜ ਤੋਂ ਵੱਧ ਖਾਲੀ ਕਾਰਤੂਸ ਬਰਾਮਦ ਕੀਤੇ ਹਨ, ਜੋ ਹਮਲੇ ਦੀ ਗੰਭੀਰਤਾ ਨੂੰ ਦਰਸਾਉਂਦੇ ਹਨ। ਵਿਅਸਤ ਹਾਈਵੇਅ 'ਤੇ ਦਿਨ-ਦਿਹਾੜੇ ਵਾਪਰੀ ਕਤਲ ਦੀ ਇਸ ਵਾਰਦਾਤ ਨੇ ਜ਼?ਲ੍ਹੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਪੁਲਸ ਪੂਰੇ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਇਹ ਪਤਾ ਲਗਾਉਣ ਦੀ ਕੋਸ਼?ਸ਼ ਕਰ ਰਹੀ ਹੈ ਕਿ ਇਹ ਕਤਲ ਪੁਰਾਣੀ ਦੁਸਮਣੀ ਜਾਂ ਗੈਂਗ ਵਾਰ ਦਾ ਨਤੀਜਾ ਹੈ। ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਹਮਲਾਵਰਾਂ ਦੀ ਭਾਲ ਲਈ ਟੀਮਾਂ ਬਣਾਈਆਂ ਗਈਆਂ ਹਨ। ਇਸ ਘਟਨਾ ਤੋਂ ਬਾਅਦ ਪੂਰੇ ਜ਼?ਲ੍ਹੇ ਵਿੱਚ ਦਹਿਸਤ ਦਾ ਮਾਹੌਲ ਬਣ ਗਿਆ ਅਤੇ ਪੁਲਸ ਹਰ ਪਹਿਲੂ ਤੋਂ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਚੌਲ-ਆਟਾ ਮਿੱਲਰਾਂ ਤੇ ਆੜ੍ਹਤੀਆਂ ਦੇ ਵਫਦ ਨੇ ਚੁੱਘ ਤੇ ਜਾਖੜ ਦੀ ਅਗਵਾਈ ਹੇਠ ਕੇਂਦਰੀ ਖੁਰਾਕ ਮੰਤਰੀ ਨਾਲ ਕੀਤੀ ਮੁਲਾਕਾਤ

**ਕੌਮੀ ਪਤ੍ਰਿਕਾ**

ਕਪੂਰਥਲਾ, 17 ਫਰਵਰੀ। ਪੰਜਾਬ ਦੇ ਚੌਲ ਮਿੱਲਰਾਂ, ਆਟਾ ਮਿੱਲਰਾਂ ਅਤੇ ਆੜ੍ਹਤੀਆਂ ਦੀਆਂ ਜਥੇਬੰਦੀਆਂ ਦੇ ਇੱਕ ਸਾਂਝੇ ਵਫਦ ਨੇ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਅਤੇ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਦੀ ਅਗਵਾਈ ਹੇਠ ਕੇਂਦਰੀ ਉਪਭੋਗਤਾ ਮਾਮਲੇ, ਖੁਰਾਕ ਅਤੇ ਜਨਤਕ ਵੰਡ ਅਤੇ ਨਵੀਂ ਤੇ ਨਵਿਆਉਣਯੋਗ ਊਰਜਾ ਮੰਤਰੀ ਪ੍ਰਹਿਲਾਦ ਜੋਸੀ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਦਯੋਗ ਨਾਲ ਜੁੜੇ ਵੱਖ-ਵੱਖ ਮੁੱਦਿਆਂ ਅਤੇ ਸੁਝਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਤਰੁਣ ਚੁੱਘ ਦੀ ਅਗਵਾਈ ਹੇਠ ਵਫਦ ਨੇ ਚੌਲਾਂ ਦੇ ਭੰਡਾਰਨ ਲਈ ਜਗ੍ਹਾ ਦੀ ਘਾਟ, ਆੜ੍ਹਤੀਆਂ ਦੇ ਕਮਿਸਨ ਨਾਲ ਜੁੜੇ ਮੁੱਦੇ ਅਤੇ ਮਿਲਿੰਗ ਤੇ ਵੰਡ ਪ੍ਰਣਾਲੀ ਨਾਲ ਸਬੰਧਤ ਹੋਰ ਅਹਿਮ ਚੁਣੌਤੀਆਂ ਨੂੰ ਕੇਂਦਰੀ ਮੰਤਰੀ ਦੇ ਸਾਹਮਣੇ ਰੱਖਿਆ। ਚੁੱਘ ਨੇ ਕਿਹਾ ਕਿ ਪੰਜਾਬ ਦੇਸ ਦੀ ਖੁਰਾਕ ਸੁਰੱਖਿਆ ਦੀ ਰੀੜ੍ਹ ਦੀ ਹੱਡੀ ਹੈ ਅਤੇ ਇੱਥੋਂ ਦੇ ਮਿੱਲਰ, ਆੜ੍ਹਤੀ ਅਤੇ ਖੇਤੀਬਾੜੀ ਨਾਲ ਜੁੜੇ ਉੱਦਮੀ ਲੰਬੇ ਸਮੇਂ ਤੋਂ ਦੇਸ ਦੀ ਸੇਵਾ ਕਰ ਰਹੇ ਹਨ, ਇਸ ਲਈ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਕੀਤਾ ਜਾਣਾ ਜਰੂਰੀ ਹੈ। ਚੁੱਘ ਨੇ ਦੱਸਿਆ ਕਿ ਮਾਨਯੋਗ ਪ੍ਰਹਿਲਾਦ ਜੋਸੀ ਨੇ ਵਫਦ ਦੀਆਂ



ਸਾਰੀਆਂ ਗੱਲਾਂ ਨੂੰ ਪੂਰੀ ਗੰਭੀਰਤਾ ਅਤੇ ਸੰਵੇਦਨਸੀਲਤਾ ਨਾਲ ਸੁਣਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਮੁੱਦਿਆਂ ਦੇ ਜਲਦੀ ਹੱਲ ਲਈ ਨਿਰਦੇਸ ਦਿੱਤੇ ਹਨ। ਉਨ੍ਹਾਂ ਭਰੋਸਾ ਜਤਾਇਆ ਕਿ ਕੇਂਦਰ ਸਰਕਾਰ ਦੇ ਸਕਾਰਾਤਮਕ ਨਜਰੀਏ ਸਦਕਾ ਜਲਦੀ ਹੀ ਇਨ੍ਹਾਂ ਸਮੱਸਿਆਵਾਂ ਦਾ ਤਸੱਲੀਬਖਸ ਹੱਲ ਨਿਕਲੇਗਾ, ਜਿਸ ਨਾਲ ਉਦਯੋਗ ਨੂੰ ਮਜਬੂਤੀ ਮਿਲੇਗੀ ਅਤੇ ਕਿਸਾਨਾਂ ਦੇ ਹਿੱਤ ਵੀ ਸੁਰੱਖਿਅਤ ਰਹਿਣਗੇ। ਚੁੱਘ ਨੇ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਦੇਸ ਦੇ ਕਿਸਾਨਾਂ, ਉੱਦਮੀਆਂ ਅਤੇ ਵਪਾਰਕ ਭਾਈਚਾਰੇ ਦੇ ਹਰ ਵਰਗ ਦੇ ਨਾਲ ਮਜਬੂਤੀ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸੰਵਾਦ ਅਤੇ ਸਹਿਯੋਗ ਦੀ ਭਾਵਨਾ ਨਾਲ ਕੰਮ ਕਰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਖੁਰਾਕ ਪ੍ਰੋਸੈਸਿੰਗ ਖੇਤਰ ਨੂੰ ਨਵੀਂ ਊਰਜਾ ਦੇਣ ਲਈ ਵਚਨਬੱਧ ਹੈ। ਚੁੱਘ ਨੇ ਪੰਜਾਬ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮੁਲਾਕਾਤ ਉਦਯੋਗ ਜਗਤ ਲਈ ਸਕਾਰਾਤਮਕ ਅਤੇ ਵਿਸਵਾਸ ਵਧਾਉਣ ਵਾਲੀ ਰਹੀ ਹੈ। ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਕੁਮਾਰ ਜਾਖੜ ਨੇ ਕਿਹਾ ਕਿ ਪੰਜਾਬ ਦੇ ਮਿੱਲਰਾਂ, ਆਟਾ ਉਦਯੋਗ ਅਤੇ ਆੜ੍ਹਤੀਆਂ ਨਾਲ ਜੁੜੀਆਂ ਜਥੇਬੰਦੀਆਂ ਦੀਆਂ ਸਮੱਸਿਆਵਾਂ ਨੂੰ ਕੇਂਦਰ ਸਰਕਾਰ ਤੱਕ ਪਹੁੰਚਾਉਣ ਦਾ ਇਹ ਯਤਨ ਬਹੁਤ ਸਾਰਥਕ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਵੱਲੋਂ ਦਿੱਤੇ ਗਏ ਸਕਾਰਾਤਮਕ ਭਰੋਸੇ ਨਾਲ ਉਦਯੋਗ ਜਗਤ ਵਿੱਚ ਭਰੋਸਾ ਮਜਬੂਤ ਹੋਇਆ ਹੈ ਅਤੇ ਸਾਰੀਆਂ ਜਥੇਬੰਦੀਆਂ ਇਸ ਮੁਲਾਕਾਤ ਤੋਂ ਸੰਤੁਸਟ ਹਨ ਅਤੇ ਕੇਂਦਰ ਸਰਕਾਰ ਦੇ ਸਹਿਯੋਗੀ ਨਜਰੀਏ ਲਈ ਧੰਨਵਾਦ ਪ੍ਰਗਟ ਕਰਦੀਆਂ ਹਨ।

## ਮਿਲੇਗਾ 8 ਲੱਖ ਰੁਪਏ ਤੱਕ ਦਾ ਏਰੀਅਰ, ਕਦੋਂ ਵਧੇਗੀ ਕੇਂਦਰੀ ਮੁਲਾਜਮਾਂ ਦੀ ਤਨਖਾਹ

ਨਵੀਂ ਦਿੱਲੀ 17 ਫਰਵਰੀ। ਦੇਸ ਦੇ ਲੱਖਾਂ ਕੇਂਦਰੀ ਕਰਮਚਾਰੀਆਂ ਅਤੇ ਪੈਨਸਨਰਾਂ ਲਈ ਇੱਕ ਬਹੁਤ ਹੀ ਖੁਸੀ ਦੀ ਖਬਰ ਸਾਹਮਣੇ ਆਈ ਹੈ। ਕੇਂਦਰ ਸਰਕਾਰ ਨੇ 3 ਨਵੰਬਰ 2025 ਨੂੰ ਇੱਕ ਅਧਿਕਾਰਤ ਨੋਟੀਫਿਕੇਸਨ ਰਾਹੀਂ 8ਵੇਂ ਤਨਖਾਹ ਕਮਿਸਨ (8 ) ਦੇ ਗਠਨ ਦਾ ਐਲਾਨ ਕਰ ਦਿੱਤਾ ਹੈ। ਇਸ ਫੈਸਲੇ ਨਾਲ ਨਾ ਸਿਰਫ ਕੇਂਦਰੀ ਕਰਮਚਾਰੀ, ਸਗੋਂ ਰੱਖਿਆ ਕਰਮਚਾਰੀ, ਆਲ ਇੰਡੀਆ ਸਰਵਿਸਿਜ ਦੇ ਅਧਿਕਾਰੀ ਅਤੇ ਲੱਖਾਂ ਪੈਨਸਨਰਾਂ ਦੇ ਤਨਖਾਹ ਅਤੇ ਪੈਨਸਨ ਢਾਂਚੇ ਵਿੱਚ ਵੱਡਾ ਸੁਧਾਰ ਹੋਣ ਦੀ ਉਮੀਦ ਹੈ। ਤਕਨੀਕੀ ਤੌਰ 'ਤੇ 8ਵੇਂ ਤਨਖਾਹ ਕਮਿਸਨ ਦੀਆਂ ਸਿਫਾਰਸਾਂ 1 ਜਨਵਰੀ 2026 ਤੋਂ ਪ੍ਰਭਾਵੀ ਹੋਣ ਦੀ ਉਮੀਦ ਹੈ। ਹਾਲਾਂਕਿ, ਰਿਪੋਰਟ ਤਿਆਰ ਕਰਨ ਅਤੇ ਇਸ ਨੂੰ ਅਮਲੀ ਰੂਪ ਵਿੱਚ ਲਾਗੂ ਕਰਨ ਦੀ ਪ੍ਰਕਿਰਿਆ ਵਿੱਚ ਸਮਾਂ ਲੱਗ ਸਕਦਾ ਹੈ, ਜਿਸ ਕਾਰਨ ਇਹ 2027 ਵਿੱਚ ਲਾਗੂ ਹੋਣ ਦੀ ਸੰਭਾਵਨਾ ਹੈ। ਅਜਿਹੀ ਸਥਿਤੀ ਵਿੱਚ, ਕਰਮਚਾਰੀਆਂ ਨੂੰ 12 ਤੋਂ 20 ਮਹੀਨਿਆਂ ਤੱਕ ਦਾ ਏਰੀਅਰ (ਬਕਾਇਆ ਰਾਸੀ) ਇਕਮੁਸਤ ਮਿਲ ਸਕਦਾ ਹੈ। ਮਾਹਿਰਾਂ ਅਨੁਸਾਰ, ਫਿਟਮੈਂਟ ਫੈਕਟਰ ਨੂੰ 2.57 ਦੇ ਆਸ-ਪਾਸ ਰੱਖਿਆ ਜਾ ਸਕਦਾ ਹੈ, ਜਿਸ ਨਾਲ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ 30 ਤੋਂ 50 ਫੀਸਦੀ ਤੱਕ ਦਾ ਵੱਡਾ ਉਛਾਲ ਆ ਸਕਦਾ ਹੈ। ਸੰਭਾਵਿਤ ਗਣਨਾ ਦੇ ਆਧਾਰ 'ਤੇ ਵੱਖ-ਵੱਖ ਪੱਧਰਾਂ ਦੇ ਕਰਮਚਾਰੀਆਂ ਨੂੰ ਮਿਲਣ ਵਾਲਾ ਏਰੀਅਰ ਇਸ



ਤਰ੍ਹਾਂ ਹੋ ਸਕਦਾ ਹੈ: ਏਰੀਅਰ ਦੀ ਗਣਨਾ ਕਰਮਚਾਰੀ ਦੀ ਪੁਰਾਣੀ ਬੇਸਿਕ ਸੈਲਰੀ ਅਤੇ ਪ੍ਰਸਤਾਵਿਤ ਨਵੀਂ ਬੇਸਿਕ ਸੈਲਰੀ ਦੇ ਅੰਤਰ ਦੇ ਆਧਾਰ 'ਤੇ ਕੀਤੀ ਜਾਂਦੀ ਹੈ। ਇਸ ਅੰਤਰ ਨੂੰ ਬਕਾਇਆ ਮਹੀਨਿਆਂ ਦੀ ਗਿਣਤੀ ਨਾਲ ਗੁਣਾ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ, ਨਵੀਂ ਬੇਸਿਕ ਸੈਲਰੀ ਵਧਣ ਨਾਲ ਮਹਿੰਗਾਈ ਭੱਤੇ () ਦਾ ਅੰਤਰ ਵੀ ਇਸ ਕੁੱਲ ਰਾਸੀ ਵਿੱਚ ਜੋੜਿਆ ਜਾਂਦਾ ਹੈ। ਮਹਿੰਗਾਈ ਦੇ ਦੌਰ 'ਚ ਵੱਡੀ ਰਾਹਤ ਲਗਾਤਾਰ ਵਧ ਰਹੀ ਮਹਿੰਗਾਈ ਦੇ ਮੱਦੇਨਜਰ ਕਰਮਚਾਰੀ ਲੰਬੇ ਸਮੇਂ ਤੋਂ ਵੇਤਨ ਸੋਧ ਦੀ ਮੰਗ ਕਰ ਰਹੇ ਸਨ।

## ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਫ਼ਾਇਦਾ ਪਹੁੰਚਾਉਣ ਲਈ ਗਰੀਬਾਂ ਦੇ ਹੱਕ ਖੋਹ ਰਹੀ ਹੈ : ਸਿੱਧੂ

**ਏਜੰਸੀਆਂ**

ਮੋਹਾਲੀ 17 ਫਰਵਰੀ। ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਸਿਹਤ ਮੰਤਰੀ ਪੰਜਾਬ ਬਲਬੀਰ ਸਿੱਧੂ ਨੇ ਅੱਜ 'ਮਨਰੇਗਾ ਬਚਾਓ ਸੰਗਰਾਮ' ਦੇ ਤਹਿਤ ਪਿੰਡ ਕੁਰੜਾ, ਮੋਟੇਮਾਜਰਾ, ਤੰਗੋਰੀ, ਕੁਰੜੀ, ਸ਼ੇਖਣ ਮਾਜਰਾ, ਨਾਗਰੀ ਅਤੇ ਗੀਗੇ ਮਾਜਰਾ ਵਿੱਚ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨਾਲ ਅਹਿਮ ਮੀਟਿੰਗਾਂ ਕਰਦਿਆਂ ਇੱਕ ਵਿਸ਼ਾਲ ਜਾਗਰੂਕਤਾ ਮੁਹਿੰਮ ਚਲਾਈ। ਇਨ੍ਹਾਂ ਮੀਟਿੰਗਾਂ ਦੌਰਾਨ ਕੇਂਦਰ ਦੀ ਮੋਦੀ ਸਰਕਾਰ ਦੀ ਮਜ਼ਦੂਰ ਵਿਰੋਧੀ, ਕਿਸਾਨ ਵਿਰੋਧੀ ਅਤੇ ਗਰੀਬ ਵਿਰੋਧੀ ਨੀਤੀਆਂ ਦੀ ਤਿੱਖੀ ਨਿੰਦਾ ਕੀਤੀ ਗਈ। ਬਲਬੀਰ ਸਿੱਧੂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮਨਰੇਗਾ ਸਕੀਮ ਦੇ ਫੰਡ ਪਹਿਲਾਂ ਜਾਣ-ਬੁੱਝ ਕੇ ਰੋਕੇ ਗਏ ਸਨ, ਤਾਂ ਜੋ ਇਸ ਲੋਕ-ਹਿੱਤ ਯੋਜਨਾ ਨੂੰ ਹੌਲੀ-ਹੌਲੀ ਖ਼ਤਮ ਕੀਤਾ ਜਾ ਸਕੇ। ਇਸਦਾ ਸਿੱਧਾ ਨੁਕਸਾਨ ਪਿੰਡਾਂ ਦੇ ਗਰੀਬ ਮਜ਼ਦੂਰਾਂ, ਦਲਿਤਾਂ, ਔਰਤਾਂ ਅਤੇ ਨਿਰਭਰ ਪਰਿਵਾਰਾਂ ਨੂੰ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮਨਰੇਗਾ ਗਰੀਬਾਂ ਅਤੇ ਮਜ਼ਦੂਰ ਵਰਗ ਦੀ ਲਾਈਫ ਲਾਈਨ ਹੈ ਪਰ ਕੇਂਦਰ ਦੀ ਭਾਜਪਾ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਗਰੀਬਾਂ ਦੇ ਹੱਕਾਂ 'ਤੇ ਡਾਕਾ ਮਾਰ ਰਹੀ ਹੈ। ਜਿਸਨੂੰ ਕਾਂਗਰਸ ਪਾਰਟੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ। ਸਿੱਧੂ ਨੇ ਕਿਹਾ ਕਿ ਪਹਿਲਾਂ, ਮਨਰੇਗਾ ਅਧੀਨ ਕੁੱਲ ਫੰਡਾਂ ਦਾ ਲਗਭਗ 90 ਫ਼ੀਸਦੀ ਕੇਂਦਰ ਸਰਕਾਰ ਤੋਂ ਆਉਂਦਾ ਸੀ, ਪਰ ਨਵੇਂ ਬਿੱਲ ਨੇ ਇਸ ਨੂੰ ਘਟਾ ਕੇ ਸਿਰਫ 60 ਫ਼ੀਸਦੀ ਕਰ ਦਿੱਤਾ ਹੈ। ਇਸ ਨਾਲ ਰਾਜਾਂ 'ਤੇ ਵਿੱਤੀ ਬੋਝ ਵਧੇਗਾ ਅਤੇ ਉਨ੍ਹਾਂ ਦੀਆਂ ਪਹਿਲਾਂ ਤੋਂ ਹੀ ਕਮਜ਼ੋਰ ਅਰਥਵਿਵਸਥਾਵਾਂ 'ਤੇ ਵਾਧੂ ਦਬਾਅ ਪਵੇਗਾ ਸਿੱਧੂ ਨੇ ਕਿਹਾ ਕਿ ਮਨਰੇਗਾ ਦਾ ਨਾਂ ਬਦਲਣਾ ਅਤੇ ਨਿਯਮਾਂ ਵਿੱਚ ਕੀਤੀਆਂ ਤਬਦੀਲੀਆਂ ਮਜ਼ਦੂਰ ਵਰਗ ਦੇ ਹਿੱਤਾਂ 'ਤੇ ਸਿੱਧਾ ਹਮਲਾ ਹਨ। ਇਹ ਯੋਜਨਾ ਕਾਂਗਰਸ ਪਾਰਟੀ ਦੀ ਇਤਿਹਾਸਕ ਦੇਣ ਹੈ, ਜਿਸ ਨਾਲ ਲੱਖਾਂ ਪਰਿਵਾਰਾਂ ਨੂੰ ਰੁਜ਼ਗਾਰ ਮਿਲਿਆ ਪਰ ਭਾਜਪਾ ਸਰਕਾਰ ਇਸ ਸੱਚ ਨੂੰ ਮਿਟਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਪਿੰਡਾਂ ਦਾ ਵਿਕਾਸ ਹੋਇਆ ਅਤੇ ਮਜ਼ਦੂਰਾਂ ਨੂੰ ਸ਼ਹਿਰਾਂ ਵੱਲ ਮਾਈਗ੍ਰੇਸ਼ਨ ਤੋਂ ਰਾਹਤ ਮਿਲੀ। ਕੇਂਦਰ ਸਰਕਾਰ ਇਸ ਸੱਚ ਨੂੰ ਸਹਿਣ ਨਹੀਂ ਕਰ ਪਾ ਰਹੀ ਅਤੇ ਇਸੇ ਲਈ ਸਕੀਮ ਦੀ ਪਹਿਚਾਣ ਮਿਟਾਉਣ ਦੀ ਕੋਸ਼ਿਸ਼ ਕਰ ਰਹੀ ਹੈ

## ਭਾਰੀ ਮੀਂਹ ਕਾਰਨ ਅਧਿਆਪਕ ਦੀ ਦੋ ਮੰਜਿਲਾ ਕੋਠੀ ਡਿੱਗੀ, ਇਕ ਕਰੋੜ ਦਾ ਨੁਕਸਾਨ

**ਕੌਮੀ ਪਤ੍ਰਿਕਾ**

ਤਪਾ ਮੰਡੀ 17 ਫਰਵਰੀ। ਪਿੰਡ ਢਿੱਲਵਾਂ ਵਿਚ ਭਾਰੀ ਬਰਸਾਤਾਂ ਅਤੇ ਹੜ੍ਹਾਂ ਦੇ ਪ੍ਰਭਾਵ ਕਾਰਨ ਇਕ ਦੋ ਮੰਜ਼?ਲਾ ਕੋਠੀ ਤਾਸ ਦੇ ਪੱਤਿਆਂ ਵਾਂਗ ਢਹਿ ਗਈ। ਇਹ ਕੋਠੀ ਪਿੰਡ ਦੇ ਨੱਥਾ ਪੱਤੀ ਦੇ ਰਹਿਣ ਵਾਲੇ ਸਰਕਾਰੀ ਅਧਿਆਪਕ ਪੂਰਨ ਸਿੰਘ ਪੁੱਤਰ ਬਲਵੀਰ ਸਿੰਘ ਦੀ ਸੀ। ਖੁਸਕਿਸਮਤੀ ਨਾਲ ਹਾਦਸੇ ਵੇਲੇ ਪਰਿਵਾਰ ਘਰ ਵਿੱਚ ਮਜੂਦ ਨਹੀਂ ਸੀ, ਜਿਸ ਕਰਕੇ ਵੱਡੇ ਜਾਨੀ ਨੁਕਸਾਨ ਤੋਂ ਬਚਾਵ ਹੋ ਗਿਆ। ਜਾਣਕਾਰੀ ਅਨੁਸਾਰ ਪੂਰਨ ਸਿੰਘ ਨੇ ਸਾਲ 2018 ਵਿਚ ਐੱਚ.ਡੀ.ਐੱਫ.ਸੀ. ਬੈਂਕ ਤੋਂ 49 ਲੱਖ ਰੁਪਏ ਦਾ ਲੋਨ ਲੈ ਕੇ ਅਤੇ ਆਪਣੀ ਜ਼?ਦਗੀ ਭਰ ਦੀ ਇਕੱਠੀ ਕੀਤੀ ਪੂੰਜੀ ਨਾਲ ਆਪਣੀ ਦੋ ਮੰਜ਼?ਲਾ ਕੋਠੀ ਤਿਆਰ ਕਰਵਾਈ ਸੀ। ਪਿਛਲੇ ਸਮੇਂ ਦਰਾਨ ਪਈਆਂ ਲਗਾਤਾਰ ਤੇਜ ਬਰਸਾਤਾਂ ਅਤੇ ਹੜ੍ਹਾਂ ਕਾਰਨ ਕੋਠੀ ਦੀਆਂ ਨੀਂਹਾਂ ਵਿਚ ਪਾਣੀ ਭਰ ਗਿਆ ਸੀ। ਨੀਂਹਾਂ ਕਮਜੋਰ ਹੋਣ ਕਾਰਨ ਇਮਾਰਤ ਵਿੱਚ ਤਰੇੜਾਂ ਪੈਣ ਲੱਗੀਆਂ ਅਤੇ ਆਖਰਕਾਰ 8 ਫਰਵਰੀ ਦੀ ਰਾਤ ਕਰੀਬ 8 ਵਜੇ ਪੂਰੀ ਇਮਾਰਤ ਢਹਿ ਕੇ ਮਲਬੇ ਵਿੱਚ ਤਬਦੀਲ ਹੋ ਗਈ। ਘਟਨਾ ਤੋਂ ਲਗਭਗ ਦੋ ਘੰਟੇ ਪਹਿਲਾਂ ਪੂਰਨ ਸਿੰਘ ਆਪਣੇ ਪਰਿਵਾਰ ਸਮੇਤ ਰਿਸਤੇਦਾਰਾਂ ਕੋਲ ਗਏ ਹੋਏ ਸਨ, ਜਿਸ ਕਾਰਨ ਉਹ ਅਤੇ ਉਹਨਾਂ ਦੇ ਪਰਿਵਾਰਕ ਮੈਂਬਰ ਸੁਰੱਖਿਅਤ ਰਹੇ। ਪੂਰਨ ਸਿੰਘ ਸਾਲ 2002 ਤੋਂ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਅਧਿਆਪਕ ਵਜੋਂ ਸੇਵਾ ਨਿਭਾ ਰਹੇ ਹਨ ਅਤੇ ਇਸ ਸਮੇਂ ਸਰਕਾਰੀ ਪ੍ਰਾਇਮਰੀ ਸਕੂਲ ਭਗਤਪੁਰਾ ਮੋੜ ਵਿੱਚ ਹੈਡ ਟੀਚਰ ਦੇ ਤਰ 'ਤੇ ਤਾਇਨਾਤ ਹਨ। ਉਨ੍ਹਾਂ ਦੇ ਪਰਿਵਾਰ ਵਿਚ 25 ਸਾਲ ਦਾ ਪੁੱਤਰ ਅਤੇ 23 ਸਾਲ ਦੀ ਧੀ ਹੈ। ਉਹ ਆਪਣੀ ਧੀ ਦੇ ਵਿਆਹ ਦੀਆਂ ਤਿਆਰੀਆਂ ਕਰ ਰਹੇ ਸਨ, ਪਰ ਇਸ ਅਚਾਨਕ ਆਈ ਆਫਤ ਨੇ ਪਰਿਵਾਰ ਨੂੰ ਗੰਭੀਰ ਆਰਥਿਕ ਸੰਕਟ ਵਿੱਚ ਧੱਕ ਦਿੱਤਾ ਹੈ। ਕੋਠੀ ਦੇ ਢਹਿ ਜਾਣ ਨਾਲ ਸਿਰਫ ਇਮਾਰਤ ਹੀ ਨਹੀਂ, ਸਗੋਂ ਅੰਦਰ ਪਿਆ ਸਾਰਾ ਫਰਨੀਚਰ, ਘਰੇਲੂ ਸਮਾਨ ਅਤੇ ਜਰੂਰੀ ਦਸਤਾਵੇਜ ਵੀ ਮਲਬੇ ਹੇਠਾਂ ਦਬ ਕੇ ਨਸਟ ਹੋ ਗਏ। ਪੂਰਨ ਸਿੰਘ ਮੁਤਾਬਕ ਕੁੱਲ ਨੁਕਸਾਨ ਲਗਭਗ ਇੱਕ ਕਰੋੜ ਰੁਪਏ ਦੇ ਕਰੀਬ ਹੈ। ਇਕ ਪਾਸੇ 49 ਲੱਖ ਰੁਪਏ ਦਾ ਬੈਂਕ ਲੋਨ ਬਕਾਇਆ ਹੈ ਅਤੇ ਦੂਜੇ ਪਾਸੇ ਰਹਿਣ ਲਈ ਆਪਣਾ ਘਰ ਵੀ ਨਹੀਂ ਬਚਿਆ। ਇਸ ਮੌਕੇ ਪਿੰਡ



ਦੇ ਸਰਪੰਚ ਕੁਲਵਿੰਦਰ ਸਿੰਘ ਕਿੰਦੀ, ਸਾਬਕਾ ਚੇਅਰਮੈਨ ਰਣਜੀਤ ਸਿੰਘ, ਚੇਅਰਮੈਨ ਅੰਮ੍ਰਿਤਪਾਲ ਸਿੰਘ, ਪੰਚ ਸਤਵੰਤ ਸਿੰਘ, ਪੰਚ ਤੇਜਾ ਸਿੰਘ, ਸਰਪੰਚ ਮਲਕੀਤ ਸਿੰਘ ਮੋੜ ਨਾਭਾ, ਸਰਪੰਚ ਜਸਵਿੰਦਰ ਸਿੰਘ ਕਕਨੀ, ਸਾਬਕਾ ਸਰਪੰਚ ਜੋਗਿੰਦਰ ਸਿੰਘ ਬਰਾੜ, ਪੰਚ ਜਗਸੀਰ ਸਿੰਘ, ਪੰਚ ਸੁਖਵਿੰਦਰ ਸਿੰਘ, ਜਗਸੀਰ ਸਿੰਘ, ਨਵਤੇਜ ਸਿੰਘ, ਜਗਰਾਜ ਸਿੰਘ, ਗੁਰਇਕਬਾਲ ਸਿੰਘ, ਨਰਿੰਦਰ ਸਰਮਾ, ਕਿਸਾਨ ਆਗੂ ਗੋਰਾ ਸਿੰਘ, ਪੰਚ ਭੁਪਿੰਦਰ ਸਿੰਘ ਕਾਲਾ, ਗੁਰਮੀਤ ਸਿੰਘ, ਬਲਤੇਜ ਸਿੰਘ, ਹਰਜਿੰਦਰ ਸਿੰਘ ਢਿੱਲੋ, ਹਰਜੋਤ ਸਿੰਘ, ਬਲਵੰਤ ਸਿੰਘ, ਜਸਨਦੀਪ ਸਿੰਘ, ਅਮਨ ਸਿੰਘ ਸਿੱਧੂ, ਦਲਜੀਤ ਸਿੰਘ, ਬਲਵਿੰਦਰ ਸਿੰਘ, ਬਿੰਦਰ ਸਿੰਘ ਢਿੱਲੋ, ਰਾਜਦੀਪ ਸਿੰਘ ਢਿੱਲੋ ਅਤੇ ਕੁਲਦੀਪ ਸਿੰਘ ਸਿੱਧੂ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਕੇ 'ਤੇ ਪਹੁੰਚੇ ਅਤੇ ਪਰਿਵਾਰ ਨਾਲ ਹਮਦਰਦੀ ਜਤਾਈ। ਪਿੰਡ ਪੰਚਾਇਤ, ਕਿਸਾਨ ਜਥੇਬੰਦੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਨੇ ਪੰਜਾਬ ਸਰਕਾਰ ਅਤੇ ਜ਼?ਲ੍ਹਾ ਪ੍ਰਸਾਸਨ ਤੋਂ ਮੰਗ ਕੀਤੀ ਹੈ ਕਿ ਪੀੜਤ ਅਧਿਆਪਕ ਦੀ ਤੁਰੰਤ ਆਰਥਿਕ ਸਹਾਇਤਾ ਕੀਤੀ ਜਾਵੇ ਅਤੇ ਬੈਂਕ ਲੋਨ ਮਾਫ ਕਰਨ ਬਾਰੇ ਵੀ ਵਿਚਾਰ ਕੀਤਾ ਜਾਵੇ। ਇਸ ਸਬੰਧੀ ਜ਼?ਲ੍ਹਾ ਪ੍ਰਸਾਸਨ ਨੂੰ ਲਿਖਤੀ ਰੂਪ ਵਿੱਚ ਅਰਜੀ ਦਿੱਤੀ ਗਈ ਹੈ